ਬੁੱਧਵਾਰ, 2 ਅਕਤੂਬਰ, 2024
17 ਅੱਸੂ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 122

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 2 OCTOBER, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਆਪਣੀ ਧੀ ਚੰਗੇ ਘਰ ਵਿਆਹ'ਤੀ, ਦੂਜਿਆਂ ਦੀਆਂ ਸੰਨਿਆਸਣਾਂ ਬਣਾਈ ਜਾਨਾਂ : ਮਦਰਾਸ ਹਾਈ ਕੋਰਟ

**ਚੇਨਈ** : ਕੋਇੰਬਟੂਰ ਦੇ ਅਸਿਸਟੈਂਟ ਡਿਪਟੀ ਸੁਪਰਡੈਂਟ ਰੈਂਕ ਦੇ ਅਧਿਕਾਰੀ ਦੀ ਅਗਵਾਈ ਵਿਚ 150 ਪੁਲਸ ਅਧਿਕਾਰੀਆਂ ਦੀ ਬਟਾਲੀਅਨ ਨੇ ਸੋਮਵਾਰ ਥੋਂਡਾਮੁਤੁਰ ਵਿਚ ਈਸ਼ਾ ਫਾਊਂਡੇਸ਼ਨ ਦੇ ਆਸ਼ਰਮ ਦੀ ਤਲਾਸ਼ੀ ਲਈ। ਮਦਰਾਸ ਹਾਈ ਕੋਰਟ ਵੱਲੋਂ ਫਾਊਂਡੇਸ਼ਨ ਖਿਲਾਫ ਸਾਰੇ ਫੌਜਦਾਰੀ ਮਾਮਲਿਆਂ ਦੀ ਰਿਪੋਰਟ ਮੰਗੇ ਜਾਣ 'ਤੇ ਇਹ ਪੁਲਸ ਐਕਸ਼ਨ ਕੀਤਾ ਗਿਆ। ਅਧਿਕਾਰੀਆਂ ਨੇ ਕਿਹਾ ਕਿ ਅਪ੍ਰੇਸ਼ਨ ਤਹਿਤ ਆਸ਼ਰਮ ਵਿਚ ਰਹਿੰਦੇ ਲੋਕਾਂ ਦੀ ਵੈਰੀਫਿਕੇਸ਼ਨ ਕੀਤੀ ਗਈ।

ਹਾਈ ਕੋਰਟ ਨੇ ਉਪਰੋਕਤ ਹੁਕਮ ਰਿਟਾਇਰਡ ਪ੍ਰੋਫੈਸਰ ਡਾ. ਐੱਸ ਕਾਮਰਾਜ ਵੱਲੋਂ ਦਿੱਤੀ ਗਈ ਇਸ ਅਰਜ਼ੀ ਦੀ ਸੁਣਵਾਈ ਕਰਦਿਆਂ ਦਿੱਤਾ ਸੀ ਕਿ ਉਸਦੀਆਂ ਦੋ ਧੀਆਂ ਗੀਤਾ ਕਾਮਰਾਜ (42) ਤੇ ਲਤਾ ਕਾਮਰਾਜ (39) ਨੂੰ ਫਾਊਂਡੇਸ਼ਨ ਵੱਲੋਂ ਕੋਇੰਬਟੂਰ ਵਿਚ ਬੰਦੀ ਬਣਾ ਕੇ ਰੱਖਿਆ ਜਾ ਰਿਹਾ ਹੈ। ਪ੍ਰੋਫੈਸਰ ਨੇ ਕਿਹਾ ਹੈ ਕਿ ਫਾਊਂਡੇਸ਼ਨ ਆਸ਼ਰਮ ਵਿਚ ਮਹਿਲਾਵਾਂ ਦਾ ਬ੍ਰੇਨਵਾਸ਼ ਕਰ ਰਹੀ ਹੈ, ਉਨ੍ਹਾਂ ਨੂੰ ਸੰਨਿਆਸਣਾਂ ਬਣਾ ਰਹੀ ਹੈ ਤੇ ਪਰਵਾਰਾਂ ਨੂੰ ਮਿਲਣ ਨਹੀਂ ਦਿੰਦੀ। ਕੋਰਟ ਨੇ ਸੁਣਵਾਈ ਦੌਰਾਨ ਈਸ਼ਾ ਫਾਊਂਡੇਸ਼ਨ ਦੇ ਬਾਨੀ ਗੌਡਮੈਨ ਸਦਗੁਰੂ ਵਾਸੂਦੇਵ, ਜਿਸਨੂੰ ਜੱਗੀ ਵਜੋਂ ਜਾਣਿਆਂ ਜਾਂਦਾ ਹੈ, ਦੀ ਆਪਣੀ ਜ਼ਿੰਦਗੀ ਦੇ ਆਪਾ-ਵਿਰੋਧ 'ਤੇ ਕਿੰਤੂ ਕੀਤਾ। ਜਸਟਿਸ ਐੱਸ ਐੱਮ ਸੁਬਰਾਮਣੀਅਮ ਤੇ ਜਸਟਿਸ ਵੀ ਸ਼ਿਵਗਣਨਮ ਨੇ ਪੁੱਛਿਆ ਕਿ ਸਦਗੁਰੂ ਨੇ ਆਪਣੀ ਧੀ ਤਾਂ ਚੰਗੇ ਘਰ ਵਿਆਹ ਦਿੱਤੀ ਤੇ ਹੋਰਨਾਂ ਮੁਟਿਆਰਾਂ ਨੂੰ ਆਪਣੇ ਕੇਂਦਰਾਂ ਵਿਚ ਮੁੰਡਨ ਕਰਕੇ ਤੇ ਦੀਨ-ਦੁਨੀਆ ਨੂੰ ਭੁਲਾ ਕੇ ਸੰਨਿਆਸਣਾਂ ਵਰਗੀ ਜ਼ਿੰਦਗੀ ਜਿਊਣ ਲਈ ਉਤਸ਼ਾਹਤ ਕਰ ਰਿਹਾ ਹੈ।

ਜਦੋਂ ਪ੍ਰੋਫੈਸਰ ਕਾਮਰਾਜ ਨੇ ਕਿਹਾ ਕਿ ਉਸਦੀਆਂ ਦੋਹਾਂ ਧੀਆਂ ਨੂੰ ਵੇਲਿਅਨਗਿਰੀ (ਕੋਇੰਬਟੂਰ) ਦੀਆਂ ਪਹਾੜੀਆਂ ਵਿਚ ਸਥਿਤ ਯੋਗਾ ਕੇਂਦਰ ਵਿਚ ਉਨ੍ਹਾਂ ਦੀ ਇੱਛਾ ਦੇ ਖਿਲਾਫ ਰੱਖਿਆ ਜਾ ਰਿਹਾ ਹੈ ਤਾਂ ਕੋਰਟ ਵਿਚ ਮੌਜੂਦ ਦੋਹਾਂ ਧੀਆਂ ਨੇ ਕਿਹਾ ਕਿ ਉਹ ਆਪਣੀ ਮਰਜ਼ੀ ਨਾਲ ਉੱਥੇ ਰਹਿ ਰਹੀਆਂ ਹਨ, ਕਿਸੇ ਨੇ ਜ਼ਬਰਦਸਤੀ ਨਹੀਂ ਰੱਖਿਆ ਹੋਇਆ।

ਪ੍ਰੋਫੈਸਰ ਕਾਮਰਾਜ ਨੇ ਆਪਣੀ ਪਟੀਸ਼ਨ ਵਿਚ ਕਿਹਾ ਹੈ ਕਿ ਉਸਦੀ ਵੱਡੀ ਧੀ ਇੰਗਲੈਂਡ ਦੀ ਨਾਮੀ ਯੂਨੀਵਰਸਿਟੀ ਤੋਂ ਮੈਕਟਰੋਨਿਕਸ ਵਿਚ ਪੋਸਟਗ੍ਰੈਜੂਏਟ ਹੈ। ਉਹ 2008 ਵਿਚ ਤਲਾਕ ਤੋਂ ਪਹਿਲਾਂ ਚੰਗੀ ਤਨਖਾਹ ਲੈਂਦੀ ਸੀ। ਤਲਾਕ ਤੋਂ ਬਾਅਦ ਉਹ ਫਾਊਂਡੇਸ਼ਨ ਦੀਆਂ ਯੋਗਾ ਕਲਾਸਾਂ ਵਿਚ ਜਾਣ ਲੱਗੀ। ਛੋਟੀ ਧੀ ਸਾਫਟਵੇਅਰ ਇੰਜੀਨੀਅਰ ਹੈ ਤੇ ਉਹ ਵੀ ਵੱਡੀ ਭੈਣ ਦੇ ਰਾਹ ਤੁਰ ਪਈ ਅਤੇ ਪੱਕੇ ਤੌਰ 'ਤੇ ਕੇਂਦਰ ਵਿਚ ਰਹਿਣ ਲੱਗੀ। ਪ੍ਰੋਫੈਸਰ ਕਾਮਰਾਜ ਨੇ ਦੋਸ਼ ਲਾਇਆ ਹੈ ਕਿ ਫਾਊਂਡੇਸ਼ਨ ਵਾਲਿਆਂ ਨੇ ਖਾਣੇ ਵਿਚ ਮਿਲਾਵਟ ਕਰਕੇ ਤੇ ਦਵਾਈਆਂ ਆਦਿ ਦੇ ਕੇ ਉਸਦੀਆਂ ਧੀਆਂ ਦੀ ਇਹ ਹਾਲਤ ਕਰ ਦਿੱਤੀ ਹੈ ਕਿ ਉਹ ਪਰਵਾਰ ਤੋਂ ਬੇਮੁਖ ਹੋ ਗਈਆਂ ਹਨ।

ਕੋਰਟ ਨੇ ਆਪਣੇ ਹੁਕਮ ਵਿਚ ਕਿਹਾ—ਪਟੀਸ਼ਨਰ ਦੀ ਸ਼ਿਕਾਇਤ ਹੈ ਕਿ ਫਾਊਂਡੇਸ਼ਨ ਬ੍ਰੇਨਵਾਸ਼ ਕਰਕੇ ਉੱਥੇ ਰਹਿਣ ਵਾਲੀਆਂ ਨੂੰ ਸੰਨਿਆਸਣਾਂ ਬਣਾ ਰਹੀ ਹੈ ਤੇ ਉਨ੍ਹਾਂ ਨੂੰ ਮਾਂਪਿਆਂ ਤੇ ਰਿਸ਼ਤੇਦਾਰਾਂ ਨੂੰ ਮਿਲਣ ਲਈ ਨਹੀਂ ਦਿੰਦੀ। ਪਟੀਸ਼ਨਰ ਨੇ ਕੇਂਦਰ ਦੇ ਅੰਦਰਲੀ ਹਾਲਤ ਬਾਰੇ ਕਈ ਗੱਲਾਂ ਕਹੀਆਂ ਹਨ। ਪਟੀਸ਼ਨਰ ਨੇ ਕਿਹਾ ਹੈ ਕਿ ਫਾਊਂਡੇਸ਼ਨ ਵਿਚ ਕੰਮ ਕਰ ਰਹੇ ਇਕ ਡਾਕਟਰ ਖਿਲਾਫ ਪੋਕਸੋ (ਬਾਲਾਂ ਨੂੰ ਜਿਨਸੀ ਸ਼ੋਸ਼ਣ ਤੋਂ ਬਚਾਉਣ ਦਾ ਕਾਨੂੰਨ) ਤਹਿਤ ਕੇਸ ਦਰਜ ਹੋਇਆ ਹੈ। ਡਾਕਟਰ ਖਿਲਾਫ ਦੋਸ਼ ਹੈ ਕਿ ਉਸਨੇ ਆਦੀਵਾਸੀ ਸਰਕਾਰੀ ਸਕੂਲ ਵਿਚ ਪੜ੍ਹ ਰਹੀਆਂ 12 ਕੁੜੀਆਂ ਦਾ ਜਿਨਸੀ ਸ਼ੋਸ਼ਣ ਕੀਤਾ ਸੀ।

ਹਾਲਾਂਕਿ ਪ੍ਰੋਫੈਸਰ ਕਾਮਰਾਜ ਦੀਆਂ ਦੋਹਾਂ ਧੀਆਂ ਨੇ ਕਿਹਾ ਕਿ ਉਹ ਮਰਜ਼ੀ ਨਾਲ ਈਸ਼ਾ ਵਿਖੇ ਰਹਿ ਰਹੀਆਂ ਹਨ, ਜਸਟਿਸ ਸੁਬਰਾਮਣੀਅਮ ਤੇ ਜਸਟਿਸ ਵੀ ਸ਼ਿਵਗਣਨਮ ਦੀ ਤਸੱਲੀ ਨਹੀਂ ਹੋਈ। ਜਸਟਿਸ ਸ਼ਿਵਗਣਨਮ ਨੇ ਟਿੱਪਣੀ ਕੀਤੀ—ਅਸੀਂ ਜਾਣਨਾ ਚਾਹੁੰਦੇ ਹਾਂ ਕਿ ਜਿਹੜੇ ਵਿਅਕਤੀ ਨੇ ਆਪਣੀ ਧੀ ਵਿਆਹ ਕੇ ਚੰਗੀ ਤਰ੍ਹਾਂ ਵਸਾ ਦਿੱਤੀ, ਉਹ ਦਜਿਆਂ ਦੀਆਂ ਧੀਆਂ ਨੂੰ ਸਿਰ ਮੁੰਡਵਾਉਣ ਤੇ ਸੰਨਿਆਸਣਾਂ ਵਾਲੀ ਜ਼ਿੰਦਗੀ ਜਿਊਣ ਲਈ ਕਿਉਂ ਉਤਸ਼ਾਹਤ ਕਰ ਰਿਹਾ ਹੈ? ਇੱਥੇ ਸ਼ੱਕ ਪੈਂਦਾ ਹੈ। ਈਸ਼ਾ ਫਾਊਂਡੇਸ਼ਨ ਦੇ ਵਕੀਲ ਰਜਿੰਦਰ ਕੁਮਾਰ ਨੇ ਕਿਹਾ ਕਿ ਬਾਲਗਾਂ ਨੂੰ ਰੂਹਾਨੀ ਪੱਥ ਚੁਣਨ ਸਮੇਤ ਆਪਣੀ ਜ਼ਿੰਦਗੀ ਬਾਰੇ ਖੁਦ ਫੈਸਲੇ ਲੈਣ ਦਾ ਹੱਕ ਹੈ। ਅਜਿਹੇ ਨਿਜੀ ਫੈਸਲਿਆਂ ਵਿਚ ਕੋਰਟ ਵੱਲੋਂ ਜਾਂਚ ਦਾ ਹੁਕਮ ਦੇਣਾ ਬੇਲੋੜਾ ਹੈ, ਕਿਉਂਕਿ ਮਹਿਲਾਵਾਂ ਆਪਣੀ ਮਰਜ਼ੀ ਨਾਲ ਜ਼ਿੰਦਗੀ ਜੀ ਰਹੀਆਂ ਹਨ। ਜਸਟਿਸ ਸੁਬਰਾਮਣੀਅਮ ਨੇ ਕਿਹਾ—ਤੁਸੀਂ ਨਹੀਂ ਸਮਝੋਗੇ, ਕਿਉਂਕਿ ਤੁਸੀਂ ਇਕ ਧਿਰ ਵੱਲੋਂ ਪੇਸ਼ ਹੋ ਰਹੇ ਹੋ। ਪਰ ਇਹ ਕੋਰਟ ਨਾ ਕਿਸੇ ਦੇ ਹੱਕ ਵਿਚ ਤੇ ਨਾ ਕਿਸੇ ਦੇ ਵਿਰੁਧ ਹੈ। ਅਸੀਂ ਸਿਰਫ ਇਹ ਚਾਹੁੰਦੇ ਹਾਂ ਕਿ ਜਿਹੜਾ ਸਾਡੇ ਕੋਲ ਆਇਆ ਹੈ ਉਸਨੂੰ ਇਨਸਾਫ ਮਿਲੇ।

ਫਾਜ਼ਲ ਜੱਜਾਂ ਨੇ ਧੀਆਂ ਤੇ ਉਨ੍ਹਾਂ ਦੇ ਮਾਂਪਿਆਂ ਵਿਚਾਲੇ ਦਵੈਖ ਦੀ ਗੱਲ ਕੀਤੀ। ਜਸਟਿਸ ਸੁਬਰਾਮਣੀਅਮ ਨੇ ਧੀਆਂ ਨੂੰ ਕਿਹਾ ਕਿ ਤੁਸੀਂ ਦਾਅਵਾ ਕਰਦੀਆਂ ਹੋ ਕਿ ਰੂਹਾਨੀਅਤ ਦੇ ਰਾਹ 'ਤੇ ਚੱਲ ਰਹੀਆਂ ਹੋ। ਕੀ ਤੁਸੀਂ ਇਹ ਨਹੀਂ ਸੋਚਦੀਆਂ ਕਿ ਮਾਂਪਿਆਂ ਨੂੰ ਅਣਗੌਲਣਾ ਪਾਪ ਹੈ? ਸ਼ਰਧਾ ਦਾ ਸਿਧਾਂਤ ਹੈ ਸਾਰਿਆਂ ਨਾਲ ਪਿਆਰ ਕਰੋ ਤੇ ਕਿਸੇ ਨਾਲ ਨਫਰਤ ਨਾ ਕਰੋ, ਪਰ ਅਸੀਂ ਦੇਖ ਰਹੇ ਹਾਂ ਕਿ ਤੁਹਾਡੇ ਵਿਚ ਮਾਂਪਿਆਂ ਪ੍ਰਤੀ ਕਿੰਨੀ ਨਫਰਤ ਹੈ। ਤੁਸੀਂ ਉਨ੍ਹਾਂ ਨੂੰ ਸਤਿਕਾਰ ਨਾਲ ਸੰਬੋਧਨ ਵੀ ਨਹੀਂ ਕਰ ਰਹੀਆਂ। ਪਟੀਸ਼ਨਰ ਦੇ ਵਕੀਲ ਐੱਮ ਪੁਰਸ਼ੋਤਮਣ ਨੇ ਕਿਹਾ ਕਿ ਬੀਤੇ ਵਿਚ ਵੀ ਈਸ਼ਾ ਫਾਊਂਡੇਸ਼ਨ ਦੇ ਖਿਲਾਫ ਫੌਜਦਾਰੀ ਕੇਸ ਦਰਜ ਹੋਏ ਹਨ। ਇਸਤੋਂ ਸਾਫ ਹੈ ਕਿ ਉਹ ਕਾਨੂੰਨ ਦੀ ਉਲੰਘਣਾ ਕਰ ਰਹੀ ਹੈ।

ਧੀਆਂ ਦੇ ਬਿਆਨਾਂ ਤੇ ਈਸ਼ਾ ਫਾਊਂਡੇਸ਼ਨ ਦੀਆਂ ਦਲੀਲਾਂ ਦੇ ਬਾਵਜੂਦ ਕੋਰਟ ਨੇ ਐਡੀਸ਼ਨਲ ਪਬਲਿਕ ਪ੍ਰਾਸੀਕਿਊਟਰ ਈ ਰਾਜ ਤਿਲਕ ਨੂੰ ਹਦਾਇਤ ਕੀਤੀ ਕਿ ਉਹ ਚਾਰ ਅਕਤੂਬਰ ਤਕ ਤਫਸੀਲ ਨਾਲ ਸਥਿਤੀ ਰਿਪੋਰਟ ਪੇਸ਼ ਕਰਨ। ਇਸ ਵਿਚ ਫਾਊਂਡੇਸ਼ਨ ਖਿਲਾਫ ਸਾਰੇ ਫੌਜਦਾਰੀ ਮਾਮਲਿਆਂ ਦਾ ਵੇਰਵਾ ਹੋਵੇਗਾ। ਇਸੇ ਦੌਰਾਨ ਈਸ਼ਾ ਫਾਊਂਡੇਸ਼ਨ ਨੇ ਕਿਹਾ ਹੈ ਕਿ ਉਹ ਕਿਸੇ ਨੂੰ ਵਿਆਹ ਕਰਾਉਣ ਜਾਂ ਸੰਨਿਆਸੀ ਬਣਨ ਲਈ ਨਹੀਂ ਕਹਿੰਦੀ, ਇਹ ਵਿਅਕਤੀਆਂ ਦੀ ਆਪਣੀ ਪਸੰਦ ਹੈ। ਈਸ਼ਾ ਯੋਗਾ ਕੇਂਦਰ ਵਿਚ ਬਹੁਤ ਲੋਕ ਰਹਿੰਦੇ ਹਨ ਪਰ ਕੁਝ ਕੁ ਸੰਨਿਆਸੀ ਬਣਦੇ ਹਨ।

### ਸਦਗੁਰੂ ਜੱਗੀ ਆਇਆ ਲਪੇਟੇ 'ਚ



# ਲੱਦਾਖੀਆਂ ਤੋਂ ਡਰੀ ਮੋਦੀ ਸਰਕਾਰ



**ਨਵੀਂ ਦਿੱਲੀ** : ਲੱਦਾਖ ਲਈ ਵਧੇਰੇ ਹੱਕਾਂ ਵਾਸਤੇ ਅੰਦੋਲਨ ਕਰ ਰਹੇ ਵਾਤਾਵਰਨ ਕਾਰਕੁੰਨ ਤੇ ਸਿੱਖਿਆ ਸੁਧਾਰਕ ਸੋਨਮ ਵਾਂਗਚੁਕ ਅਤੇ ਉਨ੍ਹਾ ਦੇ ਸਾਥੀਆਂ ਨੂੰ ਲੇਹ ਤੋਂ ਦਿੱਲੀ ਤੱਕ ਪੈਦਲ ਮਾਰਚ ਕਰਦਿਆਂ ਸਿੰਘੂ ਬਾਰਡਰ ਉਤੇ ਰੋਕ ਕੇ ਹਿਰਾਸਤ ਵਿਚ ਲੈ ਲਿਆ ਗਿਆ, ਜਿਸ ਤੋਂ ਬਾਅਦ ਉਨ੍ਹਾਂ ਮੰਗਲਵਾਰ ਪੁਲਸ ਥਾਣੇ ਵਿਚ ਬੇਮਿਆਦੀ ਭੁੱਖ-ਹੜਤਾਲ ਸ਼ੁਰੂ ਕਰ ਦਿੱਤੀ। ਉਹ ਲੱਦਾਖ ਨੂੰ ਸੰਵਿਧਾਨ ਦੀ ਛੇਵੀਂ ਪੱਟੀ ਵਿਚ ਸ਼ਾਮਲ ਕਰਨ ਦੀ ਮੰਗ ਉਤੇ ਜ਼ੋਰ ਦੇਣ ਲਈ ਪੈਦਲ ਮਾਰਚ ਉਤੇ ਨਿਕਲੇ ਹੋਏ ਸਨ। ਉਨ੍ਹਾਂ ਦੀ ਇਹ 'ਦਿੱਲੀ ਚੱਲੋ ਪਦਯਾਤਰਾ' ਇਕ ਮਹੀਨਾ ਪਹਿਲਾਂ ਲੇਹ ਤੋਂ ਸ਼ੁਰੂ ਹੋਈ ਸੀ। ਸੋਮਵਾਰ ਰਾਤ ਯਾਤਰਾ ਦੇ ਸਿੰਘੂ ਬਾਰਡਰ ਵੱਲੋਂ ਦਿੱਲੀ ਵਿਚ ਦਾਖਲ ਹੋਣ ਉਤੇ ਵਾਂਗਚੁਕ ਤੇ ਉਨ੍ਹਾਂ ਦੇ ਕਰੀਬ 120 ਸਾਥੀਆਂ ਨੂੰ ਪੁਲਸ ਨੇ ਹਿਰਾਸਤ ਵਿਚ ਲੈ ਲਿਆ। ਇਹ ਮਾਰਚ ਲੇਹ ਅਪੈਕਸ ਬਾਡੀ (ਐੱਲ ਏ ਬੀ) ਵੱਲੋਂ ਕਾਰਗਿਲ ਡੈਮੋਕ੍ਰੇਟਿਕ ਅਲਾਇੰਸ (ਕੇ ਡੀ ਏ) ਦੇ ਸਹਿਯੋਗ ਨਾਲ ਕੱਢਿਆ ਜਾ ਰਿਹਾ ਸੀ। ਪੁਲਸ ਨੇ ਕਿਹਾ ਕਿ ਵਾਂਗਚੁਕ ਤੇ ਸਾਥੀਆਂ ਨੂੰ ਮਨਾਹੀ ਦੇ ਹੁਕਮਾਂ ਦੀ ਉਲੰਘਣਾ ਕਰਨ ਕਾਰਨ ਦਿੱਲੀ ਬਾਰਡਰ ਤੋਂ ਹਿਰਾਸਤ ਵਿਚ ਲਿਆ ਗਿਆ ਹੈ। ਉਨ੍ਹਾਂ ਨੂੰ ਬਵਾਨਾ, ਨਰੇਲਾ ਇੰਡਸਟਰੀਅਲ ਏਰੀਆ ਅਤੇ ਅਲੀਪੁਰ ਦੇ ਪੁਲਸ ਥਾਣਿਆਂ ਵਿਚ ਰੱਖਿਆ ਗਿਆ ਹੈ। ਵਾਂਗਚੁਕ ਦਾ ਮਾਰਚ ਦੋ ਅਕਤੂਬਰ ਨੂੰ ਰਾਜਘਾਟ 'ਤੇ ਸਮਾਪਤ ਹੋਣਾ ਸੀ।

ਪੁਲਸ ਅਧਿਕਾਰੀ ਨੇ ਕਿਹਾ-ਅਸੀਂ ਉਨ੍ਹਾਂ ਨੂੰ ਵਾਪਸ ਜਾਣ ਲਈ ਮਨਾਉਣ ਦੀ ਕੋਸ਼ਿਸ਼ ਕਰ ਰਹੇ ਹਾਂ, ਕਿਉਂਕਿ ਦਿੱਲੀ ਵਿਚ ਭਾਰਤੀ ਨਿਆਂ ਸੰਹਿਤਾ (ਬੀ ਐੱਨ ਐੱਸ) ਦੀ ਦਫਾ 163 (ਜਿਹੜੀ ਪੰਜ ਜਾਂ ਇਸ ਤੋਂ ਜ਼ਿਆਦਾ ਲੋਕਾਂ ਦੇ ਇਕੱਤਰ ਹੋਣ ਦੀ ਮਨਾਹੀ ਕਰਦੀ ਹੈ) ਆਇਦ ਕੀਤੀ ਗਈ ਹੈ।

ਅੰਦੋਲਨਕਾਰੀ ਗਰੁੱਪ ਦੇ ਇਕ ਨੁਮਾਇੰਦੇ ਨੇ ਦੱਸਿਆ ਕਿ ਵਾਂਗਚੁਕ ਨੂੰ ਬਵਾਨਾ ਥਾਣੇ ਲਿਜਾਇਆ ਗਿਆ ਅਤੇ ਉਨ੍ਹਾ ਨੂੰ ਆਪਣੇ ਵਕੀਲ ਨੂੰ ਮਿਲਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਰਹੀ। ਉਸ ਨੇ ਕਿਹਾ ਕਿ ਵਾਂਗਚੁਕ ਤੇ ਉਨ੍ਹਾਂ ਦੇ ਸਾਥੀਆਂ ਨੇ ਵੱਖ-ਵੱਖ ਥਾਣਿਆਂ ਵਿਚ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ ਹੈ। ਵਾਂਗਚੁਕ ਤੇ ਹੋਰਨਾਂ ਦੀ ਨਜ਼ਰਬੰਦੀ ਖਿਲਾਫ ਲੇਹ ਵਿਚ ਸੈਂਕੜੇ ਮਰਦ, ਔਰਤਾਂ ਤੇ ਵਿਦਿਆਰਥੀ ਮੰਗਲਵਾਰ ਸੜਕਾਂ 'ਤੇ ਉੱਤਰ ਆਏ ਤੇ ਉਨ੍ਹਾ 'ਦਿੱਲੀ ਪੁਲਸ, ਸ਼ੇਮ ਸ਼ੇਮ' ਦੇ ਨਾਅਰੇ ਲਾਏ।

ਕੇਂਦਰ ਸਰਕਾਰ ਨੂੰ ਲੱਦਾਖ ਦੇ ਆਗੂਆਂ ਨਾਲ ਮੁੜ ਗੱਲਬਾਤ ਸ਼ੁਰੂ ਕਰਨ ਲਈ ਮਜਬੂਰ ਕਰਨ ਵਾਸਤੇ ਵਾਂਗਚੁਕ ਨੇ ਪਹਿਲੀ • ਬਾਕੀ ਸਫ਼ਾ 2 'ਤੇ

# ਮੰਡੀਆਂ 'ਚ ਲੇਬਰ ਚਾਰਜ 'ਚ ਪ੍ਰਤੀ ਕੁਇੰਟਲ ਇੱਕ ਰੁਪਏ ਦਾ ਵਾਧਾ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**
ਮੰਡੀਆਂ ਵਿੱਚ ਫਸਲ ਨੂੰ ਲਾਹੁਣ ਅਤੇ ਚੁਕਵਾਉਣ ਵਿੱਚ ਲੱਗੇ ਮਜ਼ਦੂਰਾਂ ਨੂੰ ਵੱਡੀ ਰਾਹਤ ਦਿੰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮੰਡੀ ਲੇਬਰ ਚਾਰਜ ਵਿੱਚ ਪ੍ਰਤੀ ਕੁਇੰਟਲ ਇਕ ਰੁਪਏ ਦਾ ਵਾਧਾ ਕਰਨ ਦਾ ਐਲਾਨ ਕੀਤਾ ਹੈ।ਮੰਗਲਵਾਰ ਇੱਥੇ ਝੋਨੇ ਦੀ ਚੱਲ ਰਹੀ ਖਰੀਦ ਦੇ ਮੱਦੇਨਜ਼ਰ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਅਹਿਮ ਕਦਮ ਚੁੱਕਦਿਆਂ ਮੰਡੀ ਲੇਬਰ ਚਾਰਜ ਵਿੱਚ ਪ੍ਰਤੀ ਕੁਇੰਟਲ ਇਕ ਰੁਪਏ ਦਾ ਵਾਧਾ ਕਰ ਦਿੱਤਾ ਹੈ। ਉਨ੍ਹਾ ਕਿਹਾ ਕਿ ਇਹ ਸੂਬੇ ਭਰ ਦੀਆਂ ਮੰਡੀਆਂ ਵਿੱਚ ਕੰਮ ਕਰਦੇ ਮਜ਼ਦੂਰਾਂ ਲਈ ਵੱਡੀ ਰਾਹਤ ਹੈ, ਜੋ ਸੁਚਾਰੂ ਢੰਗ ਨਾਲ ਖਰੀਦ ਕਾਰਜਾਂ ਨੂੰ ਨੇਪਰੇ ਚਾੜ੍ਹਨ ਵਿੱਚ ਬਹੁਤ ਸਹਾਈ ਹੋਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਾਲ ਸਰਕਾਰੀ ਖਜ਼ਾਨੇ ਵਿੱਚੋਂ 18 ਕਰੋੜ ਰੁਪਏ ਦੀ ਵਾਧੂ ਅਦਾਇਗੀ ਕੀਤੀ ਜਾਵੇਗੀ।

ਇਸ ਦੌਰਾਨ ਮੁੱਖ ਮੰਤਰੀ ਨੇ ਮੰਤਰੀਆਂ ਅਤੇ ਵਿਧਾਇਕਾਂ ਨੂੰ ਝੋਨੇ ਦੇ ਮੰਡੀਕਰਨ ਸੀਜ਼ਨ ਦੌਰਾਨ ਅਨਾਜ ਮੰਡੀਆਂ ਦੇ ਦੌਰੇ ਕਰਨ ਅਤੇ ਝੋਨੇ ਦੀ ਖਰੀਦ ਪ੍ਰਕਿਰਿਆ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਮੰਤਰੀਆਂ ਅਤੇ ਵਿਧਾਇਕਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਮੰਡੀਆਂ ਵਿੱਚ ਲਿਆਂਦੀ ਗਈ ਕਿਸਾਨਾਂ ਦੀ ਜਿਣਸ ਦੀ ਖਰੀਦ ਅਤੇ • ਬਾਕੀ ਸਫ਼ਾ 2 'ਤੇ

## ਘੁੰਗਰਾਲੀ ਬਾਇਓਗੈਸ ਪਲਾਂਟ ਪ੍ਰਦੂਸ਼ਣ ਮੁਕਤ ਹੋਵੇਗਾ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਪੱਸ਼ਟ ਸ਼ਬਦਾਂ ਵਿੱਚ ਆਖਿਆ ਕਿ ਲੁਧਿਆਣਾ ਦੇ ਪਿੰਡ ਘੁੰਗਰਾਲੀ ਵਿਖੇ ਸਥਾਪਿਤ ਹੋ ਰਿਹਾ ਬਾਇਓਗੈਸ ਪਲਾਂਟ ਪੂਰੀ ਤਰ੍ਹਾਂ ਪ੍ਰਦੂਸ਼ਣ ਮੁਕਤ ਹੋਵੇਗਾ।ਪਿੰਡ ਵਾਸੀਆਂ ਨਾਲ ਟੈਲੀਫੋਨ 'ਤੇ ਗੱਲਬਾਤ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ • ਬਾਕੀ ਸਫ਼ਾ 2 'ਤੇ

## ਰਜਨੀ ਕਾਂਤ ਹਸਪਤਾਲ 'ਚ

**ਚੇਨਈ** : ਤਾਮਿਲ ਫਿਲਮਾਂ ਦੇ ਸੁਪਰ ਸਟਾਰ ਰਜਨੀਕਾਂਤ (73) ਨੂੰ ਸੋਮਵਾਰ ਰਾਤ ਕਾਰਪੋਰੇਟ ਹਸਪਤਾਲ ਵਿਚ ਦਾਖਲ ਕਰਵਾਉਣਾ ਪਿਆ। ਹਸਪਤਾਲ ਦੇ ਸੂਤਰਾਂ ਨੇ ਕਿਹਾ ਕਿ ਉਨ੍ਹਾ ਨੂੰ ਹਾਜਮਾ ਖਰਾਬ ਹੋਣ ਕਾਰਨ ਹਸਪਤਾਲ ਦਾਖਲ ਕਰਵਾਇਆ ਗਿਆ ਤੇ ਹੁਣ ਉਨ੍ਹਾ ਦੀ ਹਾਲਤ ਸਥਿਰ ਹੈ।

## 25 ਵਿਦਿਆਰਥੀਆਂ ਤੇ ਅਧਿਆਪਕਾਂ ਦੀ ਮੌਤ

**ਬੈਂਕਾਕ** : ਥਾਈਲੈਂਡ ਦੀ ਰਾਜਧਾਨੀ ਬੈਂਕਾਕ ਵਿਚ ਮੰਗਲਵਾਰ ਸਕੂਲ ਬੱਸ ਨੂੰ ਅੱਗ ਲੱਗਣ ਕਾਰਨ 25 ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਮਾਰੇ ਜਾਣ ਦਾ ਖਦਸ਼ਾ ਹੈ, ਜਦੋਂਕਿ 16 ਨੂੰ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ ਹੈ। ਸਰਕਾਰੀ ਅਧਿਕਾਰੀਆਂ ਨੇ ਦੱਸਿਆ ਕਿ ਬੱਸ 'ਚ ਤਿੰਨ ਤੋਂ 15 ਸਾਲ ਦੇ ਬੱਚੇ ਸਨ, ਜਿਹੜੇ ਸਕੂਲ ਟ੍ਰਿਪ ਤੋਂ ਪਰਤ ਰਹੇ ਸਨ। ਬੱਸ ਵਿਚ 5 ਟੀਚਰਾਂ ਸਣੇ 44 ਜਣੇ ਸਵਾਰ ਸਨ। ਚਸ਼ਮਦੀਦਾਂ ਮੁਤਾਬਕ ਦੁਪਹਿਰੇ ਕਰੀਬ ਸਾਢੇ 12 ਵਜੇ ਬੱਸ ਦਾ ਟਾਇਰ ਫਟਣ ਤੋਂ ਬਾਅਦ ਇਹ ਤ੍ਰਾਸਦੀ ਵਾਪਰੀ। ਡਰਾਈਵਰ ਫਰਾਰ ਹੋ ਗਿਆ। ਬੱਸ ਸੀ ਐੱਨ ਜੀ ਨਾਲ ਚੱਲ ਰਹੀ ਸੀ। ਟ੍ਰਾਂਸਪੋਰਟ ਮੰਤਰੀ ਨੇ ਮੁਸਾਫਰ ਗੱਡੀਆਂ ਵਿਚ ਸੀ ਐੱਨ ਜੀ ਦੀ ਥਾਂ ਕਿਸੇ ਹੋਰ ਈਂਧਨ ਦੀ ਵਰਤੋਂ ਦਾ ਬਦਲ ਲੱਭਣ ਲਈ ਕਿਹਾ ਹੈ।

## ਬੁਲਡੋਜ਼ਰ ਐਕਸ਼ਨ ਮਾਮਲੇ 'ਚ ਫੈਸਲਾ ਰਾਖਵਾਂ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਬੁਲਡੋਜ਼ਰ ਐਕਸ਼ਨ ਮਾਮਲੇ ਵਿਚ ਮੰਗਲਵਾਰ ਫੈਸਲਾ ਰਾਖਵਾਂ ਰੱਖ ਲਿਆ। ਸੁਣਵਾਈ ਦੌਰਾਨ ਜਸਟਿਸ ਬੀ ਆਰ ਗਵਈ ਤੇ ਜਸਟਿਸ ਵਿਸ਼ਨਾਥਨ ਦੀ ਬੈਂਚ ਨੇ ਕਿਹਾ ਕਿ ਫੈਸਲਾ ਆਉਣ ਤਕ ਦੇਸ਼-ਭਰ ਵਿਚ ਬੁਲਡੋਜ਼ਰ ਐਕਸ਼ਨ 'ਤੇ ਰੋਕ ਜਾਰੀ ਰਹੇਗੀ। ਉਨ੍ਹਾ ਫਿਰ ਸਪੱਸ਼ਟ ਕੀਤਾ ਕਿ ਇਹ ਰੋਕ ਨਾਜਾਇਜ਼ ਕਬਜ਼ਿਆਂ 'ਤੇ ਲਾਗੂ ਨਹੀਂ ਹੋਵੇਗੀ।

## ਬੋਲੀ ਨੂੰ ਲੈ ਕੇ ਚੋਣ ਕਮਿਸ਼ਨਰ ਐਕਸ਼ਨ 'ਚ

**ਚੰਡੀਗੜ੍ਹ** : ਸਰਪੰਚ ਦੇ ਅਹੁਦੇ ਦੀ ਨਿਲਾਮੀ ਦੀਆਂ ਖਬਰਾਂ ਦਰਮਿਆਨ ਪੰਜਾਬ ਰਾਜ ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਨੇ ਡਿਪਟੀ ਕਮਿਸ਼ਨਰਾਂ-ਕਮ-ਜ਼ਿਲ੍ਹਾ ਚੋਣ ਅਫਸਰਾਂ ਨੂੰ ਕਿਹਾ ਹੈ ਕਿ ਉਹ ਆਪੋ-ਆਪਣੇ ਜ਼ਿਲ੍ਹੇ 'ਚ ਅਜਿਹੀ ਕਿਸੇ ਵੀ ਵਿਸ਼ੇਸ਼ ਘਟਨਾ, ਭਾਵੇਂ ਰਿਪੋਰਟ ਕੀਤੀ ਗਈ ਹੋਵੇ ਜਾਂ ਪ੍ਰਕਿਰਿਆ 'ਚ ਹੋਵੇ, ਦੀ ਪੂਰੀ ਬਾਰੀਕੀ ਨਾਲ ਨਿਗਰਾਨੀ ਕਰਨ ਅਤੇ 24 ਘੰਟਿਆਂ ਦੇ ਅੰਦਰ ਕਮਿਸ਼ਨ ਨੂੰ ਆਪਣੀਆਂ ਟਿੱਪਣੀਆਂ ਸਮੇਤ ਵਿਸਤ੍ਰਿਤ ਰਿਪੋਰਟ ਪੇਸ਼ ਕਰਨ।

## ਜੰਮੂ-ਕਸ਼ਮੀਰ 'ਚ ਵੋਟਾਂ ਦਾ ਕੰਮ ਨਿੱਬੜਿਆ

**ਸ੍ਰੀਨਗਰ** : ਜੰਮੂ-ਕਸ਼ਮੀਰ ਅਸੰਬਲੀ ਲਈ 7 ਜ਼ਿਲ੍ਹਿਆਂ 'ਚ 40 ਸੀਟਾਂ 'ਤੇ ਮੰਗਲਵਾਰ ਸ਼ਾਮ ਪੰਜ ਵਜੇ ਤਕ 65 ਫੀਸਦੀ ਪੋਲਿੰਗ ਹੋਈ। ਇਹ ਫੀਸਦ ਵਧਣੀ ਸੀ, ਕਿਉਂਕਿ ਬੂਥਾਂ ਦੇ ਅਹਾਤਿਆਂ ਦੇ ਅੰਦਰ ਆ ਚੁੱਕੇ ਲੋਕਾਂ ਨੇ ਵੋਟਾਂ ਪਾਉਣੀਆਂ ਸਨ। ਇਹ ਚੋਣਾਂ ਦਾ ਆਖਰੀ ਗੇੜ ਸੀ। ਇਸਤੋਂ ਪਹਿਲਾਂ 18 ਸਤੰਬਰ ਨੂੰ 24 ਸੀਟਾਂ ਲਈ 61.38 ਫੀਸਦੀ ਤੇ 25 ਸਤੰਬਰ ਨੂੰ 26 ਸੀਟਾਂ ਲਈ 57.31 ਫੀਸਦੀ ਪੋਲਿੰਗ ਹੋਈ ਸੀ।

## ਜ਼ੀਰਾ 'ਚ ਕਾਂਗਰਸ ਤੇ ਆਪ ਹਮਾਇਤੀ ਟਕਰਾਏ, ਗੋਲੀਆਂ ਚੱਲੀਆਂ

**ਜ਼ੀਰਾ (ਨਰਿੰਦਰ ਅਨੇਜਾ)**-ਇੱਥੇ ਜੀਵਨ ਮਲ ਸਰਕਾਰੀ ਸੈਕੰਡਰੀ ਸਕੂਲ ਵਿਚ ਪੰਚਾਇਤ ਚੋਣਾਂ ਲਈ ਨਾਮਜ਼ਦਗੀਆਂ ਭਰਨ ਤੋਂ ਪਹਿਲਾਂ ਕਾਂਗਰਸੀਆਂ ਤੇ ਆਪ ਹਮਾਇਤੀਆਂ ਵਿਚਾਲੇ ਟਕਰਾਅ ਹੋ ਗਿਆ ਤੇ ਦੋਹਾਂ ਪਾਸਿਓਂ ਇੱਟਾਂ-ਵੱਟੇ ਚੱਲ ਗਏ। ਗੋਲੀਆਂ ਵੀ ਚੱਲ ਗਈਆਂ। ਕਾਂਗਰਸੀਆਂ ਨੇ ਦੋਸ਼ ਲਾਇਆ ਕਿ ਆਪ ਵਿਧਾਇਕ ਦੇ ਬੰਦਿਆਂ ਨੇ ਕਾਂਗਰਸੀਆਂ ਨੂੰ ਨਾਮਜ਼ਦਗੀ ਕਾਗਜ਼ • ਬਾਕੀ ਸਫ਼ਾ 2 'ਤੇ

## ਆਈ ਟੀ ਆਈਜ਼ 'ਚ ਦਾਖਲੇ 25 ਫੀਸਦ ਵਧੇ : ਬੈਂਸ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਸੂਬੇ ਭਰ ਦੀਆਂ ਆਈ ਟੀ ਆਈਜ਼ ਵਿਖੇ ਦਾਖਲਿਆਂ ਵਿੱਚ 25 ਫੀਸਦ ਦੇ ਬੇਮਿਸਾਲ ਵਾਧੇ ਨਾਲ ਪੰਜਾਬ ਵਿੱਚ ਕਿੱਤਾਮੁਖੀ ਸਿਖਲਾਈ ਨੂੰ ਮਹੱਤਵਪੂਰਨ ਹੁਲਾਰਾ ਮਿਲਿਆ ਹੈ।ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਦਾਖ਼ਲਿਆਂ ਦੀ ਗਿਣਤੀ ਪਿਛਲੇ ਵਰ੍ਹੇ 28,000 ਤੋਂ ਵਧ ਕੇ ਹੁਣ 35,000 ਤੱਕ ਪਹੁੰਚ ਗਈ ਹੈ।ਅਗਲੇ ਵਿੱਦਿਅਕ ਸੈਸ਼ਨ ਵਿੱਚ ਸੀਟਾਂ ਦੀ ਗਿਣਤੀ ਨੂੰ ਵਧਾ ਕੇ 50,000 ਕੀਤਾ ਜਾਵੇਗਾ।

## ਰਿਵਾਲਵਰ ਦਾ ਘੋੜਾ ਦੱਬੇ ਜਾਣ 'ਤੇ ਗੋਵਿੰਦਾ ਜ਼ਖਮੀ

**ਮੁੰਬਈ** : ਅਦਾਕਾਰ ਗੋਵਿੰਦਾ ਦੀ ਰਿਵਾਲਵਰ ਤੋਂ ਮੰਗਲਵਾਰ ਤੜਕੇ ਗੋਲੀ ਚੱਲ ਗਈ, ਜਿਹੜੀ ਉਨ੍ਹਾ ਦੀ ਲੱਤ ਵਿਚ ਲੱਗੀ। ਗੋਵਿੰਦਾ ਉਦੋਂ ਆਪਣੀ ਰਿਹਾਇਸ਼ ਤੋਂ ਮੁੰਬਈ ਹਵਾਈ ਅੱਡੇ ਲਈ ਰਵਾਨਾ ਹੋਣ ਵਾਲੇ ਸਨ। ਬਾਅਦ ਵਿਚ ਗੋਵਿੰਦਾ (60) ਨੇ ਆਪਣੇ ਪ੍ਰਸੰਸਕਾਂ ਲਈ ਇਕ ਬਿਆਨ 'ਚ ਕਿਹਾ ਕਿ ਡਾਕਟਰਾਂ ਨੇ ਗੋਲੀ ਕੱਢ ਦਿੱਤੀ ਹੈ ਅਤੇ ਉਹ 'ਆਪਣੇ ਪ੍ਰਸੰਸਕਾਂ ਦੇ ਪਿਆਰ ਤੇ ਦੁਆਵਾਂ ਸਦਕਾ' ਬਿਲਕੁਲ ਠੀਕ ਹਨ। ਗੋਵਿੰਦਾ ਦੇ ਮੈਨੇਜਰ ਸ਼ਸ਼ੀ ਸਿਨਹਾ ਨੇ ਕਿਹਾ ਕਿ ਗੋਵਿੰਦਾ ਤੜਕੇ ਕਰੀਬ ਪੌਣੇ ਪੰਜ ਵਜੇ ਹਵਾਈ ਅੱਡੇ ਲਈ ਰਵਾਨਾ ਹੋਣ ਹੀ ਵਾਲੇ ਸਨ, ਜਿੱਥੋਂ ਉਨ੍ਹਾਂ ਸਵੇਰੇ 6 ਵਜੇ ਕੋਲਕਾਤਾ 'ਚ ਇਕ ਸ਼ੋਅ ਵਾਸਤੇ ਜਾਣ ਲਈ ਉਡਾਣ ਫੜਨੀ ਸੀ। ਉਹ ਆਪਣੀ ਰਿਵਾਲਵਰ ਨੂੰ ਸੰਭਾਲ ਰਹੇ ਸਨ ਤਾਂ ਗਲਤੀ ਨਾਲ ਉਸ ਦਾ ਘੋੜਾ ਦੱਬਿਆ ਗਿਆ ਤੇ ਗੋਲੀ ਚੱਲ ਗਈ।

## ਅੱਜ-ਨਾਮਾ

ਇਸਰਾਈਲੀ ਫੌਜ ਨੇ ਨਵੀਂ ਆ ਹੱਦ ਟੱਪੀ,
ਵਿੱਚ ਲਿਬਨਾਨ ਦੇ ਸਿੱਧੀ ਆ ਵੜੀ ਬੇਲੀ।
ਆਕਾਸ਼ ਤੋਂ ਸੁੱਟਦੇ ਬੰਬ ਜਹਾਜ਼ ਉਸ ਦੇ,
ਮਨੁੱਖਤਾ ਔਕੜ ਨੂੰ ਬੜੀ ਹੈ ਫੜੀ ਬੇਲੀ।
ਨੇਤਨਯਾਹੂ ਨਹੀਂ ਕਦੇ ਵੀ ਸ਼ਰਮ ਕਰਦਾ,
ਅਮਰੀਕੀ ਧਿਰ ਜੁ ਮਗਰ ਆ ਖੜੀ ਬੇਲੀ।
ਬਾਕੀ ਦੁਨੀਆ ਜੋ ਦੇਖ ਰਹੀ ਚੁੱਪ ਕਰ ਕੇ,
ਅਸਲ ਤਾਂ ਉਨ੍ਹਾਂ ਦੀ ਸੋਚ ਦੀ ਘੜੀ ਬੇਲੀ।
ਅੰਨ੍ਹੇਵਾਹ ਜਦ ਪਾਉਂਦਾ ਪਿਆ ਕੋਈ ਖੌਰੂ,
ਜੇ ਕਰ ਉਹਨੂੰ ਸੰਸਾਰ ਨਹੀਂ ਰੋਕ ਸਕਦਾ।
ਕਾਹਦੀ ਸੱਭਿਅਤਾ, ਨੇਮ-ਕਾਨੂੰਨ ਕਿਹੜਾ,
ਦਾਅਵੇ ਏਦਾਂ ਦੇ ਕੋਈ ਨਹੀਂ ਠੋਕ ਸਕਦਾ।

-ਤੀਸ ਮਾਰ ਖਾਂ



# ਆਜ਼ਾਦ ਸਮਾਜ ਪਾਰਟੀ ਕਾਂਸ਼ੀ ਰਾਮ ਵੱਲੋਂ ਮਜ਼ਦੂਰ ਅਧਿਕਾਰ ਰੈਲੀ

## ਸਰਕਾਰ 'ਤੇ ਮਜ਼ਦੂਰਾਂ ਨੂੰ ਸਾਜ਼ਿਸ਼ ਤਹਿਤ ਖੱਜਲ ਕਰਨ ਦਾ ਲਗਾਇਆ ਦੋਸ਼



**ਮਾਨਸਾ (ਆਤਮਾ ਸਿੰਘ ਪਮਾਰ)**-ਮੋਦੀ ਸਰਕਾਰ ਗਿਣੀ-ਮਿਥੀ ਸਾਜ਼ਿਸ਼ ਤਹਿਤ ਮਨਰੇਗਾ ਮਜ਼ਦੂਰਾਂ ਨੂੰ ਖੱਜਲ ਖੁਆਰ ਕਰ ਰਹੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਇਥੇ ਆਜ਼ਾਦ ਸਮਾਜ ਪਾਰਟੀ ਕਾਂਸ਼ੀ ਰਾਮ ਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਆਜ਼ਾਦ ਵੱਲੋਂ ਕੇਂਦਰ ਤੇ ਸੂਬਾ ਸਰਕਾਰਾਂ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਖ਼ਿਲਾਫ਼ ਏ ਡੀ ਸੀ ਵਿਕਾਸ ਦਫਤਰ ਮਾਨਸਾ ਮੂਹਰੇ ਕੀਤੀ ਮਜ਼ਦੂਰ ਅਧਿਕਾਰ ਰੈਲੀ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਤੇ ਆਜ਼ਾਦ ਸਮਾਜ ਪਾਰਟੀ ਦੇ ਸੂਬਾ ਕਮੇਟੀ ਮੈਂਬਰ ਭਗਵੰਤ ਸਿੰਘ ਸਮਾਓਂ ਨੇ ਕੀਤਾ।ਇਸ ਮੌਕੇ ਮਨਰੇਗਾ ਮਜ਼ਦੂਰਾਂ 'ਤੇ ਲਗਾਈਆਂ ਬੇਲੋੜੀਆਂ ਸ਼ਰਤਾਂ ਤਹਿਤ ਮਜ਼ਦੂਰਾਂ ਦੀ ਖੱਜਲ-ਖੁਆਰੀ ਖ਼ਿਲਾਫ਼ ਬੱਸ ਸਟੈਂਡ ਤੱਕ ਰੋਸ ਮਾਰਚ ਵੀ ਕੀਤਾ।ਰੈਲੀ ਨੂੰ ਸੰਬੋਧਨ ਕਰਦਿਆਂ ਸਮਾਓਂ ਨੇ ਕਿਹਾ ਕਿ ਚੋਣਾਂ ਵਿੱਚ ਵੋਟਾਂ ਵਟੋਰਨ ਲਈ ਦਲਿਤਾਂ, ਗਰੀਬਾਂ ਦੀ ਭਲਾਈ ਦੀਆਂ ਗੱਲਾਂ ਕਰਨ ਵਾਲੇ ਸੱਤਾਧਾਰੀ ਹਾਕਮ ਕੁਰਸੀ ਉਪਰ ਬੈਠ ਮਜ਼ਦੂਰਾਂ ਨੂੰ ਪਹਿਲਾਂ ਤੋਂ ਮਿਲਦੇ ਅਧਿਕਾਰ ਖੋਹਣ ਦੀਆਂ ਨੀਤੀਆਂ ਬਣਾਉਂਦੇ ਹਨ।ਉਨ੍ਹਾਂ ਕਿਹਾ ਕਿ ਮੋਦੀ ਦੇ ਰਾਜ ਵਿੱਚ ਚੰਦ ਵੱਡੇ ਪੂੰਜੀਪਤੀ ਅਮੀਰ ਹੋ ਰਹੇ ਹਨ ਤੇ ਕਰੋੜਾਂ ਗਰੀਬ ਲੋਕ ਬੇਰੁਜ਼ਗਾਰ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਮਜ਼ਦੂਰ ਮਾਰੂ ਨੀਤੀਆਂ ਤਹਿਤ ਹੀਂ ਕੇਂਦਰ ਸਰਕਾਰ ਜਿੱਥੇ ਮਨਰੇਗਾ ਕਾਨੂੰਨ ਦੇ ਕੰਮ ਦਾ ਲਗਾਤਾਰ ਬਜਟ ਘਟਾ ਰਹੀ ਹੈ, ਜਿਸ ਕਰਕੇ ਮਜ਼ਦੂਰਾਂ ਨੂੰ ਨਾ ਤਾਂ ਪੂਰਾ ਕੰਮ ਮਿਲ ਰਿਹਾ ਹੈ ਅਤੇ ਨਾ ਹੀ ਪੂਰੀ ਦਿਹਾੜੀ ਮਿਲਦੀ ਹੈ, ਉਥੇ ਹੀ ਮੋਦੀ ਸਰਕਾਰ ਨੇ ਮਨਰੇਗਾ ਮਜ਼ਦੂਰਾਂ ਦੀ ਹਾਜ਼ਰੀ ਲੁਕੇਸ਼ਨ ਵਾਲੀ ਥਾਂ ਤੇ ਲਗਾਉਣ ਦੀ ਥਾਂ ਹੋਰ ਥਾਵਾਂ ਤੇ ਲਾਉਣ ਦੇ ਹੁਕਮਾਂ ਨਾਲ ਮਜ਼ਦੂਰਾਂ ਦੀ ਖੱਜਲ-ਖੁਆਰੀ ਵੱਧ ਗਈ ਹੈ।

ਉਨ੍ਹਾ ਕਿਹਾ ਕਿ ਆਜ਼ਾਦ ਸਮਾਜ ਪਾਰਟੀ ਕਾਂਸ਼ੀ ਰਾਮ ਤੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਆਜ਼ਾਦ ਵੱਲੋਂ ਮਨਰੇਗਾ ਮਜ਼ਦੂਰਾਂ ਦੀ ਖੱਜਲ ਖੁਆਰੀ ਬੰਦ ਕਰਾਉਣ ਲਈ, ਮਜ਼ਦੂਰਾਂ ਦੀ ਹਾਜ਼ਰੀ ਲੁਕੇਸ਼ਨ ਵਾਲੀ ਥਾਂ ਦੀ ਥਾਂ ਮੁੜ ਹਾਜ਼ਰੀ ਰਜਿਸਟਰ 'ਤੇ ਲਾਗੂ ਕਰਵਾਉਣ, ਦਿਹਾੜੀ ਘੱਟੋ ਘੱਟ 700 ਰੁਪਏ ਤੇ ਕੰਮ 200 ਦਿਨ ਲਾਗੂ ਕਰਵਾਉਣ, ਸਮੇਤ ਹੋਰ ਮਜ਼ਦੂਰ ਅਧਿਕਾਰਾਂ ਦੀ ਪ੍ਰਾਪਤੀ ਲਈ ਰਾਜ ਪੱਧਰੀ ਅੰਦੋਲਨ ਚਲਾਇਆ ਜਾਵੇਗਾ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਨਿੱਕਾ ਸਿੰਘ ਬਹਾਦਰਪੁਰ, ਸੁਖਵਿੰਦਰ ਸਿੰਘ ਬੋਹਾ, ਭੋਲਾ ਸਿੰਘ ਝੱਬਰ, ਗੁਲਾਬ ਸਿੰਘ ਖੀਵਾ, ਵਿਦਿਆਰਥੀ ਆਗੂ ਜਗਤਾਰ ਸਿੰਘ ਫਤਿਹਪੁਰ, ਜਰਨੈਲ ਸਿੰਘ ਮਾਨਸਾ, ਮੇਲਾ ਸਿੰਘ ਮੋਹਰ ਸਿੰਘ ਵਾਲਾ, ਦੀਪਾ ਸਿੰਘ ਮੰਡੇਰ, ਵੀਰਾਂ ਕੌਰ, ਟਹਿਲਾ ਸਿੰਘ ਮਾਨਸਾ ਵੀ ਹਾਜ਼ਰ ਸਨ।

## ਜਸਟਿਸ ਕਰਮਜੀਤ ਸਿੰਘ ਟਿੱਲਾ ਬਾਬਾ ਫ਼ਰੀਦ ਵਿਖੇ ਹੋਏ ਨਤਮਸਤਕ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਬਾਬਾ ਸ਼ੇਖ ਫਰੀਦ ਜੀ ਦੀ ਚਰਨ-ਛੋਹ ਪ੍ਰਾਪਤ ਪਵਿੱਤਰ ਨਗਰੀ ਫ਼ਰੀਦਕੋਟ ਵਿਖੇ ਜਸਟਿਸ ਸ੍ਰ. ਕਰਮਜੀਤ ਸਿੰਘ ਪੰਜਾਬ ਤੇ ਹਰਿਆਣਾ ਹਾਈ ਕੋਰਟ ਅਤੇ ਐਡੀਸ਼ਨਲ ਸੈਸ਼ਨ ਜੱਜ ਫਰੀਦਕੋਟ ਸ੍ਰੀ ਰਾਮ ਕੁਮਾਰ ਸਿੰਗਲਾ ਆਪਣੇ ਪਰਵਾਰ ਸਮੇਤ ਟਿੱਲਾ ਬਾਬਾ ਫ਼ਰੀਦ ਜੀ ਵਿਖੇ ਨਤਮਸਤਕ ਹੋਏ।ਇਸ ਮੌਕੇ ਬਾਬਾ ਫ਼ਰੀਦ ਧਾਰਮਿਕ ਤੇ ਵਿੱਦਿਅਕ ਸੰਸਥਾਵਾਂ, ਫ਼ਰੀਦਕੋਟ ਦੇ ਪ੍ਰੈਜ਼ੀਡੈਂਟ ਸ੍ਰ. ਸਿਮਰਜੀਤ ਸਿੰਘ ਸੇਖੋਂ, ਸੁਸਾਇਟੀ ਦੇ ਪ੍ਰਬੰਧਕ ਤੇ ਖਜ਼ਾਨਚੀ ਸ੍ਰ. ਗੁਰਇੰਦਰ ਮੋਹਨ ਤੇ ਮੈਂਬਰ ਸ੍ਰ. ਕੁਲਜੀਤ ਸਿੰਘ ਮੌਂਗੀਆ ਵੱਲੋਂ ਜਸਟਿਸ ਸ੍ਰ. ਕਰਮਜੀਤ ਸਿੰਘ ਅਤੇ ਸ੍ਰੀ ਰਾਮ ਕੁਮਾਰ ਸਿੰਗਲਾ ਦਾ ਨਿੱਘਾ ਸਵਾਗਤ ਕੀਤਾ ਗਿਆ।ਜਸਟਿਸ ਸ੍ਰ. ਕਰਮਜੀਤ ਸਿੰਘ ਨੇ ਕਿਹਾ ਕਿ ਉਹ ਬਾਬਾ ਫਰੀਦ ਜੀ ਦੇ ਇਸ ਪਾਵਨ ਅਸਥਾਨ 'ਤੇ ਆ ਕੇ ਬਹੁਤ ਹੀ ਖੁਸ਼ੀ ਮਹਿਸੂਸ ਕਰ ਰਹੇ ਹਨ।

## ਚੋਣ ਅਮਲੇ ਦੀਆਂ ਮੁਸ਼ਕਲਾਂ ਦੇ ਢੁਕਵੇਂ ਹੱਲ ਲਈ ਜੀ ਟੀ ਯੂ ਵੱਲੋਂ ਡੀ ਸੀ ਨੂੰ ਮੰਗ ਪੱਤਰ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਚਾਇਤੀ ਚੋਣਾਂ ਵਿੱਚ ਚੋਣ ਅਮਲੇ ਦੀਆਂ ਸਮੱਸਿਆਵਾਂ ਦੇ ਹੱਲ ਲਈ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਇਕਾਈ ਮਾਨਸਾ ਵੱਲੋਂ ਇੱਕ ਮੰਗ ਪੱਤਰ ਜ਼ਿਲ੍ਹਾ ਪ੍ਰਧਾਨ ਨਰਿੰਦਰ ਸਿੰਘ ਮਾਖਾ ਦੀ ਅਗਵਾਈ 'ਚ ਮਾਨਯੋਗ ਡਿਪਟੀ ਕਮਿਸ਼ਨਰ ਮਾਨਸਾ ਨੂੰ ਦਿੱਤਾ ਗਿਆ।ਇਸ ਮੌਕੇ ਮੰਗ ਕੀਤੀ ਗਈ ਕਿ ਪੰਚਾਇਤੀ ਚੋਣਾਂ ਵਿੱਚ ਮੁਲਾਜ਼ਮਾਂ ਦੀ ਡਿਊਟੀ ਬਲਾਕ ਪੱਧਰ 'ਤੇ ਹੀ ਲਗਾਈ ਜਾਵੇ, ਚੋਣਾਂ ਦਾ ਕੰਮ ਸਾਰਾ ਵੋਟਿੰਗ ਮਸ਼ੀਨਾਂ ਰਾਹੀਂ ਕੀਤਾ ਜਾਵੇ, ਕਿਓਂਕਿ ਨਤੀਜਾ ਘੋਸ਼ਿਤ ਕਰਨ ਸਮੇਂ ਮੁਲਾਜ਼ਮਾਂ ਨੂੰ ਬਹੁਤ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਚੋਣ ਅਮਲੇ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ, ਸਰਕਾਰੀ ਪੱਧਰ 'ਤੇ ਮੁਲਾਜ਼ਮਾਂ ਦਾ ਜੋਖਮ ਬੀਮਾ ਵੀ ਕੀਤਾ ਜਾਵੇ, ਮਹਿਲਾ ਮੁਲਜ਼ਮਾਂ ਦੀ ਪ੍ਰਜ਼ਾਇਡਿੰਗ ਅਫ਼ਸਰ ਵਜੋਂ ਡਿਊਟੀ ਨਾ ਲਗਾਈ ਜਾਵੇ, ਵਿਧਵਾ, ਤਲਾਕਸ਼ੁਦਾ, ਗਰਭਵਤੀ ਤੇ ਦੋ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਵਾਲੀਆਂ ਇਸਤਰੀ ਮੁਲਜ਼ਮਾਂ ਨੂੰ ਡਿਊਟੀ ਤੋਂ ਛੋਟ ਦਿੱਤੀ ਜਾਵੇ, ਅੰਗਹੀਣ ਤੇ ਕਰੋਨਿਕ ਬਿਮਾਰੀ ਤੋਂ ਪੀੜਤ ਮੁਲਾਜ਼ਮਾਂ ਨੂੰ ਡਿਊਟੀ ਤੋਂ ਛੋਟ ਦਿੱਤੀ ਜਾਵੇ, ਕਪਲ ਕੇਸ ਵਿੱਚ ਮਹਿਲਾ ਮੁਲਜ਼ਮਾਂ ਦੀ ਡਿਊਟੀ ਕੱਟੀ ਜਾਵੇ, ਚੋਣ ਅਮਲੇ ਨੂੰ ਮੌਕੇ 'ਤੇ ਹੀ ਮਿਹਨਤਾਨੇ ਦਾ ਭੁਗਤਾਨ ਕੀਤਾ ਜਾਵੇ, ਚੋਣ ਤੋਂ ਅਗਲੇ ਦਿਨ ਅਮਲੇ ਨੂੰ ਛੁੱਟੀ ਦਿੱਤੀ ਜਾਵੇ, ਚੋਣ ਅਮਲੇ ਨੂੰ ਡਿਊਟੀ 'ਤੇ ਵੋਟ ਪਾਉਣ ਦਾ ਅਧਿਕਾਰ ਦਿੱਤਾ ਜਾਵੇ।ਇਸ ਮੌਕੇ ਗੁਰਦਾਸ ਸਿੰਘ ਰਾਏਪੁਰ, ਸਤੀਸ਼ ਕੁਮਾਰ, ਲਖਵਿੰਦਰ ਸਿੰਘ ਮਾਨ, ਇਕਬਾਲ ਸਿੰਘ, ਸੁਖਜਿੰਦਰ ਅਗਰੋਈਆ, ਜਗਜੀਵਨਜੋਤ ਸਿੰਘ, ਗੁਰਪ੍ਰੀਤ ਸਿੰਘ ਆਦਿ ਅਧਿਆਪਕ ਆਗੂ ਹਾਜ਼ਰ ਸਨ।

## ਨੰਨ੍ਹੇ-ਮੁੰਨੇ ਬੱਚਿਆਂ ਨੇ ਮਹਾਤਮਾ ਗਾਂਧੀ ਦਾ ਜਨਮ ਦਿਹਾੜਾ ਮਨਾਇਆ



**ਮਲੋਟ (ਗੁਰਮੀਤ ਸਿੰਘ ਮੱਕੜ)**-ਰਾਸ਼ਟਰ ਪਿਤਾ ਮਹਾਤਮਾ ਗਾਂਧੀ ਜੀ ਦੇ ਜਨਮ ਦਿਨ ਮੌਕੇ ਲਵਿੰਗ ਲਿਟਲ ਪਲੇਵੇ ਐਂਡ ਪ੍ਰੇਪਰੇਟਰੀ ਸਕੂਲ ਵਿਖੇ ਪ੍ਰਿੰਸੀਪਲ ਮੀਨਾ ਅਰੋੜਾ ਦੀ ਅਗਵਾਈ ਵਿਚ ਸਾਦਾ ਅਤੇ ਪ੍ਰਭਾਵਸ਼ਾਲੀ ਸਮਾਗਮ ਕਰਾਇਆ ਗਿਆ। ਇਸ ਮੌਕੇ ਨੰਨ੍ਹੇ ਮੁੰਨ੍ਹੇ ਬੱਚਿਆਂ ਵੱਲੋਂ ਗਾਂਧੀ ਜੀ ਦੀ ਤਸਵੀਰ ਫੁੱਲ ਪੱਤੀਆਂ ਚੜ੍ਹਾ ਕੇ ਉਨ੍ਹਾਂ ਨੂੰ ਯਾਦ ਕਰਦਿਆਂ ਦੇਸ਼ 'ਚ ਅਮਨ ਸ਼ਾਂਤੀ ਦੀ ਸਥਿਤੀ ਬਣਾਈ ਰੱਖਣ ਲਈ ਵਾਹਿਗੁਰੂ ਅੱਗੇ ਅਰਦਾਸ ਕੀਤੀ ਗਈ। ਪ੍ਰਿੰਸੀਪਲ ਮੀਨਾ ਅਰੋੜਾ ਨੇ ਮਹਾਤਮਾ ਗਾਂਧੀ ਜੀ ਵੱਲੋਂ ਚਲਾਏ ਨਮਕ ਸੱਤਿਆਗ੍ਰਹਿ, ਨਾਮਿਲਵਰਤਨ ਲਹਿਰ ਤੇ ਖਾਦੀ ਪ੍ਰਚਾਰ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਮੈਡਮ ਅੰਨੂੰ, ਨਿਸ਼ਾ, ਗਗਨ, ਸ਼ੀਨੂੰ ਆਦਿ ਨੇ ਬੱਚਿਆਂ ਨਾਲ ਮਿਲਕੇ ਗਾਂਧੀ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦਾ ਪ੍ਰਣ ਲਿਆ।

## ਮਾਡਰਨ ਕਾਲਜ ਬੀਰ ਕਲਾਂ ਵਿਖੇ ਬਲੱਡ ਡੋਨੇਸ਼ਨ ਦਿਵਸ ਮਨਾਇਆ



**ਚੀਮਾ ਮੰਡੀ (ਰਵਿੰਦਰ ਚੀਮਾ)**-ਮਾਡਰਨ ਗਰੁੱਪ ਆਫ ਇੰਸਟੀਚਿਊਸ਼ਨਜ ਬੀਰ ਕਲਾਂ ਵਿਖੇ ਨੈਸ਼ਨਲ ਬਲੱਡ ਡੋਨੇਸ਼ਨ ਡੇਅ ਮਨਾਇਆ ਗਿਆ। ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਨੇ ਕਿਹਾ ਕਿ ਖ਼ੂਨਦਾਨ ਸਭ ਤੋਂ ਵੱਡਾ ਦਾਨ ਹੈ, ਜਿਹੜਾ ਕਿਸੇ ਦੀ ਕੀਮਤੀ ਜ਼ਿੰਦਗੀ ਨੂੰ ਬਚਾ ਸਕਦਾ ਹੈ। ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਨੇ ਵੀ ਭਾਸ਼ਣ ਦੌਰਾਨ ਕਿਹਾ ਕਿ ਖੂਨ ਦਾ ਇੱਕ ਇੱਕ ਕਤਰਾ ਕੀਮਤੀ ਹੈ ਤੇ ਉਨ੍ਹਾਂ ਦੁਆਰਾ ਦਿੱਤਾ ਹੋਇਆ ਖੂਨ ਕਿਸੇ ਦੀ ਵੀ ਕੀਮਤੀ ਜਾਨ ਬਚਾ ਸਕਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਖ਼ੂਨਦਾਨ ਕਰਨ ਲਈ ਪ੍ਰੇਰਿਤ ਵੀ ਕੀਤਾ। ਸਮਾਗਮ ਦੌਰਾਨ ਪਿਛਲੇ ਸਮੇਂ ਵਿੱਚ ਖੂਨਦਾਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਕਾਲਜ ਦੇ ਵਿਦਿਆਰਥੀ ਤੇ ਸਟਾਫ਼ ਹਾਜ਼ਰ ਸਨ।

## ਡਿਪਟੀ ਕਮਿਸ਼ਨਰ ਮਾਨਸਾ ਵੱਲੋਂ ਰਾਜ ਪੱਧਰੀ ਕਲਾ ਮੁਕਾਬਲਿਆਂ ਦਾ ਪੋਸਟਰ ਜਾਰੀ



**ਮਾਨਸਾ (ਆਤਮਾ ਸਿੰਘ ਪਮਾਰ)**-ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਪੰਜਾਬ ਦੇ ਅਧਿਆਪਕਾਂ ਵੱਲੋਂ ਰਵਾਇਤੀ ਕਲਾਵਾਂ ਨੂੰ ਪ੍ਰਫੁੱਲਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਪ੍ਰਸੰਸਾ ਕੀਤੀ ਹੈ।ਉਨ੍ਹਾਂ ਸਿੱਖਿਆ ਅਤੇ ਕਲਾ ਮੰਚ ਪੰਜਾਬ ਵੱਲੋਂ 2,3 ਅਕਤੂਬਰ ਨੂੰ ਮਸਤੂਆਣਾ ਸਾਹਿਬ ਵਿਖੇ ਕਰਾਏ ਜਾ ਰਹੇ ਰਾਜ ਪੱਧਰੀ ਕਲਾ ਮੁਕਾਬਲਿਆਂ ਦਾ ਪੋਸਟਰ ਜਾਰੀ ਕਰਦਿਆਂ ਕਿਹਾ ਕਿ ਕਲਾ ਮੁਕਾਬਲਿਆਂ ਦਾ ਇਹ ਪਲੇਟਫਾਰਮ ਰਾਜ ਦੇ ਵਿਦਿਆਰਥੀਆਂ ਲਈ ਵਰਦਾਨ ਸਾਬਤ ਹੋਵੇਗਾ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਉਹ ਖੁਦ ਕਲਾ ਮੁਕਾਬਲਿਆਂ ਦੌਰਾਨ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨਗੇ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਚੰਗੀ ਸਿੱਖਿਆ ਦੇ ਨਾਲ-ਨਾਲ ਉਨ੍ਹਾਂ ਅੰਦਰ ਛੁਪੀ ਪ੍ਰਤਿਭਾ ਨੂੰ ਉਭਾਰਨਾ ਤੇ ਨਿਖਾਰਨਾ ਸਮੇਂ ਦੀ ਵੱਡੀ ਲੋੜ ਹੈ।ਜ਼ਿਲ੍ਹਾ ਭਾਸ਼ਾ ਅਫ਼ਸਰ ਤੇਜਿੰਦਰ ਕੌਰ ਨੇ ਵੀ ਸਿੱਖਿਆ ਤੇ ਕਲਾ ਮੰਚ ਪੰਜਾਬ ਦੇ ਇਸ ਉਪਰਾਲੇ ਦੀ ਪ੍ਰਸੰਸਾ ਕੀਤੀ ਹੈ। ਉਨ੍ਹਾਂ ਕਿਹਾ ਕਿ ਮੰਚ ਵੱਲੋਂ ਆਫ਼ਲਾਈਨ ਮੁਕਾਬਲਿਆਂ ਤੋਂ ਪਹਿਲਾਂ ਜੋ ਆਨਲਾਈਨ ਕਲਾ ਮੁਕਾਬਲਿਆਂ ਦਾ ਪਲੇਟਫਾਰਮ ਵਿਦਿਆਰਥੀਆਂ ਨੂੰ ਦਿੱਤਾ ਗਿਆ, ਉਸ ਨਾਲ ਵੀ ਵੱਡੀ ਗਿਣਤੀ ਵਿੱਚ ਰਾਜ ਭਰ ਦੇ ਵਿਦਿਆਰਥੀਆਂ ਨੂੰ ਆਪਣੇ ਘਰਾਂ ਜਾਂ ਸਕੂਲਾਂ ਅੰਦਰ ਹੀ ਆਪਣੀ ਕਲਾ ਪ੍ਰਗਟਾਉਣ ਦਾ ਮੌਕਾ ਮਿਲਿਆ ਹੈ।

## ਨਹਿਰੂ ਯੁਵਾ ਕੇਂਦਰ ਵੱਲੋਂ 'ਸਵੱਛਤਾ ਹੀ ਸੇਵਾ' ਪ੍ਰੋਗਰਾਮ ਆਯੋਜਤ



**ਲੁਧਿਆਣਾ (ਰਾਜ ਸਿੰਗਲਾ)**-ਨਹਿਰੂ ਯੁਵਾ ਕੇਂਦਰ ਨੇ ਸ਼੍ਰੀਮਤੀ ਰਸ਼ਮੀਤ ਕੌਰ, ਜ਼ਿਲ੍ਹਾ ਯੁਵਾ ਅਧਿਕਾਰੀ ਦੀ ਅਗਵਾਈ ਹੇਠ ਏ.ਐਚ.ਐਸ ਇੰਸਟੀਚਿਊਟ ਦੇ ਸਹਿਯੋਗ ਨਾਲ ਸਵੱਛਤਾ ਹੀ ਸੇਵਾ ਪ੍ਰੋਗਰਾਮ ਕਰਾਇਆ।ਸੰਸਥਾ ਦੀ ਮੈਨੇਜਮੈਂਟ ਟੀਮ ਵੱਲੋਂ ਡਾ: ਨਵਦੀਪ ਕੌਰ ਤੇ ਡਾ. ਗੌਰਵ ਜੈਨ ਦੀ ਰਹਿਨੁਮਾਈ ਹੇਠ ਮਾਈ ਭਾਰਤ ਵਾਲੰਟੀਅਰਾਂ ਨਾਲ ਮਿਲ ਕੇ ਇਹ ਪ੍ਰੋਗਰਾਮ ਕਰਾਇਆ ਗਿਆ।ਇਸ ਸਵੱਛ ਭਾਰਤ ਮੁਹਿੰਮ ਤਹਿਤ 17 ਸਤੰਬਰ ਤੋਂ 2 ਅਕਤੂਬਰ ਤੱਕ ਚੱਲਣ ਵਾਲੇ ਪ੍ਰੋਗਰਾਮ ਵਿੱਚ 50 ਵਿਦਿਆਰਥੀਆਂ ਨੇ ਹਿੱਸਾ ਲਿਆ। ਪ੍ਰੋਗਰਾਮ ਦੇ ਵਿਚ ਬਚਿਆਂ ਨੂੰ ਆਪਣੇ ਆਲੇ ਦੁਆਲੇ ਦੀ ਸਫ਼ਾਈ ਰੱਖਣ ਲਈ ਪ੍ਰੇਰਿਤ ਕਿਤਾ ਗਿਆ ਤੇ ਪਲਾਸਟਿਕ ਦੇ ਲਿਫ਼ਾਫ਼ਿਆਂ ਦੀ ਵਰਤੋਂ ਨਾ ਕਰਨ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਬੱਚਿਆਂ ਨੂੰ ਦੱਸਿਆ ਗਿਆ ਕਿ ਕੂੜਾ ਹਮੇਸ਼ਾ ਕੂੜੇਦਾਨ ਵਿਚ ਹੀ ਸੁੱਟਣਾ ਚਾਹੀਦਾ ਹੈ।ਆਪਣੇ ਚੌਗਿਰਦੇ ਨੂੰ ਹਰਿਆ ਭਰਿਆ ਬਣਾਉਣ ਤੇ ਵਾਤਾਵਰਣ ਦੀ ਸ਼ੁਧਤਾ ਲਈ ਹਰ ਨਾਗਰਿਕ ਨੂੰ ਆਪਣਾ ਫ਼ਰਜ਼ ਸਮਝਦੇ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ ਤੇ ਪੌਦੇ ਲਾਉਣੇ ਚਾਹੀਦੇ ਹਨ।

## ਅਣਪਛਾਤਾ ਵਿਅਕਤੀ ਬੀ ਡੀ ਪੀ ਓ ਦਫ਼ਤਰ ਦੇ ਮੁਲਾਜ਼ਮ ਕੋਲੋਂ ਸਰਕਾਰੀ ਦਸਤਾਵੇਜ਼ਾਂ ਵਾਲਾ ਬੈਗ ਲੈ ਕੇ ਫਰਾਰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਫ਼ਿਰੋਜ਼ਪੁਰ ਦੀ ਪੁਲਸ ਨੇ ਬੀਤੇ ਦਿਨ ਬੀ ਡੀ ਪੀ ਓ ਦਫ਼ਤਰ ਫ਼ਿਰੋਜ਼ਪੁਰ ਦੇ ਮੁਲਾਜ਼ਮ ਤੋਂ ਸਰਕਾਰੀ ਦਸਤਾਵੇਜ਼ਾਂ ਆਦਿ ਦਾ ਬੈਗ ਖੋਹ ਕੇ ਫ਼ਰਾਰ ਹੋਣ ਵਾਲੇ ਅਣਪਛਾਤੇ ਵਿਅਕਤੀਆਂ ਖਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਪਤਾ ਲੱਗਾ ਹੈ ਕਿ ਇਸ ਘਟਨਾ ਦੌਰਾਨ ਮੁਲਜ਼ਮਾਂ ਵੱਲੋਂ ਗੋਲੀਆਂ ਵੀ ਚਲਾਈਆਂ ਗਈਆਂ।ਜਾਣਕਾਰੀ ਦਿੰਦਿਆਂ ਥਾਣਾ ਸਿਟੀ ਫ਼ਿਰੋਜ਼ਪੁਰ ਦੇ ਸਹਾਇਕ ਇੰਸਪੈਕਟਰ ਜੰਗ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ 'ਚ ਭਾਰਤ ਭੂਸ਼ਣ ਬੀ.ਡੀ.ਪੀ.ਓ. ਦਫ਼ਤਰ ਫ਼ਿਰੋਜ਼ਪੁਰ ਨੇ ਦੱਸਿਆ ਕਿ ਉਹ ਬੀਤੇ ਦਿਨ ਦਫ਼ਤਰ 'ਚ ਚੁੱਲ੍ਹਾ ਟੈਕਸ ਤੇ ਐਨ.ਓ.ਸੀ. ਆਦਿ ਜਾਰੀ ਕਰ ਰਹੇ ਸਨ, ਜਦੋਂ 4-5 ਅਣਪਛਾਤੇ ਵਿਅਕਤੀ ਆਏ ਤੇ ਉਸ ਨਾਲ ਲੜਨਾ ਸ਼ੁਰੂ ਹੋ ਗਏ ਅਤੇ ਜਦੋਂ ਉਸ ਨੇ ਉਨ੍ਹਾਂ ਨੂੰ ਰੋਕਿਆ ਤਾਂ ਮੁਲਜ਼ਮਾਂ ਨੇ ਉਸ ਨਾਲ ਬਦਸਲੂਕੀ ਕਰਨੀ ਸ਼ੁਰੂ ਕਰ ਦਿੱਤੀ।ਪੀੜਤ ਨੇ ਦੱਸਿਆ ਕਿ ਇਸ ਤੋਂ ਬਾਅਦ ਮੁਲਜ਼ਮ ਸਰਕਾਰੀ ਦਸਤਾਵੇਜ਼ਾਂ ਵਾਲਾ ਬੈਗ ਖੋਹ ਕੇ ਬਾਹਰ ਭੱਜ ਗਏ।ਜਦੋਂ ਸ਼ਿਕਾਇਤਕਰਤਾ ਨੇ ਬੈਗ ਲੈਣ ਲਈ ਉਨ੍ਹਾਂ ਦਾ ਪਿੱਛਾ ਕੀਤਾ ਤਾਂ ਗੋਲੀ ਚੱਲਣ ਦੀ ਆਵਾਜ਼ ਸੁਣ ਕੇ ਉਹ ਉਥੇ ਹੀ ਰੁਕ ਗਿਆ।ਪੀੜਤ ਨੇ ਦੱਸਿਆ ਕਿ ਇਸ ਤੋਂ ਬਾਅਦ ਜਦੋਂ ਉਸ ਨੇ ਦੇਖਿਆ ਤਾਂ ਦੋਸ਼ੀ ਗੇਟ ਦੇ ਬਾਹਰ ਖੜੀ ਕਾਲੇ ਰੰਗ ਦੀ ਕਾਰ ਵਿੱਚ ਭੱਜ ਗਏ, ਜਿਸ 'ਤੇ ਉਸ ਨੇ ਸਾਰੀ ਘਟਨਾ ਦੀ ਸੂਚਨਾ ਬੀ.ਡੀ.ਪੀ.ਓ. ਨੂੰ ਦੱਸੀ। ਮਾਮਲੇ ਦੀ ਜਾਂਚ ਕਰ ਰਹੇ ਪੁਲਸ ਅਧਿਕਾਰੀ ਜੰਗ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ 'ਚ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਪਟੇਲ ਕਾਲਜ 'ਚ ਲੇਖ ਤੇ ਭਾਸ਼ਣ ਮੁਕਾਬਲੇ ਕਰਾਏ



**ਰਾਜਪੁਰਾ (ਰਮੇਸ਼ ਕਟਾਰੀਆ)**-ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਵਿਖੇ ਪੰਜਾਬੀ ਵਿਭਾਗ ਦੇ ਸਹਿਯੋਗ ਨਾਲ ਡਾ. ਹਰਿੰਦਰਪਾਲ ਕੌਰ, ਕਨਵੀਨਰ ਪੰਜਾਬੀ ਭਾਸ਼ਾ ਮੰਚ ਤੇ ਡਾ. ਮਨਿੰਦਰ ਕੌਰ, ਕਨਵੀਨਰ ਪੰਜਾਬੀ ਸਾਹਿਤ ਸਭਾ ਦੀ ਅਗਵਾਈ ਤੇ ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਗਾਂਧੀ ਦੀ ਸਰਪ੍ਰਸਤੀ ਹੇਠ ਵਿਦਿਆਰਥੀਆਂ ਦੇ ਲੇਖ ਤੇ ਭਾਸ਼ਣ ਮੁਕਾਬਲੇ ਕਰਾਏ ਗਏ। ਡਾ. ਮਨਦੀਪ ਸਿੰਘ, ਮੁਖੀ ਪੰਜਾਬੀ ਵਿਭਾਗ ਨੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਮੁਕਾਬਲਿਆਂ ਵਿੱਚ ਭਾਗ ਲੈ ਕੇ ਆਪਣੀ ਸ਼ਖ਼ਸੀਅਤ ਨੂੰ ਹੋਰ ਨਿਖਾਰਨ ਲਈ ਉਤਸ਼ਾਹਤ ਕੀਤਾ। ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਗਾਂਧੀ ਨੇ ਬੱਲਬ ਦੀ ਖੋਜ ਲਈ ਐਡੀਸਨ ਦੇ ਕਈ ਵਾਰ ਅਸਫ਼ਲ ਹੋਣ ਪਿੱਛੋਂ ਮਿਲੀ ਸਫ਼ਲਤਾ ਦੀ ਉਦਾਹਰਣ ਦਿੰਦਿਆਂ ਵਿਦਿਆਰਥੀਆਂ ਨੂੰ ਆਪਣੀ ਮੰਜ਼ਲ ਪਾਉਣ ਲਈ ਹਮੇਸ਼ਾ ਯਤਨਸ਼ੀਲ ਰਹਿਣ ਲਈ ਪ੍ਰੇਰਿਤ ਕੀਤਾ।

ਲੇਖ ਮੁਕਾਬਲਿਆਂ ਵਿੱਚ ਖੁਸ਼ਪ੍ਰੀਤ ਕੌਰ, ਬੀ.ਏ. ਭਾਗ ਤੀਜਾ ਨੇ ਪਹਿਲਾ, ਜਸਨੂਰ ਕੌਰ, ਬੀ.ਏ. ਭਾਗ ਤੀਜਾ ਨੇ ਦੂਜਾ ਤੇ ਪ੍ਰਦੀਪ ਸਿੰਘ, ਐਮ.ਏ. ਭਾਗ ਦੂਜਾ ਨੇ ਤੀਜਾ ਸਥਾਨ ਹਾਸਲ ਕੀਤਾ। ਭਾਸ਼ਣ ਮੁਕਾਬਲਿਆਂ ਵਿੱਚੋਂ ਕਰਨਪ੍ਰੀਤ ਸਿੰਘ, ਬੀ.ਏ. ਭਾਗ ਪਹਿਲਾ ਨੇ ਪਹਿਲਾ, ਵਿਸ਼ਾਲ ਗੁਡਵਾਨੀ, ਬੀ.ਸੀ.ਏ. ਭਾਗ ਦੂਜਾ ਤੇ ਜਸ਼ਨਪ੍ਰੀਤ ਕੌਰ, ਬੀ.ਏ. ਭਾਗ ਤੀਜਾ ਨੇ ਦੂਜਾ ਅਤੇ ਹਰਸ਼ਦੀਪ ਕੌਰ, ਬੀ.ਏ. ਭਾਗ ਦੂਜਾ ਨੇ ਤੀਜਾ ਸਥਾਨ ਹਾਸਲ ਕੀਤਾ। ਮੰਚ ਸੰਚਾਲਨ ਦੀ ਭੂਮਿਕਾ ਪ੍ਰੋ. ਦਲਜੀਤ ਸਿੰਘ ਨੇ ਬਾਖੂਬੀ ਨਿਭਾਈ।

## ਪ੍ਰਿੰ. ਡਾ. ਪ੍ਰਭਜੋਤ ਕੌਰ ਗਿੱਲ ਸ਼ਾਨਦਾਰ ਸੇਵਾਵਾਂ ਉਪਰੰਤ ਹੋਏ ਸੇਵਾਮੁਕਤ

**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਸਰਕਾਰੀ ਕਾਲਜ ਦੇ ਪ੍ਰਿੰਸੀਪਲ ਡਾ. ਪ੍ਰਭਜੋਤ ਕੌਰ ਗਿੱਲ ਲਗਭਗ 30 ਸਾਲਾਂ ਦੀਆਂ ਸ਼ਾਨਦਾਰ ਸੇਵਾਵਾਂ ਉਪਰੰਤ ਸੇਵਾਮੁਕਤ ਹੋਏ। ਮੈਡੀਕਲ ਸਮਾਜ ਵਿਗਿਆਨ ਵਿੱਚ ਡਾਕਟਰੇਟ ਪ੍ਰਿੰਸੀਪਲ ਡਾ. ਗਿੱਲ ਨੇ ਅਕਾਦਮਿਕ, ਅਧਿਆਪਨ ਤੇ ਪ੍ਰਸ਼ਾਸਨਿਕ ਖੇਤਰ ਵਿੱਚ ਬੇਮਿਸਾਲ ਸੇਵਾਵਾਂ ਨਿਭਾਈਆਂ। ਉਨ੍ਹਾਂ ਆਪਣੇ ਅਧਿਆਪਨ ਦੇ ਸਫ਼ਰ ਵਿੱਚ ਸਰਕਾਰੀ ਰਣਬੀਰ ਕਾਲਜ, ਸੰਗਰੂਰ, ਸਰਕਾਰੀ ਮਹਿੰਦਰਾ ਕਾਲਜ, ਪਟਿਆਲਾ, ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ਼ ਲਾਅ, ਪਟਿਆਲਾ, ਸਰਕਾਰੀ ਕਾਲਜ, ਮੰਡੀ ਗੋਬਿੰਦਗੜ੍ਹ ਤੇ ਸਰਕਾਰੀ ਕਾਲਜ, ਮੋਹਾਲੀ ਵਿਖੇ ਸੇਵਾਵਾਂ ਨਿਭਾਈਆਂ। ਪ੍ਰਿੰਸੀਪਲ ਵਜੋਂ ਉਨ੍ਹਾਂ ਦੀ ਤੈਨਾਤੀ ਇਤਿਹਾਸਕ ਨਗਰੀ ਮਾਛੀਵਾੜਾ ਦੇ ਸਰਕਾਰੀ ਕਾਲਜ ਵਿੱਚ ਹੋਈ। ਆਪਣੇ ਕਾਰਜਕਾਲ ਦੌਰਾਨ ਉਨ੍ਹਾਂ ਆਪਣੀ ਪ੍ਰਸ਼ਾਸਨਿਕ ਗੁਣਵੱਤਾ ਦੀ ਛਾਪ ਛੱਡੀ। ਉਨ੍ਹਾਂ ਦੇ ਪਤੀ ਵਰਿੰਦਰਪਾਲ ਸਿੰਘ ਗਿੱਲ ਐੱਚ.ਪੀ.ਜੀ.ਸੀ.ਐੱਲ. ਵਿਭਾਗ 'ਚੋਂ ਬਤੌਰ ਇੰਜਨੀਅਰ ਰਿਟਾਇਰਡ ਹੋਏ। ਉਨ੍ਹਾਂ ਦਾ ਬੇਟਾ ਸਾਰੰਗ ਗਿੱਲ ਕੈਨੇਡਾ ਵਿੱਚ ਪ੍ਰਸ਼ਾਸਨਿਕ ਪੋਸਟ 'ਤੇ ਹਨ ਅਤੇ ਬੇਟੀ ਰਿਦਮ ਗਿੱਲ ਯੂਨੀਵਰਸਿਟੀ ਆਫ ਵਿਕਟੋਰੀਆ, ਬ੍ਰਿਟਿਸ਼ ਕੋਲੰਬੀਆ ਵਿਖੇ ਮੈਡੀਕਲ ਸਾਇੰਸ ਵਿੱਚ ਗ੍ਰੈਜੂਏਸ਼ਨ ਕਰ ਰਹੇ ਹਨ। ਸਰਕਾਰੀ ਕਾਲਜ ਦੇ ਸਮੂਹ ਸਟਾਫ ਵੱਲੋਂ ਡਾ. ਪ੍ਰਭਜੋਤ ਕੌਰ ਗਿੱਲ ਨੂੰ ਉਨ੍ਹਾਂ ਦੀ ਰਿਟਾਇਰਮੈਂਟ 'ਤੇ ਸਨਮਾਨਤ ਕੀਤਾ ਗਿਆ ਤੇ ਯਾਦ ਚਿੰਨ੍ਹ ਭੇਟ ਕੀਤਾ ਗਿਆ।



## ਡਾ. ਜਸਰੀਨ ਕੌਰ ਨੂੰ ਕੈਨੇਡੀਅਨ ਡੈਂਟਲ ਸਰਜਨ ਬਣਨ 'ਤੇ ਵਧਾਈਆਂ

### *ਸਰਪੰਚ ਸਾਧੂ ਸਿੰਘ ਸ਼ੇਖੂਪੁਰਾ ਨਾਨਕਾ ਪਰਵਾਰ ਨੇ ਕੀਤਾ ਸਨਮਾਨਤ*



**ਚੌਂਕੀਮਾਨ (ਬਲਬੀਰ ਮਾਨ)**-ਪਿੰਡ ਚੌਂਕੀਮਾਨ ਦੇ ਨਾਹਰ ਸਿੰਘ ਮਾਨ ਦੀ ਪੋਤਰੀ ਤੇ ਸੁਦਾਗਰ ਸਿੰਘ ਮਾਨ ਦੀ ਹੋਣਹਾਰ ਧੀ, ਜੋ ਕੈਨੇਡਾ ਵਿਖੇ ਆਪਣੀ ਡਾਕਟਰੀ ਦੀ ਪੜ੍ਹਾਈ ਕਰਦੀ ਸੀ, ਉਸ ਨੇ ਉੱਥੋਂ ਦੀ ਯੂਨੀਵਰਸਿਟੀ ਤੋਂ ਡੀ ਡੀ ਐੱਸ (ਡੈਂਟਲ ਸਰਜਨ) ਦੀ ਡਿਗਰੀ ਹਾਸਲ ਕਰਕੇ ਆਪਣੇ ਦਾਦਕੇ ਪਰਵਾਰ ਤੇ ਨਾਨਕੇ ਪਰਵਾਰ ਪਿੰਡ ਸ਼ੇਖੂਪੁਰਾ ਦੇ ਸਵ. ਸੰਤੋਖ ਸਿੰਘ ਦੇ ਪਰਵਾਰ ਦਾ ਮਾਣ ਵਧਾਇਆ ਹੈ।ਅੱਜ ਸਮੂਹ ਪਰਵਾਰ ਸਰਪੰਚ ਸਾਧੂ ਸਿੰਘ ਦਿਲਸ਼ਾਦ ਸ਼ੇਖੂਪੁਰਾ ਦੇ ਗ੍ਰਹਿ ਵਿਖੇ ਪਹੁੰਚਿਆ, ਜਿੱਥੇ ਉਨ੍ਹਾਂ ਵੱਲੋਂ ਡਾਕਟਰ ਜਸਰੀਨ ਕੌਰ ਤੇ ਉਨ੍ਹਾਂ ਦੇ ਹਮਸਫਰ ਕਰਨਵੀਰ ਸਿੰਘ ਨੂੰ ਸਨਮਾਨਤ ਨਿਸ਼ਾਨੀ ਅਤੇ ਲੋਈ ਦੇ ਕੇ ਜੀ ਆਇਆਂ ਆਖਦਿਆਂ ਸਨਮਾਨਤ ਕੀਤਾ।ਇਸ ਮੌਕੇ ਪੰਚ ਹਰਨੇਕ ਸਿੰਘ, ਹਰਜਿੰਦਰ ਸਿੰਘ, ਜ਼ੋਰਾ ਸਿੰਘ, ਸਿਕੰਦਰ ਸਿੰਘ ਫੌਜੀ, ਦਰਸ਼ਨ ਸਿੰਘ, ਗੁਰਪ੍ਰੀਤ ਸਿੰਘ, ਬਹਾਦਰ ਸਿੰਘ ਜੱਸੜ, ਹਰਪ੍ਰੀਤ ਸਿੰਘ, ਹਰਬੰਸ ਸਿੰਘ ਫ਼ੌਜੀ, ਰਘਵੀਰ ਸਿੰਘ ਖੰਡਲ, ਬਲਬੀਰ ਸਿੰਘ ਮਾਨ, ਜਨਰਲ ਸਕੱਤਰ ਪੰਜਾਬੀ ਗੀਤਕਾਰ ਸਭਾ ਪੰਜਾਬ ਨੇ ਆਏ ਮਹਿਮਾਨਾਂ ਦਾ ਮੂੰਹ ਮਿੱਠਾ ਕਰਕੇ ਨਿੱਘਾ ਸੁਆਗਤ ਕਰਦਿਆਂ ਵਧਾਈਆਂ ਦਿੱਤੀਆਂ ਤੇ ਚੜ੍ਹਦੀ ਕਲਾ ਲਈ ਦੁਆਵਾਂ ਕੀਤੀਆਂ।

## ਡਾ. ਰਾਜਿੰਦਰ ਸਾਰਵਾਨ ਮੀਤ ਪ੍ਰਧਾਨ ਤੇ ਡਾ. ਬਲਜੀਤ ਜਨਰਲ ਸਕੱਤਰ ਨਿਯੁਕਤ



**ਸੰਗਰੂਰ (ਪ੍ਰਵੀਨ ਸਿੰਘ)**-ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਵੱਲੋਂ ਮਿਸ਼ਨ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕਰਦਿਆਂ ਮਿਸ਼ਨ ਦੇ ਮੁੱਖ ਸਰਪ੍ਰਸਤ ਮੈਡਮ ਪੂਨਮ ਕਾਂਗੜਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਮਿਸ਼ਨ ਦੇ ਕੌਮੀ ਪ੍ਰਧਾਨ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਵੱਲੋਂ ਮਿਸ਼ਨ ਵਿੱਚ ਦੋ ਨਵੀਂਆਂ ਨਿਯੁਕਤੀਆਂ ਕੀਤੀਆਂ ਗਈਆਂ, ਜਿਸ ਵਿੱਚ ਉੱਘੇ ਸਮਾਜ ਸੇਵੀ ਡਾ. ਰਾਜਿੰਦਰ ਸਾਰਵਾਨ ਨੂੰ ਸੂਬਾ ਵਾਇਸ ਪ੍ਰਧਾਨ ਅਤੇ ਡਾ. ਬਲਜੀਤ ਸਿੰਘ ਨੂੰ ਸੂਬਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ। ਸ਼੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਮਿਸ਼ਨ ਦਾ ਮੁੱਖ ਏਜੰਡਾ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਡਕਰ ਜੀ ਦੀ ਵਿਚਾਰਧਾਰਾ ਨੂੰ ਘਰ ਘਰ ਲੈ ਕੇ ਜਾਣਾ ਹੈ, ਜਿਸ ਦੇ ਚੱਲਦਿਆਂ ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਵਿੱਚ ਇੱਕ ਚੰਗੀ ਸੋਚ ਵਾਲੇ ਸਾਥੀਆਂ ਨੂੰ ਸ਼ਾਮਲ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਡਾ ਰਾਜਿੰਦਰ ਸਾਰਵਾਨ ਅਤੇ ਡਾ ਬਲਜੀਤ ਸਿੰਘ ਬਹੁਤ ਹੀ ਮਿਹਨਤੀ ਤੇ ਅਗਾਂਹਵਧੂ ਸੋਚ ਰੱਖਣ ਵਾਲੇ ਵਿਅਕਤੀ ਹਨ, ਜਿਸ ਨੂੰ ਮੁੱਖ ਰੱਖਦਿਆਂ ਇਹਨਾਂ ਨੂੰ ਮਿਸ਼ਨ ਵਿੱਚ ਵਿਸ਼ੇਸ਼ ਜ਼ਿੰਮੇਵਾਰੀਆਂ ਦਿਤੀਆਂ ਗਈਆਂ ਹਨ। ਨਵ ਨਿਯੁਕਤ ਡਾ. ਰਾਜਿੰਦਰ ਸਾਰਵਾਨ ਤੇ ਡਾ. ਬਲਜੀਤ ਸਿੰਘ ਨੇ ਕਿਹਾ ਕਿ ਉਹ ਮਿਸ਼ਨ ਵੱਲੋਂ ਸੌਂਪੀ ਗਈ ਇਸ ਜ਼ਿੰਮੇਵਾਰੀ ਨੂੰ ਬਾਖੂਬੀ ਨਿਭਾਉਂਦੀਆਂ ਬਾਬਾ ਸਾਹਿਬ ਦੇ ਮਿਸ਼ਨ ਨੂੰ ਸਫਲ ਬਣਾਉਣ ਲਈ ਹੀ ਕੰਮ ਕਰਨਗੇ।

## ...ਸਫ਼ਾ 1 ਦੇ ਬਾਕੀ

### ਲੱਦਾਖੀਆਂ ਤੋਂ ਡਰੀ...

ਸਤੰਬਰ ਤੋਂ ਮਾਰਚ ਸ਼ੁਰੂ ਕੀਤਾ ਸੀ। ਉਨ੍ਹਾਂ ਦੀਆਂ ਚਾਰ ਪ੍ਰਮੁੱਖ ਮੰਗਾਂ ਹਨ—ਲੱਦਾਖ ਨੂੰ ਰਾਜ ਦਾ ਦਰਜਾ ਦਿੱਤਾ ਜਾਵੇ, ਲੱਦਾਖ ਨੂੰ ਸੰਵਿਧਾਨ ਦੀ ਛੇਵੀਂ ਪੱਟੀ ਵਿਚ ਸ਼ਾਮਲ ਕੀਤਾ ਜਾਵੇ, ਲੇਹ ਤੇ ਕਾਰਗਿਲ ਦੀਆਂ ਦੋ ਲੋਕ ਸਭਾ ਸੀਟਾਂ ਬਣਾਈਆਂ ਜਾਣ ਅਤੇ ਭਰਤੀ ਪ੍ਰਕਿਰਿਆ ਲਈ ਵਿਸ਼ੇਸ਼ ਪਬਲਿਕ ਸਰਵਿਸ ਕਮਿਸ਼ਨ ਬਣਾਇਆ ਜਾਵੇ।

ਕਾਂਗਰਸ ਨੇ ਲੱਦਾਖੀ ਅੰਦੋਲਨਕਾਰੀਆਂ ਨੂੰ ਹਿਰਾਸਤ ਵਿਚ ਲਏ ਜਾਣ ਦੀ ਸਖਤ ਨਿਖੇਧੀ ਕੀਤੀ ਹੈ। ਰਾਹੁਲ ਗਾਂਧੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਆਲੋਚਨਾ ਕਰਦਿਆਂ ਕਿਹਾ ਕਿ ਉਨ੍ਹਾ ਨੂੰ ਲੱਦਾਖੀ ਲੋਕਾਂ ਦੀ ਆਵਾਜ਼ ਸੁਣਨੀ ਚਾਹੀਦੀ ਹੈ। ਉਨ੍ਹਾ ਆਪਣੇ 'ਐਕਸ' ਹੈਂਡਲ 'ਤੇ ਪਾਈ ਪੋਸਟ ਵਿਚ ਕਿਹਾ—ਵਾਤਾਵਰਨੀ ਤੇ ਸੰਵਿਧਾਨਕ ਹੱਕਾਂ ਲਈ ਪੁਰਅਮਨ ਢੰਗ ਨਾਲ ਮਾਰਚ ਕਰ ਰਹੇ ਸੋਨਮ ਵਾਂਗਚੁਕ ਜੀ ਅਤੇ ਸੈਂਕੜੇ ਲੱਦਾਖੀਆਂ ਨੂੰ ਹਿਰਾਸਤ ਵਿਚ ਲਏ ਜਾਣ ਦੀ ਕਾਰਵਾਈ ਬਰਦਾਸ਼ਤਯੋਗ ਨਹੀਂ ਹੈ। ਲੱਦਾਖ ਦੇ ਭਵਿੱਖ ਲਈ ਸੰਘਰਸ਼ਸ਼ੀਲ ਬਜ਼ੁਰਗ ਨਾਗਰਿਕਾਂ ਨੂੰ ਦਿੱਲੀ ਦੇ ਬਾਰਡਰ 'ਤੇ ਹਿਰਾਸਤ ਵਿਚ ਕਿਉਂ ਲਿਆ ਜਾ ਰਿਹਾ ਹੈ। ਮੋਦੀ ਜੀ, ਕਿਸਾਨਾਂ ਵਾਂਗ ਇਹ ਚੱਕਰਵਿਊ ਵੀ ਟੁੱਟੇਗਾ ਅਤੇ ਨਾਲ ਹੀ ਤੁਹਾਡਾ ਹੰਕਾਰ। ਤੁਹਾਨੂੰ ਲੱਦਾਖ ਦੀ ਆਵਾਜ਼ ਸੁਣਨੀ ਪਵੇਗੀ।

ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ ਕਿ ਵਾਂਗਚੁਕ ਤੇ ਉਨ੍ਹਾ ਦੇ ਸਾਥੀਆਂ ਖਿਲਾਫ ਬਚਕਾਨਾ ਤੇ ਨਿਹਾਇਤ ਹੀ ਗੈਰਜਮਹੂਰੀ ਕਾਰਵਾਈ ਕੀਤੀ ਗਈ ਹੈ। ਉਨ੍ਹਾ ਕਿਹਾ ਕਿ ਲੱਦਾਖ ਵਿਚ ਕਬਾਇਲੀ ਭਾਈਚਾਰਿਆਂ ਦੇ ਹਿੱਤਾਂ ਦੀ ਰਾਖੀ ਲਈ ਵਿਆਪਕ ਅੰਦੋਲਨ ਚੱਲ ਰਿਹਾ ਹੈ ਤੇ ਮੋਦੀ ਸਰਕਾਰ ਆਪਣੇ ਭ੍ਰਿਸ਼ਟ ਕਾਰਪੋਰੇਟ ਸਾਥੀਆਂ ਦੇ ਫਾਇਦੇ ਲਈ ਲੱਦਾਖ ਦੇ ਨਾਜ਼ੁਕ ਹਿਮਾਲੀਅਨ ਗਲੇਸ਼ੀਅਰਾਂ ਨੂੰ ਤਬਾਹ ਕਰਨ 'ਤੇ ਤੁਲੀ ਹੋਈ ਹੈ। ਕਾਂਗਰਸ ਦੇ ਜਨਰਲ ਸਕੱਤਰ ਕੇ ਸੀ ਵੇਣੂਗੋਪਾਲ ਨੇ ਕਿਹਾ ਕਿ ਭਾਰਤ ਸਰਕਾਰ ਨੇ ਦੋ ਅਕਤੂਬਰ ਤੋਂ ਪਹਿਲਾਂ ਮਹਾਤਮਾ ਗਾਂਧੀ ਦੇ ਆਦਰਸ਼ਾਂ ਨੂੰ ਕਤਲ ਕੀਤਾ ਹੈ। ਵਾਂਗਚੁਕ ਦੀ ਹਿਰਾਸਤ ਦੱਸਦੀ ਹੈ ਕਿ ਸਰਕਾਰ ਆਪਣੇ ਹੱਕਾਂ ਦੀ ਗੱਲ ਕਰਨ ਵਾਲੇ ਹਰ ਬੰਦੇ ਤੋਂ ਡਰਦੀ ਹੈ। ਲੱਦਾਖ ਨੂੰ ਚੁੱਪ ਕਰਾ ਕੇ ਵੱਡੇ ਕਾਰਪੋਰੇਟਾਂ ਹਵਾਲੇ ਕਰਨ ਦੇ ਯਤਨ ਹੋ ਰਹੇ ਹਨ।

### ਮੰਡੀਆਂ 'ਚ ਲੇਬਰ ਚਾਰਜ...

ਲਿਫਟਿੰਗ ਜਲਦ ਤੋਂ ਜਲਦ ਕੀਤੀ ਜਾਵੇ। ਉਨ੍ਹਾ ਕਿਹਾ ਕਿ ਸਮੁੱਚੀ ਖਰੀਦ ਪ੍ਰਕਿਰਿਆ ਨਿਰਵਿਘਨ ਅਤੇ ਬਿਨਾਂ ਕਿਸੇ ਪ੍ਰੇਸ਼ਾਨੀ ਤੋਂ ਨੇਪਰੇ ਚੜ੍ਹਨੀ ਚਾਹੀਦੀ ਹੈ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਮੁੱਖ ਮੰਤਰੀ ਨੇ ਡਿਪਟੀ ਕਮਿਸ਼ਨਰਾਂ ਨੂੰ ਮੰਡੀਆਂ ਨੂੰ ਕਬਜ਼ਿਆਂ ਤੋਂ ਮੁਕਤ ਅਤੇ ਸਾਫ਼-ਸੁਥਰਾ ਰੱਖਣ ਨੂੰ ਯਕੀਨੀ ਬਣਾਉਣ ਲਈ ਕਿਹਾ ਤਾਂ ਜੋ ਸੀਜ਼ਨ ਦੇ ਸਿਖਰ ਦੌਰਾਨ ਮੰਡੀਆਂ ਵਿੱਚ ਫ਼ਸਲ ਦੇ ਅੰਬਾਰ ਨਾ ਲੱਗਣ। ਉਨ੍ਹਾ ਕਿਹਾ ਕਿ ਡਿਪਟੀ ਕਮਿਸ਼ਨਰ ਇਸ ਗੱਲ ਨੂੰ ਯਕੀਨੀ ਬਣਾਉਣ ਕਿ ਚੱਲ ਰਹੇ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਉਨ੍ਹਾ ਕਿਹਾ ਕਿ ਮੰਡੀਆਂ ਵਿੱਚ ਖਰੀਦ ਸ਼ੁਰੂ ਹੋ ਚੁੱਕੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਵਿੱਚ ਤੇਜ਼ੀ ਆਉਣ ਦੀ ਉਮੀਦ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਮਿੱਲ ਮਾਲਕਾਂ ਦੀਆਂ ਹੱਕੀ ਮੰਗਾਂ ਪ੍ਰਤੀ ਸੁਹਿਰਦ ਹੈ। ਉਨ੍ਹਾ ਕਿਹਾ ਕਿ ਉਹ ਪਹਿਲਾਂ ਹੀ ਇਨ੍ਹਾਂ ਮੰਗਾਂ ਦੇ ਜਲਦੀ ਹੱਲ ਲਈ ਕੇਂਦਰ ਸਰਕਾਰ ਕੋਲ ਮਾਮਲਾ ਉਠਾ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਸਮਾਜ ਦੇ ਹਰ ਵਰਗ ਦੇ ਹਿੱਤਾਂ ਦੀ ਰਾਖੀ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਵੱਲੋਂ 185 ਲੱਖ ਮੀਟਰਕ ਟਨ ਝੋਨਾ ਮੰਡੀਆਂ ਵਿੱਚ ਲਿਆਂਦੇ ਜਾਣ ਦੀ ਉਮੀਦ ਹੈ।ਉਨ੍ਹਾ ਕਿਹਾ ਕਿ ਇਸ ਵਾਰ ਸੂਬੇ ਵਿੱਚ 32 ਲੱਖ ਹੈਕਟੇਅਰ ਰਕਬਾ ਝੋਨੇ ਦੀ ਕਾਸ਼ਤ ਹੇਠ ਹੈ। ਉਨ੍ਹਾ ਦੱਸਿਆ ਕਿ ਪੰਜਾਬ ਵਿੱਚ 185 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਦਾ ਟੀਚਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਰਤੀ ਰਿਜ਼ਰਵ ਬੈਂਕ ਵੱਲੋਂ ਸਾਉਣੀ ਮੰਡੀਕਰਨ ਸੀਜ਼ਨ 2024-25 ਲਈ 41,378 ਕਰੋੜ ਰੁਪਏ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ।ਮੁੱਖ ਮੰਤਰੀ ਨੇ ਕਿਹਾ ਕਿ ਭਾਰਤ ਸਰਕਾਰ ਨੇ ਇਸ ਸੀਜ਼ਨ ਲਈ 'ਏ' ਗਰੇਡ ਦੇ ਝੋਨੇ ਲਈ 2320 ਰੁਪਏ ਪ੍ਰਤੀ ਕੁਇੰਟਲ ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) ਤੈਅ ਕੀਤਾ ਹੈ।ਉਨ੍ਹਾ ਕਿਹਾ ਕਿ ਸੂਬੇ ਦੀਆਂ ਖਰੀਦ ਏਜੰਸੀਆਂ ਪਨਗ੍ਰੇਨ, ਮਾਰਕਫੈੱਡ, ਪਨਸਪ, ਪੀ.ਐੱਸ.ਡਬਲਯੂ.ਸੀ ਅਤੇ ਐੱਫ.ਸੀ.ਆਈ. ਵੱਲੋਂ ਭਾਰਤ ਸਰਕਾਰ ਦੁਆਰਾ ਨਿਰਧਾਰਤ ਮਾਪਦੰਡਾਂ ਅਨੁਸਾਰ ਘੱਟੋ-ਘੱਟ ਸਮਰਥਨ ਮੁੱਲ 'ਤੇ ਝੋਨੇ ਦੀ ਖਰੀਦ ਕਰਨਗੀਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਝੋਨੇ ਦੀ ਨਿਰਵਿਘਨ ਅਤੇ ਸੁਚਾਰੂ ਖਰੀਦ ਲਈ ਸਾਰੀਆਂ ਤਿਆਰੀਆਂ ਕਰ ਲਈਆਂ ਗਈਆਂ ਹਨ।

ਉਨ੍ਹਾ ਕਿਹਾ ਕਿ ਸੂਬਾ ਸਰਕਾਰ ਝੋਨੇ ਦੀ ਨਿਰਵਿਘਨ ਖਰੀਦ ਅਤੇ ਲਿਫਟਿੰਗ ਲਈ ਵਚਨਬੱਧ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਕਿਸਾਨਾਂ ਦੀ ਫ਼ਸਲ ਮੰਡੀਆਂ ਵਿੱਚ ਪਹੁੰਚਦੇ ਸਾਰ ਹੀ ਖ਼ਰੀਦਣ ਲਈ ਪਹਿਲਾਂ ਹੀ ਪੁਖਤਾ ਪ੍ਰਬੰਧ ਕਰ ਲਏ ਹਨ। ਉਨ੍ਹਾ ਕਿਹਾ ਕਿ ਕਿਸਾਨਾਂ ਨੂੰ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਮੌਕੇ 'ਤੇ ਹੀ ਅਦਾਇਗੀ ਯਕੀਨੀ ਬਣਾਉਣ ਲਈ ਢੁਕਵੀਂ ਵਿਧੀ ਵਿਕਸਿਤ ਕੀਤੀ ਗਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੰਡੀਆਂ ਵਿੱਚ ਅਨਾਜ ਦੀ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਦੀ ਵਿਵਸਥਾ ਕੀਤੀ ਗਈ ਹੈ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

### ਘੁੰਗਰਾਲੀ ਬਾਇਓਗੈਸ...

ਸੂਬਾ ਸਰਕਾਰ ਪੰਜਾਬ ਵਿੱਚ ਪ੍ਰਦੂਸ਼ਣ ਨੂੰ ਰੋਕਣ ਲਈ ਵਚਨਬੱਧ ਹੈ ਅਤੇ ਪ੍ਰਦੂਸ਼ਣ ਨਾਲ ਬਿਲਕੁੱਲ ਲਿਹਾਜ਼ ਨਾ ਵਰਤਣ ਦੀ ਨੀਤੀ ਅਪਣਾਈ ਗਈ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਸਪੱਸ਼ਟ ਤੌਰ 'ਤੇ ਜਾਣੂ ਕਰਵਾਇਆ ਕਿ ਪਲਾਂਟ ਪੂਰੀ ਤਰ੍ਹਾਂ ਪ੍ਰਦੂਸ਼ਣ ਮੁਕਤ ਹੋਵੇਗਾ ਅਤੇ ਕਿਸੇ ਨੂੰ ਵੀ ਨਿਯਮਾਂ ਦੀ ਉਲੰਘਣਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਮਾਨ ਨੇ ਕਿਹਾ ਕਿ ਪੰਜਾਬ ਵਿੱਚ ਕਿਸੇ ਨੂੰ ਵੀ ਪ੍ਰਦੂਸ਼ਣ ਨਹੀਂ ਫੈਲਾਉਣ ਦਿੱਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਕਿਸੇ ਨੂੰ ਵੀ ਨਿਯਮਾਂ ਦੀ ਉਲੰਘਣਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਇਸ ਦਾ ਉਲੰਘਣ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਪਿੰਡ ਵਾਸੀਆਂ ਨੂੰ ਦੱਸਿਆ ਕਿ ਪਲਾਂਟ ਮਾਲਕਾਂ ਨੇ ਸੂਬਾ ਸਰਕਾਰ ਨਾਲ ਲਿਖਤੀ ਸਮਝੌਤਾ ਕੀਤਾ ਹੈ ਕਿ ਉਨ੍ਹਾਂ ਦਾ ਪਲਾਂਟ ਵਾਤਾਵਰਣ ਸਬੰਧੀ ਸਾਰੇ ਨਿਯਮਾਂ ਦੀ ਪਾਲਣਾ ਕਰੇਗਾ।

ਮਾਨ ਨੇ ਕਿਹਾ ਕਿ ਵਾਤਾਵਰਣ ਨਿਯਮਾਂ ਦੀ ਕਿਸੇ ਵੀ ਤਰ੍ਹਾਂ ਦੀ ਉਲੰਘਣਾ ਪੂਰੀ ਤਰ੍ਹਾਂ ਨਾਲ ਗੈਰ-ਵਾਜਬ ਹੈ ਅਤੇ ਇਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਮੁੱਖ ਮੰਤਰੀ ਨੇ ਪਲਾਂਟ ਨੂੰ ਮੁੜ ਚਾਲੂ ਕਰਨ ਲਈ ਸੂਬਾ ਸਰਕਾਰ ਨੂੰ ਸਹਿਯੋਗ ਕਰਨ ਲਈ ਪਿੰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਆਪਣੀ ਸਕਾਰਾਤਮਕ ਪਹੁੰਚ ਸਦਕਾ ਪਿੰਡ ਵਾਸੀਆਂ ਨੇ ਸਰਕਾਰ ਦੇ ਕੰਮਕਾਜ ਵਿੱਚ ਪੂਰਨ ਤੌਰ 'ਤੇ ਜਨਤਕ ਸਹਿਯੋਗ ਕਰਨ ਦੀ ਨਵੀਂ ਮਿਸਾਲ ਕਾਇਮ ਕੀਤੀ ਹੈ। ਭਗਵੰਤ ਮਾਨ ਨੇ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਹ ਛੇਤੀ ਹੀ ਪਿੰਡ ਵਿੱਚ ਹੋਣ ਵਾਲੇ ਖੇਡ ਮੇਲੇ ਵਿੱਚ ਸ਼ਿਰਕਤ ਕਰਨਗੇ।

### ਜ਼ੀਰਾ 'ਚ ਕਾਂਗਰਸ...

ਦਾਖਲ ਕਰਾਉਣ ਤੋਂ ਰੋਕਣ ਲਈ ਹਿੰਸਾ ਕੀਤੀ। ਆਪ ਨੇ ਦੋਸ਼ ਲਾਇਆ ਹੈ ਕਿ ਕਾਂਗਰਸੀਆਂ ਨੇ ਹਿੰਸਾ ਕੀਤੀ।

ਸਾਬਕਾ ਕਾਂਗਰਸੀ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਦੀ ਗੱਲ੍ਹ ਅਤੇ ਗੁਰਵਿੰਦਰ ਸਿੰਘ ਪਿੰਡ ਸੂਦਾਂ ਦੀ ਲੱਤ ਅਤੇ ਗੁੱਟ ਉੱਤੇ ਗੋਲੀਆਂ ਲੱਗੀਆਂ, ਜਿਸ ਨਾਲ ਉਹ ਗੰਭੀਰ ਜ਼ਖਮੀ ਹੋ ਗਏ। ਇਸ ਤੋਂ ਇਲਾਵਾ ਚਰਨਜੀਤ ਸਿੰਘ, ਵਾਸੀ ਪਿੰਡ ਕਾਮਲਵਾਲਾ, ਮਨੀ ਵਾਸੀ ਜ਼ੀਰਾ, ਹਰਪ੍ਰੀਤ ਸਿੰਘ ਕਾਲਾ ਵਾਸੀ ਪਿੰਡ ਮਨਸੂਰਦੇਵਾ, ਦਲਜੀਤ ਸਿੰਘ ਵਾਸੀ ਪਿੰਡ ਕੱਚਰਭੰਨ, ਕਿੱਕਰ ਸਿੰਘ ਵਾਸੀ ਪਿੰਡ ਪੰਡੋਰੀ ਜੱਟਾਂ, ਬੋਹੜ ਸਿੰਘ, ਗੁਰਜੰਟ ਸਿੰਘ ਵਾਸੀ ਵਸਤੀ ਗਾਮੇ ਵਾਲੀ ਆਦਿ ਗੰਭੀਰ ਜ਼ਖਮੀ ਹੋਏ ਹਨ।

ਸਥਿਤੀ ਵਿਗੜਨੋਂ ਰੋਕਣ ਲਈ ਡੀ ਐੱਸ ਪੀ ਜ਼ੀਰਾ ਗੁਰਦੀਪ ਸਿੰਘ, ਡੀ ਐੱਸ ਪੀ ਨਵੀਨ ਕੁਮਾਰ, ਡੀ ਐੱਸ ਪੀ ਫਤਿਹ ਸਿੰਘ ਬਰਾੜ, ਡੀ ਐੱਸ ਪੀ ਮਹਿਲ ਸਿੰਘ, ਐੱਸ ਐੱਚ ਓ ਕੰਵਲਜੀਤ ਰਾਏ ਸ਼ਰਮਾ, ਐੱਸ ਐੱਚ ਓ ਅਭਿਨਵ ਚੌਹਾਨ ਤੇ ਏ ਐੱਸ ਆਈ ਸੁਰਜੀਤ ਸਿੰਘ ਮੌਜੂਦ ਸਨ। ਪੁਲਸ ਨੇ ਸਥਿਤੀ 'ਤੇ ਕਾਬੂ ਪਾਉਣ ਲਈ ਹਵਾਈ ਫਾਇਰ ਕੀਤੇ ਅਤੇ ਪਾਣੀ ਦੀਆਂ ਬੁਛਾੜਾਂ ਮਾਰੀਆਂ।

## ਗੈਸਟ ਫੈਕਲਟੀ ਸੰਯੁਕਤ ਫਰੰਟ ਦੇ ਸੱਦੇ 'ਤੇ ਸਰਕਾਰੀ ਕਾਲਜ 'ਚ ਧਰਨਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**

ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਸੁਨਾਮ ਵਿਖੇ ਗੈਸਟ ਫੈਕਲਟੀ ਸੰਯੁਕਤ ਫਰੰਟ ਪੰਜਾਬ ਦੇ ਸੱਦੇ 'ਤੇ ਪੰਜਾਬ ਸਰਕਾਰ ਦੀਆਂ ਮਾਰੂ ਨੀਤੀਆਂ ਦੇ ਵਿਰੁੱਧ ਸਮੂਹਕ ਛੁੱਟੀ ਲੈ ਕੇ ਧਰਨਾ ਲਗਾਇਆ ਗਿਆ।ਇਸ ਧਰਨੇ ਨੂੰ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਅਤੇ ਦਰਜਾ ਚਾਰ ਇੰਪਲਾਈਜ਼ ਯੂਨੀਅਨ ਕਾਲਜਾਂ ਦੀ ਭਰਵੀਂ ਹਮਾਇਤ ਮਿਲੀ।ਇਸ ਦੌਰਾਨ ਵਿਸ਼ੇਸ਼ ਰੂਪ ਵਿੱਚ ਪਹੁੰਚੇ ਜੋਗਿੰਦਰ ਸਿੰਘ ਉਗਰਾਹਾਂ ਨੇ ਕਿਹਾ ਕਿ ਪੰਜਾਬ ਦੇ ਸਰਕਾਰੀ ਕਾਲਜਾਂ ਵਿੱਚ ਲੰਬੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਗੈਸਟ ਫੈਕਲਟੀ ਸਹਾਇਕ ਪ੍ਰੋਫੈਸਰ ਸਾਹਿਬਾਨਾਂ ਨਾਲ ਇਹ ਜੋ ਧੱਕੇ ਸ਼ਾਹੀ ਕੀਤੀ ਜਾ ਰਹੀ ਹੈ, ਇਹ ਸਿੱਧੇ ਸਿੱਧੇ ਤਾਨਾਸ਼ਾਹੀ ਰਵੱਈਆ ਹੈ, ਅਸੀਂ ਇਸ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕਰਦੇ ਹਾਂ।ਉਨ੍ਹਾ ਕਿਹਾ ਕਿ ਗੈਸਟ ਫੈਕਲਟੀ ਸੰਯੁਕਤ ਫਰੰਟ ਪੰਜਾਬ ਨੂੰ ਅਸੀਂ ਵਾਅਦਾ ਕਰਦੇ ਹਾਂ ਕਿ ਜਿਹੋ ਜਿਹਾ ਵੀ ਤਿੱਖਾ ਸੰਘਰਸ਼ ਕਰਨਗੇ, ਸਾਡੀ ਯੂਨੀਅਨ ਹਰ ਸਮੇਂ ਸਾਥ ਦੇਣ ਲਈ ਤਿਆਰ ਹੈ ਅਤੇ ਅਸੀਂ ਸਮੂਹ ਗੈਸਟ ਫੈਕਲਟੀ ਨੂੰ ਭਰੋਸਾ ਦਿੰਦੇ ਹਾਂ ਕਿ ਇੱਕ ਵੀ ਪ੍ਰੋਫੈਸਰ ਸਾਹਿਬਾਨ ਦੀ ਨੌਕਰੀ ਨਹੀਂ ਜਾਣ ਦੇਵਾਂਗੇ।ਇਸ ਦੌਰਾਨ ਡਾ. ਕੁਲਦੀਪ ਸਿੰਘ ਬਾਹੀਆ, ਪ੍ਰੋ. ਰਮਨਦੀਪ ਸਿੰਘ, ਪ੍ਰੋ. ਸੰਦੀਪ ਸਿੰਘ ਨੇ ਪੰਜਾਬ ਸਰਕਾਰ ਦੇ ਇਸ ਮਤਰੇਈ ਮਾਂ ਵਾਲੇ ਵਿਹਾਰ ਦੀ ਨਿਖੇਧੀ ਕੀਤੀ ਤੇ ਕਿਹਾ ਕਿ ਇਸ ਸਰਕਾਰ ਦੇ ਐੱਮ.ਐੱਲ.ਏ. ਤੇ ਮੰਤਰੀ ਸਾਹਿਬਾਨ ਕੁਝ ਸਾਲ ਪਹਿਲਾਂ ਤੱਕ ਗੈਸਟ ਫੈਕਲਟੀ ਸਹਾਇਕ ਪ੍ਰੋਫੈਸਰਾਂ ਦੀ ਪੱਕੀ ਨੌਕਰੀ ਲਈ ਸਮੇਂ ਸਮੇਂ 'ਤੇ ਹਮਾਇਤ ਕਰਦੇ ਆਏ ਹਨ ਅਤੇ ਅੱਜ ਜਦੋਂ ਇਹ ਖੁਦ ਸਰਕਾਰ ਵਿੱਚ ਆਏ ਹਨ ਤਾਂ ਇਨ੍ਹਾਂ ਸਾਡੇ ਤੇ ਸਾਡੇ ਪਰਿਵਾਰ ਦੀ ਗਰਦਨ 'ਤੇ ਖਤਰੇ ਦੀ ਤਲਵਾਰ ਲਟਕਾ ਦਿੱਤੀ ਹੈ। ਇਸ ਦੌਰਾਨ ਸ੍ਰ. ਜਨਕ ਭੁਟਾਲ ਸੀਨੀਅਰ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ, ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਗੰਢੂਆ, ਡਾ. ਬਲਕਰਨ ਸਿੰਘ ਸਰਕਾਰੀ ਮਹਿੰਦਰਾ ਕਾਲਜ ਪਟਿਆਲਾ, ਪ੍ਰੋ. ਅਮਨਦੀਪ ਕੌਰ, ਰਿਪੁਦਮਨ ਕਾਲਜ ਨਾਭਾ, ਪ੍ਰੋ. ਦਵਿੰਦਰ ਕੁਮਾਰ, ਪ੍ਰੋ. ਤਪਿੰਦਰ ਕੌਰ ਸਰਕਾਰੀ ਰਣਬੀਰ ਕਾਲਜ ਸੰਗਰੂਰ ਤੇ ਸਮੂਹ ਗੈਸਟ ਫੈਕਲਟੀ ਸਹਾਇਕ ਪ੍ਰੋਫੈਸਰ ਸੁਨਾਮ ਕਾਲਜ ਹਾਜ਼ਰ ਰਹੇ।

## ਕੋਠੇ ਭਾਈਆਣਾ ਪੰਚਾਇਤ ਦੀ ਸਰਬਸੰਮਤੀ ਨਾਲ ਚੋਣ



**ਬਠਿੰਡਾ (ਰਾਜੀਵ ਗੋਇਲ)**-ਸੂਬੇ ਅੰਦਰ ਪੰਚਾਇਤੀ ਚੋਣਾਂ ਦੇ ਐਲਾਨ ਤੋਂ ਬਾਅਦ ਪਿੰਡਾਂ ਅੰਦਰ ਪੂਰਾ ਗਰਮਜੋਸ਼ੀ ਵਾਲਾ ਮਾਹੌਲ ਦੇਖਣ ਨੂੰ ਮਿਲ ਰਿਹਾ ਹੈ ਤੇ ਉਮੀਦਵਾਰਾਂ ਵੱਲੋਂ ਨਾਮਜ਼ਦਗੀਆਂ ਭਰੀਆਂ ਜਾ ਰਹੀਆਂ ਹਨ। ਉਧਰ ਦੂਜੇ ਪਾਸੇ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਅਪੀਲ ਕੀਤੀ ਗਈ ਹੈ ਕਿ ਜਿਹੜੀ ਪੰਚਾਇਤ ਸਰਬਸੰਮਤੀ ਨਾਲ ਚੁਣੀ ਜਾਵੇਗੀ, ਉਸ ਨੂੰ 5 ਲੱਖ ਰੁਪਏ ਦਿੱਤੇ ਜਾਣਗੇ ਤੇ ਅੱਜ ਇਸੇ ਹੀ ਲੜੀ ਤਹਿਤ ਕਸਬਾ ਭਗਤਾ ਭਾਈ ਕਾ ਦੇ ਨੇੜਲੇ ਪਿੰਡ ਕੋਠੇ ਭਾਈਆਣਾ ਵਿਖੇ ਨਗਰ ਵੱਲੋਂ ਆਪਣਾ ਸਰਪੰਚ ਚੁਣ ਲਿਆ ਗਿਆ ਹੈ। ਇਸ ਮੌਕੇ ਨਗਰ ਵੱਲੋਂ ਦਰਸ਼ਨ ਸਿੰਘ ਉਰਫ ਕਾਕਾ ਖਾਨਦਾਨ ਦੀ ਧਰਮ ਪਤਨੀ ਗੁਰਪ੍ਰੀਤ ਕੌਰ ਨੂੰ ਸਰਪੰਚ ਅਤੇ ਕੁਲਵਿੰਦਰ ਕੌਰ ਪਤਨੀ ਗੁਰਪ੍ਰੀਤ ਸਿੰਘ, ਧੰਨਾ ਸਿੰਘ, ਗੁਰਮੀਤ ਕੌਰ, ਜਸਮੰਦਰ ਸਿੰਘ ਉਰਫ ਬੂਟਾ ਤੇ ਸੁਖਜੀਵਨ ਸਿੰਘ ਨੂੰ ਮੈਂਬਰ ਚੁਣਿਆ ਗਿਆ ਹੈ। ਸਰਬਸੰਮਤੀ ਨਾਲ ਚੁਣੀ ਗਈ ਪੰਚਾਇਤ ਵੱਲੋਂ ਅਗਲੇਰੀ ਕਾਗਜ਼ੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਸੀ। ਇਸ ਨਗਰ ਦੀ ਚੋਣ ਵਿੱਚ ਸਰਬਸੰਮਤੀ ਕਰਵਾਉਣ ਵਿੱਚ ਮਰਹੂਮ ਸਾਬਕਾ ਸਰਪੰਚ ਦਿਆ ਸਿੰਘ ਦੇ ਸਪੁੱਤਰ ਤੇ ਹਲਕਾ ਰਾਮਪੁਰਾ ਫੂਲ ਦੇ ਕੋਆਰਡੀਨੇਟਰ ਬਹਾਦਰ ਸਿੰਘ ਬਰਾੜ ਅਤੇ ਉੱਘੇ ਸੀਨੀਅਰ ਅਕਾਲੀ ਆਗੂ ਮਨਜੀਤ ਸਿੰਘ ਧੁੰਨਾ ਤੇ ਸੁਖਜਿੰਦਰ ਸਿੰਘ ਕੌਂਸਲਰ ਦਾ ਅਹਿਮ ਯੋਗਦਾਨ ਰਿਹਾ। ਇਸ ਮੌਕੇ ਨਵੇਂ ਚੁਣੇ ਗਏ ਸਰਪੰਚ ਉਮੀਦਵਾਰ ਗੁਰਪ੍ਰੀਤ ਕੌਰ ਤੇ ਉਨ੍ਹਾਂ ਦੇ ਪਤੀ ਦਰਸ਼ਨ ਸਿੰਘ ਨੇ ਹਲਕਾ ਵਿਧਾਇਕ ਬਲਕਾਰ ਸਿੱਧੂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਨਗਰ ਵੱਲੋਂ ਦਿੱਤੀ ਗਈ ਜ਼ੁੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਕੋਠੇ ਭਾਈਆਣੇ ਦੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ।

## ਡੇਰਾ ਮੁਖੀ ਨੂੰ ਚੋਣ ਲਾਹੇ ਲਈ ਛੱਡਿਆ : ਵਾਡਰਾ

**ਨਵੀਂ ਦਿੱਲੀ :** ਪ੍ਰਿਅੰਕਾ ਗਾਂਧੀ ਦੇ ਪਤੀ ਰਾਬਰਟ ਵਾਡਰਾ ਨੇ ਮੰਗਲਵਾਰ ਦੋਸ਼ ਲਾਇਆ ਕਿ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਅਤੇ 'ਆਪ' ਕਨਵੀਨਰ ਅਰਵਿੰਦ ਕੇਜਰੀਵਾਲ ਦੀ ਜੇਲ੍ਹ ਤੋਂ ਰਿਹਾਈ ਪਿੱਛੇ ਭਾਜਪਾ ਦਾ ਹੱਥ ਹੈ, ਤਾਂ ਕਿ ਇਹ ਦੋਵੇਂ ਹਰਿਆਣਾ ਚੋਣਾਂ ਵਿਚ ਪ੍ਰਚਾਰ ਕਰ ਕੇ ਕਾਂਗਰਸ ਨੂੰ ਨੁਕਸਾਨ ਪਹੁੰਚਾ ਸਕਣ। ਉਨ੍ਹਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਭਾਜਪਾ ਦੇ ਚੋਟੀ ਦੇ ਆਗੂਆਂ ਵੱਲੋਂ ਉਨ੍ਹਾ (ਵਾਡਰਾ) ਦਾ ਨਾਂ ਅਪਮਾਨਜਨਕ ਢੰਗ ਨਾਲ ਲਏ ਜਾਣ ਲਈ ਉਨ੍ਹਾਂ ਦੀ ਸਖ਼ਤ ਨਿਖੇਧੀ ਕੀਤੀ। ਉਨ੍ਹਾ—ਜਦੋਂ ਬਾਬਾ ਰਾਮ ਰਹੀਮ, ਜਿਸ ਉਤੇ ਕਤਲ ਤੇ ਬਲਾਤਕਾਰ ਦੇ ਦੋਸ਼ ਹਨ, ਨੂੰ ਚੋਣਾਂ ਤੋਂ 20 ਦਿਨ ਪਹਿਲਾਂ (ਜੇਲ੍ਹ ਤੋਂ) ਰਿਹਾਅ ਕੀਤਾ ਜਾਂਦਾ ਹੈ ਤਾਂ ਤੁਸੀਂ (ਭਾਜਪਾ) ਉਸ ਨੂੰ ਪ੍ਰਚਾਰ ਲਈ ਰਿਹਾਅ ਕਰਦੇ ਹੋ। ਮੈਂ ਕਹਾਂਗਾ ਕਿ ਕੇਜਰੀਵਾਲ ਜੀ ਨੂੰ ਐਨ ਚੋਣਾਂ ਸਮੇਂ ਜੇਲ੍ਹ ਤੋਂ ਕੱਢਿਆ ਜਾਣਾ, ਤਾਂ ਕਿ ਉਹ ਹਰਿਆਣਾ ਵਿਚ ਪ੍ਰਚਾਰ ਕਰ ਸਕਣ, ਵੀ ਮੇਰੇ ਖਿਆਲ ਵਿਚ ਇਹ ਭਾਜਪਾ ਦੀ ਚਾਲ ਹੈ। ਭਾਜਪਾ ਨੂੰ ਜਾਪਦਾ ਹੈ ਕਿ ਇਹ ਵਿਅਕਤੀ ਹਰਿਆਣਾ ਚੋਣਾਂ ਜਿੱਤਣ ਦੀਆਂ ਕਾਂਗਰਸ ਦੀਆਂ ਸੰਭਾਵਨਾਵਾਂ ਨੂੰ ਨੁਕਸਾਨ ਪਹੁੰਚਾ ਸਕਦੇ ਹਨ।

## ਅਮਰੀਕਾ-ਇਜ਼ਰਾਇਲ ਤੇ ਜੰਗਬਾਜ਼ ਜੁੰਡਲੀ ਖਿਲਾਫ਼ ਤੇ ਫ਼ਲਸਤੀਨੀਆਂ ਦੇ ਹੱਕ 'ਚ ਰੈਲੀ




**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਜਨਤਕ ਜਥੇਬੰਦੀਆਂ ਦਾ ਸਾਂਝਾ ਮੰਚ (ਜੇਪੀਐਮਓ) ਪੰਜਾਬ ਦੇ ਸੱਦੇ 'ਤੇ ਭਾਰੀ ਗਿਣਤੀ ਔਰਤਾਂ ਸਮੇਤ ਸਥਾਨਕ ਅੰਬੇਦਕਰ ਪਾਰਕ ਵਿਖੇ ਪੁੱਜੇ ਸੈਂਕੜੇ ਮਜ਼ਦੂਰਾਂ-ਕਿਸਾਨਾਂ ਨੇ ਅਮਰੀਕਾ-ਇਜ਼ਰਾਇਲ ਤੇ ਜੰਗਬਾਜ਼ ਜੁੰਡਲੀ ਵਿਰੁੱਧ ਪ੍ਰਭਾਵਸ਼ਾਲੀ ਰੋਸ ਰੈਲੀ ਕਰਕੇ ਫ਼ਲਸਤੀਨੀਆਂ ਦੇ ਹੱਕ ਵਿੱਚ ਜ਼ਬਰਦਸਤ ਇਕਜੁਟਤਾ ਮਾਰਚ ਕੀਤਾ।ਰੈਲੀ-ਮਾਰਚ ਦੀ ਅਗਵਾਈ ਮੰਚ ਦੇ ਸੂਬਾਈ ਆਗੂ ਸਾਥੀ ਮਹੀਪਾਲ, ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਦੇ ਸੂਬਾਈ ਸਕੱਤਰ ਲਾਲ ਚੰਦ ਸਰਦੂਲਗੜ੍ਹ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਅਹੁਦੇਦਾਰ ਪ੍ਰਕਾਸ਼ ਸਿੰਘ ਨੰਦਗੜ੍ਹ, ਆਤਮਾ ਰਾਮ, ਸੰਪੂਰਨ ਸਿੰਘ, ਮਲਕੀਤ ਸਿੰਘ ਮਹਿਮਾ ਸਰਜਾ, ਗੁਰਮੀਤ ਸਿੰਘ ਜੈ ਸਿੰਘ ਵਾਲਾ, ਬਲਦੇਵ ਸਿੰਘ ਪੂਹਲੀ, ਮੱਖਣ ਸਿੰਘ ਪੂਹਲੀ, ਗੁਲਦਿਆਲ ਸਿੰਘ ਕੋਟ ਸ਼ਮੀਰ ਨੇ ਕੀਤੀ। ਮੁਜ਼ਾਹਰਾਕਾਰੀ ਜਿੱਥੇ ਆਕਾਸ਼ ਗੁੰਜਾਊ ਨਾਅਰਿਆਂ ਰਾਹੀਂ ਜੰਗਬਾਜ਼ ਸਾਮਰਾਜੀਆਂ ਦੇ ਥਾਪੜੇ ਨਾਲ ਬੇਦੋਸ਼ੇ ਫ਼ਲਸਤੀਨੀਆਂ ਦੇ ਨਸਲੀ ਸਫਾਏ ਤੇ ਆਪਣੀ ਮਾਤ ਭੂਮੀ ਤੋਂ ਉਨ੍ਹਾਂ ਦੇ ਮੁਕੰਮਲ ਉਜਾੜੇ ਲਈ ਔਰਤਾਂ, ਬੱਚਿਆਂ, ਸਿਹਤ ਕਾਮਿਆਂ ਤੇ ਪੱਤਰਕਾਰਾਂ ਦਾ ਘਾਣ ਕਰਨ ਬਦਲੇ ਨੇਤਨਯਾਹੂ ਤੇ ਉਸ ਦੇ ਸਹਿਯੋਗੀਆਂ ਨੂੰ ਫਾਹੇ ਲਾਉਣ ਦੀ ਮੰਗ ਕਰ ਰਹੇ ਸਨ, ਉੱਥੇ ਨਾਲ ਹੀ ਜੰਗਬੰਦੀ ਦੇ ਯਤਨਾਂ ਨੂੰ ਪਲੀਤਾ ਲਾਉਣ ਵਾਲੇ ਅਮਰੀਕਾ ਤੇ ਪੱਛਮ ਦੇ ਅਮੀਰ ਦੇਸ਼ਾਂ ਦੇ ਹੁਕਮਰਾਨਾਂ ਵੀ ਜੰਗੀ ਅਪਰਾਧੀ ਐਲਾਨ ਕੇ ਉਨ੍ਹਾਂ ਨੂੰ ਜੇਲ੍ਹੀਂ ਡੱਕਣ ਦੀ ਮੰਗ ਕਰ ਰਹੇ ਸਨ।ਮੁਜ਼ਾਹਰਾਕਾਰੀ, ਖਾਸ ਕਰਕੇ ਔਰਤਾਂ ਨੇ ਸਕੂਲਾਂ-ਹਸਪਤਾਲਾਂ-ਰਾਹਤ ਕੈਂਪਾਂ 'ਤੇ ਬੰਬਾਰੀ ਕਰ ਰਹੇ ਅਮਰੀਕਾ-ਇਜ਼ਰਾਇਲ ਦੇ ਹਾਕਮਾਂ ਖਿਲਾਫ਼ ਤਿੱਖਾ ਰੋਸ ਪ੍ਰਗਟਾਇਆ।

ਇਸੇ ਦੌਰਾਨ ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਤੇ ਦਿਹਾਤੀ ਮਜ਼ਦੂਰ ਸਭਾ ਪੰਜਾਬ ਦੇ ਸਾਂਝੇ ਵਫਦ ਨੇ ਉਸਾਰੀ ਕਾਮਿਆਂ ਤੇ ਮਨਰੇਗਾ ਕਿਰਤੀਆਂ ਦੇ ਮਸਲੇ ਹੱਲ ਕਰਾਉਣ ਲਈ ਅਧਿਕਾਰੀਆਂ ਨੂੰ ਮੰਗ ਪੱਤਰ ਵੀ ਸੌਂਪੇ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

2-Oct-PAGE--3.qxd 10/1/2024 10:43 PM Page 1



Punjab Land of Unlimited Opportunities

# "ਖ਼ੁਦ ਉਹ ਬਦਲਾਅ ਬਣੋ ਜੋ ਤੁਸੀਂ ਦੁਨੀਆਂ ਵਿੱਚ ਦੇਖਣਾ ਚਾਹੁੰਦੇ ਹੋ"

–ਮਹਾਤਮਾ ਗਾਂਧੀ



## ਰਾਸ਼ਟਰ ਪਿਤਾ ਮਹਾਤਮਾ ਗਾਂਧੀ ਜੀ ਦੀ 155ਵੀਂ ਜਨਮ ਵਰ੍ਹੇਗੰਢ ਮੌਕੇ ਉਹਨਾਂ ਨੂੰ ਕੋਟਿ-ਕੋਟਿ ਪ੍ਰਣਾਮ

"ਗਾਂਧੀ ਜੀ ਦਾ ਸੁਪਨਾ ਸੀ, ਇੱਕ ਅਜਿਹੇ ਦੇਸ਼ ਦਾ ਜਿੱਥੇ ਹਰ ਬੱਚੇ ਨੂੰ ਚੰਗੀ ਸਿੱਖਿਆ ਮਿਲੇ, ਹਰ ਬੀਮਾਰ ਨੂੰ ਬਿਹਤਰ ਇਲਾਜ ਮਿਲੇ, ਸਾਰੇ ਧਰਮਾਂ ਅਤੇ ਜਾਤਾਂ ਦੇ ਲੋਕ ਭਾਈਚਾਰਕ ਸਾਂਝ ਨਾਲ ਰਹਿਣ। ਅਸੀਂ ਗਾਂਧੀ ਜੀ ਦੇ ਇਹਨਾਂ ਸੁਪਨਿਆਂ ਨੂੰ ਸਾਕਾਰ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ।"



**ਭਗਵੰਤ ਸਿੰਘ ਮਾਨ**
ਮੁੱਖ ਮੰਤਰੀ, ਪੰਜਾਬ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

2-Oct-PAGE-4.qxd 10/1/2024 11:03 PM Page 1



# ਹੋਰ ਬਰਦਾਸ਼ਤ ਨਹੀਂ

*ਕਾਰਪੋਰੇਟ ਕੰਪਨੀਆਂ ਮੁਨਾਫੇ ਦੀ ਹਵਸ ਵਿੱਚ ਵਿਅਕਤੀ ਦੀ ਕਿਰਤ ਸ਼ਕਤੀ ਨੂੰ ਕਿਸ ਤਰ੍ਹਾਂ ਨਿਚੋੜਦੀਆਂ ਹਨ, ਇਸ ਦਾ ਜ਼ਿਕਰ ਅਸੀਂ ਕੇਰਲਾ ਦੀ 26 ਸਾਲਾ ਚਾਰਟਰਡ ਅਕਾਊਂਟੈਂਟ ਦੀ ਕੰਮ ਦੇ ਦਬਾਅ ਕਾਰਨ ਹੋਈ ਮੌਤ ਬਾਰੇ ਆਪਣੇ ਸੰਪਾਦਕੀ ਵਿੱਚ ਕੀਤਾ ਸੀ। ਅੰਨਾ ਦੀ ਮੌਤ ਤੋਂ ਬਾਅਦ ਉਸ ਦੀ ਮਾਂ ਵੱਲੋਂ ਕੰਪਨੀ ਦੇ ਚੇਅਰਮੈਨ ਨੂੰ ਲਿਖੇ ਪੱਤਰ ਦੇ ਲੀਕ ਹੋਣ ਬਾਅਦ ਸੋਸ਼ਲ ਮੀਡੀਆ 'ਤੇ ਭਾਰੀ ਗੁੱਸਾ ਪੈਦਾ ਹੋ ਗਿਆ ਸੀ। ਕਾਰਪੋਰੇਟ ਕੰਪਨੀਆਂ ਵਿੱਚ ਕੰਮ ਕਰਦੇ ਲੋਕਾਂ ਨੇ ਆਪਣੇ ਨਾਲ ਕੀਤੇ ਜਾ ਰਹੇ ਅਣਮਨੁੱਖੀ ਵਿਹਾਰ ਦਾ ਖੁੱਲ੍ਹ ਕੇ ਖੁਲਾਸਾ ਕੀਤਾ ਸੀ।*

*ਇਹ ਕਾਰਪੋਰੇਟ ਕੰਪਨੀਆਂ ਵਿਅਕਤੀ ਦੀ ਕਿਰਤ ਸ਼ਕਤੀ ਹੀ ਨਹੀਂ, ਉਸ ਦੀ ਜ਼ਿੰਦਾ ਰਹਿਣ ਦੀ ਸ਼ਕਤੀ ਦੇ ਹਰ ਪਹਿਲੂ, ਇੱਥੋਂ ਤੱਕ ਕਿ ਸੋਚ ਸ਼ਕਤੀ ਨੂੰ ਵੀ ਤਹਿਸ-ਨਹਿਸ ਕਰ ਦਿੰਦੀਆਂ ਹਨ। ਇਸ ਦਾ ਅੰਦਾਜ਼ਾ ਝਾਂਸੀ ਦੇ 42 ਸਾਲਾ ਤਰੁਣ ਸਕਸੈਨਾ ਦੀ ਆਤਮ-ਹੱਤਿਆ ਤੋਂ ਸਹਿਜੇ ਹੀ ਲਾਇਆ ਜਾ ਸਕਦਾ ਹੈ। ਤਰੁਣ ਸਕਸੈਨਾ ਨੇ ਆਪਣੀ ਪਤਨੀ ਤੇ ਦੋ ਬੱਚਿਆਂ ਨੂੰ ਉਨ੍ਹਾਂ ਦੇ ਕਮਰੇ 'ਚ ਛੱਡ ਕੇ ਆਪਣੇ ਕਮਰੇ ਵਿੱਚ ਆ ਕੇ ਖੁਦਕੁਸ਼ੀ ਕਰ ਲਈ ਸੀ। ਉਸ ਦੇ ਪਰਵਾਰ ਵਿੱਚ ਮਾਤਾ-ਪਿਤਾ, ਪਤਨੀ ਮੇਘਾ ਤੇ ਦੋ ਬੱਚੇ, ਯਥਾਰਥ ਤੇ ਪੀਹੂ ਹਨ।*

*ਐਨ ਡੀ ਟੀ ਵੀ ਦੀ ਰਿਪੋਰਟ ਅਨੁਸਾਰ ਤਰੁਣ ਸਕਸੈਨਾ ਬਜਾਜ ਫਾਈਨਾਂਸ ਵਿੱਚ ਏਰੀਆ ਮੈਨੇਜਰ ਸਨ। ਮਰਨ ਤੋਂ ਪਹਿਲਾਂ ਤਰੁਣ ਵੱਲੋਂ ਲਿਖਿਆ ਖੁਦਕੁਸ਼ੀ ਨੋਟ ਹਰ ਕਿਸੇ ਨੂੰ ਝੰਜੋੜ ਦੇਣਾ ਵਾਲਾ ਹੈ। ਆਪਣੀ ਪਤਨੀ ਨੂੰ ਸੰਬੋਧਤ 5 ਸਫਿਆਂ ਦੇ ਪੱਤਰ ਵਿੱਚ ਤਰੁਣ ਨੇ ਲਿਖਿਆ ਹੈ ਕਿ ਪਿਛਲੇ ਦੋ ਮਹੀਨਿਆਂ ਤੋਂ ਉਸ ਦੇ ਉੱਚ-ਅਧਿਕਾਰੀ ਉਸ 'ਤੇ ਟਾਰਗੈੱਟ ਪੂਰਾ ਕਰਨ ਲਈ ਦਬਾਅ ਪਾ ਰਹੇ ਹਨ ਤੇ ਤਨਖ਼ਾਹ ਕੱਟ ਲੈਣ ਦੀਆਂ ਧਮਕੀਆਂ ਦੇ ਰਹੇ ਹਨ। ਇਸ ਸਮੇਂ ਉਹ ਬਹੁਤ ਤਣਾਅ ਵਿੱਚ ਹੈ ਤੇ ਟਾਰਗੈੱਟ ਪੂਰਾ ਕਰਨ ਤੋਂ ਅਸਮਰੱਥ ਹੈ।*

*ਤਰੁਣ ਨੇ ਕਿਹਾ ਕਿ ਉਹ ਤੇ ਉਸ ਦੇ ਸਾਥੀਆਂ ਨੂੰ ਲੋਕਾਂ ਤੋਂ ਕਰਜ਼ੇ ਦੀਆਂ ਕਿਸ਼ਤਾਂ ਦੀ ਉਗਰਾਹੀ ਕਰਨ ਦਾ ਕੰਮ ਸੌਂਪਿਆ ਗਿਆ ਸੀ। ਜਿਹੜੇ ਲੋਕ ਕਿਸ਼ਤਾਂ ਦੇ ਪੈਸੇ ਨਹੀਂ ਸਨ ਦਿੰਦੇ ਉਨ੍ਹਾਂ ਦਾ ਭੁਗਤਾਨ ਉਨ੍ਹਾਂ ਨੂੰ ਆਪਣੀ ਤਨਖ਼ਾਹ 'ਚੋਂ ਕਰਨਾ ਪੈਂਦਾ ਸੀ। ਉਨ੍ਹਾਂ ਕਈ ਵਾਰ ਕਿਸ਼ਤਾਂ ਉਗਰਾਹੁਣ ਦੌਰਾਨ ਆਉਂਦੀਆਂ ਮੁਸ਼ਕਲਾਂ ਤੋਂ ਅਧਿਕਾਰੀਆਂ ਨੂੰ ਜਾਣੂੰ ਕਰਵਾਇਆ, ਪਰ ਉਹ ਕੋਈ ਹੱਲ ਕਰਨ ਦੀ ਥਾਂ ਉਨ੍ਹਾਂ ਦੀ ਬੇਇੱਜ਼ਤੀ ਕਰ ਦਿੰਦੇ ਸਨ। ਉਸ ਨੂੰ ਡਰ ਹੈ ਕਿ ਉਸ ਦੀ ਨੌਕਰੀ ਚਲੀ ਜਾਵੇਗੀ। ਤਰੁਣ ਨੇ ਲਿਖਿਆ ਕਿ ਉਹ 45 ਦਿਨਾਂ ਤੋਂ ਸੁੱਤਾ ਨਹੀਂ। ਉਸ ਦੇ ਖਾਣਾ ਵੀ ਨਹੀਂ ਲੰਘਦਾ। ਮੁੱਖ ਪ੍ਰਬੰਧਕ ਉਸ 'ਤੇ ਟਾਰਗੈੱਟ ਪੂਰਾ ਕਰਨ ਜਾਂ ਨੌਕਰੀ ਛੱਡ ਦੇਣ ਲਈ ਦਬਾਅ ਪਾ ਰਿਹਾ ਹੈ। ਇਸ ਤੋਂ ਬਾਅਦ ਤਰੁਣ ਨੇ ਲਿਖਿਆ, "ਮੈਂ ਬਹੁਤ ਤਣਾਅ ਵਿੱਚ ਹਾਂ। ਮੈਂ ਸੋਚਣ ਦੀ ਸ਼ਕਤੀ ਗੁਆ ਚੁੱਕਾ ਹਾਂ। ਮੈਂ ਜਾ ਰਿਹਾ ਹਾਂ।"*

*ਰਿਪੋਰਟ ਅਨੁਸਾਰ ਤਰੁਣ ਨੇ ਲਿਖਿਆ, "ਮੈਂ ਬੱਚਿਆਂ ਦੀ ਸਾਰੇ ਸਾਲ ਦੀ ਫੀਸ ਭਰ ਦਿੱਤੀ ਹੈ। ਮੰਮੀ-ਪਾਪਾ ਮੈਂ ਤੁਹਾਥੋਂ ਕਦੇ ਕੁਝ ਨਹੀਂ ਮੰਗਿਆ। ਕ੍ਰਿਪਾ ਕਰਕੇ ਉੱਪਰਲੀ ਮੰਜ਼ਲ ਬਣਵਾ ਦੇਣਾ ਤਾਂ ਕਿ ਮੇਰਾ ਪਰਵਾਰ ਅਰਾਮ ਨਾਲ ਰਹਿ ਸਕੇ। ਆਪ ਮੇਘਾ, ਯਥਾਰਥ ਤੇ ਪੀਹੂ ਦਾ ਖਿਆਲ ਰੱਖਣਾ।"*

*ਤਰੁਣ ਦੇ ਵੱਡੇ ਭਰਾ ਗੌਰਵ ਸਕਸੈਨਾ ਨੇ ਪ੍ਰੈੱਸ ਨੂੰ ਕਿਹਾ, "ਉਸ ਦੇ ਅਧਿਕਾਰੀਆਂ ਵੱਲੋਂ ਉਸ 'ਤੇ ਕਰਜ਼ਾ ਵਸੂਲੀ ਦਾ ਲਗਾਤਾਰ ਦਬਾਅ ਪਾਇਆ ਜਾ ਰਿਹਾ ਸੀ। ਘਟਨਾ ਵਾਲੇ ਦਿਨ ਸਵੇਰੇ ਛੇ ਵਜੇ ਵੀਡੀਓ ਕਾਨਫਰੰਸ ਰਾਹੀਂ ਉਸ ਨੂੰ ਫਿਰ ਕਿਹਾ ਗਿਆ ਕਿ ਤੂੰ ਕੰਮ ਨਹੀਂ ਕਰ ਸਕਦਾ, ਇਸ ਲਈ ਨੌਕਰੀ ਤੋਂ ਕੱਢ ਦਿੱਤਾ ਜਾਵੇਗਾ। ਤਰੁਣ ਨੇ ਖੁਦਕੁਸ਼ੀ ਨੋਟ ਵਿੱਚ ਅਧਿਕਾਰੀਆਂ ਦਾ ਨਾਂਅ ਵੀ ਲਿਖਿਆ ਹੈ ਤੇ ਕਿਹਾ ਕਿ ਮੇਰੇ ਇਸ ਫੈਸਲੇ ਲਈ ਉਹ ਜ਼ਿੰਮੇਵਾਰ ਹਨ।"*

*ਰੌਂਗਟੇ ਖੜ੍ਹੇ ਕਰ ਦੇਣ ਵਾਲੀ ਇਸ ਖੁਦਕੁਸ਼ੀ ਤੋਂ ਬਾਅਦ ਇਹ ਜ਼ਰੂਰੀ ਹੋ ਗਿਆ ਹੈ ਕਿ ਹੁਣ ਕਿਹਾ ਜਾਵੇ ਕਿ ਬਸ ਹੁਣ ਹੋਰ ਬਰਦਾਸ਼ਤ ਨਹੀਂ ਕਰਾਂਗੇ।*

**-ਚੰਦ ਫਤਿਹਪੁਰੀ**

# ਭਾਰਤ 'ਚ ਕਿਉਂ ਵਧ ਰਹੀਆਂ ਖ਼ੁਦਕੁਸ਼ੀਆਂ


ਗੁਰਮੀਤ ਸਿੰਘ ਪਲਾਹੀ

ਆਰਥਕ ਤੰਗੀ ਅਤੇ ਮਾਨਸਿਕ ਪ੍ਰੇਸ਼ਾਨੀਆਂ ਕਾਰਨ ਦੇਸ਼ ਦੇ ਕਿਸਾਨ ਖ਼ੁਦਕੁਸ਼ੀਆਂ ਦੇ ਰਾਹ ਹਨ। ਸਾਧਨ ਵਿਹੂਣੇ ਖੇਤ ਮਜ਼ਦੂਰ, ਮਜ਼ਦੂਰ ਵੀ ਬੇਵੱਸ ਹਨ, ਅਣਿਆਈ ਮੌਤੇ ਮਰ ਰਹੇ ਹਨ। ਦੇਸ਼ ਦੇ ਨੌਜਵਾਨ ਖ਼ਾਸ ਕਰਕੇ ਵਿਦਿਆਰਥੀ ਬੇਰੁਜ਼ਗਾਰੀ, ਪਰਿਵਾਰਕ ਸਮੱਸਿਆਵਾਂ, ਮਾਨਸਿਕ ਭੇਦਭਾਵ ਅਤੇ ਦੁਰਵਿਹਾਰ ਕਾਰਨ ਨਿੱਤ ਦਿਹਾੜੇ ਖ਼ੁਦਕੁਸ਼ੀਆਂ ਕਰ ਰਹੇ ਹਨ। ਘਰੇਲੂ ਹਿੰਸਾ ਦੀਆਂ ਸ਼ਿਕਾਰ ਔਰਤਾਂ, ਖ਼ੁਦਕੁਸ਼ੀ ਕਰਨ ਲਈ ਮਜਬੂਰ ਹਨ। ਖ਼ੁਦਕੁਸ਼ੀਆਂ 'ਚ ਦੇਸ਼ ਵਿੱਚ ਸਾਲ-ਦਰ-ਸਾਲ ਵਾਧਾ ਹੋ ਰਿਹਾ ਹੈ।

ਖ਼ੁਦਕੁਸ਼ੀ, ਮਹਾਂਮਾਰੀ ਦਾ ਰੂਪ ਧਾਰਨ ਕਰ ਰਹੀ ਹੈ। 28 ਅਗਸਤ 2024 ਨੂੰ ਐੱਨ.ਸੀ.ਆਰ.ਬੀ. (ਰਾਸ਼ਟਰੀ ਅਪਰਾਧ ਰਿਕਾਰਡ ਬਿਊਰੋ) ਦੇ ਅੰਕੜਿਆਂ ਦੇ ਅਧਾਰ 'ਤੇ ਇੱਕ ਰਿਪੋਰਟ ਅਨੁਸਾਰ ਛੋਟੀ ਉਮਰ ਦੇ ਨੌਜਵਾਨਾਂ ਦੀ ਖ਼ੁਦਕੁਸ਼ੀ ਦਾ ਕਾਰਨ 54 ਫ਼ੀਸਦੀ ਸਿਹਤ ਸਮੱਸਿਆਵਾਂ, 36 ਫ਼ੀਸਦੀ ਨਾਕਾਰਾਤਮਕ ਪਰਿਵਾਰਕ ਮੁੱਦੇ, 23 ਫ਼ੀਸਦੀ ਸਿੱਖਿਆ ਸਮੱਸਿਆਵਾਂ ਅਤੇ 20 ਫ਼ੀਸਦੀ ਸਮਾਜਿਕ ਅਤੇ ਜੀਵਨ ਸ਼ੈਲੀ ਕਾਰਕ ਹਨ। ਉਂਜ ਹਿੰਸਾ ਕਾਰਨ 22 ਫ਼ੀਸਦੀ, ਆਰਥਿਕ ਸੰਕਟ ਕਾਰਨ 9.1 ਫ਼ੀਸਦੀ ਅਤੇ ਭਾਵਾਤਮਕ ਸੰਬੰਧਾਂ ਕਾਰਨ 9 ਫ਼ੀਸਦੀ ਨੌਜਵਾਨ ਖ਼ੁਦਕੁਸ਼ੀ ਕਰਦੇ ਹਨ। ਸਰੀਰਕ ਅਤੇ ਯੌਨ ਸ਼ੋਸ਼ਣ, ਘੱਟ ਉਮਰ 'ਚ ਮਾਂ ਬਣਨਾ, ਘਰੇਲੂ ਹਿੰਸਾ, ਲਿੰਗਕ ਭੇਦਭਾਵ ਅਤੇ ਕਈ ਐਸੇ ਕਾਰਨ ਹਨ, ਜਿਹਨਾ ਕਾਰਨ ਨੌਜਵਾਨ ਲੜਕੀਆਂ ਖ਼ੁਦਕੁਸ਼ੀ ਕਰਦੀਆਂ ਹਨ।

ਵਿਦਿਆਰਥੀਆਂ 'ਚ ਵਧਦੀਆਂ ਖ਼ੁਦਕੁਸ਼ੀਆਂ ਪੂਰੇ ਸਮਾਜ ਨੂੰ ਪ੍ਰੇਸ਼ਾਨ ਕਰਨ ਵਾਲੀਆਂ ਹਨ। 3 ਦਸੰਬਰ 2023 ਦੀ ਰਾਸ਼ਟਰੀ ਅਪਰਾਧ ਰਿਕਾਰਡ ਬਿਊਰੋ (ਐੱਨ.ਸੀ.ਆਰ.ਬੀ) ਵੱਲੋਂ ਜਾਰੀ ਸਲਾਨਾ ਰਿਪੋਰਟ 'ਚ ਦੱਸਿਆ ਗਿਆ ਹੈ ਕਿ ਭਾਰਤ ਵਿੱਚ 1,70,924 ਖ਼ੁਦਕੁਸ਼ੀਆਂ ਸਾਲ 2022 ਵਿੱਚ ਰਿਕਾਰਡ ਕੀਤੀਆਂ ਗਈਆਂ ਹਨ। ਇਹ ਗਿਣਤੀ 2021 ਨਾਲੋਂ 4.2 ਫ਼ੀਸਦੀ ਅਤੇ 2018 ਦੀ ਤੁਲਨਾ 'ਚ 27 ਫ਼ੀਸਦੀ ਵੱਧ ਹੈ। ਇਹ ਅੰਕੜਾ ਪ੍ਰਤੀ ਇੱਕ ਲੱਖ 'ਤੇ 12.4 ਹੈ, ਜੋ ਭਾਰਤ ਵਿੱਚ ਹਰ ਵਰ੍ਹੇ ਦਰਜ ਕੀਤੇ ਜਾਣ ਵਾਲੇ ਆਤਮ ਹੱਤਿਆ ਦੇ ਅੰਕੜਿਆਂ 'ਚ ਉੱਚੇ ਦਰਜੇ 'ਤੇ ਹੈ।

ਵਿਦਿਆਰਥੀ ਜਦੋਂ ਆਪਣੇ ਪਰਵਾਰ ਤੋਂ ਦੂਰ, ਕੋਚਿੰਗ ਸੈਂਟਰਾਂ ਦੇ ਨਵੇਂ ਮਾਹੌਲ ਵਿੱਚ ਆਉਂਦੇ ਹਨ, ਤਾਂ ਬਹੁਤ ਕੁਝ ਉਹਨਾ ਨਾਲ ਇਹੋ ਜਿਹਾ ਹੁੰਦਾ ਹੈ, ਜਿਸ ਦੇ ਬਾਰੇ ਉਹਨਾਂ ਪਹਿਲਾਂ ਸੋਚਿਆ ਵੀ ਨਹੀਂ ਹੁੰਦਾ। ਵਿੱਤੀ ਤੌਰ 'ਤੇ ਕਮਜ਼ੋਰ ਵਰਗਾਂ ਦੇ ਵਿਦਿਆਰਥੀਆਂ ਉਤੇ ਤਾਂ ਜਲਦੀ ਤੋਂ ਜਲਦੀ ਕੁਝ ਬਣ ਕੇ ਆਪਣੇ ਪਰਵਾਰ ਦੀ ਦੇਖਭਾਲ ਦੀ ਜ਼ਿੰਮੇਵਾਰੀ ਵੱਧ ਹੁੰਦੀ ਹੈ, ਪਰ ਨੌਕਰੀ ਨਾ ਮਿਲਣ ਜਾਂ ਪਲੇਸਮੈਂਟ ਨਾ ਹੋਣ ਦੀ ਸੰਭਾਵਨਾ ਵੀ ਕਾਫ਼ੀ ਹੁੰਦੀ ਹੈ। ਇਹੋ ਜਿਹੇ 'ਚ ਵਿਦਿਆਰਥੀਆਂ ਦੀ ਖ਼ੁਦਕੁਸ਼ੀ ਲਈ ਕੋਚਿੰਗ ਸੈਂਟਰ ਵੀ ਜ਼ੁੰਮੇਵਾਰ ਬਣਦੇ ਹਨ, ਜੋ ਦਾਖ਼ਲੇ ਵੇਲੇ ਵਿਦਿਆਰਥੀਆਂ ਨੂੰ ਉੱਚੇ ਸਬਜ਼ਬਾਗ ਦਿਖਾਉਂਦੇ ਹਨ।

ਕਿਧਰੇ ਕੋਈ ਐੱਮ.ਬੀ.ਬੀ.ਐਸ. ਦਾ ਵਿਦਿਆਰਥੀ ਖ਼ੁਦਕੁਸ਼ੀ ਕਰ ਕਰਦਾ ਹੈ, ਕਿਧਰੇ ਆਈ. ਆਈ. ਟੀਜ਼ ਤੋਂ ਖ਼ੁਦਕੁਸ਼ੀ ਦੀ ਖ਼ਬਰ ਆਉਂਦੀ ਹੈ। ਕਾਰਨ ਪੜ੍ਹਾਈ ਦਾ ਦਬਾਅ ਹੈ। ਸਰਕਾਰੀ ਅੰਕੜੇ ਦੱਸਦੇ ਹਨ ਕਿ 2018 ਤੋਂ 2023 ਦੇ 5 ਸਾਲਾਂ ਵਿੱਚ ਆਈ ਆਈ ਟੀ, ਐਨ. ਆਈ. ਟੀ.,ਆਈ. ਆਈ. ਐੱਮ, ਜਿਹੀਆਂ ਦੇਸ਼ ਦੇ ਉੱਚ ਸਿੱਖਿਆ ਸੰਸਥਾਵਾਂ ਵਿੱਚ 60 ਤੋਂ ਜ਼ਿਆਦਾ ਵਿਦਿਆਰਥੀਆਂ ਨੇ ਆਪਣੇ ਉਤੇ ਪੈਟਰੋਲ ਛਿੜਕ ਕੇ, ਹੋਸਟਲ ਦੀ ਉੱਚੀ ਮੰਜ਼ਲ ਤੋਂ ਚਾਲ ਮਾਰ ਕੇ ਖ਼ੁਦਕੁਸ਼ੀ ਕੀਤੀ। ਇਹਨਾਂ ਵਿੱਚੋਂ 34 ਵਿਦਿਆਰਥੀ ਆਈ.ਆਈ.ਟੀ. ਸੰਸਥਾਵਾਂ ਦੇ ਸਨ।

ਦਰਅਸਲ ਸਿੱਖਿਆ ਅਤੇ ਕੈਰੀਅਰ ਵਿੱਚ ਮਾਤਾ-ਪਿਤਾ 'ਤੇ ਅਧਿਆਪਕਾਂ ਦੀ ਆਪਣੇ ਬੱਚਿਆਂ ਤੋਂ ਚੰਗੀ ਕਾਰਗੁਜਾਰੀ ਦੀ ਹੋੜ ਦੇ ਚਲਦਿਆਂ ਵਿਦਿਆਰਥੀਆਂ ਉਤੇ ਪੜ੍ਹਾਈ ਦਾ ਨਾਕਾਰਾਤਮਕ ਅਸਰ ਵੱਡਾ ਹੈ। ਸਾਡੀ ਸਿੱਖਿਆ ਪ੍ਰਣਾਲੀ ਅੰਕਾਂ 'ਤੇ ਅਧਾਰਤ ਹੈ। ਇਸ ਵਿੱਚ ਮਾਤਾ-ਪਿਤਾ ਦਾ ਦਬਾਅ ਬਚਪਨ ਤੋਂ ਹੀ ਬੱਚਿਆਂ 'ਤੇ ਜ਼ਿਆਦਾ ਰਹਿੰਦਾ ਹੈ । ਸਕੂਲਾਂ ਵਿੱਚ ਵੀ ਅਧਿਆਪਕ ਵਿਦਿਆਰਥੀ ਦੀ ਯੋਗਤਾ ਅੰਕਾਂ ਤੋਂ ਪਰਖਦੇ ਹਨ। ਜਿਹੜਾ ਬੱਚਿਆਂ ਦੇ ਮਾਨਸਿਕ ਵਿਕਾਸ 'ਚ ਵੱਡੀ ਰੁਕਾਵਟ ਬਣ ਰਿਹਾ ਹੈ। ਇਸ ਤੋਂ ਵੀ ਅੱਗੇ ਇੰਟਰਨੈੱਟ ਦੇ ਪਸਾਰ ਨੇ ਵਿਦਿਆਰਥੀਆਂ ਦੀ ਸੋਚ ਉਤੇ ਵੱਡਾ ਅਸਰ ਪਾਇਆ ਹੈ।

ਰਾਜਸਥਾਨ ਵਿੱਚ ਕੋਟਾ ਸ਼ਹਿਰ ਵਿੱਚ ਵਿਦਿਆਰਥੀਆਂ ਦੀਆਂ ਖ਼ੁਦਕੁਸ਼ੀ ਦੀਆਂ ਵਧ ਰਹੀਆਂ ਘਟਨਾਵਾਂ ਦੀ ਦਰ ਨਾਲ ਹਰ ਕੋਈ ਦੁਖੀ ਹੈ, ਇਥੇ ਨੀਟ, ਜੇ.ਈ.ਈ. ਅਤੇ ਹੋਰ ਮੁਕਾਬਲੇ ਦੇ ਇਮਤਿਹਾਨ ਦੀ ਤਿਆਰੀ ਕਰਨ ਵਾਲੇ ਨੌਜਵਾਨ ਵਿਦਿਆਰਥੀ ਨਿਰੰਤਰ ਆਪਣੀ ਜਾਨ ਦਿੰਦੇ ਰਹੇ ਹਨ। ਕੀ ਇਹੋ ਜਿਹੀਆਂ ਘਟਨਾਵਾਂ ਨੂੰ ਵਾਪਰਨ ਤੋਂ ਰੋਕਣਾ ਸਰਕਾਰੀ ਪ੍ਰਸ਼ਾਸਨ ਦੀ ਜ਼ੁੰਮੇਵਾਰੀ ਨਹੀਂ ਹੈ?

ਖ਼ੁਦਕੁਸ਼ੀ ਕਰਨ ਵਾਲੇ ਵਿਦਿਆਰਥੀਆਂ ਦੇ ਮਾਮਲੇ 'ਚ ਮਨੋ ਚਕਿਤਸਕਾਂ ਦਾ ਵਿਚਾਰ ਹੈ ਕਿ ਵਿਦਿਆਰਥੀਆਂ 'ਚ ਵਧ ਰਹੀਆਂ ਖ਼ੁਦਕੁਸ਼ੀਆਂ ਦਾ ਕਾਰਨ ਵਿਦਿਆਰਥੀ ਉਤੇ ਪੜ੍ਹਾਈ ਦਾ ਉਹਨਾਂ ਦੀ ਸਮਰੱਥਾ ਤੋਂ ਵੱਧ ਬੋਝ ਅਤੇ ਇਮਤਿਹਾਨਾਂ ਵਿੱਚ ਵੱਧ ਤੋਂ ਵੱਧ ਅੰਕ ਲੈਣ ਦੀ ਹੋੜ ਹੈ। ਮੌਜੂਦਾ ਸਿੱਖਿਆ ਪ੍ਰਣਾਲੀ ਨੂੰ 'ਡਾਟਾ ਔਰੀਐਂਟਿਡ' ਰੱਖਣਾ ਕਿਸੇ ਤਰ੍ਹਾਂ ਦੀ ਵਿਦਿਆਰਥੀ ਦੀ ਮਾਨਸਿਕ ਸਿਹਤ ਦੇ ਅਨੁਕੂਲ ਨਹੀਂ। ਅਸਲ 'ਚ ਮਾਪੇ ਆਪਣੇ ਬੱਚਿਆਂ ਤੋਂ ਇਸ ਗੱਲ ਦੀ ਬੇਲੋੜੀ ਆਸ ਰੱਖਦੇ ਹਨ ਕਿ ਜੋ ਕੁਝ ਉਹ ਜ਼ਿੰਦਗੀ 'ਚ ਨਹੀਂ ਬਣ ਸਕੇ, ਉਨ੍ਹਾਂ ਦੇ ਬੱਚੇ ਉਹ ਕੁਝ ਬਣਨ। ਇਹੋ ਇੱਛਾ ਵਿਦਿਆਰਥੀ ਦੀ ਮਾਨਸਿਕ ਸਿਹਤ ਉਤੇ ਬੁਰਾ ਅਸਰ ਪਾਉਂਦੀ ਹੈ।

ਮੌਜੂਦਾ ਦੌਰ 'ਚ ਜਦੋਂ ਦੇਸ਼ ਦਾ ਨੌਜਵਾਨ ਬੇਰੁਜ਼ਗਾਰੀ ਜਿਹੇ ਮਹਾਂ ਦੈਂਤ ਦੇ ਜਬਾੜ੍ਹੇ ਹੇਠ ਹੈ। ਨੌਜਵਾਨ ਪ੍ਰਵਾਸ ਦੇ ਰਾਹ ਪੈਣ ਲਈ ਮਜਬੂਰ ਹੁੰਦੇ ਹਨ। ਵਿਦਿਆਰਥੀ ਵੀਜ਼ਾ ਜਾਂ ਵਰਕ ਪਰਮੈਂਟ ਵੀਜ਼ਾ ਲੈ ਕੇ ਉਹ ਕੈਨੇਡਾ, ਅਮਰੀਕਾ ਤੇ ਹੋਰ ਮੁਲਕਾਂ 'ਚ ਜਾਂਦੇ ਹਨ। ਉਥੇ ਪੜ੍ਹਾਈ ਅਤੇ ਕੰਮ ਦਾ ਏਨਾ ਬੋਝ ਹੁੰਦਾ ਹੈ ਕਿ ਵਿਦਿਆਰਥੀ, ਨੌਜਵਾਨ ਮਾਨਸਿਕ ਤਨਾਅ 'ਚ ਰਹਿੰਦੇ ਹਨ। ਖ਼ਤਰਨਾਕ ਬੀਮਾਰੀਆਂ ਦਾ ਸ਼ਿਕਾਰ ਹੁੰਦੇ ਹਨ। ਹਾਰਟ ਅਟੈਕ ਜਿਹੀਆਂ ਬੀਮਾਰੀਆਂ ਤਣਾਅ ਕਾਰਨ ਹੀ ਹੋ ਰਹੀਆਂ ਹਨ। ਕੈਨੇਡਾ 'ਤੇ ਹੋਰ ਮੁਲਕਾਂ ਤੋਂ ਆਈਆਂ ਭਾਰਤੀਆਂ ਦੀਆਂ ਖ਼ੁਦਕੁਸ਼ੀਆਂ ਦੀਆਂ ਖ਼ਬਰਾਂ ਨਿੱਤ ਦਿਹਾੜੇ ਪ੍ਰੇਸ਼ਾਨ ਕਰਨ ਵਾਲੀਆਂ ਹਨ।

ਕਿਸਾਨ ਖ਼ੁਦਕੁਸ਼ੀਆਂ ਦਾ ਮਾਮਲਾ ਤਾਂ ਦੇਸ਼ ਵਾਸੀਆਂ ਦਾ ਧਿਆਨ ਪਹਿਲਾਂ ਹੀ ਖਿਚਦਾ ਰਿਹਾ ਹੈ। ਘਾਟੇ ਦੀ ਖੇਤੀ ਉਨ੍ਹਾਂ ਦੀ ਜਾਨ ਦਾ ਖੌਅ ਬਣਦੀ ਹੈ। 5 ਏਕੜ ਤੋਂ ਘੱਟ ਜ਼ਮੀਨ ਮਾਲਕੀ ਵਾਲਾ ਛੋਟਾ ਕਿਸਾਨ ਲਗਾਤਾਰ ਕਰਜ਼ਾਈ ਰਹਿੰਦਾ ਹੈ। ਹੁਣ ਤਾਂ ਮੱਧ ਵਰਗੀ ਕਿਸਾਨ ਵੀ ਕਰਜ਼ੇ ਦੀ ਲਪੇਟ 'ਚ ਆਇਆ ਹੋਇਆ ਹੈ। ਕੁਲ ਮਿਲਾ ਕੇ ਦੇਸ਼ ਦੇ 92 ਫ਼ੀਸਦੀ ਕਿਸਾਨ ਛੋਟੇ ਅਤੇ ਮੱਧ ਵਰਗੀ ਹਨ। ਇਨ੍ਹਾਂ ਵਿੱਚ ਕਾਸ਼ਤਕਾਰ, ਪੱਟੇਦਾਰ ਸ਼ਾਮਲ ਹਨ। ਦੇਸ਼ 'ਚ ਸਿੱਕੇਬੰਦ 'ਖੇਤੀ ਨੀਤੀ' ਨਾ ਹੋਣ ਕਾਰਨ ਇਹ ਕਿਸਾਨ ਮੁਸੀਬਤਾਂ 'ਚ ਫਸੇ ਰਹਿੰਦੇ ਹਨ। ਆਰਥਿਕ ਤੰਗੀਆਂ-ਤੁਰਸ਼ੀਆਂ ਦਾ ਸ਼ਿਕਾਰ ਬਣਦੇ ਹਨ। 2022 ਦੀ ਇੱਕ ਰਿਪੋਰਟ ਅਨੁਸਾਰ 11290 ਖੇਤੀ ਸੈਕਟਰ ਦੇ ਲੋਕਾਂ, ਜਿਨ੍ਹਾਂ ਵਿੱਚ 5270 ਕਿਸਾਨ ਅਤੇ 6083 ਖੇਤ ਮਜ਼ਦੂਰ ਸ਼ਾਮਲ ਸਨ, ਖ਼ੁਦਕੁਸ਼ੀਆਂ ਕੀਤੀਆਂ। ਇਹ ਦੇਸ਼ 'ਚ ਕੁਲ ਖ਼ੁਦਕੁਸ਼ੀ ਕਰਨ ਵਾਲੇ ਲੋਕਾਂ ਦਾ 6.6 ਫ਼ੀਸਦੀ ਸੀ। ਕਾਰਨ ਮੁੱਖ ਰੂਪ ਵਿੱਚ ਕਰਜ਼ਾ, ਮੌਨਸੂਨ ਦੀ ਘਾਟ, ਫ਼ਸਲਾਂ 'ਤੇ ਕਰੋਪੀ ਆਦਿ ਰਹੇ ਹਨ। ਚਿੰਤਾ ਦੀ ਗੱਲ ਤਾਂ ਇਹ ਹੈ ਕਿ ਕਿਸਾਨ-ਮਜ਼ਦੂਰ ਖ਼ੁਦਕੁਸ਼ੀਆਂ ਦੀ ਦਰ ਹਰ ਸਾਲ ਵਧਦੀ ਜਾ ਰਹੀ ਹੈ। ਪਿਛਲੇ ਇੱਕ ਦਹਾਕੇ ਵਿੱਚ 1,12,000 ਖੇਤੀ ਸੈਕਟਰ ਦੇ ਲੋਕਾਂ ਨੇ ਖ਼ੁਦਕੁਸ਼ੀ ਕੀਤੀ।

ਦੇਸ਼ 'ਚ ਔਰਤਾਂ ਦੀਆਂ ਖ਼ੁਦਕੁਸ਼ੀਆਂ ਦੀ ਗਿਣਤੀ ਹੈਰਾਨੀਜਨਕ ਢੰਗ ਨਾਲ ਵਧੀ ਹੈ। ਸਾਲ 2022 ਦੌਰਾਨ 48000 ਔਰਤਾਂ ਨੇ, ਜਦਕਿ 1,22,000 ਮਰਦਾਂ ਨੇ ਖ਼ੁਦਕੁਸ਼ੀ ਕੀਤੀ। ਦੇਸ਼ 'ਚ ਸਾਲ 2021 'ਚ 1,64,033 ਖ਼ੁਦਕੁਸ਼ੀਆਂ ਕਰਨ ਵਾਲਿਆਂ ਦੀ ਗਿਣਤੀ ਸੀ। ਇਸ ਗਿਣਤੀ 'ਚ ਲਗਾਤਾਰ ਵਾਧਾ ਹੋ ਰਿਹਾ ਹੈ। ਨੌਜਵਾਨ ਔਰਤਾਂ 'ਚ ਖ਼ੁਦਕੁਸ਼ੀ ਜ਼ਿਆਦਾ ਹੋ ਰਹੀ ਹੈ। 15 ਤੋਂ 39 ਸਾਲ ਦੀਆਂ ਔਰਤਾਂ 'ਚ 2021 ਸਾਲ 'ਚ ਖ਼ੁਦਕੁਸ਼ੀ ਕਰਨ ਵਾਲੀਆਂ ਔਰਤਾਂ ਦੀ ਗਿਣਤੀ ਇੱਕ ਲੱਖ ਪਿਛੇ 12.7 ਸੀ, ਜੋ ਕਿ 2021 'ਚ ਵਧ ਕੇ ਇੱਕ ਲੱਖ ਪਿੱਛੇ 17.5 ਹੋ ਗਈ । ਖ਼ੁਦਕੁਸ਼ੀ ਕਰਨ ਦਾ ਕਾਰਨ ਔਰਤਾਂ 'ਚ ਮੁੱਖ ਤੌਰ 'ਤੇ ਪਰਿਵਾਰਕ, ਬੀਮਾਰੀ, ਇਕੱਲੇਪਨ ਦੀ ਭਾਵਨਾ, ਔਲਾਦ ਪੈਦਾ ਨਾ ਹੋਣਾ, ਵਿਆਹ ਟੁੱਟਣਾ ਆਦਿ ਰਿਹਾ ਹੈ। ਘਰੇਲੂ ਹਿੰਸਾ ਦਾ ਸ਼ਿਕਾਰ ਔਰਤਾਂ ਦੀ ਗਿਣਤੀ 31 ਫ਼ੀਸਦੀ ਰਹੀ।

ਖ਼ੁਦਕੁਸ਼ੀਆਂ ਦੇ ਮਾਮਲੇ 'ਤੇ ਜਿਹੜੀਆਂ ਰਿਪੋਰਟਾਂ ਸਰਕਾਰੀ ਤੌਰ 'ਤੇ ਛਾਇਆ ਹੁੰਦੀਆਂ ਹਨ, ਉਹਨਾਂ ਤੋਂ ਵੱਖਰੀਆਂ ਰਿਪੋਰਟਾਂ ਹੋਰ ਏਜੰਸੀਆਂ ਵੱਲੋਂ ਮੀਡੀਆਂ 'ਤੇ ਉਪਲੱਬਧ ਹਨ। ਜਿਹੜੀਆਂ ਇਹ ਵਿਖਾਉਂਦੀਆਂ ਹਨ ਕਿ ਸਰਕਾਰੀ ਅੰਕੜਿਆਂ ਤੋਂ ਵੱਧ ਲੋਕਾਂ ਨੇ ਖ਼ੁਦਕੁਸ਼ੀ ਕੀਤੀ। ਉਦਾਹਰਨ ਦੇ ਤੌਰ 'ਤੇ 2010 ਦੇ ਸਰਕਾਰੀ ਅੰਕੜੇ 1,34,600 ਖ਼ੁਦਕੁਸ਼ੀਆਂ ਦੱਸਦੇ ਹਨ, ਜਦਕਿ ਮੈਡੀਕਲ ਮੈਗਜ਼ੀਨ 'ਦੀ ਲਾਂਸਿਟ' ਆਪਣੀ ਰਿਪੋਰਟ 1,87,000 ਮੌਤਾਂ ਦੀ ਵਿਖਾਉਂਦੀ ਹੈ। ਇਸ ਦਾ ਇੱਕ ਕਾਰਨ ਇਹ ਵੀ ਹੈ ਪਿੰਡਾਂ ਜਾਂ ਦੂਰ-ਦੁਰੇਡੇ ਦੇ ਲੋਕ ਖ਼ੁਦਕੁਸ਼ੀ ਦੇ ਮਾਮਲਿਆਂ ਨੂੰ ਲੁਕੋਅ ਲੈਂਦੇ ਹਨ, ਤਾਂ ਕਿ ਉਹਨਾਂ ਦੀ ਸਮਾਜ ਵਿੱਚ ਬਦਨਾਮੀ ਨਾ ਹੋਏ।

ਦੇਸ਼ ਇਸ ਵੇਲੇ ਬੇਰੁਜ਼ਗਾਰੀ ਦੀ ਮਾਰ ਹੇਠ ਹੈ। ਆਮ ਆਦਮੀ ਨਿਆਂ ਲੱਭ ਰਿਹਾ ਹੈ। ਰੋਟੀ ਲੱਭ ਰਿਹਾ ਹੈ। ਸਿੱਖਿਆ, ਸਿਹਤ, ਸੇਵਾਵਾਂ ਤੋਂ ਵਿਰਵਾ ਹੈ। ਸਾਧਨ ਵਿਹੂਣਾ ਹੈ। ਇਹੋ ਜਿਹੀਆਂ ਹਾਲਤਾਂ ਮਨੁੱਖ ਲਈ ਮਾਨਸਿਕ ਸੰਕਟ ਪੈਦਾ ਕਰਦੀਆਂ ਹਨ। ਆਰਥਿਕ ਤੇ ਮਾਨਸਿਕ ਸਥਿਤੀਆਂ ਦਾ ਟਾਕਰਾ ਨਾ ਕਰ ਸਕਣ ਕਾਰਨ ਉਹ ਮੌਤ ਨੂੰ ਹੀ ਆਖ਼ਰੀ ਹੱਲ ਲੱਭ ਲੈਂਦਾ ਹੈ।

ਸਮੇਂ-ਸਮੇਂ 'ਤੇ ਫੈਲੀਆਂ ਜਾਂ ਫੈਲਾਈਆਂ ਗਈਆਂ ਕੋਰੋਨਾ ਵਾਇਰਸ ਵਰਗੀਆਂ ਬਿਮਾਰੀਆਂ, ਜਿਨ੍ਹਾਂ ਦੇ ਅਣਦਿਸਦੇ ਕਾਰਨਾਂ ਕਰਕੇ ਸਮਾਜ ਨੂੰ ਵੱਡੀ ਪ੍ਰੇਸ਼ਾਨੀ ਝੱਲਣੀ ਪਈ, ਉਸ ਤੋਂ ਵੀ ਵੱਡੀ ਪ੍ਰੇਸ਼ਾਨੀ 'ਖ਼ੁਦਕੁਸ਼ੀ ਮਹਾਂਮਾਰੀ' ਹੈ, ਜੋ ਦੇਸ਼ ਦੇ ਦਰਪੇਸ਼ ਹੈ। ਇਹ ਘੁਣ ਵਾਂਗ ਦੇਸ਼ ਨੂੰ ਤੇ ਦੇਸ਼ ਦੇ ਲੋਕਾਂ ਨੂੰ ਖਾ ਰਹੀ ਹੈ।

ਇਸ ਮਹਾਂਮਾਰੀ ਨੂੰ ਠੱਲ੍ਹਣ ਅਤੇ ਇਸ ਤੋਂ ਨਿਜਾਤ ਪਾਉਣ ਲਈ ਵੱਡੇ ਜਨਤਕ ਯਤਨ ਤਾਂ ਲੋੜੀਂਦੇ ਹੀ ਹਨ, ਨਾਲ ਦੀ ਨਾਲ ਲੋਕਾਂ 'ਚ ਸਿਆਸੀ ਚੇਤਨਾ ਪੈਦਾ ਕਰਕੇ ਲੋਕ ਹਿਤੈਸ਼ੀ ਸਰਕਾਰਾਂ ਅੱਗੇ ਲਿਆਉਣ ਦੀ ਵੀ ਲੋੜ ਹੈ, ਤਾਂ ਕਿ ਲੋਕਾਂ 'ਚ ਪੈਦਾ ਹੋਏ ਨਾਕਾਰਾਤਮਕ ਵਿਚਾਰ ਖ਼ਤਮ ਹੋ ਸਕਣ ਅਤੇ ਉਹ ਇੱਕ ਨਿਵੇਕਲੀ ਉਮੀਦ ਨਾਲ ਸਾਵੀਂ ਪੱਧਰੀ ਖ਼ੁਸ਼ਹਾਲ ਜ਼ਿੰਦਗੀ ਜਿਊਣ ਦੇ ਸੁਪਨੇ ਵੇਖ ਸਕਣ।

**# ਸੰਪਰਕ : 98158-02070**

# ਸੁਪਨੇ ਸੱਚ ਨਹੀਂ ਹੁੰਦੇ


ਅਮਰਜੀਤ ਸਿੰਘ 'ਫੌਜੀ'

ਮਨੁੱਖ ਜਨਮ ਦੁਰਲੱਭ ਹੈ ਅਤੇ ਵਾਰ ਵਾਰ ਨਹੀਂ ਮਿਲਦਾ । ਇਸ ਲਈ ਇਸ ਨੂੰ ਸਾਰੀਆਂ ਜੂਨਾਂ ਤੋਂ ਉੱਤਮ ਮੰਨਿਆ ਗਿਆ ਹੈ। ਮਨੁੱਖ ਜਨਮ ਵਿੱਚ ਅਸੀਂ ਉਹ ਕੰਮ ਕਰ ਸਕਦੇ ਹਾਂ ਜੋ ਦੂਜੀਆਂ ਜੂਨੀਆਂ ਵਿੱਚ ਰਹਿ ਕੇ ਸੋਚ ਵੀ ਨਹੀਂ ਸਕਦੇ । ਇਸ ਮਨੁੱਖੀ ਜਾਮੇ ਵਿੱਚ ਮਨੁੱਖ ਨੇ ਬਹੁਤ ਵੱਡੀਆਂ ਪ੍ਰਾਪਤੀਆਂ ਕੀਤੀਆਂ ਹਨ ਅਤੇ ਅੱਗੇ ਵੀ ਕਰ ਰਿਹਾ ਹੈ। ਜਿੱਥੇ ਮਨੁੱਖ ਗਿਆਨਵਾਨ ਹੋ ਕੇ ਮਨੁੱਖਾਂ, ਜੀਵ ਜੰਤੂਆਂ, ਪਸ਼ੂ ਪੰਛੀਆਂ ਅਤੇ ਬਨਸਪਤੀ ਦੇ ਭਲੇ ਲਈ ਅਨੇਕਾਂ ਕਾਰਜ ਕਰ ਰਿਹਾ ਹੈ ਉੱਥੇ ਹੀ ਵਿਨਾਸ਼ਕਾਰੀ ਹਥਿਆਰ ਬਣਾ ਕੇ ਅਤੇ ਹੋਰ ਕਈ ਤਰ੍ਹਾਂ ਨਾਲ ਕੁਦਰਤ ਦੇ ਉਲਟ ਜਾ ਕੇ ਬਰਬਾਦੀ ਦੇ ਰਾਹ ਵੀ ਪਿਆ ਹੈ ਜੋ ਮਨੁੱਖਤਾ ਲਈ ਚੰਗਾ ਨਹੀਂ ਕਿਹਾ ਜਾ ਸਕਦਾ । ਜਿੱਥੇ ਮਨੁੱਖ ਖੋਜਕਾਰ, ਯੋਧੇ, ਸੂਰਵੀਰ, ਤਪੱਸਵੀ, ਦਾਨੀ, ਅਤੇ ਦੂਜਿਆਂ ਦੀ ਮਦਦ ਲਈ ਅਪਣਾ ਸਭ ਕੁੱਝ ਨਿਸ਼ਾਵਰ ਕਰਨ ਵਾਲੇ ਅਨੇਕਾਂ ਪੈਦਾ ਹੋਏ ਹਨ ਉੱਥੇ ਹੀ ਮਨੁੱਖ ਪਦਾਰਥਵਾਦੀ ਹੋ ਕੇ ਸਿਰਫ਼ ਪਦਾਰਥਾਂ ਦੀ ਦੌੜ ਵਿੱਚ ਇਨਾਂ ਗ਼ਲਤਾਨ ਹੋਇਆ ਹੈ ਕਿ ਉਸ ਨੂੰ ਆਪਣੇ ਇਸ ਅਨਮੋਲ ਜੀਵਨ ਨੂੰ ਜਿਊਣ ਦਾ ਸਹੀ ਢੰਗ ਵੀ ਨਹੀਂ ਆਇਆ ਅਤੇ ਮਨੁੱਖ ਪਦਾਰਥਵਾਦ ਦੇ ਪਿੱਛੇ ਆਪਣੀਆਂ ਛੋਟੀਆਂ ਛੋਟੀਆਂ ਖੁਸ਼ੀਆਂ ਤੋਂ ਵੀ ਵਾਂਝਾਂ ਰਹਿ ਗਿਆ ਹੈ। ਅਤੇ ਕੁੱਝ ਮਨੁੱਖ ਚਿਰਾਂ ਤੋਂ ਚੱਲ ਰਹੀ ਸਮਾਜਿਕ ਅਤੇ ਰਾਜਨੀਤਕ ਕਾਣੀ ਵੰਡ ਕਾਰਨ ਆਪਣੀਆਂ ਛੋਟੀਆਂ ਛੋਟੀਆਂ ਖੁਆਇਸਾ ਵੀ ਪੂਰੀਆਂ ਨਹੀਂ ਕਰ ਸਕਦੇ ਅਤੇ ਉਹ ਆਪਣੀਆਂ ਖੁਆਇਸਾ ? ਨੂੰ ਮਨ ਵਿੱਚ ਲੈ ਕੇ ਹੀ ਦੁਨੀਆਂ ਤੋਂ ਰੁਖ਼ਸਤ ਹੋ ਜਾਂਦੇ ਹਨ ਜਿਸ ਦੀ ਮੈਂ ਇਥੇ ਇੱਕ ਵੱਡਮੁੱਲੀ ਉਦਾਹਰਣ ਦੇ ਰਿਹਾ ਹਾਂ ਜੋ ਕਿ ਇਸ ਤਰ੍ਹਾਂ ਹੈ।

ਮੈਂ ਅਤੇ ਮੇਰਾ ਦੋਸਤ ਗੀਤਾ ਨਨਕਾਣਾ ਸਾਹਿਬ (ਪਾਕਿਸਤਾਨ) ਜਾ ਕੇ ਕਿਰਾਏ ਦੇ ਮਕਾਨ ਵਿੱਚ ਰਹਿੰਦੇ ਹਾਂ ਅਤੇ ਕੰਮ ਕਾਰ ਕਰਦੇ ਹੋਏ ਸਮਾਂ ਬੀਤ ਦਾ ਗਿਆ । ਇੱਕ ਦਿਨ ਕੀ ਹੋਇਆ ਕੰਮ ਤੋਂ ਛੁੱਟੀ ਹੋਣ ਕਰਕੇ ਅਸੀਂ ਦੋਵੇਂ ਦੋਸਤ ਅਪਣੇ ਮਕਾਨ ਦੇ ਵਿਹੜੇ ਵਿੱਚ ਬੈਠੇ ਗੱਲਾਂ ਬਾਤਾਂ ਕਰ ਰਹੇ ਸਾਂ ਕਿ ਮੈ ਗੀਤੇ ਨੂੰ ਕਿਹਾ ਕਿ ਯਾਰ ਤੂੰ ਬੈਠ ਮੈਂ ਅੰਦਰ ਕਮਰੇ ਦੀ ਸਫ਼ਾਈ ਕਰਦਾ ਹਾਂ ਨਾਲੇ ਛੱਤ ਤੇ ਜਾਲ਼ੇ ਵਗੈਰਾ ਲੱਗੇ ਹਨ ਮੈਂ ਉਹ ਵੀ ਝਾੜ ਦਿੰਦਾ ਹਾਂ ਜਿਓਂ ਹੀ ਮੈਂ ਝਾੜੂ ਵਿੱਚ ਲੰਮਾਂ ਜਿਹਾ ਡੰਡਾ ਫਸਾ ਕੇ ਜਾਲੇ ਸਾਫ਼ ਕਰਨ ਲਈ ਛੱਤ ਵੱਲ ਨੂੰ ਝਾਕਿਆ ਤਾਂ ਉਪਰ ਛੱਤ ਦੇ ਸ਼ਤੀਰ ਤੇ ਮੈਨੂੰ ਸੱਪ ਦਿਖਾਈ ਦਿੱਤਾ ਜਿਸ ਦੀ ਪੂਛ ਹੇਠਾਂ ਨੂੰ ਲਮਕ ਰਹੀ ਸੀ ਮੈਂ ਫਟਾਫਟ ਡੰਡੇ ਵਿੱਚੋਂ ਝਾੜੂ ਕੱਢਿਆ ਅਤੇ ਡੰਡੇ ਨਾਲ ਉਸ ਦੀ ਪੂਛ ਤੇ ਹਲਕਾ ਜਿਹਾ ਮਾਰਦੇ ਹੋਏ ਆਵਾਜ਼ ਦਿੱਤੀ। ਓ ਬਾਈ ਗੀਤੇ ਅਪਣੀ ਛੱਤ ਤੇ ਸੱਪ ਬਾਈ ਛੇਤੀ ਆ। ਮੇਰੀ ਆਵਾਜ਼ ਸੁਣ ਕੇ ਗੀਤਾ ਵੀ ਅੰਦਰ ਆ ਗਿਆ ਏਨੇ ਨੂੰ ਮੈਂ ਸੱਪ ਨੂੰ ਹੇਠਾਂ ਸੁੱਟ ਲਿਆ ਅਤੇ ਮਧੋਲ਼ ਜੇ ਦਿੱਤਾ। ਗੀਤਾ ਜਲਦੀ ਜਲਦੀ ਬੋਲਿਆ, ਨਾ ਯਾਰ ਇਹਨੂੰ ਮਾਰੀਂ ਨਾ ਅਸੀਂ ਉਸ ਨੂੰ ਡੰਡੇ ਨਾਲ ਚੱਕ ਕੇ ਬਾਹਰ ਵਿਹੜੇ ਵਿੱਚ ਲੈ ਆਏ ਅਤੇ ਉਸ ਬਾਰੇ ਹੀ ਗੱਲਾਂ ਕਰਨ ਲੱਗੇ ਕਿ ਯਾਰ ਜੇ ਨਾ ਪਤਾ ਲਗਦਾ ਤਾਂ ਵੇਲੇ ਕੁਵੇਲੇ ਆਪਣੇ ਡੰਗ ਵੀ ਮਾਰ ਸਕਦਾ ਸੀ ਅਤੇ ਨੁਕਸਾਨ ਹੋ ਸਕਦਾ ਸੀ ਜਿਸ ਤੋਂ ਆਪਾਂ ਬਚ ਗਏ। ਗੀਤਾ ਉਸ ਨੂੰ ਡੰਡੇ ਨਾਲ ਐਧਰ ਉਧਰ ਹਿਲਾਉਣ ਲੱਗ ਪਿਆ। ਕਿਉਂਕਿ ਉਹ ਜ਼ਖ਼ਮੀ ਹੋਣ ਕਾਰਨ ਭੱਜ ਨਹੀਂ ਸੀ ਸਕਦਾ ।ਮੈਂ ਫੇਰ ਅੰਦਰ ਜਾ ਕੇ ਸਫ਼ਾਈ ਕਰਨ ਲੱਗਾ ਪਿਆ ਅਤੇ ਕੁੱਝ ਮਿੰਟਾਂ ਬਾਅਦ ਹੀ ਮੈਨੂੰ ਬਾਹਰੋਂ ਕਿਸੇ ਦੇ ਗੱਲਾਂ ਕਰਨ ਦੀ ਆਵਾਜ਼ ਆਈ ਤਾਂ ਮੈਂ ਬਾਹਰ ਆ ਕੇ ਦੇਖਿਆ ਕਿ ਮੇਰਾ ਦੋਸਤ ਗੀਤਾ ਇੱਕ ਬਹੁਤ ਹੀ ਸੋਹਣੀ ਸੁਨੱਖੀ ਖ਼ੂਬਸੂਰਤ ਮੁਟਿਆਰ ਕੁੜੀ ਨਾਲ਼ ਗੱਲਾਂ ਕਰ ਰਿਹਾ ਸੀ ਮੈਂ ਹੈਰਾਨ ਜਿਹਾ ਹੋ ਕੇ ਪੁੱਛਿਆ ਕਿ ਇਹ ਕੁੜੀ ਕੌਣ ਹੈ ? ਤਾਂ ਗੀਤਾ ਬੋਲਿਆ, ਯਾਰ ਇਹ ਉਹੀ ਸੱਪ ਹੈ ਜਿਸ ਨੂੰ ਤੂੰ ਛੱਤ ਤੋਂ ਥੱਲੇ ਸੁੱਟਿਆ ਸੀ ਜੋ ਕਿ ਇੱਕ ਸਪਣੀ ਸੀ ਅਤੇ ਇਸ ਨੇ ਲੜਕੀ ਦਾ ਰੂਪ ਧਾਰ ਲਿਆ ਹੈ ਅਤੇ ਹੁਣ ਮੇਰੇ ਨਾਲ ਗੱਲਾਂ ਕਰ ਰਹੀ ਹੈ, ਮੈਂ ਕੁੱਝ ਹੈਰਾਨ ਜਿਹਾ ਹੋ ਕੇ ਜਲਦੀ ਜਲਦੀ ਉਸ ਕੁੜੀ ਨੂੰ ਮੁਖ਼ਾਤਿਬ ਹੋ ਕੇ ਕਿਹਾ, ਕਿ ਮੈਂ ਵੀ ਤੇਰੇ ਨਾਲ ਗੱਲ ਬਾਤ ਕਰ ਸਕਦਾ ਹਾਂ? ਤਾਂ ਉਹ ਬੋਲੀ, ਹਾਂ ਹਾਂ ਜੀ ਜਰੂਰ ਦਸੋ ਕੀ ਕਹਿਣਾ ਚਾਹੁੰਦੇ ਹੋ।

ਫਿਰ ਮੈਂ ਉਸਨੂੰ ਕਿਹਾ ਕਿ ਤੂੰ ਇੰਨੀ ਸੋਹਣੀ ਸੁਨੱਖੀ ਮੁਟਿਆਰ ਕੁੜੀ ਹੈਂ ਪਰ ਤੂੰ ਸੱਪਣੀ ਕਿਵੇਂ ਬਣ ਗਈ? ਤਾਂ ਉਹ ਬੋਲੀ ਤੇ ਉਸ ਨੇਕਿਹਾ ਕਿ ਜੇ ਤੂੰ ਮੇਰੇ ਬਾਰੇ ਜਾਨਣਾ ਹੀ ਚਾਹੁੰਦਾ ਹੈਂ ਤਾਂ ਫਿਰ ਧਿਆਨ ਨਾਲ ਸੁਣ ਅਤੇ ਉਸ ਨੇ ਮੈਨੂੰ ਆਪਣੇ ਬਾਰੇ ਦੱਸਣਾ ਸ਼ੁਰੂ ਕੀਤਾ ਕਿ, ਮੇਰਾ ਜਨਮ ਲਹੌਰ ਸ਼ਹਿਰ ਦੇ ਗ਼ਰੀਬ ਪਰਿਵਾਰ ਵਿੱਚ ਹੋਇਆ, ਮੈਨੂੰ ਬਚਪਨ ਤੋਂ ਹੀ ਨਨਕਾਣਾ ਸਾਹਿਬ ਜੀ ਦੇ ਦਰਸ਼ਨ ਕਰਨ ਦੀ ਤਾਂਘ ਰਹਿੰਦੀ ਸੀ, ਪਰ ਘਰ ਦੇ ਆਰਥਿਕ ਹਾਲਾਤ ਚੰਗੇ ਨਾ ਹੋਣ ਕਾਰਨ ਮੈਂ ਆਪਣੇ ਮਾਂ ਬਾਪ ਨੂੰ ਨਹੀਂ ਕਹਿੰਦੀ ਸੀ ਅਤੇ ਮੈਨੂੰ ਸਕੂਲ ਜਾਣ ਵੇਲੇ ਜੇ ਕਿਤੇ ਕੋਈ ਜੇਬ ਖਰਚ ਮਿਲਦਾ ਸੀ ਤਾਂ ਮੈਂ ਉਹ ਪੈਸੇ ਮੈਂ ਸਾਂਭ ਲੈਂਦੀ ਕਿ ਨਨਕਾਣਾ ਸਾਹਿਬ ਦਰਸ਼ਨ ਕਰਨ ਜ਼ਰੂਰ ਜਾਵਾਂਗੀ, ਅਤੇ ਹੌਲੀ ਹੌਲੀ ਘਰ ਦੇ ਹਾਲਾਤ ਕੁੱਝ ਸੁਧਰਨ ਲੱਗੇ ਤੇ ਮੈਂ ਸਕੂਲ ਦੀ ਪੜ੍ਹਾਈ ਖ਼ਤਮ ਕਰਕੇ ਕਾਲਜ ਜਾਣ ਲੱਗੀ ਪਰ ਮੇਰੇ ਮਨ ਵਿੱਚ ਨਨਕਾਣਾ ਸਾਹਿਬ ਦੇ ਦਰਸ਼ਨਾ ਦੀ ਤਾਂਘ ਹਮੇਸ਼ਾਂ ਬਣੀ ਰਹੀ ਅਤੇ ਮੈਂ ਝਿਝਕਦੀ ਹੋਈ ਮਾਪਿਆਂ ਨੂੰ ਨਾ ਦਸਦੀ ਜਦੋਂ ਵੀ ਸਾਡੇ ਕੋਈ ਰਿਸ਼ਤੇਦਾਰ ਮਿਲਣ ਆਉਂਦੇ ਅਤੇ ਉਹ ਮੈਨੂੰ ਪਿਆਰ ਨਾਲ ਖਰਚਣ ਲਈ ਪੈਸੇ ਦੇ ਜਾਂਦੇ ਤਾਂ ਮੈਂ ਉਹ ਵੀ ਸਾਂਭ ਲੈਂਦੀ ਕਿ ਇਹ ਮੇਰੇ ਨਨਕਾਣਾ ਸਾਹਿਬ ਦੇ ਦਰਸ਼ਨਾਂ ਲਈ ਜਾਣ ਦੇ ਸਮੇਂ ਕੰਮ ਆਉਣਗੇ। ਇੱਕ ਦਿਨ ਕੀ ਹੋਇਆ ਕਿ ਅਸੀਂ ਸਾਰਾ ਪਰਿਵਾਰ ਇਕੱਠੇ ਕਿਸੇ ਰਿਸ਼ਤੇਦਾਰੀ ਵਿੱਚ ਵਿਆਹ ਤੇ ਜਾ ਰਹੇ ਸੀ ਤਾਂ ਰਸਤੇ ਵਿੱਚ ਅਚਾਨਕ ਸਾਡਾ ਐਕਸੀਡੈਂਟ ਹੋ ਗਿਆ ਅਤੇ ਐਕਸੀਡੈਂਟ ਇਨ੍ਹਾਂ ਭਿਆਨਕ ਸੀ ਕਿ ਮੇਰੇ ਸਮੇਤ ਸਾਰੇ ਪਰਿਵਾਰ ਦੀ ਮੌਤ ਹੋ ਗਈ। ਦੂਜਿਆਂ ਦਾ ਤਾਂ ਮੈਨੂੰ ਪਤਾ ਨਹੀਂ ਪਰ ਮੈਂ ਨਨਕਾਣਾ ਸਾਹਿਬ ਸੱਪਣੀ ਦੀ ਜੂਨ ਵਿੱਚ ਜਨਮ ਲੈ ਲਿਆ ਅਤੇ ਹੁਣ ਮੈਂ ਬਹੁਤ ਸਾਲਾਂ ਤੋਂ ਇਸੇ ਜੂਨ ਵਿੱਚ ਇਥੇ ਰਹਿ ਰਹੀ ਹਾਂ ਅਤੇ ਮੇਰੀ ਨਨਕਾਣਾ ਸਾਹਿਬ ਦੇ ਦਰਸ਼ਨ ਕਰਨ ਦੀ ਲਾਲਸਾ ਹੋਰ ਵਧ ਗਈ ਹੈ । ਹੁਣ ਜਦੋਂ ਵੀ ਮੈਂ ਸ੍ਰੀ ਗੁਰੂ ਨਾਨਕ ਜੀ ਦੇ ਜਨਮ ਅਸਥਾਨ ਵੱਲ ਨੂੰ ਜਾਂਦੀ ਹਾਂ ਤਾਂ ਮੇਰਾ ਸਰੀਰ ਸੱਪਣੀ ਦਾ ਹੋਣ ਕਰਕੇ ਮੈਨੂੰ ਲੋਕ ਸੋਟੀਆਂ ਨਾਲ਼ ਮਾਰਨ ਪੈਂਦੇ ਹਨ ਅਤੇ ਮੈਂ ਡਰ ਕੇ ਜਾਨ ਬਚਾਉਣ ਲਈ ਭੱਜਦੀ ਹਾਂ ਅਤੇ ਕਦੇ ਕਿਤੇ, ਕਦੇ ਕਿਤੇ ਲੁਕ ਛਿਪ ਕੇ ਦਿਨ ਕਟਦੀ ਹਾਂ ਅਤੇ ਮਨੁੱਖੀ ਸਰੀਰ ਦੀ ਅਮੁੱਲੀ ਕੀਮਤ ਦਾ ਮੈਨੂੰ ਹੁਣ ਪਤਾ ਲੱਗਿਆ ਹੈ ਕਿ ਇਹ ਇਹ ਕਿੰਨਾ ਦੁਰਲੱਭ ਹੈ।ਹੁਣ ਮੈਨੂੰ ਇਹ ਪਛਤਾਵਾ ਰਹਿੰਦਾ ਹੈ ਕਿ ਮੈਂ ਹਿੰਮਤ ਕਰਕੇ ਮਨੁੱਖੀ ਜਾਮੇ ਵਿੱਚ ਰਹਿੰਦੇ ਹੋਏ ਸ੍ਰੀ ਗੁਰੂ ਨਾਨਕ ਦੇ ਘਰ ਦੇ ਦਰਸ਼ਨ ਕਿਓਂ ਨਾ ਕਰ ਸਕੀ ਅਤੇ ਉਹ ਅੱਗੇ ਸਾਨੂੰ ਦੋਹਾਂ ਦੋਸਤਾਂ ਨੂੰ ਸੰਬੋਧਨ ਹੋ ਕੇ ਬੋਲੀ ਕਿ ਮਨੁੱਖ ਜਨਮ ਬੜਾ ਦੁਰਲੱਭ ਹੈ ਇਹ ਹਰ ਕਿਸੇ ਨੂੰ ਨਸੀਬ ਨਹੀਂ ਹੁੰਦਾ ਇਸ ਨੂੰ ਅਜਾਈਂ ਨਾ ਗੁਆਓ ਅਤੇ ਜਦੋਂ ਵੀ ਕਿਤੇ ਯਾਤਰਾ ਜਾਂ ਕਿਸੇ ਇਤਿਹਾਸਕ ਸਥਾਨ ਵਗੈਰਾ ਤੇ ਜਾਣ ਦਾ ਮਨ ਹੋਵੇ ਜਾਂ ਕੋਈ ਹੋਰ ਮਨ ਦੀ ਕਿਸੇ ਨਾਲ ਮੇਲ ਮਿਲਾਪ ਕਰਨ ਦੀ ਲਾਲਸਾ ਹੋਵੇ ਤਾਂ ਜਲਦੀ ਤੋਂ ਜਲਦੀ ਢੁੱਕਵੇਂ ਸਮੇਂ ਦੀ ਚੋਣ ਕਰਕੇ ਅਪਣੇ ਮਨ ਦੀ ਖੁਆਇਸ਼ ਪੂਰ ਕਰ ਲੈਣੀ ਚਾਹੀਦੀ ਹੈ । ਉਹ ਇਸ ਤੋਂ ਅੱਗੇ ਕੁੱਝ ਹੋਰ ਬੋਲਦੀ ਅਤੇ ਮੈਂ ਸੁਣਦਾ ਕਿ ਅਚਾਨਕ ਮੇਰੀ ਅੱਖ ਖੁੱਲ ਗਈ ਅਤੇ ਇਹ ਇੱਕ ਸੁਪਨਾ ਸੀ ।

ਮੈਂ ਅਪਣੇ ਕਮਰੇ ਵਿੱਚ ਬੈਡ ਤੇ ਬੈਠਾ ਸੋਚੀਂ ਪੈ ਗਿਆ ਕਿ ਅਸੀਂ ਬੇਸ਼ਕੀਮਤੀ ਮਨੁੱਖ ਜਨਮ ਨੂੰ ਅਜਾਈਂ ਕਿਓਂ ਗਵਾ ਰਹੇ ਹਾਂ ? ਅਤੇ ਵੱਧ ਤੋਂ ਵੱਧ ਪੈਸਾ ਕਮਾਉਣ ਦੇ ਚੱਕਰ ਵਿੱਚ ਅਤੇ ਪਦਾਰਥਵਾਦੀ ਹੋ ਕੇ ਅਪਣੀਆਂ ਖੁਸ਼ੀਆਂ ਨੂੰ ਦਬਾ ਰਹੇ ਹਾਂ ਅਤੇ ਉਸ ਸੱਪਣੀ ਵਾਂਗ ਪਤਾ ਨਹੀਂ ਕਦੋਂ ਆਖ਼ਰੀ ਸਮਾਂ ਆ ਜਾਵੇ ਅਤੇ ਮਨ ਦੀਆਂ ਮਨ ਵਿੱਚ ਹੀ ਰਹਿ ਜਾਣ ਅਤੇ ਅਸੀਂ ਭਟਕਦੇ ਰਹਿ ਜਾਈਏ ਸੋ ਮਨੁੱਖ ਜਨਮ ਦੁਰਲੱਭ ਹੈ ਅਤੇ ਇਸ ਨੂੰ ਅਜਾਈਂ ਨਹੀਂ ਗਵਾਉਣਾ ਚਾਹੀਦਾ।

**# ਸੰਪਰਕ : 94174-04804**

# ਮਹਾਤਮਾ ਗਾਂਧੀ ਦਾ ਆਜ਼ਾਦੀ ਲਈ ਸੰਘਰਸ਼ ਅਤੇ ਹਿੰਦੂ-ਮੁਸਲਿਮ ਏਕਤਾ

ਗੁਰਪ੍ਰੀਤ

ਮਹਾਤਮਾ ਗਾਂਧੀ, ਜਿਸ ਨੂੰ ਰਾਸ਼ਟਰ ਪਿਤਾ ਦੇ ਨਾਂਅ ਨਾਲ ਜਾਣਿਆ ਜਾਂਦਾ ਹੈ, ਉਨ੍ਹਾਂ ਦਾ ਅੱਜ ਜਨਮ ਦਿਨ ਹੈ। ਮਹਾਤਮਾ ਗਾਂਧੀ ਦਾ ਜਨਮ 2 ਅਕਤੂਬਰ 1869 ਵਿੱਚ ਗੁਜਰਾਤ ਦੇ ਪੋਰਬੰਦਰ ਵਿਖੇ ਹੋਇਆ। ਉਨ੍ਹਾ ਦਾ ਅਸਲ ਨਾਂਅ ਮੋਹਨਦਾਸ ਕਰਮਚੰਦ ਗਾਂਧੀ ਸੀ। ਮਹਾਤਮਾ ਗਾਂਧੀ ਦੇ ਪਿਤਾ ਕਰਮਚੰਦ ਗਾਂਧੀ ਹਿੰਦੂ ਮੱਧ ਵਰਗ ਵਿੱਚੋਂ ਸਨ।

ਮਹਾਤਮਾ ਗਾਂਧੀ ਨੇ ਆਪਣੇ ਜੀਵਨ ਦੌਰਾਨ ਅਹਿੰਸਾ ਦਾ ਪ੍ਰਚਾਰ ਕੀਤਾ ਅਤੇ ਲੋਕਾਂ ਨੂੰ ਹਮੇਸ਼ਾ ਅਹਿੰਸਾ ਦੇ ਮਾਰਗ 'ਤੇ ਚੱਲਣ ਲਈ ਕਿਹਾ। ਉਨ੍ਹਾਂ ਦੇ ਆਪਣੇ ਜੀਵਨ ਦੌਰਾਨ ਕੀਤੇ ਕੰਮਾਂ ਦੀ ਚਰਚਾ ਭਾਰਤ ਵਿੱਚ ਹੀ ਨਹੀਂ ਸਗੋਂ ਹੋਰ ਦੇਸ਼ਾਂ ਵਿੱਚ ਵੀ ਹੁੰਦੀ ਹੈ, ਇਸੇ ਕਰਕੇ 2 ਅਕਤੂਬਰ ਨੂੰ ਪੂਰੀ ਦੁਨੀਆ ਵਿੱਚ ਅੰਤਰਰਾਸ਼ਟਰੀ ਅਹਿੰਸਾ ਦਿਵਸ ਵਜੋਂ ਮਨਾਇਆ ਜਾਂਦਾ ਹੈ।

ਜਦੋਂ 1947 ਵਿੱਚ ਭਾਰਤ ਅਤੇ ਪਾਕਿਸਤਾਨ ਦੋ ਮੁਲਕ ਬਣੇ । ਹਾਲਾਂਕਿ ਭਾਰਤ 'ਚੋਂ ਹੀ ਪਾਕਿਸਤਾਨ ਮੁਲਕ ਬਣਾਇਆ ਗਿਆ ਸੀ। ਪਾਕਿਸਤਾਨ ਨੂੰ ਉਸ ਵੇਲੇ ਇਸਲਾਮਿਕ ਸਟੇਟ ਵਜੋਂ ਨਾਂਅ ਦਿੱਤਾ ਗਿਆ। ਜਦੋਂ ਇੱਕ ਪਾਸੇ ਵੱਡੇ ਲੀਡਰ ਅਤੇ ਅਮੀਰ ਲੋਕ ਆਜ਼ਾਦੀ ਦੇ ਜਸ਼ਨ ਮਨਾ ਰਹੇ ਸਨ ਤਾਂ, ਉਦੋਂ ਦੂਜੇ ਪਾਸੇ ਆਮ ਵਰਗ, ਹਿੰਦੂ-ਮੁਸਲਿਮ ਦੇ ਨਾਂਅ 'ਤੇ ਲੜ ਰਿਹਾ ਸੀ। ਖ਼ੈਰ, ਇਹ ਲੜਾਈ ਆਜ਼ਾਦੀ ਦੇ 77 ਸਾਲਾਂ ਬਾਅਦ ਵੀ ਦੋਵਾਂ ਮੁਲਕਾਂ ਦਰਮਿਆਨ ਜਾਰੀ ਹੈ। ਰੋਜ਼ਾਨਾ ਹੀ ਧਰਮ ਦੇ ਨਾਂਅ 'ਤੇ ਦੰਗਿਆਂ ਦੀਆਂ ਸੂਚਨਾਵਾਂ ਮਿਲਦੀਆਂ ਹਨ। ਗਾਂਧੀ ਜੀ, ਇਨ੍ਹਾਂ ਦੰਗਿਆਂ ਦੇ ਖਿਲਾਫ਼ ਸਨ ਅਤੇ ਉਨ੍ਹਾਂ ਨੇ ਆਪਣੇ ਸਮੇਂ ਦੌਰਾਨ ਧਰਮ ਦੇ ਨਾਂਅ 'ਤੇ ਹੁੰਦੀਆਂ ਲੜਾਈਆਂ ਨੂੰ ਠੱਲ੍ਹ ਪਾਉਣ ਲਈ ਸਭਨਾਂ ਧਰਮਾਂ ਦੇ ਲੋਕਾਂ ਨੂੰ ਮਿਲ-ਜੁਲ ਕੇ ਰਹਿਣ ਅਤੇ ਆਪਣੇ ਹੱਕਾਂ ਲਈ ਸੰਘਰਸ਼ ਕਰਨ ਦੀ ਸਲਾਹ ਦਿੱਤੀ, ਪਰ ਇਸ ਦੇ ਉਲਟ ਅੱਜ ਵੀ ਤਕਰੀਬਨ ਹਰ ਦਿਨ ਕਿਸੇ ਨਾ ਕਿਸੇ ਸੂਬੇ ਵਿੱਚ ਘੱਟ-ਗਿਣਤੀਆਂ 'ਤੇ ਅੱਤਿਆਚਾਰ ਦੀਆਂ ਖ਼ਬਰਾਂ ਮਿਲਦੀਆਂ ਰਹਿੰਦੀਆਂ ਹਨ। ਗਾਂਧੀ ਦਾ ਸੰਦੇਸ਼ ਜਿਹੜਾ ਹਿੰਦੂ-ਮੁਸਲਿਮ ਏਕਤਾ ਬਾਰੇ ਸੀ, ਖਿਲਾਫ਼ ਜਾ ਕੇ ਬਹੁਤ ਸਾਰੇ ਨੇਤਾ ਵੀ ਸਮਾਜ ਨੂੰ ਵੰਡਣ ਵਾਲੇ ਬਿਆਨ ਦਿੰਦੇ ਹਨ। ਹਾਲਾਂਕਿ, ਪੁਲਸ ਵੱਲੋਂ ਉਕਤ ਨੇਤਾਵਾਂ 'ਤੇ ਕੇਸ ਵੀ ਦਰਜ ਹੁੰਦੇ ਹਨ, ਪਰ ਬਾਵਜੂਦ ਇਸ ਦੇ ਕੋਈ ਢੁਕਵੀਂ ਕਾਰਵਾਈ ਨਹੀਂ ਹੁੰਦੀ।



ਮਹਾਤਮਾ ਗਾਂਧੀ ਨੂੰ ਪੰਜ ਵਾਰ ਨੋਬਲ ਪੁਰਸਕਾਰ ਲਈ ਨਾਮਜ਼ਦ ਕੀਤਾ ਗਿਆ। ਵਿਦੇਸ਼ਾਂ ਵਿੱਚ ਜਾ ਕੇ ਲੋਕਾਂ ਨੂੰ ਅਹਿੰਸਾ ਦਾ ਪਾਠ ਪੜ੍ਹਾਉਣ ਵਾਲੇ ਮਹਾਤਮਾ ਗਾਂਧੀ ਬਚਪਨ ਵਿੱਚ ਬਹੁਤ ਸ਼ਾਂਤ ਸੁਭਾਅ ਦੇ ਸਨ 1930 ਵਿੱਚ ਮਹਾਤਮਾ ਗਾਂਧੀ ਨੂੰ ਟਾਈਮਜ਼ ਮੈਗਜ਼ੀਨ ਦੇ 'ਪਰਸਨ ਆਫ ਦਿ ਈਅਰ' ਵਿੱਚ ਸ਼ਾਮਲ ਕੀਤਾ ਗਿਆ ਸੀ। ਗਾਂਧੀ ਜੀ ਨੂੰ ਬਾਪੂ ਨਾਂਅ ਬਿਹਾਰ ਦੇ ਚੰਪਾਰਨ ਜ਼ਿਲ੍ਹੇ ਦੇ ਇੱਕ ਕਿਸਾਨ ਨੇ ਦਿੱਤਾ ਸੀ। ਬਾਪੂ ਨੇ ਬਿਹਾਰ ਦੇ ਚੰਪਾਰਨ ਵਿੱਚ ਅੰਗਰੇਜ਼ਾਂ ਵੱਲੋਂ ਕਿਸਾਨਾਂ 'ਤੇ ਕੀਤੇ ਜਾ ਰਹੇ ਅੱਤਿਆਚਾਰਾਂ ਵਿਰੁੱਧ ਆਵਾਜ਼ ਉਠਾਈ ਸੀ।

ਗਾਂਧੀ ਜੀ ਨੇ ਬਿਹਾਰ ਦੇ ਚੰਪਾਰਨ ਤੋਂ ਭਾਰਤੀਆਂ ਨੂੰ ਅੰਗਰੇਜ਼ਾਂ ਦੇ ਅੱਤਿਆਚਾਰਾਂ ਤੋਂ ਬਚਾਉਣ ਲਈ ਲੜਾਈ ਸ਼ੁਰੂ ਕੀਤੀ ਸੀ। ਗਾਂਧੀ ਨੇ ਜਿੱਥੇ ਆਪਣੇ ਜੀਵਨ ਦੌਰਾਨ ਭਾਰਤ ਦੀ ਆਜ਼ਾਦੀ ਲਈ ਲੰਮਾ ਸੰਘਰਸ਼ ਲੜਿਆ, ਉੱਥੇ ਹੀ ਭਾਰਤ ਨੂੰ ਆਜ਼ਾਦੀ ਦਿਵਾਉਣ ਲਈ ਉਨ੍ਹਾਂ ਨੇ ਅੱਗੇ ਵਧ ਕੇ ਯੋਗਦਾਨ ਪਾਇਆ। ਬੇਸ਼ੱਕ ਭਾਰਤ ਦੀ ਆਜ਼ਾਦੀ ਵੇਲੇ ਬਹੁਤ ਸਾਰੇ ਲੋਕ ਹਿੰਸਾ ਕਰਕੇ, ਅੰਗਰੇਜ਼ਾਂ ਕੋਲੋਂ ਭਾਰਤ ਨੂੰ ਆਜ਼ਾਦ ਕਰਵਾਉਣਾ ਚਾਹੁੰਦੇ ਸਨ, ਪਰ ਮਹਾਤਮਾ ਗਾਂਧੀ ਨੇ ਅਹਿੰਸਾ ਦੇ ਮਾਰਗ 'ਤੇ ਚੱਲ ਕੇ ਭਾਰਤ ਦੀ ਆਜ਼ਾਦੀ ਦੀ ਪ੍ਰਾਪਤੀ ਵਿੱਚ ਆਪਣਾ ਅਹਿਮ ਯੋਗਦਾਨ ਪਾਇਆ। ਮਹਾਤਮਾ ਗਾਂਧੀ ਨੇ ਜਿੱਥੇ ਆਜ਼ਾਦੀ ਦੀ ਲੜਾਈ ਵਿੱਚ ਆਪਣਾ ਅਹਿਮ ਯੋਗਦਾਨ ਪਾਇਆ, ਉਥੇ ਹੀ ਉਨ੍ਹਾਂ ਨੇ ਆਪਣੀ ਮੁਢਲੀ ਪੜ੍ਹਾਈ ਇੰਗਲੈਂਡ ਵਿੱਚ ਰਹਿ ਕੇ ਕੀਤੀ ਅਤੇ ਪੜ੍ਹਾਈ ਪੂਰੀ ਕਰਨ ਤੋਂ ਬਾਅਦ ਉਹ ਵਤਨ (ਭਾਰਤ) ਪਰਤੇ।

ਇਸ ਤੋਂ ਬਾਅਦ ਗਾਂਧੀ ਨੇ ਦੱਖਣੀ ਅਫ਼ਰੀਕਾ ਦੀ ਯਾਤਰਾ ਕੀਤੀ ਅਤੇ ਪ੍ਰਵਾਸੀ ਅਧਿਕਾਰਾਂ ਦੀ ਰੱਖਿਆ ਲਈ ਉੱਥੇ ਸੱਤਿਆਗ੍ਰਹਿ ਕੀਤਾ। ਮਹਾਤਮਾ ਗਾਂਧੀ ਨੇ ਬ੍ਰਿਟਿਸ਼ ਸ਼ਾਸਨ ਤੋਂ ਭਾਰਤ ਨੂੰ ਆਜ਼ਾਦ ਕਰਵਾਉਣ ਦੇ ਸੰਘਰਸ਼ ਵਿੱਚ ਕੇਂਦਰੀ ਭੂਮਿਕਾ ਨਿਭਾਈ। ਉਨ੍ਹਾਂ ਦਾ ਵਿਸ਼ਵਾਸ ਸੀ ਕਿ ਹਿੰਸਾ ਦੁਆਰਾ ਕਿਸੇ ਵੀ ਸਮਾਜਕ ਜਾਂ ਰਾਜਨੀਤਿਕ ਪਰਿਵਰਤਨ ਨੂੰ ਲਿਆਉਣ ਦਾ ਰਾਹ ਠੀਕ ਨਹੀਂ। ਇਸ ਕਰਕੇ ਗਾਂਧੀ ਨੇ ਅਹਿੰਸਾ ਨੂੰ ਆਪਣਾ ਮੁੱਖ ਹਥਿਆਰ ਬਣਾਇਆ। ਸਵੈ-ਸ਼ਾਸਨ ਅਤੇ ਸਵਾਧੀਨਤਾ ਲਈ ਗਾਂਧੀ ਦੇ ਪ੍ਰਤੀਨਿਧਤਾ ਹੇਠ ਬਹੁਤ ਸਾਰੇ ਅਹਿੰਸਾਤਮਕ ਅੰਦੋਲਨ ਜਿਵੇਂ ਕਿ ਸਵਦੇਸ਼ੀ ਅੰਦੋਲਨ, ਨਮਕ ਸੱਤਿਆਗ੍ਰਹਿ ਅਤੇ ਅਸਹਿਯੋਗ ਅੰਦੋਲਨ ਸ਼ੁਰੂ ਕੀਤੇ ਗਏ, ਜਿਨ੍ਹਾਂ ਨੇ ਬ੍ਰਿਟਿਸ਼ ਹਕੂਮਤ 'ਤੇ ਬੇਹੱਦ ਅਸਰ ਕੀਤਾ।

ਅਹਿੰਸਾ ਦੇ ਰਾਹ ਦੀ ਉਨ੍ਹਾਂ ਦੀ ਨੀਤੀ ਨੇ ਦੁਨੀਆ ਦੇ ਹੋਰ ਕਈ ਮੁਲਕਾਂ ਦੇ ਲੀਡਰਾਂ ਨੂੰ ਵੀ ਪ੍ਰਭਾਵਿਤ ਕੀਤਾ, ਜਿਵੇਂ ਕਿ ਮਾਰਟਿਨ ਲੂਥਰ, ਕਿੰਗ ਜੂਨੀਅਰ ਅਤੇ ਨੈਲਸਨ ਮੰਡੇਲਾ, ਜਿਨ੍ਹਾਂ ਨੇ ਅਹਿੰਸਾ ਦੇ ਰਾਹ ਦੀ ਵਰਤੋਂ ਕੀਤੀ। ਮਹਾਤਮਾ ਗਾਂਧੀ ਨੇ ਬ੍ਰਿਟਿਸ਼ ਰਾਜ ਤੋਂ ਆਜ਼ਾਦੀ ਲਈ ਕਈ ਮਹੱਤਵਪੂਰਨ ਅੰਦੋਲਨਾਂ ਦੀ ਅਗਵਾਈ ਕੀਤੀ, ਜਿਨ੍ਹਾਂ ਵਿੱਚ ਸੱਤਿਆਗ੍ਰਹਿ, ਖ਼ਿਲਾਫ਼ਤ ਅੰਦੋਲਨ, ਨਮਕ ਸੱਤਿਆਗ੍ਰਹਿ ਅਤੇ ਡਾਂਡੀ ਮਾਰਚ ਸ਼ਾਮਲ ਸਨ। ਸੱਤਿਆਗ੍ਰਹਿ ਦਾ ਅਰਥ ਹੈ "ਸੱਚ ਲਈ ਸੰਘਰਸ਼", ਜੋ ਅਹਿੰਸਾ ਦੇ ਸਿਧਾਂਤ 'ਤੇ ਅਧਾਰਤ ਸੀ। ਗਾਂਧੀ ਨੇ ਸੱਤਿਆਗ੍ਰਹਿ ਨੂੰ ਬ੍ਰਿਟਿਸ਼ ਹਕੂਮਤ ਵਿਰੁੱਧ ਇੱਕ ਅਹਿੰਸਾਤਮਕ ਹਥਿਆਰ ਵਜੋਂ ਵਰਤਿਆ। ਇਸ ਰਾਹੀ ਗਾਂਧੀ ਨੇ ਜਨਤਾ ਨੂੰ ਸ਼ਾਂਤਮਈ ਪ੍ਰਤੀਵਾਦ ਦੇ ਜ਼ਰੀਏ ਅਨਿਆਂ ਦੇ ਖ਼ਿਲਾਫ਼ ਖੜ੍ਹਾ ਹੋਣ ਲਈ ਪ੍ਰੇਰਿਤ ਕੀਤਾ।

ਖ਼ਿਲਾਫ਼ਤ ਅੰਦੋਲਨ ਮੁਸਲਮਾਨ ਭਾਈਚਾਰੇ ਦੀ ਮਦਦ ਲਈ ਸੀ, ਜਿਸ ਵਿੱਚ ਗਾਂਧੀ ਨੇ ਹਿੰਦੂ-ਮੁਸਲਿਮ ਏਕਤਾ ਦਾ ਸਿਧਾਂਤ ਅਪਣਾਇਆ। ਇਹ ਅੰਦੋਲਨ 1920 ਦੌਰਾਨ ਚਲਾ, ਜਦੋਂ ਟਰਕੀ ਦੇ ਖਿਲਾਫ ਸਥਿਤੀ ਸੰਕਟ ਵਿੱਚ ਆਈ ਸੀ, ਗਾਂਧੀ ਨੇ ਇਸ ਅੰਦੋਲਨ ਦਾ ਸਾਥ ਦਿੰਦਿਆਂ ਅਸਹਿਯੋਗ ਅੰਦੋਲਨ ਦਾ ਪ੍ਰਚਾਰ ਵੀ ਕੀਤਾ। 1930 ਵਿੱਚ ਗਾਂਧੀ ਨੇ ਨਮਕ 'ਤੇ ਬ੍ਰਿਟਿਸ਼ ਰਾਜ ਦੇ ਟੈਕਸ ਦਾ ਵਿਰੋਧ ਕਰਨ ਲਈ ਡਾਂਡੀ ਮਾਰਚ ਦੀ ਸ਼ੁਰੂਆਤ ਕੀਤੀ। ਉਹ 24 ਦਿਨਾਂ ਦੀ ਇਸ ਯਾਤਰਾ ਦੌਰਾਨ ਸਥਾਨਕ ਲੋਕਾਂ ਨਾਲ ਮਿਲਦੇ ਗਏ ਅਤੇ ਬ੍ਰਿਟਿਸ਼ ਹਕੂਮਤ ਦੇ ਕਾਨੂੰਨਾਂ ਦਾ ਅਹਿੰਸਕ ਤੌਰ 'ਤੇ ਉਲੰਘਣ ਕੀਤਾ। ਇਹ ਮਾਰਚ ਆਜ਼ਾਦੀ ਸੰਘਰਸ਼ ਵਿੱਚ ਇੱਕ ਮੋੜ ਵਜੋਂ ਮੰਨਿਆ ਜਾਂਦਾ ਹੈ।

ਇਹ ਅੰਦੋਲਨ ਗਾਂਧੀ ਦੇ ਅਹਿੰਸਕ ਪ੍ਰਤੀਵਾਦ ਦੀ ਵਿਰਾਸਤ ਨੂੰ ਦਰਸਾਉਂਦੇ ਹਨ, ਜਿਸ ਨੇ ਭਾਰਤ ਵਿੱਚ ਬ੍ਰਿਟਿਸ਼ ਰਾਜ ਖਿਲਾਫ ਆਜ਼ਾਦੀ ਦੀ ਲਹਿਰ ਨੂੰ ਹੋਰ ਅੱਗੇ ਵਧਾਇਆ। ਭਾਰਤ ਦੀ ਆਜ਼ਾਦੀ ਤੋਂ ਬਾਅਦ, ਮਹਾਤਮਾ ਗਾਂਧੀ ਨੇ ਸਮਾਜਿਕ ਅਤੇ ਆਰਥਿਕ ਸੁਧਾਰਾਂ ਵੱਲ ਧਿਆਨ ਦਿੱਤਾ। ਉਨ੍ਹਾਂ ਦਾ ਮਕਸਦ ਇੱਕ ਨਵੇਂ ਭਾਰਤ ਦੀ ਰਚਨਾ ਸੀ, ਜਿੱਥੇ ਹਰੇਕ ਨਾਗਰਿਕ ਸਮਾਨ ਹੋਵੇ। ਗਾਂਧੀ ਜੀ ਨੇ ਹਿੰਦੂਆਂ ਅਤੇ ਮੁਸਲਿਮਾਂ ਵਿਚਕਾਰ ਵਧ ਰਹੀ ਖਟਾਸ ਨੂੰ ਘਟਾਉਣ ਲਈ ਅਹਿੰਸਕ ਰਾਹ ਅਪਣਾਇਆ। ਉਨ੍ਹਾਂ ਨੇ ਕਈ ਵਾਰ ਦੰਗਿਆਂ ਨੂੰ ਰੋਕਣ ਲਈ ਮਰਨ ਵਰਤ ਵੀ ਕੀਤੇ ਅਤੇ ਜ਼ੋਰ ਦਿੱਤਾ ਕਿ ਸਭ ਧਰਮਾਂ ਦੇ ਲੋਕਾਂ ਨੂੰ ਮਿਲ ਕੇ ਰਹਿਣਾ ਚਾਹੀਦਾ ਹੈ।

ਸਮਾਜਿਕ ਸੁਧਾਰ ਬਾਰੇ ਉਨ੍ਹਾਂ ਨੇ ਛੂਆਛੂਤ ਨੂੰ ਸਮਾਜ ਦਾ ਸਭ ਤੋਂ ਵੱਡਾ ਦੁਸ਼ਮਣ ਮੰਨਿਆ। ਉਹ 'ਵਰਣ-ਵਿਵਸਥਾ' ਦੇ ਵਿਰੋਧੀ ਸਨ ਅਤੇ ਹਰੇਕ ਵਿਅਕਤੀ ਨੂੰ ਬਰਾਬਰ ਦੇ ਅਧਿਕਾਰਾਂ ਦਾ ਸਮਰਥਨ ਕਰਦੇ ਸਨ। ਆਰਥਿਕ ਸੁਧਾਰ ਬਾਰੇ ਗਾਂਧੀ ਜੀ ਨੇ ਖੇਤੀਬਾੜੀ, ਕੁਟੀਰ ਉਦਯੋਗਾਂ ਅਤੇ ਸਵਾਲੰਭਨ ਨੂੰ ਪ੍ਰਮੁੱਖ ਮੰਨਿਆ। ਉਹ ਚਾਹੁੰਦੇ ਸਨ ਕਿ ਭਾਰਤ ਦੇ ਪਿੰਡਾਂ ਦਾ ਵਿਕਾਸ ਹੋਵੇ, ਤਾਂ ਜੋ ਹਰ ਇਨਸਾਨ ਆਪਣੇ ਪੈਰਾਂ 'ਤੇ ਖੜ੍ਹਾ ਹੋ ਸਕੇ। ਉਨ੍ਹਾਂ ਨੇ ਹਮੇਸ਼ਾ ਸੱਚ, ਸੰਜਮ ਅਤੇ ਅਹਿੰਸਾ ਨੂੰ ਆਪਣੇ ਜੀਵਨ ਦਾ ਅਸਲ ਮਕਸਦ ਮੰਨਿਆ ਅਤੇ ਲੋਕਾਂ ਨੂੰ ਵੀ ਇਨ੍ਹਾਂ ਰਾਹਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ।

ਕਵੀ ਰਬਿੰਦਰਨਾਥ ਟੈਗੋਰ ਨੇ ਗਾਂਧੀ ਜੀ ਨੂੰ ਮਹਾਤਮਾ ਦੀ ਉਪਾਧੀ ਦਿੱਤੀ ਸੀ ਅਤੇ ਉਹ ਮਹਾਤਮਾ ਗਾਂਧੀ ਵਜੋਂ ਜਾਣੇ ਜਾਣ ਲੱਗੇ। ਨੇਤਾ ਜੀ ਸੁਭਾਸ਼ ਚੰਦਰ ਬੋਸ ਨੇ ਸਭ ਤੋਂ ਪਹਿਲਾਂ ਮਹਾਤਮਾ ਗਾਂਧੀ ਨੂੰ ਰਾਸ਼ਟਰਪਿਤਾ ਕਿਹਾ ਸੀ। 6 ਜੁਲਾਈ 1944 ਨੂੰ ਰੰਗੂਨ ਰੇਡੀਓ ਸਟੇਸ਼ਨ ਤੋਂ ਆਪਣੇ ਭਾਸ਼ਣ ਵਿੱਚ ਗਾਂਧੀ ਜੀ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਕਿਹਾ, 'ਸਾਡੇ ਰਾਸ਼ਟਰਪਿਤਾ, ਮੈਂ ਭਾਰਤ ਦੀ ਆਜ਼ਾਦੀ ਦੀ ਪਵਿੱਤਰ ਲੜਾਈ ਵਿੱਚ ਤੁਹਾਡਾ ਅਸ਼ੀਰਵਾਦ ਅਤੇ ਸ਼ੁੱਭਕਾਮਨਾਵਾਂ ਚਾਹੁੰਦਾ ਹਾਂ।' 30 ਜਨਵਰੀ 1948 ਨੂੰ ਬਿਰਲਾ ਹਾਊਸ ਦੇ ਪੂਰਬੀ ਬਾਗ ਵਿੱਚ ਮਹਾਤਮਾ ਗਾਂਧੀ ਦੀ ਹੱਤਿਆ ਕਰ ਦਿੱਤੀ ਗਈ ਸੀ। ਗਾਂਧੀ ਜੀ ਦਾ ਅੰਤਿਮ ਸੰਸਕਾਰ ਬੜੇ ਸਤਿਕਾਰ, ਸ਼ੁਕਰਾਨੇ ਅਤੇ ਸ਼ਰਧਾ ਨਾਲ ਕੀਤਾ ਗਿਆ। ਅੰਤਿਮ ਸੰਸਕਾਰ ਦੌਰਾਨ ਲੋਕਾਂ ਦੀ ਭੀੜ 8 ਕਿਲੋਮੀਟਰ ਤੱਕ ਉਸ ਦੇ ਨਾਲ ਚੱਲੀ। ਇਸ ਤੋਂ ਪਤਾ ਲਗਦਾ ਹੈ ਕਿ ਲੋਕਾਂ ਦਾ ਉਸ ਲਈ ਕਿੰਨਾ ਪਿਆਰ ਅਤੇ ਸਤਿਕਾਰ ਸੀ, ਜੋ ਅੱਜ ਵੀ ਜਾਰੀ ਹੈ। ਇਹ ਦਿਨ ਸਾਨੂੰ ਯਾਦ ਦਿਵਾਉਂਦਾ ਹੈ ਕਿ ਪਿਆਰ, ਸਹਿਣਸ਼ੀਲਤਾ ਅਤੇ ਅਹਿੰਸਾ ਦੁਆਰਾ ਕਿਵੇਂ ਵਿਸ਼ਵ ਵਿੱਚ ਵੱਡਾ ਬਦਲਾਅ ਲਿਆਇਆ ਜਾ ਸਕਦਾ ਹੈ।

**# ਸੰਪਰਕ : 95698-20314**

2-OCT-PAGE-5.qxd 10/1/2024 10:09 PM Page 1



# ਔਰਤਾਂ ਦੇ ਜਿਨਸੀ ਸ਼ੋਸ਼ਣ ਦੀਆਂ ਘਟਨਾਵਾਂ ਖ਼ਿਲਾਫ਼ ਰੋਸ ਪ੍ਰਦਰਸ਼ਨ

## ਇਸਤਰੀ ਜਾਗ੍ਰਿਤੀ ਮੰਚ ਨੇ ਏ ਡੀ ਸੀ ਰਾਹੀਂ ਰਾਸ਼ਟਰਪਤੀ ਨੂੰ ਭੇਜਿਆ ਮੰਗ ਪੱਤਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਕਲਕੱਤਾ ਮਹਿਲਾ ਡਾਕਟਰ ਨੂੰ ਇਨਸਾਫ ਦਿਵਾਉਣ ਤੇ ਦੇਸ਼ ਭਰ ਵਿੱਚ ਔਰਤਾਂ ਖ਼ਿਲਾਫ਼ ਵੱਧ ਰਹੀਆਂ ਜਬਰ ਜ਼ਨਾਹ ਦੀਆਂ ਘਟਨਾਵਾਂ ਵਿਰੁੱਧ ਇਸਤਰੀ ਜਾਗ੍ਰਿਤੀ ਮੰਚ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ।ਵੱਡੀ ਗਿਣਤੀ ਵਿੱਚ ਸ਼ਾਮਲ ਹੋਈਆਂ ਔਰਤਾਂ ਨੇ ਪੁੱਡਾ ਗਰਾਊਂਡ 'ਚ ਇਕੱਠੇ ਹੋ ਕੇ ਸ਼ਹਿਰ ਵਿੱਚ ਰੋਸ ਪ੍ਰਦਰਸ਼ਨ ਕਰਦੇ ਹੋਏ ਏਡੀਸੀ ਪਟਿਆਲਾ ਨੂੰ ਮੰਗ ਪੱਤਰ ਦੇ ਕੇ ਪੀੜਤ ਔਰਤਾਂ ਲਈ ਇਨਸਾਫ ਦੀ ਮੰਗ ਕੀਤੀ।

ਇਸ ਸਮੇਂ ਇਸਤਰੀ ਜਾਗ੍ਰਿਤੀ ਮੰਚ ਦੀ ਸਕੱਤਰ ਅਮਨਦੀਪ ਕੌਰ ਤੇ ਜ਼ਿਲ੍ਹਾ ਆਗੂ ਸਪਨਾ ਨੇ ਕਿਹਾ ਦੇਸ਼ ਦੇ ਅੰਦਰ ਔਰਤਾਂ ਖ਼ਿਲਾਫ਼ ਜਬਰ ਜ਼ਨਾਹ ਤੇ ਜਿਨਸੀ ਸ਼ੋਸ਼ਣ ਦੀਆਂ ਘਟਨਾਵਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ।ਕਲਕੱਤਾ ਵਿੱਚ ਮਹਿਲਾ ਡਾਕਟਰ ਦੇ ਜਬਰ ਜ਼ਨਾਹ ਤੋਂ ਹੱਤਿਆ ਮਾਮਲੇ ਵਿੱਚ ਡੇਢ ਮਹੀਨੇ ਤੋਂ ਵੱਧ ਹੋ ਗਿਆ, ਪਰ ਸਰਕਾਰ ਵੱਲੋਂ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ।ਸਾਰੇ ਦੇਸ਼ ਵਿੱਚ ਰੋਸ ਪ੍ਰਦਰਸ਼ਨਾਂ ਦੇ ਬਾਵਜੂਦ ਸਰਕਾਰਾਂ ਵੱਲੋਂ ਇੱਕ ਦੂਜੇ ਖ਼ਿਲਾਫ਼ ਚਿੱਕੜ ਉਛਾਲੀ ਤੋਂ ਬਿਨਾਂ ਕੁਝ ਨਹੀਂ ਕੀਤਾ ਜਾ ਰਿਹਾ।ਕਲਕੱਤੇ ਦੀ ਘਟਨਾ ਤੋਂ ਬਾਅਦ ਵੀ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਬਦਲਾਪੁਰ, ਉਤਰਾਖੰਡ, ਉੜੀਸਾ, ਉਜੈਨ ਤੋਂ ਇਲਾਵਾ ਹੋਰ ਬਹੁਤ ਸਾਰੀਆਂ ਥਾਵਾਂ ਤੇ ਔਰਤਾਂ ਵਿਰੁੱਧ ਘਟਨਾਵਾਂ ਵਾਪਰੀਆਂ ਹਨ।ਦੇਸ਼ ਦੇ ਸਿਆਸਤਦਾਨ ਲਗਾਤਾਰ ਦੋਸ਼ੀਆਂ ਦੀ ਬਚਾਉਣ ਲਈ ਵਿੱਚ ਲੱਗੇ ਹੋਏ ਹਨ।ਉਨ੍ਹਾਂ ਕਿਹਾ ਕਿ ਔਰਤਾਂ ਨੂੰ ਨਿੱਤ ਦਿਨ ਨਵੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਔਰਤਾਂ ਨੇ ਇਨਸਾਫ ਨਾ ਦੇਣ ਵਾਲੀਆਂ ਸਰਕਾਰਾਂ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਔਰਤ ਆਗੂ ਅਮਨਦੀਪ ਕੌਰ, ਕੁਲਜੀਤ ਕੌਰ ਨੇ ਇਹ ਵੀ ਮੰਗ ਕੀਤੀ ਕਿ ਕਲਕੱਤੇ ਦੇ ਮਹਿਲਾ ਟਰੇਨੀ ਡਾਕਟਰ ਦੇ ਕੇਸ ਦੀ ਸਮਾਂਬੱਧ ਜਾਂਚ ਕਰਕੇ ਤੱਥ ਲੋਕਾਂ ਦੇ ਸਾਹਮਣੇ ਲਿਆਂਦੇ ਜਾਣ, ਕੰਮ ਕਾਜੀ ਥਾਵਾਂ ਉੱਤੇ ਐਂਟੀ ਸੈਕਸ਼ੂਅਲ ਹਰਾਸਮੈਂਟ ਸੈੱਲ ਸੱਤਾ ਦੇ ਹੱਥ ਠੋਕੇ ਨਾ ਬਣ ਕੇ ਔਰਤਾਂ ਦੇ ਹਿੱਤਾਂ ਲਈ ਕੰਮ ਕਰਨ, ਪੁਲਸ ਨੂੰ ਪਿੱਤਰਸਤਾਤਮਕ ਰਵੱਈਏ ਦੀ ਬਜਾਏ ਪ੍ਰੋਫੈਸ਼ਨਲ ਵਿਹਾਰ ਨੂੰ ਯਕੀਨੀ ਬਣਾਇਆ ਜਾਵੇ, ਜਿਨਸੀ ਸ਼ੋਸ਼ਣ ਦੀਆਂ ਸ਼ਿਕਾਰ ਨੂੰ ਇਨਸਾਫ ਦੇਣ ਲਈ ਫਾਸਟ ਟਰੈਕ ਅਦਾਲਤਾਂ ਰਾਹੀਂ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦਿੱਤੇ ਜਾਣ ਦੀ ਮੰਗ ਕੀਤੀ।ਇਸ ਸਮੇਂ ਕੁਲਵਿੰਦਰ ਕੌਰ, ਚਰਨਜੀਤ ਕੌਰ, ਪਰਮਜੀਤ ਕੌਰ ਤੇ ਪੰਜਾਬ ਸਟੂਡੈਂਟ ਯੂਨੀਅਨ ਦੀ ਆਗੂ ਸਤਬੀਰ ਕੌਰ ਆਦਿ ਨੇ ਸੰਬੋਧਨ ਕੀਤਾ।

# ਅਗਵਾ ਲੜਕੀ ਨੂੰ ਆਜ਼ਾਦ ਕਰਵਾਉਣ ਲਈ ਮਾਂ ਤੇ ਰਿਸ਼ਤੇਦਾਰਾਂ ਵੱਲੋਂ ਥਾਣੇ ਅੱਗੇ ਧਰਨਾ



**ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)**-ਪਿੰਡ ਬਾਦਲ ਵਿਖੇ ਮਾਪਿਆਂ ਅਨੁਸਾਰ ਉਨ੍ਹਾਂ ਦੀ 17 ਸਾਲਾਂ ਦੀ ਲੜਕੀ ਨੂੰ ਇੱਕ ਦੂਰ ਦਾ ਰਿਸ਼ਤੇਦਾਰ ਉਧਾਲ ਕੇ ਲੈ ਗਿਆ ਅਤੇ ਢਾਈ-ਤਿੰਨ ਮਹੀਨਿਆਂ ਬਾਅਦ ਵੀ ਨਾ ਹੀ ਲੜਕੀ ਨੂੰ ਵਾਪਸ ਕੀਤਾ ਜਾ ਰਿਹਾ ਹੈ ਅਤੇ ਨਾ ਹੀ ਦੱਸਿਆ ਜਾ ਰਿਹਾ ਹੈ ਕਿ ਲੜਕੀ ਜਿਉਂਦੀ ਹੈ ਜਾਂ ਮਰ ਗਈ ਹੈ। ਅਜਿਹੀਆਂ ਹੋਰ ਗੱਲਾਂ ਕਰਦਿਆਂ ਲੜਕੀ ਦੀ ਮਾਤਾ, ਜੋ ਥਾਣਾ ਲੰਬੀ ਦੇ ਅੱਗੇ ਧਰਨੇ 'ਤੇ ਬੈਠੀ ਹੈ, ਨੇ ਦੱਸਿਆ ਕਿ ਉਸ ਦੀ ਦਰਾਣੀ ਦਾ ਭਰਾ, ਜੋ ਲੜਕੀ ਦੇ ਮਾਮੇ ਦੀ ਥਾਂ ਲੱਗਦਾ ਸੀ, ਨੇ ਉਸ ਦੀ ਲੜਕੀ ਨੂੰ ਆਪਣੀ ਭੈਣ ਨਾਲ ਰਲ ਭਜਾ ਕੇ ਲੈ ਗਿਆ ਅਤੇ ਅੱਜ ਤੱਕ ਲੜਕੀ ਨੂੰ ਵਾਪਸ ਨਹੀਂ ਕੀਤਾ। ਪੁਲਸ ਤੋਂ ਇਨਸਾਫ਼ ਦੀ ਮੰਗ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਪਰਵਾਰ ਦੇ ਮੈਂਬਰਾਂ ਅਤੇ ਲੜਕੀ ਨੂੰ ਭਜਾ ਕੇ ਲੈ ਜਾਣ ਵਾਲੇ ਵਿਅਕਤੀ ਨੂੰ ਪੁਲਸ ਕਾਬੂ ਕਰੇ ਅਤੇ ਉਨ੍ਹਾਂ ਦੀ ਲੜਕੀ ਵਾਪਸ ਕੀਤੀ ਜਾਵੇ। ਲੜਕੀ ਦੇ ਨਾਨਾ ਨੇ ਵੀ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਦੋਹਤੀ ਜਿਉਂਦੀ ਹੈ ਜਾਂ ਮਰੀ ਇਸ ਬਾਰੇ ਪੁਲਸ ਸਪੱਸ਼ਟ ਕਰੇ ਅਤੇ ਕਥਿਤ ਦੋਸ਼ੀਆਂ ਨੂੰ ਸਖਤੀ ਨਾਲ ਪੁੱਛੇ ਕਿ ਉਨ੍ਹਾਂ ਦੀ ਲੜਕੀ ਕਿੱਥੇ ਹੈ? ਲੜਕੀ ਦੇ ਵਾਰਿਸਾਂ ਨੇ ਕਿਹਾ ਕਿ ਪੁਲਸ ਉਨ੍ਹਾਂ ਨੂੰ ਇਨਸਾਫ਼ ਦਿਵਾਉਣ ਦੀ ਬਜਾਏ ਉਨ੍ਹਾਂ ਨਾਲ ਧੱਕਾ ਕਰ ਰਹੀ ਹੈ ਤੇ ਥਾਣੇ ਅੱਗੇ ਧਰਨਾ ਦੇਣ ਤੋਂ ਵੀ ਰੋਕ ਰਹੀ ਹੈ। ਪਰਿਵਾਰਕ ਮੈਂਬਰਾਂ ਨੇ ਕਿਹਾ ਕਿ ਉਹ ਪੰਜਾਬ ਪੁਲਸ ਦੇ ਸੀਨੀਅਰ ਅਧਿਕਾਰੀ ਵੀ ਮਿਲੇ, ਪ੍ਰੰਤੂ ਅਜੇ ਤੱਕ ਉਨ੍ਹਾਂ ਦੇ ਪੱਲੇ ਨਿਰਾਸ਼ਾ ਹੀ ਪਈ ਹੈ। ਇਸ ਸਬੰਧੀ ਪੁਲਸ ਨੇ ਕਿਹਾ ਕਿ ਪਿੰਡ ਬਾਦਲ ਤੋਂ ਲੜਕੀ ਸਬੰਧੀ ਮਾਮਲਾ ਦਰਜ ਕੀਤਾ ਹੋਇਆ ਹੈ ਅਤੇ ਸਬੰਧਤ ਵਿਅਕਤੀ, ਜੋ ਲੜਕੀ ਨੂੰ ਵਰਗਲਾ ਕੇ ਲੈ ਗਿਆ ਹੈ, ਨੂੰ ਫੜਨ ਲਈ ਪੁਲਸ ਵੱਲੋਂ ਪੂਰੀ ਚਾਰਾਜੋਈ ਕੀਤੀ ਜਾ ਰਹੀ ਹੈ ਅਤੇ ਛਾਪੇ ਮਾਰੇ ਜਾ ਰਹੇ ਹਨ। ਰਿਸ਼ਤੇਦਾਰਾਂ ਨੂੰ ਵੀ ਬੁਲਾ ਕੇ ਲੜਕਾ ਤੇ ਲੜਕੀ ਨੂੰ ਵਾਪਸ ਬੁਲਾਏ ਜਾਣ 'ਤੇ ਜ਼ੋਰ ਪਾਇਆ ਜਾ ਰਿਹਾ ਹੈ। ਉਨ੍ਹਾਂ ਉਮੀਦ ਜਤਾਈ ਕਿ ਲੜਕੀ ਨੂੰ ਜਲਦੀ ਵਾਪਸ ਲਿਆਂਦਾ ਜਾਵੇਗਾ।

# ਰਾਜੀਵ ਗਾਂਧੀ ਯੂਨੀਵਰਸਿਟੀ ਦਾ ਸੰਕਟ ਵੀ ਸੀ ਦੀ ਪੁਰਾਤਨ ਸੋਚ ਦਾ ਸਿੱਟਾ : ਜਮਹੂਰੀ ਅਧਿਕਾਰ ਸਭਾ

ਪਟਿਆਲਾ (ਰਾਜਿੰਦਰ ਸਿੰਘ ਥਿੰਦ)- 'ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟ ਵਿੱਚ ਮੌਜੂਦਾ ਸੰਕਟ ਵਾਇਸ ਚਾਂਸਲਰ ਦੀ ਵਿਦਿਆਰਥੀਆਂ ਦੀ ਨਵੀਂ ਪੀੜ੍ਹੀ ਦੇ ਰਹਿਣ ਸਹਿਣ, ਸੋਚਣ, ਪੜ੍ਹਨ 'ਤੇ ਕੀਤੀਆਂ ਟਿੱਪਣੀਆਂ ਪੁਰਾਤਨ ਸੋਚ ਦਾ ਸਿੱਟਾ ਹੈ।' ਇਹ ਵਿਚਾਰ ਜਮਹੂਰੀ ਅਧਿਕਾਰ ਸਭਾ ਨੇ ਇਸ ਘਟਨਾ 'ਤੇ ਤੱਥ-ਖੋਜ ਰਿਪੋਰਟ ਪ੍ਰੈੱਸ ਲਈ ਜਾਰੀ ਕਰਦਿਆਂ ਸਭਾ ਦੇ ਸਕੱਤਰ ਵਿਧੂ ਸ਼ੇਖਰ ਭਾਰਦਵਾਜ ਨੇ ਪ੍ਰਗਟ ਕੀਤੇ।ਉਨ੍ਹਾ ਦੱਸਿਆ ਕਿ ਸਭਾ ਨੇ ਤਰਸੇਮ ਲਾਲ ਲੈਕਚਰਾਰ, ਸੁੱਚਾ ਸਿੰਘ ਚੀਮਾ ਲੈਕਚਰਾਰ, ਸਾਬਕਾ ਵਿਦਿਆਰਥੀ ਆਗੂ ਬਚਿੱਤਰ ਸਿੰਘ, ਕੁਲਵੰਤ ਸਿੰਘ ਠੇਕੇਦਾਰ 'ਤੇ ਆਧਾਰਤ ਚਾਰ ਮੈਂਬਰੀ ਟੀਮ ਤੱਥਾਂ ਦੀ ਪੜਤਾਲ ਕਰਾਉਣ ਲਈ ਬਣਾਈ ਸੀ।ਸਭਾ ਨੇ ਤੱਥ-ਖੋਜ ਰਿਪੋਰਟ ਤਿਆਰ ਕੀਤੀ ਹੈ।ਸਭਾ ਮੰਗ ਕਰਦੀ ਹੈ ਕਿ ਵਾਇਸ ਚਾਂਸਲਰ ਨੂੰ ਛੁੱਟੀ 'ਤੇ ਭੇਜ ਕੇ ਚੀਫ ਜਸਟਿਸ ਆਫ ਹਾਈਕੋਰਟ ਚੰਡੀਗੜ੍ਹ, ਜੋ ਇਸ ਯੂਨੀਵਰਸਿਟੀ ਦੇ ਚਾਂਸਲਰ ਵੀ ਹਨ, ਉੱਚ ਪੱਧਰੀ ਨਿਰਪੱਖ ਜਾਂਚ ਕਰਾਉਣ, ਵਿਦਿਆਰਥੀਆਂ ਦੀ ਕੋਈ ਨੁਮਾਇੰਦਾ ਜਥੇਬੰਦੀ ਬਣਾਈ ਜਾਵੇ, ਜਿਸ ਨਾਲ ਪ੍ਰਬੰਧਕ ਮਹੀਨਾਵਾਰ ਤੇ ਮਸਲਾ ਉੱਠਣ 'ਤੇ ਬਾਕਾਇਦਾ ਮੀਟਿੰਗ ਕਰਨ, ਵਿਦਿਆਰਥੀਆਂ ਦੀਆਂ ਦਿੱਕਤਾਂ ਦਾ ਯੂਨੀਵਰਸਿਟੀ ਪ੍ਰਸ਼ਾਸਨ ਨਿਵਾਰਣ ਕਰੇ।ਵਿਦਿਆਰਥੀਆਂ ਨੂੰ ਠਿੱਠ ਕਰਨ ਦਾ ਵਤੀਰਾ ਬੰਦ ਹੋਵੇ।ਵਿਦਿਆਰਥੀਆਂ ਨੂੰ ਪੜ੍ਹਾਈ ਲਈ ਆਧੁਨਿਕ ਸਮੇਂ ਦੇ ਹਾਣ ਦਾ ਵਿੱਦਿਅਕ ਪ੍ਰਬੰਧ ਦਿੱਤਾ ਜਾਵੇ।ਯੂਨੀਵਰਸਿਟੀ ਫੰਡਾਂ ਦਾ ਆਡਿਟ ਕਰਵਾਇਆ ਜਾਵੇ ਤੇ ਜਨਤਕ ਕੀਤਾ ਜਾਵੇ, ਪ੍ਰਤਿਭਾਵਾਨ ਤੇ ਗਰੀਬ ਹੁਸ਼ਿਆਰ ਵਿਦਿਆਰਥੀਆਂ ਨੂੰ ਉਤਸ਼ਾਹਤ ਕੀਤਾ ਜਾਵੇ।

# ਝੋਨੇ ਦੀ ਖ਼ਰੀਦ ਬੰਦ, ਆੜ੍ਹਤੀਏ ਤੇ ਗੱਲਾ ਮਜ਼ਦੂਰ ਮੁਕੰਮਲ ਹੜਤਾਲ 'ਤੇ



**ਜਗਰਾਉਂ (ਅਮਿਤ ਖੰਨਾ)**-ਪੰਜਾਬ ਭਰ ਦੀਆਂ ਅਨਾਜ ਮੰਡੀਆਂ 'ਚ ਮੁਕੰਮਲ ਹੜਤਾਲ ਦੇ ਚੱਲਦਿਆਂ ਅੱਜ ਗੱਲਾ ਮਜ਼ਦੂਰਾਂ ਤੇ ਆੜ੍ਹਤੀਆਂ ਨੇ ਕੰਮ ਠੱਪ ਰੱਖਿਆ।ਆੜ੍ਹਤੀਆ ਐਸੋਸੀਏਸ਼ਨ ਤੇ ਗੱਲਾ ਮਜ਼ਦੂਰ ਯੂਨੀਅਨ ਦੀ ਅਗਵਾਈ 'ਚ ਸਮੁੱਚੇ ਮਜ਼ਦੂਰਾਂ ਤੇ ਆੜ੍ਹਤੀਆਂ ਨੇ ਕੰਮ ਬੰਦ ਕਰਕੇ ਮਾਰਕੀਟ ਕਮੇਟੀ ਦਫ਼ਤਰ ਅੱਗੇ ਵਿਸ਼ਾਲ ਰੋਸ ਧਰਨਾ ਦਿੱਤਾ।ਇਸ ਸਮੇਂ ਧਰਨੇ ਨੂੰ ਸੰਬੋਧਨ ਕਰਦਿਆਂ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਘਨੱ੍ਹਈਆ ਲਾਲ ਬਾਂਕਾ, ਰਾਜ ਕੁਮਾਰ ਭੱਲਾ, ਗੁਰਮੀਤ ਸਿੰਘ, ਭੂਸ਼ੱਣ ਕੁਮਾਰ, ਜਤਿੰਦਰ ਸਿੰਘ ਚਚਰਾੜੀ, ਗੱਲਾ ਮਜ਼ਦੂਰ ਯੂਨੀਅਨ ਦੇ ਆਗੂ ਦੇਵਰਾਜ, ਜਗਤਾਰ ਸਿੰਘ ਤਾਰੀ, ਇਨਕਲਾਬੀ ਕੇਂਦਰ ਪੰਜਾਬ ਦੇ ਆਗੂ ਕੰਵਲਜੀਤ ਖੰਨਾ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਸੱਕਤਰ ਇੰਦਰਜੀਤ ਸਿੰਘ ਧਾਲੀਵਾਲ, ਹਰਜੀਤ ਸਿੰਘ ਜਨੇਤਪੁਰਾ ਆਦਿ ਨੇ ਆੜ੍ਹਤੀ ਵਰਗ ਦੀ ਆੜ੍ਹਤ ਪ੍ਰਤੀ ਕੁਇੰਟਲ 46 ਰੁਪਏ ਕਰਨ, ਗੱਲਾ ਮਜ਼ਦੂਰਾਂ ਦੀ ਮਜ਼ਦੂਰੀ 'ਚ ਪੱਚੀ ਪ੍ਰਤੀਸ਼ਤ ਵਾਧਾ ਕਰਨ, ਸ਼ੈਲਰਾਂ 'ਚ ਪਿਛਲੇ ਸੀਜ਼ਨ ਦਾ ਪਿਆ ਚਾਵਲ ਚੁੱਕਣ ਤੇ ਅਗਲੇ ਸੀਜ਼ਨ ਲਈ ਸਪੇਸ ਖਾਲੀ ਕਰਨ, ਪੱਕੀਆਂ ਕੱਚੀਆਂ ਮੰਡੀਆਂ 'ਚ ਸੁੱਰਖਿਆ ਦਾ ਪੱਕਾ ਪ੍ਰਬੰਧ ਕਰਨ ਆਦਿ ਮੰਗਾਂ ਨੂੰ ਲੈ ਕੇ ਦਿੱਤੇ ਇਸ ਧਰਨੇ 'ਚ ਬੁਲਾਰਿਆਂ ਨੇ ਪੰਜਾਬ ਸਰਕਾਰ ਨੂੰ ਹਰ ਫਰੰਟ 'ਤੇ ਫੇਲ੍ਹ ਸਾਬਿਤ ਕਰਦਿਆਂ ਕਿਹਾ ਕਿ ਅਕਾਲੀ ਕਾਂਗਰਸ ਵਾਂਗ ਆਮ ਆਦਮੀ ਪਾਰਟੀ ਵੀ ਲੋਕਾਂ ਦੇ ਮਨਾਂ 'ਚੋਂ ਲੱਥ ਚੁੱਕੀ ਹੈ।ਲੋਕ ਮਸਲਿਆਂ ਦਾ ਹੱਲ ਕਰਨ ਦੀ ਥਾਂ ਬੰਦਿਆਂ ਦੀ ਅਦਲਾ ਬਦਲੀ ਕਰਕੇ ਖ਼ਾਨਾਪੂਰਤੀ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਗੱਲਾ ਮਜ਼ਦੂਰ ਪਿਛਲੇ ਚਾਰ ਸਾਲ ਤੋਂ ਮਜ਼ਦੂਰੀ ਰੇਟਾਂ 'ਚ ਵਾਧੇ ਦੀ ਮੰਗ ਕਰ ਰਹੇ ਹਨ, ਪਰ ਸਰਕਾਰ ਮੰਨਣ ਦੇ ਬਾਵਜੂਦ ਮਸਲਾ ਹੱਲ ਨਹੀਂ ਕਰ ਰਹੀ।ਬੁਲਾਰਿਆਂ ਨੇ ਕਿਹਾ ਕਿ ਅਸਲ 'ਚ ਸੰਸਾਰ ਵਪਾਰ ਸੰਸਥਾ ਦੇ ਇਸ਼ਾਰੇ 'ਤੇ ਕੇਂਦਰ ਸਰਕਾਰ ਸਰਕਾਰੀ ਖਰੀਦ ਤੇ ਸਰਕਾਰੀ ਏਜੰਸੀਆਂ ਦਾ ਭੋਗ ਪਾਉਣ ਜਾ ਰਹੀ ਹੈ, ਜਿਸ ਕਾਰਨ ਉਹ ਇਹ ਮੰਗਾਂ ਸਵੀਕਾਰ ਕਰਨ ਤੋਂ ਇਨਕਾਰੀ ਹੈ।ਉਨ੍ਹਾਂ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਮੰਗਾਂ ਨਾ ਮੰਨਣ ਦੀ ਸੂਰਤ 'ਚ ਸੰਘਰਸ਼ ਤੇਜ਼ ਕੀਤਾ ਜਾਵੇਗਾ। ਕਿਸਾਨ ਜਥੇਬੰਦੀਆਂ ਨੇ ਕਿਸਾਨ ਵੀਰਾਂ ਨੂੰ ਚੱਲਦੀ ਹੜਤਾਲ ਕਾਰਨ ਝੋਨਾ ਮੰਡੀਆਂ 'ਚ ਨਾ ਲਿਆਉਣ ਦੀ ਅਪੀਲ ਕੀਤੀ ਹੈ।ਇਸ ਸਮੇਂ ਕਮਲਜੀਤ ਸਿੰਘ ਮੱਲਾ, ਬਿੰਦਰ ਮਨੀਲਾ, ਧਰਮਿੰਦਰ ਕੁਮਾਰ, ਚਰਨਜੀਤ ਸਿੰਘ, ਬਸਾਖਾ ਸਿੰਘ, ਕੁਲਦੀਪ ਸਹੋਤਾ, ਵੇਦ ਪ੍ਰਕਾਸ਼ ਆਦਿ ਆਗੂ ਹਾਜ਼ਰ ਸਨ।

## ਕਾਤਰਾਂ

### ਜੀ ਐੱਸ ਟੀ ਮਾਲੀਆ ਵਧਾਉਣ ਦੇ ਨਿਰਦੇਸ਼

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ੍ਰੀਮਤੀ ਪੂਨਮ ਗਰਗ, ਸਹਾਇਕ ਕਮਿਸ਼ਨਰ ਰਾਜ ਕਰ, ਫਿਰੋਜ਼ਪੁਰ ਵੱਲੋਂ ਜੀ ਐੱਸ ਟੀ ਵਧਾਉਣ ਸੰਬੰਧੀ ਵਪਾਰਕ ਖੇਤਰ ਦੇ ਵੱਖ ਵੱਖ ਟਰੇਡਜ਼ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਉਨ੍ਹਾਂ ਵਪਾਰੀਆਂ ਨੂੰ ਵੱਧ ਤੋਂ ਵੱਧ ਜੀ ਐੱਸ ਟੀ ਬਿੱਲ ਕੱਟਣ ਦੀ ਹਦਾਇਤ ਕੀਤੀ ਤਾਂ ਜੋ ਸਰਕਾਰ ਦੇ ਮਾਲੀਏ ਨੂੰ ਵਧਾਇਆ ਜਾ ਸਕੇ। ਇਸ ਦੇ ਨਾਲ ਹੀ ਉਨ੍ਹਾਂ ਵਪਾਰੀਆਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਵੀ ਸੁਣੀਆਂ। ਮੀਟਿੰਗ ਵਿੱਚ ਕਰਿਆਨਾ, ਮੈਡੀਕਲ, ਰਾਇਸ ਸ਼ੈਲਰ, ਇਲੈਕਟ੍ਰੀਕਲ, ਇਲੈਕਟਰੋਨਿਕਸ, ਸੈਨਟਰੀ, ਸੀਟਿੰਗ, ਆਇਰਨ ਐਂਡ ਸਟੀਲ, ਭੱਠਾ ਮਾਲਕ ਤੇ ਹੋਰ ਵੱਖ ਵੱਖ ਟਰੇਡ ਨਾਲ ਸਬੰਧਤ ਪ੍ਰਧਾਨ ਤੇ ਅਹੁਦੇਦਾਰ ਹਾਜ਼ਰ ਸਨ। ਇਸ ਤੋਂ ਇਲਾਵਾ ਕਰ ਵਿਭਾਗ ਦੇ ਸ੍ਰੀਮਤੀ ਅਨੂ ਸਚਦੇਵਾ ਰਾਜ ਕਰ ਅਫਸਰ, ਹਰੀਸ਼ ਚੌਧਰੀ ਰਾਜ ਕਰ ਅਫਸਰ, ਨਿਰਮਲਜੀਤ ਸਿੰਘ ਕਰ ਨਰੀਖਕ, ਸੰਜੀਵ ਧਵਨ ਕਰ ਨਰੀਖਕ ਤੇ ਹਰਜੀਤ ਸਿੰਘ ਕਰ ਨਰੀਖਕ ਹਾਜ਼ਰ ਸਨ।

### ਅਪਾਹਜ ਨੌਜਵਾਨ ਦੀ ਸ਼ੱਕੀ ਹਾਲਤ 'ਚ ਮੌਤ



**ਬਠਿੰਡਾ (ਰਾਜੀਵ ਗੋਇਲ)**-ਭਗਤਾ ਭਾਈ ਕਾ ਵਿਖੇ ਸਵੇਰੇ ਤੜਕਸਾਰ ਉਸ ਸਮੇਂ ਸਨਸਨੀ ਫੈਲ ਗਈ, ਜਦੋਂ ਅਨਾਜ ਮੰਡੀ ਦੇ ਮੁੱਖ ਗੇਟ ਅੱਗੇ ਝੌਂਪੜੀ ਪਾ ਕੇ ਰਹਿ ਰਹੇ ਇੱਕ ਅਪਾਹਜ ਨੌਜਵਾਨ ਦੀ ਸ਼ੱਕੀ ਹਾਲਤ ਵਿੱਚ ਮੌਤ ਹੋਣ ਦੀ ਸੂਚਨਾ ਮਿਲੀ। ਮੌਕੇ 'ਤੇ ਜਾ ਕੇ ਦੇਖਿਆ ਤਾਂ ਮ੍ਰਿਤਕ ਆਪਣੇ ਇਲੈਕਟ੍ਰਿਕ ਟ੍ਰਾਈਸਾਇਕਲ ਉੱਪਰ ਬੈਠਾ ਹੀ ਹੇਠਾਂ ਲਟਕਿਆ ਹੋਇਆ ਸੀ, ਜਿਸ ਦੇ ਮੂੰਹ ਵਿੱਚੋਂ ਕੁਝ ਖ਼ੂਨ ਵਗਿਆ ਹੋਇਆ ਸੀ। ਮ੍ਰਿਤਕ ਦੇਹ ਕੋਲ ਇੱਕ ਸਰਿੰਜ ਵੀ ਮਿਲੀ, ਜਿਹੜੀ ਥਾਣਾ ਦਿਆਲਪੁਰਾ ਦੀ ਪੁਲਸ ਵੱਲੋਂ ਆਪਣੇ ਕਬਜ਼ੇ ਵਿੱਚ ਲੈ ਲਈ ਗਈ। ਉਧਰ ਦੂਜੇ ਪਾਸੇ ਮ੍ਰਿਤਕ ਦੇ ਪਰਿਵਾਰਕ ਮੈਂਬਰ ਕਿਤੇ ਹੋਰ ਜਗ੍ਹਾ ਨਰਮਾ ਚੁਗਣ ਗਏ ਹੋਏ ਸਨ ਤੇ ਝੌਂਪੜੀ ਵਿੱਚ ਇਹ ਇਕੱਲਾ ਨੌਜਵਾਨ ਰਹਿ ਰਿਹਾ ਸੀ। ਇਹ ਹੁਣ ਜਾਂਚ ਦਾ ਵਿਸ਼ਾ ਹੈ ਕਿ ਉਕਤ ਨੌਜਵਾਨ ਦੀ ਮੌਤ ਨਸ਼ੇ ਦੀ ਓਵਰਡੋਜ਼ ਕਾਰਨ ਹੋਈ ਹੈ ਜਾਂ ਕੋਈ ਹੋਰ ਕਾਰਨ ਹੈ, ਪਰ ਫਿਲਹਾਲ ਪੁਲਸ ਵੱਲੋਂ ਪਰਿਵਾਰਕ ਮੈਂਬਰਾਂ ਦੇ ਆਉਣ ਤੱਕ ਮ੍ਰਿਤਕ ਦੇਹ ਮੋਰਚਰੀ ਵਿੱਚ ਰਖਵਾ ਦਿੱਤੀ ਗਈ। ਮ੍ਰਿਤਕ ਦੀ ਪਹਿਚਾਣ ਜਗਸੀਰ ਸਿੰਘ ਪੁੱਤਰ ਮੁਕੰਦ ਸਿੰਘ ਵਾਸੀ ਕੋਠਾਗੁਰੂ ਵਜੋਂ ਹੋਈ ਹੈ।

### ਹੈਰੋਇਨ ਸਮੇਤ ਬੁਲੇਟ ਸਵਾਰ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੰਡੀ ਗੋਬਿੰਦਗੜ੍ਹ ਤੋਂ ਇੱਕ ਬੁਲੇਟ ਮੋਟਰਸਾਈਕਲ ਸਵਾਰ ਵਿਅਕਤੀ ਨੂੰ ਪੁਲਸ ਵੱਲੋਂ 350 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਸੀ.ਆਈ.ਏ. ਸਰਹਿੰਦ ਦੀ ਇੱਕ ਟੀਮ ਮੰਡੀ ਗੋਬਿੰਦਗੜ੍ਹ ਦੇ ਅਜਨਾਲੀ ਇਲਾਕੇ 'ਚ ਪੈਂਦੇ ਫੋਕਲ ਪੁਆਇੰਟ ਨਜ਼ਦੀਕ ਚੈਕਿੰਗ ਕਰ ਰਹੀ ਸੀ, ਜਿਸ ਦੌਰਾਨ ਬੁਲੇਟ ਮੋਟਰਸਾਈਕਲ ਨੰਬਰ ਪੀ.ਬੀ.05ਏ.ਐੱਲ-2690 'ਤੇ ਆ ਰਹੇ ਇੱਕ ਵਿਅਕਤੀ ਨੂੰ ਚੈਕਿੰਗ ਲਈ ਰੋਕਿਆ ਗਿਆ, ਜਿਸ ਨੇ ਪੁੱਛੇ ਜਾਣ 'ਤੇ ਪੁਲਸ ਕਰਮਚਾਰੀਆਂ ਨੂੰ ਆਪਣੀ ਪਹਿਚਾਣ ਅਮਨਪ੍ਰੀਤ ਸਿੰਘ ਵਾਸੀ ਜਗਰਾਓਂ (ਲੁਧਿਆਣਾ) ਵਜੋਂ ਦੱਸੀ।ਤਲਾਸ਼ੀ ਦੌਰਾਨ ਅਮਨਪ੍ਰੀਤ ਸਿੰਘ ਦੇ ਕਬਜ਼ੇ 'ਚੋਂ 350 ਗ੍ਰਾਮ ਹੈਰੋਇਨ ਬਰਾਮਦ ਹੋਈ।ਸੀ.ਆਈ.ਏ. ਸਟਾਫ ਦੇ ਸਹਾਇਕ ਥਾਣੇਦਾਰ ਜਸਵੀਰ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਰਾਜ ਪੱਧਰੀ ਖੇਡਾਂ ਲਈ ਟਰਾਇਲ ਭਲਕੇ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਪੰਜਾਬ ਸਰਕਾਰ ਖੇਡ ਵਿਭਾਗ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਅਧੀਨ ਬਲਾਕ, ਜ਼ਿਲ੍ਹਾ ਤੇ ਰਾਜ ਪੱਧਰੀ ਖੇਡਾਂ ਤਹਿਤ ਵੱਖ-ਵੱਖ ਗੇਮਾਂ ਕਰਵਾਈਆਂ ਜਾ ਰਹੀਆਂ ਹਨ, ਜਿਸ ਵਿੱਚ ਬਲਾਕ ਤੇ ਜ਼ਿਲ੍ਹਾ ਪੱਧਰੀ ਖੇਡਾਂ ਸਮਾਪਤ ਹੋ ਚੁੱਕੀਆਂ ਹਨ।ਹੁਣ ਰਾਜ ਪੱਧਰੀ ਖੇਡਾਂ ਪੰਜਾਬ ਰਾਜ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਅਕਤੂਬਰ ਤੇ ਨਵੰਬਰ ਮਹੀਨੇ ਦੌਰਾਨ ਕਰਵਾਈਆਂ ਜਾ ਰਹੀਆਂ ਹਨ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਖੇਡ ਅਫਸਰ ਫਰੀਦਕੋਟ ਸ੍ਰ. ਬਲਜਿੰਦਰ ਸਿੰਘ ਨੇ ਦੱਸਿਆ ਕਿ ਇਨ੍ਹਾਂ ਰਾਜ ਪੱਧਰੀ ਖੇਡਾਂ ਵਿੱਚ ਕੁੱਝ ਖੇਡਾਂ ਵਿੱਚ ਖਿਡਾਰੀਆਂ ਦੀ ਚੋਣ ਟਰਾਇਲਾਂ ਰਾਹੀਂ ਕੀਤੀ ਜਾਣੀ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਖੇਡਾਂ ਵਿੱਚ ਜ਼ਿਲ੍ਹਾ ਪੱਧਰ 'ਤੇ ਜੋ ਖੇਡਾਂ ਨਹੀਂ ਕਰਵਾਈਆਂ ਗਈਆਂ ਜਾਂ ਜੋ ਖੇਡਾਂ ਸਿੱਧੇ ਰਾਜ ਪੱਧਰ ਟੂਰਨਾਮੈਂਟ ਲਈ ਵਿਭਾਗ ਵੱਲੋਂ ਰੱਖੀਆਂ ਗਈਆਂ ਹਨ, ਸ਼ਾਮਲ ਹਨ।ਇਨ੍ਹਾਂ ਖੇਡਾਂ ਦੇ ਸਿਲੈਕਸ਼ਨ ਟਰਾਇਲ ਮਿਤੀ 03.10.2024 ਨੂੰ ਸਵੇਰੇ 10.00 ਵਜੇ ਨਹਿਰੂ ਸਟੇਡੀਅਮ ਫਰੀਦਕੋਟ ਵਿਖੇ ਰੱਖੇ ਗਏ ਹਨ।ਉਨ੍ਹਾਂ ਕਿਹਾ ਕਿ ਇਨ੍ਹਾਂ ਟਰਾਇਲਾਂ ਨੂੰ ਕੰਡਕਟ ਕਰਨ ਲਈ ਖੇਡ ਵਿਭਾਗ ਫਰੀਦਕੋਟ ਦੇ ਕਰਮਚਾਰੀ ਚਰਨਜੀਵ ਸਿੰਘ (ਹੈਂਡਬਾਲ ਕੋਚ) ਨੂੰ ਬਤੌਰ ਨੋਡਲ ਅਫਸਰ ਨਿਯੁਕਤ ਕੀਤਾ ਗਿਆ ਹੈ।ਇਨ੍ਹਾਂ ਖੇਡ ਟਰਾਇਲਾਂ ਵਿੱਚ ਤਾਈਕਵਾਂਡੋ, ਲਾਅਨ ਟੈਨਿਸ, ਰਗਬੀ, ਬਾਕਸਿੰਗ, ਸ਼ੂਟਿੰਗ ਖੇਡਾਂ ਦੇ ਟਰਾਇਲ ਨਹਿਰੂ ਸਟੇਡੀਅਮ ਫਰੀਦਕੋਟ ਤੇ ਨੈੱਟਬਾਲ ਖੇਡ ਦੇ ਟਰਾਇਲ ਦਸਮੇਸ਼ ਗਲੋਬਲ ਸਕੂਲ ਬਰਗਾੜੀ ਵਿਖੇ 3 ਅਕਤੂਬਰ ਸਵੇਰੇ 10.00 ਵਜੇ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਟਰਾਇਲਾਂ ਵਿੱਚ ਭਾਗ ਲੈਣ ਵਾਲੇ ਖਿਡਾਰੀ ਅਧਾਰ ਕਾਰਡ ਬਤੌਰ ਆਈ ਡੀ ਪਰੂਫ, ਫੋਟੋ, ਜਨਮ ਸਰਟੀਫਿਕੇਟ ਪਰੂਫ ਤੇ ਬੈਂਕ ਖਾਤੇ ਦੀ ਕਾਪੀ ਰਜਿਸਟ੍ਰੇਸ਼ਨ ਲਈ ਨਾਲ ਲੈ ਕੇ ਆਉਣ।

# ਪੰਚਾਇਤੀ ਚੋਣਾਂ ਦੌਰਾਨ ਸਰਪੰਚਾਂ ਦੀਆਂ ਬੋਲੀਆਂ ਲੱਗਣਾ ਲੋਕਤੰਤਰ ਦਾ ਘਾਣ : ਦੌਲਤਪੁਰਾ, ਘੱਲ

## ਸੂਬੇ ਅੰਦਰ ਪੰਚਾਇਤੀ ਚੋਣਾਂ ਦੌਰਾਨ ਲੋਕਾਂ 'ਚ ਸਹਿਮ ਦਾ ਮਾਹੌਲ

**ਮੋਗਾ (ਇਕਬਾਲ ਸਿੰਘ ਖਹਿਰਾ)**

ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਜ਼ਿਲ੍ਹਾ ਮੋਗਾ ਦੇ ਦਫਤਰ ਵਿਖੇ ਲੱਖੋਵਾਲ ਯੂਨੀਅਨ ਦੇ ਆਗੂਆਂ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਸੂਬਾ ਮੀਤ ਪ੍ਰਧਾਨ ਗੁਲਜਾਰ ਸਿੰਘ ਘੱਲ ਕਲਾਂ ਤੇ ਯੂਨੀਅਨ ਦੇ ਹੋਰ ਆਗੂਆਂ ਨੇ ਇਕੱਤਰ ਹੋ ਕੇ ਪੰਜਾਬ ਵਿੱਚ ਹੋ ਰਹੀਆਂ ਪੰਚਾਇਤੀ ਚੋਣਾਂ ਉੱਤੇ ਵਿਚਾਰ ਚਰਚਾ ਕੀਤੀ। ਇਸ ਸਮੇਂ ਕੁਝ ਬਜ਼ੁਰਗ ਆਗੂਆਂ ਨੇ ਕਿਹਾ ਕਿ ਅਸੀਂ ਲੰਮੇ ਅਰਸੇ ਤੋਂ ਵੱਖ ਵੱਖ ਪਾਰਟੀਆਂ ਦੀਆਂ ਪੰਚਾਇਤੀ ਚੋਣਾਂ ਦੇਖਦੇ ਆ ਰਹੇ ਹਨ। ਸੱਤਾ ਧਿਰ ਬਲ ਪ੍ਰਯੋਗ ਜ਼ਰੂਰ ਕਰਦੀ ਹੈ, ਪਰ ਇਹੋ ਜਹੀਆਂ ਤਨਾਅ ਪੂਰਵਕ ਮਾਹੌਲ ਵਾਲੀਆਂ ਚੋਣਾਂ ਕਦੇ ਨਹੀਂ ਦੇਖੀਆਂ।



ਇਸ ਤਰ੍ਹਾਂ ਪਿੰਡਾਂ ਵਿੱਚ ਭਾਈਚਾਰਕ ਸਾਂਝ ਬਿਲਕੁਲ ਖਤਮ ਹੋ ਰਹੀ ਹੈ। ਅੱਜ ਤਕਰੀਬਨ ਵਿਰੋਧੀ ਪਾਰਟੀਆਂ ਦੇ ਉਮੀਦਵਾਰ ਆਪਣੇ ਡਾਕੂਮੈਂਟ ਪੂਰੇ ਕਰਨ ਲਈ ਦਫਤਰਾਂ ਦੇ ਦਰ-ਦਰ ਠੋਕਰਾਂ ਖਾ ਰਹੇ ਹਨ। ਕਈ ਦਫ਼ਤਰ ਤਾਂ ਇਹੋ ਜਿਹੇ ਹਨ ਕਿ ਉਥੋਂ ਦੇ ਬਾਬੂ ਕਿਸੇ ਨੂੰ ਕੋਈ ਰਾਹ ਸਿਰਾ ਨਹੀਂ ਫੜਾ ਰਹੇ। ਅੱਜ ਸਾਨੂੰ ਹੁਣੇ ਹੁਣੇ ਜਾਣਕਾਰੀ ਮਿਲੀ ਹੈ ਕਿ ਵਿਰੋਧੀ ਪਾਰਟੀਆਂ ਵਾਲੇ ਵੱਖ ਵੱਖ ਸ਼ਹਿਰਾਂ ਵਿੱਚ ਅਲੱਗ ਅਲੱਗ ਥਾਵਾਂ ਉੱਪਰ ਧਰਨੇ ਲਾ ਰਹੇ ਹਨ, ਕਿਉਂਕਿ ਉਨ੍ਹਾਂ ਦੇ ਉਮੀਦਵਾਰਾਂ ਨੂੰ ਡਾਕੂਮੈਂਟ ਪੂਰੇ ਕਰਨ ਲਈ ਐੱਨ ਓ ਸੀ, ਚੁੱਲ੍ਹਾ ਟੈਕਸ ਦੀ ਰਸੀਦ ਨਹੀਂ ਮਿਲ ਰਹੀ। ਜੇ ਸੱਤਾਧਾਰੀ ਪਾਰਟੀ ਇਸ ਤਰ੍ਹਾਂ ਹੀ ਧੱਕੇਸ਼ਾਹੀ ਕਰੇਗੀ ਤਾਂ ਆਉਣ ਵਾਲੀਆਂ ਜ਼ਿਮਨੀ ਚੋਣਾਂ ਉੱਪਰ ਵੀ ਇਸ ਦਾ ਬਹੁਤ ਭਾਰੀ ਅਸਰ ਹੋਵੇਗਾ। ਇਸ ਸਮੇਂ ਆਗੂਆਂ ਨੇ ਕਿਹਾ ਕਿ ਜੋ ਇਸ ਟਾਈਮ ਦੀ ਮਾਨ ਸਰਕਾਰ ਕਿ ਹੁਣ ਪੰਚਾਇਤੀ ਚੋਣਾਂ ਸਾਫ ਸੁਥਰੇ ਤਰੀਕੇ ਨਹੀਂ ਕਰਾਉਂਦੇ ਤਾਂ ਆਉਣ ਵਾਲੇ ਟਾਈਮ ਵਿੱਚ ਉਨ੍ਹਾਂ ਨੂੰ ਵੀ ਹਾਰ ਦਾ ਸਾਹਮਣਾ ਕਰਨਾ ਪੈ ਸਕਦਾ, ਕਿਉਂਕਿ ਜਨਤਾ ਸਬ ਜਾਣਦੀ ਹੈ, ਜਨਤਾ ਨੇ ਪਹਿਲਾਂ ਹੀ ਦੂਜੀਆਂ ਪਾਰਟੀਆਂ ਨੂੰ ਇਹ ਸ਼ੀਸ਼ਾ ਦਿਖਾਇਆ ਹੋਇਆ ਹੈ, ਤਾਂ ਹੀ ਤਾਂ ਇਸ ਬਦਲਾਵ ਵਾਲੀ ਸਰਕਾਰ ਨੂੰ 90-92 ਐੱਮ ਐੱਲ ਏ ਜਿਤਾਏ ਸਨ, ਪਰ ਅੱਜ ਉਹੀ ਲੋਕ ਠੱਗੇ ਠੱਗੇ ਮਹਿਸੂਸ ਕਰ ਰਹੇ। ਯੂਨੀਅਨ ਨੇ ਇੱਕ ਸਰ ਹੋ ਕੇ ਆਖਿਆ ਹੈ ਕਿ ਜੋ ਸਰਬਸੰਮਤੀ ਦੇ ਨਾਂ ਉੱਪਰ ਪੰਜਾਬ ਵਿੱਚ ਮਾਹੌਲ ਸਿਰਜਿਆ ਜਾ ਰਿਹਾ, ਥਾਂ-ਥਾਂ ਪਿੰਡਾਂ ਵਿੱਚ ਪੰਚਾਇਤਾਂ ਬਣਾਉਣ ਲਈ ਬੋਲੀਆਂ ਲੱਗ ਰਹੀਆਂ ਹਨ, ਉਹ ਲੋਕਤੰਤਰ ਦਾ ਘਾਣ ਹੈ। ਇਸ ਸਮੇਂ ਪ੍ਰੇਮ ਲਾਲ ਪੁਰੀ ਜ਼ਿਲ੍ਹਾ ਮੀਤ ਪ੍ਰਧਾਨ, ਗੁਰਮੇਲ ਸਿੰਘ ਡਰੋਲੀ ਭਾਈ ਜ਼ਿਲ੍ਹਾ ਮੀਤ ਪ੍ਰਧਾਨ, ਮੰਦਰਜੀਤ ਸਿੰਘ ਮਨਾਵਾਂ ਸੂਬਾ ਆਗੂ, ਪ੍ਰਗਟ ਸਿੰਘ ਮਹੇਸ਼ਰੀ, ਲਖਵਿੰਦਰ ਸਿੰਘ ਰੌਲੀ ਬਲਾਕ ਮੀਤ ਪ੍ਰਧਾਨ, ਬਲਕਰਨ ਸਿੰਘ ਢਿੱਲੋਂ ਜ਼ਿਲ੍ਹਾ ਮੀਡੀਆ ਇੰਚਾਰਜ ਆਦਿ ਹਾਜ਼ਰ ਸਨ।

# ਪੈਸੇ ਦੇ ਬਲਬੂਤੇ ਪੰਚਾਇਤ ਚੋਣਾਂ 'ਚ ਸਰਬਸੰਮਤੀ ਖ਼ਰੀਦਣਾ ਜਮਹੂਰੀਅਤ ਦਾ ਘਾਣ : ਲਿਬਰੇਸ਼ਨ

## ਚੋਣ ਕਮਿਸ਼ਨ ਤੁਰੰਤ ਕਰੇ ਕਾਰਵਾਈ, ਜਾਗ੍ਰਿਤ ਲੋਕ ਅਖੌਤੀ ਸਰਬਸੰਮਤੀਆਂ ਖਿਲਾਫ ਚੋਣ ਲੜਨ ਲਈ ਅੱਗੇ ਆਉਣ

**ਮਾਨਸਾ (ਆਤਮਾ ਸਿੰਘ ਪਮਾਰ)**-ਚਿੱਟੇ ਤੇ ਕਾਲੇ ਧਨ ਦੀ ਅੰਨੀਂ ਵਰਤੋਂ ਜ਼ਰੀਏ ਕੁਝ ਮੋਟੇ ਧਨਾਢਾਂ ਵੱਲੋਂ ਪੰਚਾਇਤੀ ਚੋਣਾਂ ਪਿੰਡਾਂ ਵਿੱਚ ਵੋਟਤੰਤਰ ਨੂੰ ਨੰਗੇ ਚਿੱਟੇ ਧਨਤੰਤਰ ਵਿੱਚ ਬਦਲ ਦੇਣ ਦੇ ਮਾੜੇ ਮਨਸੂਬਿਆਂ ਦੀ ਸਖ਼ਤ ਨਿੰਦਾ ਕਰਦਿਆਂ ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਅਖੌਤੀ ਸਰਬਸੰਮਤੀ ਖਰੀਦ ਕੇ ਸਰਪੰਚ ਬਣਨ ਲਈ ਦੋ ਕਰੋੜ ਦੀ ਬੋਲੀ ਲਗਾਉਣ ਵਾਲੇ ਪਿੰਡ ਹਰਦੋਵਾਲ ਜ਼ਿਲ੍ਹਾ ਗੁਰਦਾਸਪੁਰ ਦੇ ਬੀ.ਜੇ.ਪੀ. ਸਮਰਥਕ ਆਤਮਾ ਸਿੰਘ ਦੀ ਆਮਦਨ ਤੇ ਕਾਰੋਬਾਰ ਦੀ ਮੁਕੰਮਲ ਜਾਂਚ ਕਰਵਾਈ ਜਾਵੇ।

ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰ ਤੇ ਸੂਬਾਈ ਬੁਲਾਰੇ ਕਾਮਰੇਡ ਸੁਖਦਰਸ਼ਨ ਸਿੰਘ ਨੱਤ ਨੇ ਜਾਰੀ ਬਿਆਨ ਵਿੱਚ ਕਿਹਾ ਕਿ ਜੇਕਰ ਇਸ ਰੁਝਾਨ ਨੂੰ ਨਾ ਰੋਕਿਆ ਗਿਆ, ਤਾਂ ਆਮ ਜਨਤਾ ਨੂੰ ਮਿਲਿਆ ਵੋਟ ਦਾ ਸੰਵਿਧਾਨਕ ਹੱਕ ਬੇਅਰਥ ਹੋ ਕੇ ਰਹਿ ਜਾਵੇਗਾ।ਆਮਦਨ ਦੇ ਸ਼ੱਕੀ ਸੋਮਿਆਂ ਵਾਲੇ ਲੋਕ ਪੈਸੇ ਦੇ ਬਲ ਨਾਲ ਸਿਰਫ ਪਿੰਡ ਦੀਆਂ ਵੋਟਾਂ ਹੀ ਨਹੀਂ ਖਰੀਦ ਰਹੇ, ਬਲਕਿ ਬੀਜੇਪੀ ਦਾ ਦੋ ਕਰੋੜ ਦੀ ਬੋਲੀ ਦੇਣ ਵਾਲੇ ਸਰਪੰਚੀ ਦਾ ਦਾਅਵੇਦਾਰ ਆਤਮਾ ਸਿੰਘ ਕੈਮਰੇ ਸਾਹਮਣੇ ਖੁੱਲ੍ਹੇਆਮ ਕਹਿ ਰਿਹਾ ਹੈ ਕਿ ਜੇਕਰ ਕੋਈ ਹੋਰ ਮੁਕਾਬਲੇ ਵਿੱਚ ਆਇਆ, ਤਾਂ ਮੈਂ ਬੋਲੀ ਹੋਰ ਵਧਾ ਸਕਦਾ ਹਾਂ, ਪਰ ਮੇਰੀ ਸ਼ਰਤ ਹੈ ਕਿ ਮੇਰੇ ਸਰਪੰਚ ਬਣਨ ਦੀ ਸੂਰਤ ਵਿੱਚ ਪਿੰਡ ਦੇ ਸਾਰੇ ਪੰਚ ਵੀ ਬੀਜੇਪੀ ਦੇ ਹੋਣਗੇ।ਮਤਲਬ ਸਾਫ ਹੈ ਕਿ ਉਹ ਸਿਰਫ ਸਰਪੰਚੀ ਨਹੀਂ, ਪਿੰਡ ਦੇ ਲੋਕਾਂ ਦੇ ਸਾਰੇ ਹੱਕਾਂ ਅਧਿਕਾਰਾਂ ਦਾ ਹੀ ਸੌਦਾ ਕਰਕੇ ਇੱਕ ਤਰ੍ਹਾਂ ਨਾਲ ਪਿੰਡ ਨੂੰ ਹੀ ਖਰੀਦ ਰਿਹਾ ਹੈ।ਇਸ ਦਾ ਸਪੱਸ਼ਟ ਅਰਥ ਹੈ ਕਿ ਪੈਸੇ ਸਾਹਮਣੇ ਇਮਾਨਦਾਰੀ, ਸਮਾਜ ਸੇਵਾ ਤੇ ਲੋਕ ਹਿੱਤੂ ਵਿਚਾਰਧਾਰਾ ਵਰਗੇ ਸਾਰੇ ਗੁਣ ਬੇਮਤਲਬ ਹੋ ਕੇ ਰਹਿ ਜਾਣਗੇ।ਪਾਰਟੀ ਨੇ ਜਿਥੇ ਸੂਬਾਈ ਚੋਣ ਕਮਿਸ਼ਨ ਤੋਂ ਇਸ ਘਾਤਕ ਵਰਤਾਰੇ ਦਾ ਤੁਰੰਤ ਨੋਟਿਸ ਲੈਣ ਤੇ ਢੁੱਕਵੀਂ ਕਾਰਵਾਈ ਕਰਨ ਦੀ ਮੰਗ ਕੀਤੀ ਹੈ, ਉਥੇ ਪਿੰਡਾਂ ਦੇ ਸਿਆਸੀ ਤੌਰ 'ਤੇ ਜਾਗ੍ਰਿਤ ਇਮਾਨਦਾਰ ਤੇ ਨਿੱਡਰ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਨਿਰੋਲ ਪੈਸੇ ਦੇ ਬਲ 'ਤੇ ਥੋਪੀਆਂ ਜਾ ਰਹੀਆਂ ਅਜਿਹੀਆਂ ਅਖੌਤੀ ਸਰਬਸੰਮਤੀਆਂ ਨੂੰ ਚੁਣੌਤੀ ਦੇਣ ਲਈ ਅੱਗੇ ਆਉਣ ਅਤੇ ਜਿੱਤ ਹਾਰ ਦੀ ਪ੍ਰਵਾਹ ਕੀਤੇ ਬਿਨਾਂ ਕਾਗਜ਼ ਭਰ ਅਜਿਹੇ ਸੌਦੇਬਾਜ਼ਾਂ ਨੂੰ ਚੋਣ ਲੜਨ ਲਈ ਮਜਬੂਰ ਕਰ ਦੇਣ।

# ਗੈਸਟ ਫੈਕਲਟੀ ਪ੍ਰੋਫ਼ੈਸਰਾਂ ਵੱਲੋਂ ਰਿਪੁਦਮਨ ਕਾਲਜ 'ਚ ਸਰਕਾਰ ਵਿਰੁੱਧ ਧਰਨਾ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਦੇ ਸਾਰੇ ਸਰਕਾਰੀ ਕਾਲਜਾਂ ਵਿੱਚ ਗੈਸਟ ਫੈਕਲਟੀ ਸੰਯੁਕਤ ਫਰੰਟ ਪੰਜਾਬ ਦੇ ਸੱਦੇ 'ਤੇ ਪੰਜਾਬ ਸਰਕਾਰ ਖਿਲਾਫ ਸੰਕੇਤਕ ਰੋਸ ਪ੍ਰਦਰਸ਼ਨ ਕੀਤਾ ਗਿਆ, ਜਿਸ ਨੂੰ ਲੈ ਕੇ ਸਰਕਾਰੀ ਰਿਪੁਦਮਨ ਕਾਲਜ ਨਾਭਾ ਵਿੱਚ ਪੰਜਾਬ ਸਰਕਾਰ ਖ਼ਿਲਾਫ਼ ਗੈਸਟ ਫੈਕਲਟੀ ਪ੍ਰੋਫ਼ੈਸਰਾਂ ਵੱਲੋਂ ਧਰਨਾ ਲਗਾਇਆ ਗਿਆ, ਜਿਸ ਵਿੱਚ ਸਰਕਾਰ ਦੀਆਂ ਮਾਰੂ ਨੀਤੀਆਂ ਦਾ ਵਿਰੋਧ ਕਰਦਿਆਂ ਪ੍ਰੋ. ਕੁਲਦੀਪ ਸਿੰਘ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੈਸਟ ਫੈਕਲਟੀ ਪ੍ਰੋਫੈਸਰ ਲੰਬੇ ਸਮੇਂ ਤੋਂ ਕਾਲਜਾਂ ਨੂੰ ਬਹੁਤ ਘੱਟ ਤੇ ਅਨਿਯਮਤ ਤਨਖਾਹਾਂ 'ਤੇ ਕੰਮ ਕਰ ਕੇ ਪਿਛਲੇ 20-22 ਸਾਲਾਂ ਤੋਂ ਚਲਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਆਉਣ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਵਾਅਦਾ ਕੀਤਾ ਸੀ ਕਿ ਗੈਸਟ ਫੈਕਲਟੀ ਸਹਾਇਕ ਪ੍ਰੋਫ਼ੈਸਰਾਂ ਨੂੰ ਪਹਿਲ ਦੇ ਅਧਾਰ 'ਤੇ ਪੱਕੇ ਕਰੇਗੀ।ਖੁਦ ਸਿੱਖਿਆ ਮੰਤਰੀ ਹਰਜੋਤ ਬੈਂਸ ਧਰਨੇ ਵਿੱਚ ਆ ਕੇ ਇਹ ਕਹਿ ਕੇ ਗਏ ਸਨ, ਪ੍ਰੰਤੂ ਸੂਬੇ ਪੰਜਾਬ ਵਿੱਚ ਆਪ ਦੀ ਸਰਕਾਰ ਬਣਨ 'ਤੇ ਰੁਜ਼ਗਾਰ ਦੇਣ ਦੀ ਬਜਾਏ ਖੋਹਣ ਲੱਗ ਪਏ ਹਨ।ਇਸੇ ਭਰਤੀ ਨੂੰ ਗੈਰਕਨੂੰਨੀ ਤੇ ਗਲਤ ਦੱਸਿਆ ਸੀ, ਹੁਣ ਉਹ ਠੀਕ ਕਿਵੇਂ ਹੋ ਗਈ? ਇਸ ਮੌਕੇ ਸਟੂਡੈਂਟ ਯੂਨੀਅਨ ਦੇ ਪ੍ਰਧਾਨ ਗੁਰਧਿਆਨ ਸਿੰਘ ਨੇ ਵੀ ਗੈਸਟ ਫੈਕਲਟੀ ਦੇ ਹੱਕ ਵਿੱਚ ਬੋਲਦੇ ਹੋਏ ਕਿਹਾ ਕਿ ਇਨ੍ਹਾਂ ਪ੍ਰੋਫ਼ੈਸਰਾਂ ਦੀਆਂ ਸੇਵਾਵਾਂ ਨੂੰ ਸੁਰੱਖਿਅਤ ਕੀਤਾ ਜਾਵੇ, ਨਹੀਂ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਤੇ ਸਰਕਾਰ ਦੀ ਹੋਵੇਗੀ।ਇਸ ਸਮੇਂ ਪ੍ਰੋ. ਕੁਲਵਿੰਦਰ ਕੌਰ, ਪ੍ਰੋ. ਰੋਹਿਤ, ਪ੍ਰੋ. ਜਸਮੇਰ, ਪ੍ਰੋ. ਅਮਰਿੰਦਰ, ਪ੍ਰੋ. ਤਰਨਦੀਪ, ਪ੍ਰੋ. ਕਿਰਨ, ਪ੍ਰੋ. ਸੁਨੀਤਾ, ਪ੍ਰੋ. ਰਾਜਿੰਦਰ, ਪ੍ਰੋ. ਅਸ਼ਿਮਾ, ਪ੍ਰੋ. ਜਸਪ੍ਰੀਤ ਤੇ ਸਮੂਹ ਗੈਸਟ ਫੈਕਲਟੀ ਪ੍ਰੋਫ਼ੈਸਰ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਸ਼ਾਮਲ ਸਨ।

# ਪ੍ਰੀਗੈਬਾਲਿਨ ਦਵਾਈ ਦੀ ਵਿਕਰੀ 'ਤੇ ਮੁਕੰਮਲ ਰੋਕ : ਜ਼ਿਲ੍ਹਾ ਮੈਜਿਸਟ੍ਰੇਟ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤੇ ਹਨ।ਜਾਰੀ ਹੁਕਮ ਅਨੁਸਾਰੀ ਜ਼ਿਲ੍ਹੇ ਵਿੱਚ ਪ੍ਰੀਗੈਬਾਲਿਨ 75 ਐੱਮ.ਜੀ. ਦੇ ਕੈਪਸੂਲ ਤੇ ਗੋਲੀਆਂ ਦੀ ਵਿਕਰੀ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਲਗਾਈ ਹੈ।ਉਨ੍ਹਾਂ ਨਿਰਦੇਸ਼ ਦਿੱਤੇ ਕਿ ਕੈਮਿਸਟ ਵੱਲੋਂ ਦਵਾਈ ਦੇਣ ਸਮੇਂ ਪ੍ਰਿਸਕ੍ਰਿਪਸ਼ਨ ਸਲਿੱਪ 'ਤੇ ਆਪਣੀ ਮੋਹਰ ਲਗਾਈ ਜਾਵੇਗੀ ਤੇ ਦਵਾਈ ਦੇਣ ਦੀ ਮਿਤੀ ਦਰਜ ਕੀਤੀ ਜਾਵੇ।ਜਾਰੀ ਹੁਕਮ ਅਨੁਸਾਰ ਸਿਵਲ ਸਰਜਨ ਬਠਿੰਡਾ ਦੇ ਪੱਤਰ 'ਤੇ ਕੀਤੀ ਗਈ ਕਾਰਵਾਈ ਸਬੰਧੀ ਜਾਰੀ ਕੀਤਾ ਗਿਆ ਹੈ।ਸਿਵਲ ਸਰਜਨ ਨੇ ਆਪਣੀ ਰਿਪੋਰਟ 'ਚ ਦੱਸਿਆ ਹੈ ਕਿ ਕੈਪਸੂਲ ਦਾ ਆਮ ਲੋਕਾਂ ਵੱਲੋਂ ਮੈਡੀਕਲ ਨਸ਼ੇ ਵਜੋਂ ਸੇਵਨ ਕੀਤਾ ਜਾ ਰਿਹਾ ਹੈ।ਉਨ੍ਹਾਂ ਵੱਲੋਂ ਕੈਪਸੂਲ ਦੀ ਵਿਕਰੀ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਲਗਾਉਣ ਦੀ ਮੰਗ ਕੀਤੀ ਗਈ।ਜਾਰੀ ਹੁਕਮ ਅਨੁਸਾਰ ਥੋਕ ਵਿਕਰੇਤਾ, ਪ੍ਰਚੂਨ ਵਿਕਰੇਤਾ, ਕੈਮਿਸਟ/ਮੈਡੀਕਲ ਸਟੋਰ ਦੇ ਮਾਲਕ, ਹਸਪਤਾਲਾਂ ਅੰਦਰ ਫਾਰਮੇਸੀਆਂ ਜਾਂ ਕੋਈ ਹੋਰ ਵਿਅਕਤੀ ਪ੍ਰੀਗੈਬਾਲਿਨ 75 ਮਿਲੀਗ੍ਰਾਮ ਦੀ ਅਸਲ ਪਰਚੀ ਤੋਂ ਬਿਨਾਂ ਨਹੀਂ ਵੇਚੇਗਾ।ਪ੍ਰੀਗੈਬਾਲਿਨ (75 ਮਿਲੀਗ੍ਰਾਮ ਤੱਕ) ਦੀ ਖਰੀਦ 'ਤੇ ਵਿਕਰੀ ਦਾ ਸਹੀ ਰਿਕਾਰਡ ਰੱਖਣ ਤੋਂ ਇਲਾਵਾ, ਉਹ ਇਨ੍ਹਾਂ ਵੇਰਵਿਆਂ ਕੈਮਿਸਟ/ਰਿਟੇਲਰ ਦਾ ਵਪਾਰਕ ਨਾਮ, ਵੰਡਣ ਦੀ ਮਿਤੀ, ਵੰਡੀਆਂ ਗਈਆਂ ਗੋਲੀਆਂ ਦੀ ਸੰਖਿਆ ਵਾਲੀ ਅਸਲ ਪਰਚੀ 'ਤੇ ਮੋਹਰ ਵੀ ਲਗਾਉਣਾ ਯਕੀਨੀ ਬਣਾਉਣਗੇ।ਇਹ ਹੁਕਮ 29 ਨਵੰਬਰ 2024 ਤੱਕ ਲਾਗੂ ਰਹੇਗਾ।

# ਭਗਤ ਨਾਮਦੇਵ ਜੀ ਦਾ ਸੂਬਾ ਪੱਧਰੀ ਪ੍ਰਕਾਸ਼ ਪੁਰਬ ਗੁ. ਤਪਿਆਣਾ ਸਾਹਿਬ ਘੁਮਾਣ ਵਿਖੇ ਮਨਾਉਣ ਸੰਬੰਧੀ ਸਰਕਾਰ ਨੂੰ ਦਿੱਤਾ ਮੰਗ ਪੱਤਰ

**ਲੌਂਗੋਵਾਲ/ਸੰਗਰੂਰ (ਪ੍ਰਦੀਪ ਸਿੰਘ ਸੱਪਲ)**-ਆਲ ਇੰਡੀਆ ਕਸ਼ੱਤਰੀਆ (ਟਾਂਕ) ਪ੍ਰਤੀਨਿਧੀ ਸਭਾ ਦੇ ਕੌਮੀ ਪ੍ਰਧਾਨ ਸਤਨਾਮ ਸਿੰਘ ਦਮਦਮੀ ਦੀ ਅਗਵਾਈ ਵਿੱਚ ਸਭਾ ਦੇ ਵੱਡੀ ਗਿਣਤੀ ਵਿੱਚ ਮੈਂਬਰ ਤੇ ਅਹੁਦੇਦਾਰ ਹਲਕਾ ਸੰਗਰੂਰ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਨੂੰ ਬਿਰਾਦਰੀ ਭਾਈਚਾਰੇ ਦੀਆਂ ਮੰਗਾਂ ਨੂੰ ਲੈ ਕੇ ਮੁਲਾਕਾਤ ਕੀਤੀ ਗਈ ਤੇ ਬ੍ਰਹਮ ਗਿਆਨੀ ਭਗਤ ਨਾਮਦੇਵ ਜੀ ਦਾ ਪ੍ਰਕਾਸ਼ ਪੁਰਬ ਗੁਰਦੁਆਰਾ ਤਪਿਆਣਾ ਸਾਹਿਬ ਘੁਮਾਣ ਜ਼ਿਲ੍ਹਾ ਗੁਰਦਾਸਪੁਰ ਵਿਖੇ 10, 11 ਤੇ 12 ਨਵੰਬਰ ਨੂੰ ਸੂਬਾ ਪੱਧਰ ਤੇ ਸੂਬਾ ਸਰਕਾਰ ਵੱਲੋਂ ਵੱਡੀ ਪੱਧਰ 'ਤੇ ਮਨਾਉਣ ਸਬੰਧੀ ਮੰਗ ਪੱਤਰ ਦਿੱਤਾ ਗਿਆ ਤਾਂ ਜੁ ਸਰਕਾਰ ਜਿੱਥੇ ਹੋਰਾਂ ਗੁਰੂ ਸਾਹਿਬਾਨਾਂ ਤੇ ਭਗਤਾਂ ਦੇ ਦੀਆਂ ਸ਼ਤਾਬਦੀਆਂ ਸੂਬਾ ਪੱਧਰ 'ਤੇ ਮਨਾਈਆਂ ਜਾਂਦੀਆਂ ਹਨ।ਇਸੇ ਤਰ੍ਹਾਂ ਹੀ ਭਗਤ ਨਾਮਦੇਵ ਜੀ ਦਾ ਪ੍ਰਕਾਸ਼ ਪੁਰਵ ਵੀ ਸੂਬਾ ਪੱਧਰ 'ਤੇ ਮਨਾਇਆ ਜਾਵੇ।ਇਸ ਤੋਂ ਇਲਾਵਾ ਉਹਨਾਂ ਮੰਗ ਕੀਤੀ ਕਿ ਭਗਤ ਨਾਮਦੇਵ ਜੀ ਦੇ ਨਾਂਅ 'ਤੇ ਸੂਬੇ ਵਿੱਚ ਕਿਸੇ ਵੀ ਸੰਸਥਾ ਦਾ ਨਾਂਅ ਰੱਖਿਆ ਜਾਵੇ।



ਇਸ ਮੌਕੇ ਸਭਾ ਜਨਰਲ ਸਕੱਤਰ ਮੇਜਰ ਸਿੰਘ ਸਿੱਧੂ, ਵਿੱਤ ਸਕੱਤਰ ਮਲਕੀਤ ਸਿੰਘ ਸਾਗੂ ਸੰਗਰੂਰ, ਜਸਵਿੰਦਰ ਸਿੰਘ ਖਿੱਲਰੀਆਂ, ਕੇਵਲ ਸਿੰਘ ਵੀਨਸ, ਬਲਵਿੰਦਰ ਸਿੰਘ ਚੌਹਾਨ, ਜਸਪਾਲ ਸਿੰਘ ਬੇਦੀ, ਕਰਮ ਸਿੰਘ ਨਮੋਲ, ਚਰਨਜੀਤ ਸਿੰਘ ਬਡਰੁੱਖਾਂ ਅਤੇ ਹੋਰ ਮੈਂਬਰ ਮੌਜੂਦ ਸਨ।ਸਭਾ ਦੇ ਕੌਮੀ ਪ੍ਰਧਾਨ ਸਤਨਾਮ ਸਿੰਘ ਦਮਦਮੀ ਨੇ ਵਿਧਾਇਕ ਭਰਾਜ ਨੂੰ ਭਗਤ ਨਾਮਦੇਵ ਜੀ ਦੇ ਜੀਵਨ ਬਾਰੇ ਜਾਣਕਾਰੀ ਦਿੰਦਿਆਂ ਜਿੱਥੇ ਭਗਤ ਨਾਮਦੇਵ ਜੀ ਦੀ ਬਾਣੀ ਦੀ ਭਰਪੂਰ ਸ਼ਲਾਘਾ ਕੀਤੀ, ਉਥੇ ਉਨ੍ਹਾਂ ਭਗਤ ਨਾਮਦੇਵ ਜੀ ਦੀਆਂ ਸਿਖਿਆਵਾਂ 'ਤੇ ਚੱਲ ਕੇ ਆਪਣੇ ਜੀਵਨ ਨੂੰ ਸਫ਼ਲਾ ਕਰਨ ਦੀ ਪ੍ਰੇਰਨਾ ਦਿੰਦੀ ਹੈ।ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਭਗਤ ਨਾਮਦੇਵ ਜੀ ਬਚਪਨ ਤੋਂ ਹੀ ਪ੍ਰਭੂ ਭਗਤੀ ਵਿੱਚ ਲੀਨ ਰਹਿੰਦੇ ਸਨ। ਭਗਤ ਜੀ ਦੀ ਇਸ ਮਹਾਨ ਮਾਨਵਵਾਦੀ ਸੋਚ ਕਾਰਨ ਹੀ ਉਨ੍ਹਾਂ ਦੁਆਰਾ ਰਚੇ ਇਕਾਹਠ ਸ਼ਬਦ ਸਾਹਿਬ ਸ਼੍ਰੀ ਗੁਰੂ ਅਰਜਨ ਦੇਵ ਜੀ ਨੇ ਪਵਿੱਤਰ ਗ੍ਰੰਥ ਸ਼੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਕਰਕੇ ਸਾਡੀ ਕੌਮ ਨੂੰ ਬਹੁਤ ਵੱਡਾ ਮਾਣ ਬਖਸ਼ਿਆ ਹੈ, ਭਾਵੇਂ ਭਗਤ ਨਾਮਦੇਵ ਜੀ ਦਾ ਜਨਮ ਮਹਾਰਾਸ਼ਟਰ ਵਿੱਚ ਹੋਇਆ, ਪ੍ਰੰਤੂ ਉਨ੍ਹਾਂ ਨੇ ਆਪਣੇ ਵਿਚਾਰਾਂ ਦਾ ਪ੍ਰਚਾਰ ਅਤੇ ਪ੍ਰਸਾਰ ਥਾਂ-ਥਾਂ 'ਤੇ ਘੁੰਮ ਕੇ ਲੋਕਾਂ ਵਿੱਚ ਜਾ ਕੇ ਕੀਤਾ।

# ਅਸਲੇ ਤੇ ਕਾਰ ਸਮੇਤ ਤਿੰਨ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ 2 ਪਿਸਟਲ 32 ਬੋਰ, 8 ਜ਼ਿੰਦਾ ਕਾਰਤੂਸ ਤੇ ਕਾਰ ਸਮੇਤ 3 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਭਗਤ ਸਿੰਘ ਨੇ ਦੱਸਿਆ ਕਿ ਉਹ ਸਾਥੀ ਕਰਮਚਾਰੀਆ ਸਮੇਤ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਦੇ ਹੋਏ ਗੇਟ ਨੰਬਰ 1 ਦਾਣਾ ਮੰਡੀ ਜਲਾਲਾਬਾਦ ਪਹੁੰਚੇ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਪ੍ਰਿੰਸ ਵਗੈਰਾ ਬੀ.ਡੀ.ਪੀ.ਓ. ਦਫਤਰ ਦੇ ਸਾਹਮਣੇ ਆਪਣੀ ਕਾਰ ਮਾਰਕਾ ਸਿਲਾਰੀਓ ਨੰਬਰ ਪੀ.ਬੀ. 01-ਡੀ-1501 ਵਿਚ ਬੈਠ ਕੇ ਕਿਸੇ ਵਾਰਦਾਤ ਨੂੰ ਅੰਜਾਮ ਦੇਣ ਦੀ ਤਾਕ ਵਿੱਚ ਹਨ। ਜਿਸ 'ਤੇ ਪੁਲਸ ਪਾਰਟੀ ਵੱਲੋਂ ਕਾਰ ਬਜ਼ਾਰ ਜਲਾਲਾਬਾਦ ਵਿਖੇ ਛਾਪੇਮਾਰੀ ਕੀਤੀ ਗਈ ਤੇ ਪ੍ਰਿੰਸ ਪੁੱਤਰ ਬਲਵਿੰਦਰ ਸਿੰਘ ਵਾਸੀ ਬੂਰਵਾਲਾ, ਅਨਿਲ ਕੁਮਾਰ ਉਰਫ ਨਿਲੂ ਪੁੱਤਰ ਹੰਸ ਰਾਜ ਵਾਸੀ ਢਾਣੀ ਸ਼ਿਵਾਦਿੱਤਾ ਹਿਸਾਨਵਾਲਾ ਤੇ ਕੁਨਾਲ ਸ਼ਰਮਾ ਪੁੱਤਰ ਰਾਕੇਸ਼ ਕੁਮਾਰ ਵਾਸੀ ਕੋਟੂਵਾਲਾ ਨੂੰ ਕਾਬੂ ਕਰਕੇ ਇਨ੍ਹਾਂ ਵਿਅਕਤੀਆਂ ਕੋਲੋਂ 2 ਪਿਸਟਲ 32 ਬੋਰ, 8 ਜ਼ਿੰਦਾ ਕਾਰਤੂਸ ਕਾਰ ਮਾਰਕਾ ਸਿਲਾਰੀਓ ਨੰਬਰੀ ਪੀ.ਬੀ.01-ਡੀ-1501 ਬਰਾਮਦ ਕੀਤਾ ਗਿਆ ਹੈ। ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਕਾਬੂ ਕੀਤੇ ਗਏ ਪ੍ਰਿੰਸ, ਅਨਿਲ ਕੁਮਾਰ ਉਰਫ ਨਿਲੂ ਤੇ ਕੁਨਾਲ ਸ਼ਰਮਾ ਦੇ ਖਿਲਾਫ ਮੁਕੱਦਮਾ ਦਰਜ ਕਰ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

# ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਨੇ ਮੁੱਖ ਮੰਤਰੀ ਨੂੰ ਭੇਜਿਆ ਮੰਗ ਪੱਤਰ



**ਲੁਧਿਆਣਾ (ਐੱਮ ਐੱਸ ਭਾਟੀਆ)**

ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਵੱਲੋਂ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਕਿਰਤ ਕਮਿਸ਼ਨ ਲੁਧਿਆਣਾ ਰਾਹੀਂ ਪੰਜਾਬ ਦੇ ਮੁੱਖ ਮੰਤਰੀ ਨੂੰ ਮੰਗ ਪੱਤਰ ਭੇਜਿਆ ਗਿਆ। ਮੰਗ ਪੱਤਰ ਦੇਣ ਆਏ ਵਫਦ ਦੀ ਅਗਵਾਈ ਗੁਰਦੀਪ ਸਿੰਘ ਮਿੱਠੇਵਾਲ, ਮਲਕੀਤ ਸਿੰਘ ਭੈਣੀ ਤੇ ਸੂਰਜ ਸਿੰਘ ਕਾਲਸਾ ਨੇ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਪੰਜਾਬ ਨਿਰਮਾਣ ਯੂਨੀਅਨ ਦੇ ਸੂਬਾ ਜਾਇੰਟ ਸਕੱਤਰ ਗੁਰਦੀਪ ਸਿੰਘ ਕਲਸੀ ਤੇ ਸੀ ਟੀ ਯੂ ਪੰਜਾਬ ਦੇ ਜ਼ਿਲ੍ਹਾ ਸਕੱਤਰ ਜਗਦੀਸ਼ ਚੰਦ ਨੇ ਆਖਿਆ ਕਿ ਨਿਰਮਾਣ ਦੇ ਕਾਮਿਆਂ ਨੂੰ ਨਿੱਤ ਦਿਨ ਬੇਹੱਦ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਨੂੰ ਜਿੱਥੇ ਆਪਣੇ ਕੰਮ ਦੀ ਚਿੰਤਾ ਹੈ, ਉੱਥੇ ਆਪਣੇ ਆਪ ਨੂੰ ਰਜਿਸਟਰਡ ਤੇ ਨਵੀਨੀਕਰਨ ਕਰਨ ਵਿੱਚ ਵੀ ਵੱਡੀਆਂ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਰਤੀਆਂ ਨੂੰ ਬਣਦੀਆਂ ਸਾਰੀਆਂ ਸਹੂਲਤਾਂ ਦਿੱਤੀਆਂ ਜਾਣ। ਉਨ੍ਹਾਂ ਲਈ ਪੈਨਸ਼ਨ, ਬੱਚਿਆਂ ਲਈ ਵਜ਼ੀਫੇ, ਮੁਫਤ ਇਲਾਜ, ਬਿਨਾਂ ਵਿਆਜ ਕਰਜ਼ਾ, ਦੁਰਘਟਨਾ ਦਾ ਬੀਮਾ ਆਦਿ ਮੰਗਾਂ ਦਾ ਜਲਦੀ ਨਿਪਟਾਰਾ ਕੀਤਾ ਜਾਵੇ। ਉਨ੍ਹਾਂ ਵੱਲੋਂ ਮੰਗ ਪੱਤਰ ਦੇਣ ਤੋਂ ਪਹਿਲਾਂ ਸਰਕਾਰ ਵਿਰੁੱਧ ਜ਼ਬਰਦਸਤ ਨਾਹਰੇਬਾਜ਼ੀ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਮੇਲ ਸਿੰਘ ਕਾਲਸਾਂ, ਕਰਮਜੀਤ ਸਿੰਘ ਬ੍ਰਾਂਚ ਸਕੱਤਰ ਤਾਜਪੁਰ, ਜੀਤ ਸਿੰਘ ਤਾਜਪੁਰ, ਜੁਗਰਾਜ ਸਿੰਘ ਬ੍ਰਹਮਪੁਰ, ਗੁਰਸੇਵਕ ਸਿੰਘ ਬ੍ਰਹਮਪੁਰ, ਹਰਬੰਸ ਸਿੰਘ ਪ੍ਰਧਾਨ ਬ੍ਰਾਂਚ ਕਲਸੀਆ, ਹਰਜਿੰਦਰ ਸਿੰਘ ਕਲਸੀਆ, ਜਸਵੀਰ ਸਿੰਘ ਪ੍ਰਧਾਨ ਬਰਾਂਚ ਬੜੂੰਦੀ, ਜੋਗਿੰਦਰ ਸਿੰਘ ਪ੍ਰਧਾਨ ਬ੍ਰਾਂਚ ਤੁਗਲ, ਅਮਰਜੀਤ ਸਿੰਘ ਢੋਲਣ, ਅਵਤਾਰ ਸਿੰਘ ਗੁੜੇ, ਹਾਕਮ ਸਿੰਘ ਆਦਿ ਹਾਜ਼ਰ ਸਨ।

# ਰਾਜ ਲਾਲੀ ਗਿੱਲ ਵੱਲੋਂ ਨਵੀਂ ਜ਼ਿਲ੍ਹਾ ਜੇਲ੍ਹ ਦਾ ਦੌਰਾ

## ਜੇਲ੍ਹ 'ਚ ਬੰਦ 32 ਲੜਕੀਆਂ ਨਾਲ ਮੁਲਾਕਾਤ, ਹੋਰ ਮਹਿਲਾ ਬੰਦੀਆਂ ਦੀਆਂ ਮੁਸ਼ਕਲਾਂ ਵੀ ਸੁਣੀਆਂ

**ਨਾਭਾ (ਵਰਿੰਦਰ ਵਰਮਾ)**-ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਨਵੀਂ ਜ਼ਿਲ੍ਹਾ ਜੇਲ੍ਹ ਦਾ ਦੌਰਾ ਕਰਕੇ ਬੰਦ ਇਮੀਗ੍ਰੇਸ਼ਨ ਤੇ ਕਾਲ ਸੈਂਟਰ 'ਚ ਕੰਮ ਕਰਦੀਆਂ ਰਹੀਆਂ 32 ਲੜਕੀਆਂ ਨਾਲ ਮੁਲਾਕਾਤ ਕੀਤੀ ਤੇ ਹੋਰ ਮਹਿਲਾ ਬੰਦੀਆਂ ਦੀਆਂ ਮੁਸ਼ਕਲਾਂ ਸੁਣੀਆਂ।



ਚੇਅਰਪਰਸਨ ਰਾਜ ਲਾਲੀ ਗਿੱਲ ਨੇ ਜੇਲ ਪ੍ਰਸ਼ਾਸਨ ਤੋਂ ਜੇਲ੍ਹ 'ਚ ਮਹਿਲਾ ਬੰਦੀਆਂ ਤੇ ਉਨ੍ਹਾਂ ਦੇ ਨਾਲ ਰਹਿ ਰਹੇ ਬੱਚਿਆਂ ਦੀ ਗਿਣਤੀ, ਉਨ੍ਹਾਂ ਨੂੰ ਦਰਪੇਸ਼ ਮੁਸ਼ਕਲਾਂ ਤੇ ਜੇਲ੍ਹ ਮੈਨੂਅਲ ਮੁਤਾਬਕ ਦਿੱਤੀਆਂ ਜਾਂਦੀਆਂ ਸਹੂਲਤਾਂ ਦਾ ਜਾਇਜ਼ਾ ਲਿਆ।ਉਨ੍ਹਾਂ ਜੇਲ੍ਹ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਨਿਯਮਾਂ ਮੁਤਾਬਕ ਸਾਰੇ ਮਹਿਲਾ ਬੰਦੀਆਂ ਨੂੰ ਬਣਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾਣ ਤੇ ਕਿਸੇ ਮਹਿਲਾ ਬੰਦੀ ਨੂੰ ਕੋਈ ਮੁਸ਼ਕਲ ਨਾ ਆਉਣ ਦਿੱਤੀ ਜਾਵੇ।ਰਾਜ ਲਾਲੀ ਗਿੱਲ ਨੇ ਇਸ ਮਗਰੋਂ ਮੀਡੀਆ ਨਾਲ ਗ਼ੈਰਰਸਮੀ ਗੱਲਬਾਤ ਕਰਦਿਆਂ ਦੱਸਿਆ ਕਿ ਇਹ 32 ਲੜਕੀਆਂ ਪਹਿਲਾਂ ਰੋਪੜ ਜੇਲ੍ਹ ਵਿੱਚ ਬੰਦ ਸਨ, ਪ੍ਰੰਤੂ ਉਥੇ ਉਨ੍ਹਾਂ ਵੱਲੋਂ ਕੀਤੇ ਗਏ ਦੌਰੇ ਦੌਰਾਨ ਇਨ੍ਹਾਂ ਦੀਆਂ ਮੁਸ਼ਕਲਾਂ ਉਨ੍ਹਾਂ ਦੇ ਧਿਆਨ ਵਿੱਚ ਆਈਆਂ ਸਨ ਤੇ ਜਿਸ ਮਗਰੋਂ ਇਨ੍ਹਾਂ ਨੂੰ ਨਾਭਾ ਜੇਲ੍ਹ ਵਿੱਚ ਤਬਦੀਲ ਕਰਾਇਆ ਗਿਆ ਸੀ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਪਤਾ ਲੱਗਾ ਹੈ ਕਿ ਇਹ ਬੱਚੀਆਂ ਅਨਜਾਣ ਸਨ ਤੇ ਕੇਵਲ ਨੌਕਰੀ ਤੇ ਤਨਖਾਹ ਦੇ ਲਾਲਚ 'ਚ ਆ ਕੇ ਫਸ ਗਈਆਂ ਜਾਪਦੀਆਂ ਸਨ, ਪ੍ਰੰਤੂ ਇਨ੍ਹਾਂ ਦੀ ਬੱਚੀਆਂ ਦੀ ਮਦਦ ਲਈ ਕਮਿਸ਼ਨ ਆਪਣੀ ਭੂਮਿਕਾ ਨਿਭਾਏਗਾ। ਮਹਿਲਾ ਕਮਿਸ਼ਨ ਦੇ ਚੇਅਰਪਰਸਨ ਨੇ ਦੱਸਿਆ ਕਿ ਸਾਰੀਆਂ ਲੜਕੀਆਂ ਮਿਜ਼ੋਰਮ, ਮੇਘਾਲਿਆ, ਨਾਗਾਲੈਂਡ, ਉਤਰਾਖੰਡ, ਆਸਾਮ, ਮੁੰਬਈ, ਮਨੀਪੁਰ, ਹਿਮਾਚਲ ਪ੍ਰਦੇਸ਼, ਮੱਧ ਪ੍ਰਦੇਸ਼ ਤੇ ਪੰਜਾਬ ਆਦਿ ਰਾਜਾਂ ਦੀਆਂ ਹਨ, ਜੋ ਕਾਲ ਸੈਂਟਰ ਤੇ ਇਮੀਗ੍ਰੇਸ਼ਨ ਸੈਂਟਰ 'ਚ ਕੰਮ ਕਰਦੀਆਂ ਸਨ, ਪ੍ਰੰਤੂ ਪਿਛਲੇ ਸਮੇਂ 'ਚ ਪੁਲਸ ਵੱਲੋਂ ਕੀਤੀ ਗਈ ਰੇਡ ਦੌਰਾਨ ਇਨ੍ਹਾਂ ਦੀਆਂ ਕੰਪਨੀਆਂ ਫਰਾਡ ਨਿਕਲ ਗਈਆਂ ਤੇ ਇਹ ਵੀ ਪੁਲਿਸ ਦੀ ਗ੍ਰਿਫ਼ਤ ਵਿੱਚ ਆ ਗਈਆਂ।ਉਨ੍ਹਾਂ ਕਿਹਾ ਕਿ ਇਨ੍ਹਾਂ ਦਾ ਕਸੂਰ ਐਨਾ ਸੀ ਕਿ ਇਨ੍ਹਾਂ ਨੇ ਕੰਪਨੀ ਤੋਂ ਨਾ ਕੋਈ ਨਿਯੁਕਤੀ ਪੱਤਰ ਤੇ ਨਾ ਹੀ ਕੋਈ ਜਾਬ ਕਾਰਡ ਲਿਆ ਸੀ।ਚੇਅਰਪਰਸਨ ਨੇ ਦੱਸਿਆ ਕਿ ਪੁਲਿਸ ਵੱਲੋਂ 150 ਦੇ ਕਰੀਬ ਲੜਕੇ ਤੇ ਲੜਕੀਆਂ ਗ੍ਰਿਫ਼ਤਾਰ ਕੀਤੇ ਗਏ ਸਨ, ਇਨ੍ਹਾਂ ਵਿੱਚ 32 ਲੜਕੀਆਂ ਵਿੱਚੋਂ 13 ਦੀ ਜ਼ਮਾਨਤ ਹੋ ਚੁੱਕੀ ਹੈ ਤੇ 6 ਜਣੀਆਂ ਰਿਹਾਅ ਵੀ ਹੋ ਚੁੱਕੀਆਂ ਹਨ।ਉਨ੍ਹਾਂ ਦੱਸਿਆ ਕਿ ਕੁਝ ਦੀ ਜ਼ਮਾਨਤ ਹੋ ਚੁੱਕੀ ਹੈ ਤੇ ਰੀਲੀਜ਼ ਆਰਡਰ ਵੀ ਆ ਚੁੱਕੇ ਹਨ।ਕਾਨੂੰਨੀ ਪ੍ਰਕ੍ਰਿਆ ਪੂਰੀ ਕਰਕੇ ਇਨ੍ਹਾਂ ਦੇ ਮਾਪੇ ਬਾਂਡ ਭਰਨਗੇ ਤੇ ਇਨ੍ਹਾਂ ਨੂੰ ਰਿਹਾਅ ਕੀਤਾ ਜਾਵੇਗਾ, ਪ੍ਰੰਤੂ ਕੁਝ ਲੜਕੀਆਂ ਅਜਿਹੀਆਂ ਵੀ ਹਨ, ਜਿਹੜੀਆਂ ਕਹਿੰਦੀਆਂ ਹਨ ਕਿ ਉਨ੍ਹਾਂ ਦੇ ਮਾਪੇ ਨਹੀਂ ਆ ਸਕਦੇ, ਕਿਉਂਕਿ ਉਨ੍ਹਾਂ ਦੇ ਜ਼ਮਾਨਤੀ ਵੀ ਨਹੀਂ ਹਨ, ਅਜਿਹੀਆਂ ਲੜਕੀਆਂ ਦੀ ਰਿਹਾਈ ਲਈ ਬਦਲ ਲੱਭੇ ਜਾਣਗੇ।

ਰਾਜ ਲਾਲੀ ਗਿੱਲ ਨੇ ਉਨ੍ਹਾਂ ਸਲਾਹ ਦਿੱਤੀ ਕਿ ਜਿਹੜੇ ਬੱਚੇ ਜਾਂ ਬੱਚੀਆਂ ਕਾਲ ਸੈਂਟਰਾਂ ਜਾਂ ਇਮੀਗ੍ਰੇਸ਼ਨ ਸੈਂਟਰ 'ਚ ਕੰਮ ਕਰਨਾ ਚਾਹੁੰਦੇ ਹਨ, ਉਹ ਆਪਣੀ ਨਿਯੁਕਤੀ ਤੋਂ ਪਹਿਲਾਂ ਕੰਪਨੀ ਦੀ ਪੜਤਾਲ ਜ਼ਰੂਰ ਕਰ ਲਿਆ ਕਰਨ ਤਾਂ ਜੁ ਉਨ੍ਹਾਂ ਨਾਲ ਕੋਈ ਧੋਖਾਧੜੀ ਨਾ ਹੋ ਸਕੇ।

ਉਨ੍ਹਾਂ ਇਹ ਵੀ ਸਲਾਹ ਦਿੱਤੀ ਕਿ ਇਸ ਮਾਮਲੇ ਨੂੰ ਦੇਖਦੇ ਹੋਏ ਕਮਿਸ਼ਨ ਦੀ ਹਰੇਕ ਲੜਕੇ ਤੇ ਲੜਕੀ ਨੂੰ ਸਲਾਹ ਹੈ ਕਿ ਉਹ ਜਦੋਂ ਵੀ ਕਿਸੇ ਕਾਲ ਸੈਂਟਰ ਜਾਂ ਇਮੀਗ੍ਰੇਸ਼ਨ ਸੈਂਟਰ ਵਿੱਚ ਕਦੇ ਕੋਈ ਨੌਕਰੀ ਕਰਨ ਤਾਂ ਕੇਵਲ ਚੰਗੀਆਂ ਤਨਖਾਹਾਂ ਹੀ ਨਾ ਦੇਖਣ, ਸਗੋਂ ਕੰਪਨੀ ਦਾ ਪ੍ਰੋਫਾਈਲ ਵੀ ਦੇਖਣ ਤੇ ਨਿਯੁਕਤੀ ਪੱਤਰ ਵੀ ਜ਼ਰੂਰ ਲੈਣ।

# ਦੇਸ਼ ਭਗਤ ਗਲੋਬਲ ਸਕੂਲ ਵਿਖੇ ਨਸ਼ਿਆਂ ਖਿਲਾਫ ਸੈਮੀਨਾਰ

## ਹਰ ਇੱਕ ਨਸ਼ਾ ਬਰਬਾਦੀ ਦਾ ਸੁਨੇਹਾ : ਪ੍ਰਿੰ. ਜਿੰਦਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਦੇਸ਼ ਭਗਤ ਗਲੋਬਲ ਸਕੂਲ ਸ੍ਰੀ ਮੁਕਤਸਰ ਸਾਹਿਬ ਵੱਲੋਂ ਦੇਸ਼ ਭਗਤ ਯੂਨਾਈਟਡ ਗਰੁੱਪ ਦੇ ਚਾਂਸਲਰ ਡਾਕਟਰ ਜੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਸਰਪ੍ਰਸਤੀ ਹੇਠ ਦੇਸ਼ ਭਗਤ ਗਲੋਬਲ ਸਕੂਲ ਦੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਪਰਮਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਦੇਸ਼ ਭਗਤ ਗਲੋਬਲ ਸਕੂਲ ਵਿਖੇ ਨਸ਼ਿਆਂ ਦੇ ਵਿਰੁੱਧ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਪੰਜਾਬੀ, ਹਿੰਦੀ ਤੇ ਅੰਗਰੇਜ਼ੀ ਵਿੱਚ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਨਸ਼ਿਆਂ ਬਾਰੇ ਜਾਗਰੂਕ ਕੀਤਾ ਤੇ ਨਸ਼ਿਆਂ ਦੇ ਸਾਨੂੰ ਸਰੀਰਕ, ਆਰਥਿਕ ਤੇ ਮਾਨਸਿਕ ਕੀ ਕੀ ਨੁਕਸਾਨ ਹਨ, ਬਾਰੇ ਬੱਚਿਆਂ ਨੂੰ ਜਾਣਕਾਰੀ ਦਿੱਤੀ। ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਕਿਹਾ ਕਿ ਪੰਜਾਬ ਨੂੰ ਨਸ਼ਿਆਂ ਤੋਂ ਬਚਾਉਣ ਦੀ ਲੋੜ ਹੈ, ਕਿਉਂਕਿ ਹਰੇਕ ਨਸ਼ਾ ਬਰਬਾਦੀ ਦਾ ਸੁਨੇਹਾ ਲੈ ਕੇ ਆ ਰਿਹਾ ਹੈ। ਪੰਜਾਬ ਵਿੱਚ ਨੌਜਵਾਨਾਂ 'ਚ ਨਸ਼ਿਆਂ ਦੀ ਮਹਾਂਮਾਰੀ ਚਿੰਤਾਜਨਕ ਹੱਦ ਤੱਕ ਪਹੁੰਚ ਗਈ ਹੈ। ਸੋ ਹੁਣ ਸਾਨੂੰ ਬੱਚਿਆਂ ਤੇ ਨੌਜਵਾਨਾਂ ਨੂੰ ਨਸ਼ੇ ਪ੍ਰਤੀ ਜਾਗਰੂਕ ਕਰਨਾ ਪਵੇਗਾ ਤਾਂ ਜੋ ਉਨ੍ਹਾਂ ਨੂੰ ਬਰਬਾਦੀ ਦੇ ਰਾਹ ਤੋਂ ਮੋੜਿਆ ਜਾ ਸਕੇ। ਇਸ ਮੌਕੇ ਵਾਈਸ ਪ੍ਰਿੰਸੀਪਲ ਪਰਮਪ੍ਰੀਤ ਕੌਰ ਨੇ ਕਿਹਾ ਕਿ ਜੇਕਰ ਅਸੀਂ ਇਸ ਤਰ੍ਹਾਂ ਦੇ ਸੈਮੀਨਾਰ ਕਰਵਾ ਕੇ ਆਪਣੇ ਬੱਚਿਆਂ ਨੂੰ ਨਸ਼ਿਆਂ ਤੋਂ ਮੁਕਤ ਕਰ ਸਕੇ ਤਾਂ ਸਾਡਾ ਜੀਵਨ ਸਫਲ ਸਮਝ ਸਕਦੇ ਹਾਂ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਨਸ਼ਿਆਂ ਤੋਂ ਮੁਕਤ ਕਰਨ ਲਈ ਸਾਨੂੰ ਵੱਧ ਤੋਂ ਵੱਧ ਖੇਡਾਂ ਵੱਲ ਧਿਆਨ ਦੇਣਾ ਪਵੇਗਾ ਅਤੇ ਇਨ੍ਹਾਂ ਨੂੰ ਨਸ਼ਿਆਂ ਤੋਂ ਹੋਣ ਵਾਲੇ ਨੁਕਸਾਨ ਬਾਰੇ ਜਾਗਰੂਕ ਕਰਨਾ ਪਵੇਗਾ। ਇਸ ਮੌਕੇ ਸਾਰੇ ਅਧਿਆਪਕਾਂ ਤੇ ਬੱਚਿਆਂ ਨੇ ਨਸ਼ੇ ਨੂੰ ਜੜ੍ਹੋਂ ਖਤਮ ਕਰਨ ਦੀ ਸਹੁੰ ਖਾਧੀ।

## ਸਿਵਲ ਹਸਪਤਾਲ ਵਿਖੇ ਮਨਾਇਆ ਵਿਸ਼ਵ ਹਾਰਟ ਦਿਵਸ



**ਨਾਭਾ (ਵਰਿੰਦਰ ਵਰਮਾ)**-ਸਿਵਲ ਸਰਜਨ ਡਾ. ਜਤਿੰਦਰ ਕਾਂਸਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫ਼ਸਰ ਡਾ. ਵੀਨੂੰ ਗੋਇਲ ਦੀ ਅਗਵਾਈ ਹੇਠ ਸਿਵਲ ਹਸਪਤਾਲ ਵਿਖੇ ਦਿਲ ਨੂੰ ਬਿਮਾਰੀਆਂ ਤੋਂ ਬਚਾਅ ਲਈ ਵਿਸ਼ਵ ਦਿਲ ਦਿਵਸ ਦਾ ਆਯੋਜਨ ਕੀਤਾ ਗਿਆ।ਸੀਨੀਅਰ ਮੈਡੀਕਲ ਅਫਸਰ ਡਾ. ਵੀਨੂੰ ਗੋਇਲ ਨੇ ਕਿਹਾ ਕਿ ਅੱਜ ਮਨੁੱਖ ਦੀ ਜ਼ਿੰਦਗੀ ਤਣਾਅ ਭਰਪੂਰ ਹੋਣ, ਖਾਣ ਪੀਣ ਤੇ ਰਹਿਣ ਸਹਿਣ ਦੀਆਂ ਆਦਤਾਂ ਵਿੱਚ ਬਦਲਾਅ ਆਉਣ ਅਤੇ ਜਾਗਰੂਕਤਾ ਦੀ ਘਾਟ ਹੋਣ ਕਾਰਣ ਦਿਲ ਦੇ ਰੋਗਾਂ ਵਿੱਚ ਕਾਫੀ ਵਾਧਾ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਹੁਣ ਦਿਲ ਦੀਆਂ ਬਿਮਾਰੀਆਂ ਬੁਢਾਪੇ ਵਿੱਚ ਹੋਣ ਵਾਲੀ ਬਿਮਾਰੀ ਨਾ ਹੋ ਕੇ ਅੱਜ ਕੱਲ੍ਹ ਦੇ ਨੌਜਵਾਨ ਪੀੜ੍ਹੀ ਵੀ ਇਸ ਦਾ ਕਾਫੀ ਸ਼ਿਕਾਰ ਹੋ ਰਹੀ ਹੈ।ਡਾ. ਅਨੁਮੇਹਾ ਭੱਲਾ ਨੇ ਦਿਲ ਦੀਆਂ ਬਿਮਾਰੀਆਂ ਦੇ ਕਾਰਨਾਂ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਤਣਾਅ, ਸ਼ੂਗਰ, ਵਧਦਾ ਹੋਇਆ ਬੱਲਡ ਪ੍ਰੈਸ਼ਰ, ਤੰਬਾਕੂ ਪਦਾਰਥਾਂ ਦਾ ਸੇਵਨ, ਮੋਟਾਪਾ, ਜੰਕ ਫੂਡ ਤੇ ਜ਼ਿਆਦਾ ਫੈਟ ਵਾਲੀਆਂ ਚੀਜ਼ਾਂ ਦਾ ਸੇਵਨ, ਸਰੀਰਕ ਕੰਮ ਕਾਜ ਨਾ ਕਰਨਾ, ਅਜਿਹੇ ਕਾਫੀ ਸਾਰੇ ਕਾਰਨ ਹਨ ਜਿਹੜੇ ਸਾਡੇ ਦਿਲ ਨੂੰ ਕਾਫੀ ਜ਼ਿਆਦਾ ਪ੍ਰਭਾਵਤ ਕਰਦੇ ਹਨ।ਛਾਤੀ ਵਿੱਚ ਦਰਦ ਹੋਣਾ, ਪੈਰਾਂ ਦਾ ਸੁੱਜਣਾ, ਕਦੇ-ਕਦੇ ਘੁਟਣ ਜਾਂ ਸਾਹ ਫੁੱਲਣਾ ਆਦਿ ਦਿਲ ਰੋਗ ਦੀਆਂ ਨਿਸ਼ਾਨੀਆਂ ਹੋ ਸਕਦੀਆਂ ਹਨ।ਇਸ ਲਈ ਅਜਿਹੇ ਲੱਛਣਾਂ ਵਾਲੇ ਮਰੀਜ਼ਾਂ ਨੂੰ ਤੁਰੰਤ ਆਪਣੀ ਸਿਹਤ ਜਾਂਚ ਕਰਾਉਣੀ ਚਾਹੀਦੀ ਹੈ।ਦਿਲ ਦੀਆਂ ਬਿਮਾਰੀਆਂ ਤੋ ਬੱਚਣ ਅਤੇ ਦਿਲ ਨੂੰ ਸਿਹਤ ਮੰਦ ਰਖਣ ਲਈ ਰੋਜ਼ਾਨਾ 25-30 ਮਿੰਟ ਦੀ ਹਲਕੀ ਫੁਲਕੀ ਸੈਰ, ਹੌਲੀ-ਹੌਲੀ ਭੱਜਣਾ, ਤੈਰਾਕੀ, ਸਾਇਕਲ ਚਲਾਉਣਾ ਆਦਿ ਨੂੰ ਸ਼ਾਮਲ ਕਰਕੇ, ਤੰਦਰੁਸਤ ਭੋਜਨ ਦਾ ਸੇਵਨ, ਜੰਕ ਫੂਡ ਨਾ ਖਾਣਾ, ਤਣਾਅ ਨੂੰ ਘਟਾਉਣਾ, ਸਿਗਰਟ ਨੋਸ਼ੀ ਤੇ ਤੰਬਾਕੂ ਪਦਰਾਥਾਂ ਦੇ ਸੇਵਨ ਦਾ ਤਿਆਗ ਕਰਨਾ ਚਾਹੀਦਾ ਹੈ।

## ਸੀ ਐਚ ਸੀ 'ਚ ਵਿਸ਼ਵ ਦਿਲ ਦਿਵਸ ਸਬੰਧੀ ਜਾਗਰੂਕਤਾ ਸੈਮੀਨਾਰ ਕਰਾਇਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ)**-ਸਿਵਲ ਸਰਜਨ ਡਾ. ਤਪਿੰਦਰਜੋਤ ਕੌਸ਼ਲ ਦੇ ਦਿਸ਼ਾ ਨਿਰਦੇਸ਼ਾਂ ਤੇ ਸਿਹਤ ਬਲਾਕ ਮਹਿਲ ਕਲਾਂ ਦੇ ਸੀਨੀਅਰ ਮੈਡੀਕਲ ਅਫਸਰ ਡਾ. ਗੁਰਤੇਜਿੰਦਰ ਕੌਰ ਦੀ ਅਗਵਾਈ ਹੇਠ ਸੀ ਐਚ ਸੀ ਵਿਖੇ ਵਿਸ਼ਵ ਦਿਲ ਦਿਵਸ ਮੌਕੇ ਜਾਗਰੂਕਤਾ ਪ੍ਰੋਗਰਾਮ ਕਰਾਇਆ ਗਿਆ।ਡਾ. ਗੁਰਤੇਜਿੰਦਰ ਨੇ ਦੱਸਿਆ ਕਿ ਵਿਸ਼ਵ ਭਰ ਵਿੱਚ 29 ਸਤੰਬਰ ਨੂੰ ਵਿਸ਼ਵ ਦਿਲ ਦਿਵਸ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ।ਉਨ੍ਹਾਂ ਕਿਹਾ ਦਿਲ ਮਨੁੱਖੀ ਸਰੀਰ ਦੇ ਸਭ ਤੋਂ ਅਹਿਮ ਅੰਗਾਂ ਵਿੱਚੋਂ ਇੱਕ ਹੈ।ਜੇਕਰ ਦਿਲ ਆਪਣਾ ਕੰਮ ਕਰਨਾ ਬੰਦ ਕਰ ਦੇਵੇ ਤਾਂ ਵਿਅਕਤੀ ਦੀ ਮੌਤ ਹੋ ਜਾਂਦੀ ਹੈ।ਅਜੋਕੇ ਸਮੇਂ ਵਿੱਚ ਲਗਾਤਾਰ ਬਿਮਾਰੀਆਂ ਅਤੇ ਸਾਡੀ ਗ਼ਲਤ ਜੀਵਨਸ਼ੈਲੀ ਕਾਰਨ ਸਿਹਤ 'ਤੇ ਗ਼ਲਤ ਅਸਰ ਪੈ ਰਿਹਾ ਹੈ, ਜਿਸ ਦੇ ਨਾਲ ਦਿਲ ਨੂੰ ਵੀ ਕਾਫ਼ੀ ਨੁਕਸਾਨ ਪੁੱਜਦਾ ਹੈ।ਅਜਿਹੇ ਹਾਲਾਤ ਵਿੱਚ ਦਿਲ ਨੂੰ ਤੰਦਰੁਸਤ ਬਣਾਏ ਰੱਖਣ ਲਈ ਜਾਗਰੂਕ ਕਰਨ ਲਈ ਵਿਸ਼ਵ ਦਿਲ ਦਿਵਸ ਮਨਾਇਆ ਜਾਂਦਾ ਹੈ।ਬੀਈਈ ਨੇ ਕਿਹਾ ਕਿ ਖਾਣ ਦੀਆਂ ਗ਼ਲਤ ਆਦਤਾਂ ਨਾਲ ਖਰਾਬ ਦਿਲ ਨੂੰ ਸਭ ਤੋਂ ਜ਼ਿਆਦਾ ਨੁਕਸਾਨ ਪੁੱਜਦਾ ਹੈ।ਇਸ ਵਿੱਚ ਸਭ ਤੋਂ ਵੱਡਾ ਯੋਗਦਾਨ ਸਾਡੀ ਖ਼ਰਾਬ ਜੀਵਨ ਸ਼ੈਲੀ ਦਾ ਵੀ ਹੁੰਦਾ ਹੈ।ਹਰ ਇੱਕ ਵਿਅਕਤੀ ਨੂੰ ਸਵੇਰ ਦੇ ਸਮੇਂ ਆਪਣੇ ਸਰੀਰ ਨੂੰ ਤੰਦਰੁਸਤ ਰੱਖਣ ਲਈ ਘੱਟੋ-ਘੱਟ 30 ਮਿੰਟ ਦੀ ਕਸਰਤ ਕਰਨੀ ਚਾਹੀਦੀ ਹੈ, ਉਥੇ ਹੀ ਤੇਲ ਤੇ ਫੈਟ ਯੁਕਤ ਖਾਦ ਪਦਾਰਥਾਂ ਤੋਂ ਦੂਰੀ ਬਣਾਉਣੀ ਚਾਹੀਦੀ ਹੈ ਤੇ ਤੰਬਾਕੂਨੋਸ਼ੀ ਤੋਂ ਦੂਰ ਰਹਿਣਾ ਚਾਹੀਦਾ ਹੈ।

## ਪ੍ਰਿੰ: ਬੀਰ ਬਹਾਦਰ ਨਮਿਤ ਗਰੁੜ ਪੁਰਾਣ ਦੇ ਭੋਗ ਭਲਕੇ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪ੍ਰਿੰਸੀਪਲ ਬੀਰ ਬਹਾਦਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਉਨ੍ਹਾਂ ਦੇ ਪ੍ਰਸ਼ੰਸਕ, ਰਿਸ਼ਤੇਦਾਰ, ਸ਼ਹਿਰ 'ਚ ਕੰਮ ਕਰਦੀਆਂ ਜਥੇਬੰਦੀਆਂ ਤੇ ਉਨ੍ਹਾਂ ਦੀ ਪਹਿਲਕਦਮੀ 'ਤੇ ਸਥਾਪਤ ਹੋਈ ਰਿਟਾਇਰਡ ਟੀਚਰਜ ਐਸੋਸੀਏਸ਼ਨ ਦੇ ਅਹੁਦੇਦਾਰ ਤੇ ਮੈਂਬਰ ਸਿਰ ਜੋੜ ਕੇ ਉਨ੍ਹਾਂ ਨੂੰ ਯਾਦ ਕਰ ਰਹੇ ਹਨ।ਬੀਰ ਬਹਾਦਰ ਦਾ ਜਨਮ ਕਸਬਾ ਧਨੌਲਾ ਵਿਖੇ ਪਿਤਾ ਸਰੂਪ ਚੰਦ ਤੇ ਮਾਤਾ ਪਾਨਾ ਦੇਵੀ ਦੀ ਕੁੱਖੋਂ 23-01-1936 ਨੂੰ ਹੋਇਆ।ਆਪ ਛੇ ਭਰਾਵਾਂ ਵਿੱਚੋਂ ਤੀਜੀ ਸਨਤਾਨ ਸਨ। ਧਨੌਲਾ ਦੇ ਸਕੂਲ ਤੋਂ ਮੁੱਢਲੀ ਸਿੱਖਿਆ ਗ੍ਰਹਿਣ ਕੀਤੀ।1964 ਵਿੱਚ ਆਪ ਜੀ ਦੀ ਸ਼ਾਦੀ ਰਾਮਪੁਰਾਫੂਲ ਦੀ ਸ੍ਰੀਮਤੀ ਸਤਿਆ ਪੁੱਤਰੀ ਹੁਕਮ ਚੰਦ ਨਾਲ ਹੋਈ।ਉਨ੍ਹਾਂ ਸਰਕਾਰੀ ਨੌਕਰੀ ਚੰਡੀਗੜ੍ਹ ਤੋਂ ਸ਼ੁਰੂ ਕੀਤੀ ਤੇ 1975 ਤੋਂ 94 ਤੱਕ ਸਿੱਖਿਆ ਵਿਭਾਗ ਦੀ ਸੇਵਾ ਕਰਦੇ ਬਤੌਰ ਲੈਕਚਰਾਰ ਰਿਟਾਇਰ ਹੋਏ।ਰਾਮਪੁਰਾਫੂਲ ਦੇ ਪ੍ਰਸਿੱਧ ਸਕੂਲ ਸਰਵ-ਹਿਤਕਾਰੀ ਵਿੱਦਿਆ ਮੰਦਰ ਵਿੱਚ ਬਤੌਰ ਪ੍ਰਿੰਸੀਪਲ ਸੇਵਾਵਾਂ ਦਿੱਤੀਆਂ।ਇਨ੍ਹਾਂ ਦੀ ਪਹਿਲਕਦਮੀ 'ਤੇ 2010 ਵਿੱਚ ਰਿਟਾਇਰਡ ਟੀਚਰਜ ਐਸੋਸੀਏਸ਼ਨ ਬਣੀ। ਸੰਸਥਾ ਦੀਆਂ ਅੱਜ ਤੱਕ ਵੀ ਮਹੀਨਾਵਾਰ ਮੀਟਿੰਗਾਂ ਲਗਾਤਾਰ ਹੋ ਰਹੀਆਂ ਹਨ।ਸਮਾਜ ਦੀ ਬਿਹਤਰੀ ਲਈ ਹਰ ਸਮੇਂ ਤਿਆਰ ਰਹਿੰਦੇ ਸਨ। ਸੋਹਣ ਲਾਲ ਤੇ ਅਜੀਤ ਅਗਰਵਾਲ ਵੱਲੋਂ ਬਣਾਈਆਂ ਸੰਸਥਾ ਰਾਮਪੁਰਾ ਟਰੀ ਪਲਾਂਟੇਸ਼ਨ ਅਤੇ ਮੌਰਨਿੰਗ ਵਾਕਰਜ ਕਲੱਬ ਦੇ ਇਹ ਫਾਊਂਡਰ ਮੈਂਬਰ ਸਨ।ਬੇਟੀ ਕਿਸ਼ੂ ਗੁਪਤਾ ਚੰਡੀਗੜ੍ਹ ਵਿਖੇ ਬਤੌਰ ਸੁਪਰਡੈਂਟ ਸੇਵਾਵਾਂ ਦੇ ਰਹੀ ਹੈ।ਕਿਸ਼ੂ ਦੇ ਪਤੀ ਬਤੌਰ ਅਧਿਕਾਰੀ ਸੇਵਾਵਾਂ ਦੇ ਰਹੇ ਹਨ।ਪੁੱਤਰ ਅਸ਼ੂਤੋਸ਼ ਤੇ ਨੂੰਹ ਕੋਮਲ ਗੁਪਤਾ ਵੀ ਆਪਣੇ ਪਿਤਾ ਦੀ ਤਰ੍ਹਾਂ ਨੌਕਰੀ ਦੇ ਨਾਲ ਨਾਲ ਦਿੱਲੀ ਵਿਖੇ ਸਮਾਜ ਸੇਵਾ ਵਿੱਚ ਲੱਗੇ ਹੋਏ ਹਨ। ਬੀਰਬਹਾਦਰ 89 ਸਾਲਾਂ ਦੀ ਉਮਰ ਵਿੱਚ 23-09-24 ਨੂੰ ਹੱਸਦੇ-ਵੱਸਦੇ ਪਰਵਾਰ ਨੂੰ ਛੱਡ ਕੇ ਇਸ ਦੁਨੀਆਂ ਨੂੰ ਅਲਵਿਦਾ ਕਹਿ ਗਏ ਸਨ।ਉਨ੍ਹਾਂ ਨਮਿਤ ਰੱਖੇ ਸ੍ਰੀ ਗਰੁੜ ਪੁਰਾਣ ਕਥਾ ਦਾ ਭੋਗ 3 ਅਕਤੂਬਰ ਨੂੰ ਰਾਮਪੁਰਾਫੂਲ ਦੇ ਰਾਮਬਾਗ ਸਥਿਤ ਸ਼ਾਂਤੀ ਹਾਲ ਵਿਖੇ ਦੁਪਹਿਰ 12 ਵਜੇ ਤੋਂ ਇੱਕ ਵਜੇ ਦੌਰਾਨ ਪਵੇਗਾ।

## ਭਲਕੇ ਰੋਕੀਆਂ ਜਾਣਗੀਆਂ ਰੇਲਾਂ : ਲਖਵੀਰ ਦੌਧਰ



**ਅਜੀਤਵਾਲ (ਨਛੱਤਰ ਸੰਧੂ)**-ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਗੁ: ਨਾਨਕਸਰ ਨਹਿਰ ਵਾਲਾ ਬੱਧਨੀਂ ਵਿਖੇ ਜ਼ਿਲ੍ਹਾ ਆਗੂ ਜਗਰਾਜ ਸਿੰਘ ਦੱਦਾਹੂਰ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੂਬਾ ਆਗੂ ਲਖਵੀਰ ਸਿੰਘ ਦੌਧਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਉਨ੍ਹਾ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ 3 ਅਕਤੂਬਰ 2024 ਨੂੰ 12 ਤੋਂ 3 ਵਜੇ ਤੱਕ ਰੇਲਾਂ ਰੋਕੀਆਂ ਜਾਣਗੀਆਂ, ਕਿਉਂਕਿ ਬਨਸਪਤੀ ਝੋਨੇ ਮੰਡੀ ਵਿੱਚ ਰੋਲਦੇ ਪਏ ਹਨ ਤੇ ਵਪਾਰੀ ਲੁੱਟ ਕਰ ਰਹੇ ਹਨ, ਡੀ ਏ ਪੀ ਦੀ ਕਾਲਾਬਾਜ਼ਾਰੀ ਕਰ ਰਹੇ ਹਨ। ਲਖੀਮਪੁਰ ਖੀਰੀ ਦੇ ਦੋਸ਼ੀਆਂ 'ਤੇ ਕੋਈ ਕਾਰਵਾਈ ਨਹੀਂ ਹੋਈ। ਉਕਤ ਦੋਸ਼ੀਆਂ 'ਤੇ ਬਣਦੀ ਕਾਰਵਾਈ ਕੀਤੀ ਜਾਵੇ। ਗੰਨੇ ਦੀ ਬਿਜਾਈ ਸ਼ੁਰੂ ਹੋਣ ਵਾਲੀ ਹੈ, ਗੰਨੇ ਦੇ ਰੇਟ ਵਿੱਚ ਵਾਧਾ ਕੀਤਾ ਜਾਵੇ, ਖੰਡ ਮਿੱਲਾਂ ਨੂੰ ਚਾਲੂ ਕਰਨ ਨੂੰ ਯਕੀਨੀ ਬਣਾਇਆ ਜਾਵੇ, ਕਿਸਾਨਾਂ ਨੂੰ ਗੰਨੇ ਦਾ ਬਕਾਇਆ ਦਿੱਤਾ ਜਾਵੇ, ਤਾਂ ਜੋ ਕਿਸਾਨਾਂ ਫਾਇਦਾ ਹੋ ਸਕੇ। ਜੇ ਸਰਕਾਰਾਂ ਨੇ ਇਸ ਵੱਲ ਤੁਰੰਤ ਧਿਆਨ ਨਾ ਦਿੱਤਾ ਤਾਂ ਕੋਈ ਵੱਡਾ ਐਕਸ਼ਨ ਲਿਆ ਜਾਵੇਗਾ। ਇਸ ਮੌਕੇ ਜ਼ਿਲ੍ਹਾ ਆਗੂ ਸਖਜੀਤ ਸਿੰਘ ਦੌਧਰ, ਗੋਰਾ ਦੌਧਰ, ਜਗਦੇਵ ਸਿੰਘ ਦੌਧਰ, ਅਮਰਜੀਤ ਸਿੰਘ ਲੋਪੋਂ, ਗੁਰਦੀਪ ਸਿੰਘ ਮੀਨੀਆ, ਸੁਪਿੰਦਰਪਾਲ ਸਿੰਘ, ਬੀਰਾ, ਜੁਗਰਾਜ ਸਿੰਘ, ਗੁਰਪ੍ਰੀਤ ਗੋਪੀ, ਨਿੰਦਾ, ਸਰਜੀਤ ਸਿੰਘ ਭੋਲੂ, ਛਿੰਦਾ ਮੀਲੀਆ, ਬਲਜਿੰਦਰ ਸਿੰਘ, ਅਜਮੇਰ ਸਿੰਘ ਕਿਸ਼ਨਪੁਰਾ, ਪ੍ਰਦੀਪ, ਗਗਨਦੀਪ, ਚਮਕੌਰ ਡਾਲਾ, ਸ਼ਿੰਦਾ ਮੀਲੀਆ, ਗਿਆਨ ਸਿੰਘ ਬੁੱਟਰ ਸਮੇਤ ਹੋਰ ਆਗੂ ਹਾਜ਼ਰ ਸਨ।

## ਸੀਨੀਅਰ ਸਿਟੀਜ਼ਨਾਂ ਨੂੰ ਟਰਾਈਸਾਈਕਲ, ਕੰਨਾਂ ਵਾਲੀਆਂ ਮਸ਼ੀਨਾਂ ਵੰਡੀਆਂ



**ਬਠਿੰਡਾ/ਤਲਵੰਡੀ ਸਾਬੋ (ਪਰਵਿੰਦਰ ਜੀਤ ਸਿੰਘ, ਜਗਦੀਪ ਗਿੱਲ)**-ਬਜ਼ੁਰਗ ਸਾਡੇ ਸਮਾਜ ਦਾ ਸਰਮਾਇਆ ਹੁੰਦੇ ਹਨ, ਜਿਨ੍ਹਾਂ ਦੀ ਦੇਖ-ਭਾਲ ਕਰਨਾ ਸਾਡਾ ਸਾਰਿਆਂ ਦੀ ਨਿੱਜੀ ਫ਼ਰਜ਼ ਬਣਦਾ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ 'ਅੰਤਰ ਰਾਸ਼ਟਰੀ ਸੀਨੀਅਰ ਸਿਟੀਜ਼ਨ ਦਿਵਸ' ਮੌਕੇ ਸਿਵਲ ਹਸਪਤਾਲ ਵਿਖੇ ਲਾਏ ਗਏ ਕੈਂਪ ਦੌਰਾਨ ਸੀਨੀਅਰ ਸਿਟੀਜਨਾਂ ਨੂੰ ਟਰਾਈ ਸਾਈਕਲ, ਕੰਨਾਂ ਵਾਲੀਆਂ ਮਸ਼ੀਨਾਂ ਆਦਿ ਉਪਕਰਨਾਂ ਦੀ ਵੰਡ ਕਰਨ ਮੌਕੇ ਕੀਤਾ।ਡਿਪਟੀ ਕਮਿਸ਼ਨਰ ਨੇ ਉਨ੍ਹਾਂ ਦਾ ਹਾਲ-ਚਾਲ ਜਾਣਿਆ।ਉਨ੍ਹਾਂ ਬਜ਼ੁਰਗਾਂ ਨੂੰ ਭਰੋਸਾ ਦਿਵਾਉਂਦਿਆਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਕਿਸੇ ਵੀ ਕਿਸਮ ਦੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋੜ ਹੈ ਤਾਂ ਉਹ ਦਫ਼ਤਰ ਆ ਕੇ ਉਨ੍ਹਾਂ ਨੂੰ ਮਿਲ ਸਕਦੇ ਹਨ, ਜਿਨ੍ਹਾਂ ਨੂੰ ਹਰ ਸੰਭਵ ਮੱਦਦ ਮੁਹੱਈਆ ਕਰਾਈ ਜਾਵੇਗੀ।

## ਸੀਬਾ ਇੰਟਰਨੈਸ਼ਨਲ ਸਕੂਲ 'ਚ ਪੰਜ ਰੋਜ਼ਾ ਵਰਕਸ਼ਾਪ ਲੱਗੀ



**ਲਹਿਰਾਗਾਗਾ, (ਪੱਤਰ ਪ੍ਰੇਰਕ)**-ਸੀਬਾ ਇੰਟਰਨੈਸ਼ਨਲ ਪਬਲਿਕ ਸਕੂਲ ਵਿਖੇ ਸਰਟੀਫਿਕੇਟ ਕੋਰਸ ਲਈ ਪੰਜ ਰੋਜ਼ਾ ਵਰਕਸ਼ਾਪ ਲਾਈ ਗਈ, ਜਿਸਦੀ ਅਗਵਾਈ ਕਾਲੀਕਟ ਯੂਨੀਵਰਸਿਟੀ ਦੇ ਸੋਸ਼ੋਲੋਜੀ ਵਿਭਾਗ ਦੇ ਸਾਬਕਾ ਮੁਖੀ ਡਾ. ਐਨ.ਪੀ. ਹਾਫਿਜ਼ ਨੇ ਕੀਤੀ।ਵਰਕਸ਼ਾਪ ਦਾ ਥੀਮ ਪਹਿਲਾਂ ਆਪਣੇ ਆਪ ਨੂੰ ਜਾਨਣਾ, ਦੂਜਿਆਂ ਨੂੰ ਜਾਨਣਾ, ਸ਼ਖ਼ਸੀਅਤ ਉਸਾਰੀ, ਸੁਣਨਾ, ਜਜ਼ਬਾਤਾਂ ਦਾ ਪ੍ਰਬੰਧਨ, ਪਹਿਲ ਦੇ ਅਧਾਰ 'ਤੇ ਜ਼ਰੂਰੀ ਕੰਮ ਤੇ ਟਾਈਮ ਮੈਨੇਜਮੈਂਟ ਆਦਿ ਵਿਸ਼ਿਆਂ ਵਿੱਚ ਕ੍ਰਿਆਵਾਂ ਅਧਾਰਤ ਖੂਬ ਚਰਚਾ ਹੋਈ।ਦੂਜੀ ਵਿਸ਼ਵ ਜੰਗ ਮੌਕੇ ਸਮਾਜ ਪ੍ਰਤੀ ਸਕਾਰਾਤਮਕ ਸੋਚ ਲਈ ਜਰਮਨ ਦਾਰਸ਼ਨਿਕ ਰੂਥ ਕੋਹਨ ਦੁਆਰਾ ਸ਼ੁਰੂ ਕੀਤੀ ਵਿਸ਼ਾ ਵਿਧੀ ਅਧੀਨ ਬਹੁਤੇ ਮਾਮਲਿਆਂ ਦਾ ਹੱਲ ਆਪਣੀ ਹਉਮੈ ਛੱਡ ਕੇ ਆਪਸੀ ਸਹਿਮਤੀ ਨਾਲ ਹੋ ਸਕਦਾ ਹੈ।ਸਕੂਲ ਪ੍ਰਬੰਧਕ ਕੰਵਲਜੀਤ ਸਿੰਘ ਢੀਂਡਸਾ ਨੇ ਕਿਹਾ ਕਿ ਸ਼ਖ਼ਸੀਅਤ ਵਿਚਾਰਾਂ ਦਾ ਵਿਕਾਸ ਸਾਰੀ ਉਮਰ ਚੱਲਦਾ ਰਹਿਣਾ ਚਾਹੀਦਾ ਹੈ।ਥੀਮ ਸੈਂਟਰਡ ਇੰਟਰੈਕਸ਼ਨ ਵਿੱਚ ਸਵੈ-ਚੇਤਨਾ ਤੇ ਬਾਹਰੀ ਅਸਲੀਅਤ ਬਾਰੇ ਜਾਣਕਾਰੀ ਰੱਖਦੇ ਹੋਏ ਆਪਣੀ ਸੰਵੇਦਨਾ, ਭਾਵਨਾ ਤੇ ਸੋਚ ਦੁਆਰਾ ਆਪਣੇ ਆਪ ਬਾਹਰੀ ਸੰਸਾਰ ਬਾਰੇ ਸਮਝ ਬਣਾਉਂਦੇ ਹੋਏ ਫੈਸਲੇ ਲੈਣੇ ਅਤੇ ਉਨ੍ਹਾਂ ਨੂੰ ਜ਼ਿੰਮੇਵਾਰੀ ਨਾਲ ਲਾਗੂ ਕਰਾਉਣ 'ਚ ਸਮਰੱਥ ਹੋਣ ਬਾਰੇ ਚਰਚਾ ਹੋਈ।

# ਆੜ੍ਹਤੀਆਂ ਵੱਲੋਂ ਮੰਗਾਂ ਨੂੰ ਲੈ ਕੇ ਅਣਮਿੱਥੇ ਸਮੇਂ ਲਈ ਹੜਤਾਲ ਸ਼ੁਰੂ

## ਮਾਰਕਿਟ ਕਮੇਟੀ ਦੇ ਅਕਾਊਂਟੈਂਟ ਨੂੰ ਸੌਂਪਿਆ ਮੰਗ ਪੱਤਰ



**ਮੱਖੂ (ਰਛਪਾਲ ਸਿੰਘ ਸੰਧੂ)**

ਫੈਡਰੇਸ਼ਨ ਆਫ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦੇ ਸੱਦੇ 'ਤੇ ਸੂਬੇ ਦੇ ਆੜ੍ਹਤੀਆਂ ਵੱਲੋਂ ਮੰਗਲਵਾਰ ਤੋਂ ਅਣਮਿੱਥੇ ਸਮੇਂ ਲਈ ਹੜਤਾਲ ਸ਼ੁਰੂ ਕੀਤੀ ਗਈ।ਇਸੇ ਤਰ੍ਹਾਂ ਹੀ ਦਾਣਾ ਮੰਡੀ ਮੱਖੂ ਦੇ ਸਮੂਹ ਆੜ੍ਹਤੀਆਂ ਵੱਲੋਂ ਆਪਣੀਆਂ ਆੜ੍ਹਤ ਦੀਆਂ ਦੁਕਾਨਾਂ ਬੰਦ ਰੱਖੀਆਂ ਗਈਆਂ ਅਤੇ ਆਪਣੀਆਂ ਮੰਗਾਂ ਦੇ ਸਬੰਧ ਵਿੱਚ ਮਾਰਕਿਟ ਕਮੇਟੀ ਮੱਖੂ ਦੇ ਅਕਾਊਂਟੈਂਟ ਅਨਿਲ ਖੁੰਗਰ ਨੂੰ ਮੰਗ ਪੱਤਰ ਸੌਂਪਿਆ ਗਿਆ।ਇਸ ਮੌਕੇ ਆੜ੍ਹਤੀਆਂ ਨੇ ਕਿਹਾ ਕਿ ਅੱਜ ਤੋਂ ਸਾਰੀਆਂ ਮੰਡੀਆਂ ਅਣਮਿੱਥੇ ਸਮੇਂ ਲਈ ਬੰਦ ਰਹਿਣਗੀਆਂ, ਜਦੋਂ ਤੱਕ ਆੜ੍ਹਤੀਆਂ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ।ਆੜ੍ਹਤੀਆਂ ਨੇ ਕਿਹਾ ਕਿ ਸਾਡੀਆਂ ਮੁੱਖ ਮੰਗਾਂ, ਜਿਨ੍ਹਾਂ ਵਿੱਚ ਪੰਜਾਬ ਮੰਡੀ ਬੋਰਡ ਦੀ ਧਾਰਾ ਅਨੁਸਾਰ ਜੋ 2.5 ਫੀਸਦ ਕਮਿਸ਼ਨ ਬਣਦਾ ਹੈ, ਉਹ ਦਿੱਤਾ ਜਾਣਾ ਚਾਹੀਦਾ ਹੈ, ਜਦਕਿ ਪਿਛਲੇ 5 ਸਾਲਾਂ ਤੋਂ ਕੇਂਦਰ ਸਰਕਾਰ ਨੇ ਇਹ ਕਮਿਸ਼ਨ 46 ਰੁਪਏ ਪ੍ਰਤੀ ਕੁਇੰਟਲ ਫ਼ਿਕਸ ਕੀਤਾ ਹੋਇਆ ਹੈ।ਇਸ ਤੋਂ ਇਲਾਵਾ ਪਿਛਲੇ ਕਣਕ ਦੇ ਸੀਜ਼ਨ ਦੌਰਾਨ ਸਰਕਾਰ ਵੱਲੋਂ ਸ਼ਾਰਟੇਜ ਦੇ ਨਾਂਅ 'ਤੇ ਆੜ੍ਹਤੀਆਂ ਤੋਂ ਕਰੋੜਾਂ ਰੁਪਏ ਦੀ ਨਜਾਇਜ਼ ਕਟੌਤੀ ਕੀਤੀ ਗਈ ਹੈ ਅਤੇ ਇਹ ਰਕਮ ਵੀ ਸਰਕਾਰ ਵੱਲੋਂ ਵਾਪਸ ਕੀਤੀ ਜਾਣੀ ਚਾਹੀਦੀ ਹੈ।ਐਫ.ਸੀ.ਆਈ. ਵੱਲੋਂ ਈ.ਪੀ.ਐੱਫ. ਦੇ ਰੂਪ ਵਿੱਚ ਆੜ੍ਹਤੀਆਂ ਦੇ ਕਰੀਬ 50 ਕਰੋੜ ਰੁਪਏ ਲੰਮੇਂ ਸਮੇਂ ਤੋਂ ਰੋਕੇ ਹੋਏ ਹਨ, ਜੋ ਕਿ ਬਿਲਕੁਲ ਨਜਾਇਜ਼ ਹੈ, ਕਿਉਂਕਿ ਆੜ੍ਹਤੀ ਈ.ਪੀ.ਐੱਫ. ਦੇ ਨਿਯਮਾਂ ਅਧੀਨ ਆਉਂਦੇ ਹੀ ਨਹੀਂ ਹਨ ਅਤੇ ਇਸ ਲਈ ਇਸ ਦੀ ਅਦਾਇਗੀ ਵੀ ਜਲਦੀ ਕੀਤੀ ਜਾਣੀ ਚਾਹੀਦੀ ਹੈ।ਆੜ੍ਹਤੀਆਂ ਨੇ ਕਿਹਾ ਕਿ ਆੜ੍ਹਤ ਦੀਆਂ ਦੁਕਾਨਾਂ 'ਤੇ ਕੰਮ ਕਰਦੇ ਮੁਨੀਮ, ਸੇਵਾਦਾਰ ਤੇ ਹੋਰ ਮੁਲਾਜ਼ਮਾਂ ਦੀਆਂ ਤਨਖਾਹਾਂ ਵਿੱਚ ਹਰ ਸਾਲ ਵਾਧਾ ਕੀਤਾ ਜਾਂਦਾ ਹੈ।ਇਸੇ ਤਰ੍ਹਾਂ ਹੀ ਬਿਜਲੀ ਦੇ ਖਰਚੇ, ਬੱਚਿਆਂ ਦੀ ਪੜ੍ਹਾਈ, ਬਜ਼ੁਰਗਾਂ ਦੇ ਇਲਾਜ ਦੇ ਖਰਚੇ ਵਿੱਚ ਹਰ ਸਾਲ ਵਾਧਾ ਹੁੰਦਾ ਹੈ, ਪਰ ਸਾਡੀ ਆਮਦਨ ਜੋ ਕਿ ਸਿਰਫ ਦਾਮੀ/ਆੜ੍ਹਤ ਤੋਂ ਹੈ ਅਤੇ ਉਸ ਦੇ ਵਾਧੇ ਵਿੱਚ ਰੋਕ ਲਗਾ ਦਿੱਤੀ ਹੈ, ਜੋ ਕਿ ਸਰਾਸਰ ਆੜ੍ਹਤੀਆਂ ਨਾਲ ਬੇਇਨਸਾਫ਼ੀ ਹੈ। ਇਸ ਲਈ ਆੜ੍ਹਤੀਆਂ ਦੀ ਦਾਮੀ/ਆੜ੍ਹਤ ਬੋਰਡ ਦੇ ਏ.ਪੀ.ਐਮ.ਸੀ. ਐਕਟ ਅਨੁਸਾਰ 2.5 ਫ਼ੀਸਦ ਕੀਤੀ ਜਾਵੇ।ਇਸ ਮੌਕੇ ਗਿਸ਼ੂ ਖੁਰਾਣਾ, ਪ੍ਰਦੀਪ ਕੱਕੜ, ਰਜਿੰਦਰ ਖੁਰਾਣਾ ਕਾਲਾ, ਸੁਰਿੰਦਰ ਅਹੂਜਾ, ਵਿੱਕੀ ਗਰੋਵਰ, ਗਗਨ ਮੋਂਗਾ, ਜੁਗਰਾਜ ਸਿੰਘ ਤੇ ਹੋਰ ਆੜ੍ਹਤੀ ਹਾਜ਼ਰ ਸਨ।

# ਗੰਭੀਰ ਵਿਚਾਰ ਚਰਚਾ ਕਰਕੇ ਮਨਾਇਆ ਸ਼ਹੀਦ-ਇ-ਆਜ਼ਮ ਦਾ ਜਨਮ ਦਿਹਾੜਾ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਟੀਚਰਜ਼ ਹੋਮ ਟਰੱਸਟ ਬਠਿੰਡਾ ਵੱਲੋਂ ਸ਼ਹੀਦ ਭਗਤ ਸਿੰਘ ਦੇ 117ਵੇਂ ਜਨਮ ਦਿਹਾੜੇ ਮੌਕੇ ਇਕ ਮਿਆਰੀ ਤੇ ਗੰਭੀਰ ਚਰਚਾ ਆਯੋਜਤ ਕੀਤੀ ਗਈ।ਬੇਹਦ ਸਾਰਥਕ ਹੋ ਨਿੱਬੜੀ ਇਸ ਵਿਚਾਰ ਚਰਚਾ ਵਿੱਚ ਜਨਤਕ ਜਥੇਬੰਦੀਆਂ ਦਾ ਸਾਂਝਾ ਮੰਚ (ਜੇਪੀਐਮਓ), ਜਮਹੂਰੀ ਅਧਿਕਾਰ ਸਭਾ ਤੇ ਪਲਸ ਮੰਚ ਦੇ ਅਹੁਦੇਦਾਰਾਂ ਤੋਂ ਇਲਾਵਾ ਚੋਖੀ ਗਿਣਤੀ 'ਚ ਨੌਜਵਾਨਾਂ, ਖਾਸ ਕਰਕੇ ਲੜਕੀਆਂ ਨੇ ਉਤਸ਼ਾਹ ਪੂਰਬਕ ਸ਼ਮੂਲੀਅਤ ਕੀਤੀ।ਆਰੰਭ ਵਿੱਚ ਮੋਮਬੱਤੀ ਜਗਾ ਕੇ ਉਨ੍ਹਾਂ ਨੂੰ ਪੁਸ਼ਪਾਂਜਲੀ ਅਰਪਿਤ ਕੀਤੀ ਗਈ।ਲਛਮਣ ਸਿੰਘ ਮਲੂਕਾ, ਸਾਥੀ ਮਹੀਪਾਲ ਤੇ ਐਡਵੋਕੇਟ ਸੁਦੀਪ ਨੇ ਸੰਬੋਧਨ ਕੀਤਾ।ਮਾਸਟਰ ਬੀਰਬਲ ਰਾਮ ਨੇ ਸਾਰਿਆਂ ਦਾ ਧੰਨਵਾਦ ਕੀਤਾ। ਬੁਲਾਰਿਆਂ ਨੇ ਸ਼ਹੀਦ-ਏ-ਆਜ਼ਮ ਦੀ ਨਰੋਈ ਪਰਿਵਾਰਕ ਵਿਰਾਸਤ, ਵਿਚਾਰਧਾਰਕ ਸੂਝ ਦੇ ਸਫਰ ਤੇ ਉਨ੍ਹਾਂ ਦੇ ਜੀਵਨ ਦੇ ਅਣਛੋਹੇ ਪਹਿਲੂਆਂ 'ਤੇ ਰੋਸ਼ਨੀ ਪਾਉਂਦਿਆਂ ਅਜੋਕੀ ਨੌਜਵਾਨ ਪੀੜ੍ਹੀ ਨੂੰ ਉਨ੍ਹਾਂ ਦੀ ਵਿਗਿਆਨਕ ਸੋਚ ਤੇ ਕ੍ਰਾਂਤੀਕਾਰੀ ਵਿਚਾਰਧਾਰਾ ਨੂੰ ਸਮਝਣ ਅਤੇ ਅਪਨਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਦੀ ਸ਼ਖਸੀਅਤ 'ਚੋਂ ਜੇਕਰ ਸਾਂਝੀਵਾਲਤਾ ਦੀ ਮਾਨਵੀ ਭਾਵਨਾ, ਨਿਰੰਤਰ ਅਧਿਐਨ ਦੀ ਲਾਲਸਾ, ਮਾਰਕਸੀ-ਲੈਨਿਨੀ ਫਲਸਫੇ ਦੀ ਤਿੱਖੀ ਸੋਝੀ, ਸਪਸ਼ਟ ਜਮਾਤੀ ਦ੍ਰਿਸ਼ਟੀਕੋਣ ਤੇ ਸਮਾਜਿਕ ਪਰਿਵਰਤਨ ਦੀ ਤਾਂਘ ਆਦਿ ਗੁਣ ਮਨਫੀ ਕਰ ਦਿੱਤੇ ਜਾਣ ਤਾਂ ਉਹ ਮਹਾਨ ਕ੍ਰਾਂਤੀਕਾਰੀ ਦੀ ਥਾਂ ਕੇਵਲ ਆਪਣੇ-ਆਪ ਲਈ ਜਿਉਣ ਵਾਲੇ ਬੇਹੱਦ ਸਾਧਾਰਨ ਮਨੁੱਖ 'ਚ ਤਬਦੀਲੀ ਹੋ ਜਾਣਗੇ।ਉਨ੍ਹਾਂ ਕਿਹਾ ਕਿ ਸਾਮਰਾਜੀ ਤੇ ਕਾਰਪੋਰੇਟੀ ਲੁੱਟ ਬਰਕਰਾਰ ਰੱਖਣ ਲਈ ਲੋਕਾਂ ਨੂੰ ਧਰਮ ਦੇ ਨਾਂਅ 'ਤੇ ਵੰਡਣ ਵਾਲੇ ਫਿਰਕੂ ਤੱਤ ਦਰ ਹਕੀਕਤ ਲੁੱਟੀ-ਲਤਾੜੀ ਲੋਕਾਈ ਨੂੰ ਸ਼ਹੀਦ-ਇ-ਆਜ਼ਮ ਦੀ ਸੋਚ ਤੋਂ ਬੇਮੁੱਖ ਕਰਨਾ ਚਾਹੁੰਦੇ ਹਨ।ਹੋਰਨਾਂ ਤੋਂ ਇਲਾਵਾ ਸਾਥੀ ਪ੍ਰਕਾਸ਼ ਸਿੰਘ ਨੰਦਗੜ੍ਹ, ਪ੍ਰਿੰਸੀਪਲ ਬੱਗਾ ਸਿੰਘ, ਪ੍ਰਿਤਪਾਲ ਸਿੰਘ ਮੰਡੀ ਕਲਾਂ, ਪ੍ਰਿੰਸੀਪਲ ਰਣਜੀਤ ਸਿੰਘ ਮਹਿਰਾਜ, ਮੰਦਰ ਜੱਸੀ, ਡਾਕਟਰ ਅਜੀਤ ਪਾਲ ਸਿੰਘ, ਮਲਕੀਤ ਸਿੰਘ ਮਹਿਮਾ ਸਰਜਾ, ਮਾਸਟਰ ਪਰਮਜੀਤ ਸਿੰਘ ਮੌਜੂਦ ਸਨ।

# ਡੀ ਟੀ ਐੱਫ ਵੱਲੋਂ ਡੀ ਸੀ ਰਾਹੀਂ ਚੋਣ ਅਧਿਕਾਰੀ ਨੂੰ ਮੰਗ ਪੱਤਰ

## ਮਹਿਲਾ ਅਧਿਆਪਕਾਂ ਤੇ ਗੰਭੀਰ ਰੋਗਾਂ ਤੋਂ ਪੀੜਤਾਂ ਨੂੰ ਚੋਣ ਡਿਊਟੀ ਤੋਂ ਛੋਟ ਦਿੱਤੀ ਜਾਵੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਚਾਇਤੀ ਚੋਣਾਂ ਦੌਰਾਨ ਸਮੁੱਚੇ ਅਧਿਆਪਕ ਵਰਗ ਨੂੰ ਦਰਪੇਸ਼ ਮੁਸ਼ਕਲਾਂ ਦੇ ਸਬੰਧ ਵਿੱਚ ਪ੍ਰਤੀਨਿਧ ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਵਿਆਪਕ ਪੱਧਰ 'ਤੇ ਡਿਪਟੀ ਕਮਿਸ਼ਨਰਾਂ ਰਾਹੀਂ ਮੁੱਖ ਚੋਣ ਅਧਿਕਾਰੀ ਪੰਜਾਬ ਦੇ ਨਾਂਅ ਮੰਗ ਪੱਤਰ ਭੇਜੇ ਗਏ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਪਟਿਆਲਾ ਜ਼ਿਲ੍ਹੇ ਦੇ ਕਨਵੀਨਰ ਤਲਵਿੰਦਰ ਸਿੰਘ ਖਰੌੜ ਨੇ ਦੱਸਿਆ ਕਿ ਫਰੰਟ ਵੱਲੋਂ ਸੂਬੇ ਭਰ ਪਠਾਨਕੋਟ, ਗੁਰਦਾਸਪੁਰ, ਕਪੂਰਥਲਾ, ਜਲੰਧਰ, ਮੋਗਾ, ਫਿਰੋਜ਼ਪੁਰ, ਫਰੀਦਕੋਟ, ਮੁਕਤਸਰ, ਬਠਿੰਡਾ, ਬਰਨਾਲਾ, ਸੰਗਰੂਰ, ਮਾਨਸਾ, ਲੁਧਿਆਣਾ, ਪਟਿਆਲਾ, ਮਾਲੇਰਕੋਟਲਾ ਤੇ ਫਤਿਹਗੜ੍ਹ ਸਾਹਿਬ ਵਿੱਚੋਂ ਵੱਡੀ ਗਿਣਤੀ ਵਿੱਚ ਅਧਿਆਪਕਾਂ ਨੇ ਸ਼ਮੂਲੀਅਤ ਕੀਤੀ। ਅਧਿਆਪਕ ਆਗੂ ਵਿਜੇ ਕੁਮਾਰ ਨੇ ਦੱਸਿਆ ਕਿ ਪੰਚਾਇਤੀ ਚੋਣਾਂ ਦੌਰਾਨ ਆਮ ਤੌਰ 'ਤੇ ਲੋਕ ਨਿੱਜੀ ਤੌਰ 'ਤੇ ਇੱਕ ਦੂਜੇ ਨਾਲ ਜੁੜੇ ਹੋਏ ਹੁੰਦੇ ਹਨ।ਇਸ ਕਰਕੇ ਹਾਰ ਬਰਦਾਸ਼ਤ ਕਰਨੀ ਬੇਹੱਦ ਮੁਸ਼ਕਲ ਹੁੰਦੀ ਹੈ, ਇਸ ਦਾ ਖਮਿਆਜ਼ਾ ਵੀ ਚੋਣ ਅਮਲੇ ਨੂੰ ਭੁਗਤਣਾ ਪੈਂਦਾ ਹੈ।ਉਨ੍ਹਾ ਕਿਹਾ ਕਿ ਪਿਛਲੇ ਸਮੇਂ ਦੌਰਾਨ ਵੀ ਚੋਣ ਅਮਲੇ ਨਾਲ ਬਦਸਲੂਕੀ ਦੀਆਂ ਘਟਨਾਵਾਂ ਆਮ ਵਾਪਰਦੀਆਂ ਰਹੀਆਂ ਹਨ।ਆਗੂਆਂ ਨੇ ਮੰਗ ਕੀਤੀ ਕਿ ਇਨ੍ਹਾਂ ਚੋਣਾਂ ਦੌਰਾਨ ਚੋਣ ਡਿਊਟੀਆਂ ਵੱਖ-ਵੱਖ ਵਿਭਾਗਾਂ ਵਿੱਚੋਂ ਆਨੁਪਾਤਕ ਢੰਗ ਨਾਲ ਲਗਾਈਆਂ ਜਾਣ।ਔਰਤ ਅਧਿਆਪਕਾਵਾਂ, ਗੰਭੀਰ ਬਿਮਾਰੀਆਂ ਤੋਂ ਪੀੜਤ, ਸੇਵਾ ਮੁਕਤੀ ਦੇ ਨੇੜੇ ਬੈਠੇ ਅਧਿਆਪਕਾਂ, ਅੰਗਹੀਣਾਂ ਤੇ ਲੋੜਵੰਦਾਂ ਨੂੰ ਚੋਣ ਡਿਊਟੀ ਤੋਂ ਪੂਰੀ ਤਰ੍ਹਾਂ ਛੋਟ ਦਿੱਤੀ ਜਾਵੇ।ਗਿਣਤੀ ਦਾ ਕੰਮ ਅਗਲੇ ਦਿਨ ਸਟਰਾਂਗ ਰੂਮ ਵਿੱਚ ਕਰਵਾਇਆ ਜਾਵੇ।ਸਾਰਾ ਸਾਲ ਡਿਊਟੀ ਕਰਨ ਵਾਲੇ ਬੀ ਐੱਲ ਓਜ਼ ਨੂੰ ਚੋਣ ਡਿਊਟੀ ਤੋਂ ਛੋਟ ਦਿੱਤੀ ਜਾਵੇ।ਚੋਣ ਰੀਹਰਸਲਾਂ ਕੰਮ ਕਾਜ ਵਾਲੇ ਦਿਨ ਹੀ ਰੱਖੀਆਂ ਜਾਣ। ਕੁੱਕ ਬੀਬੀਆਂ ਨੂੰ 500 ਰੁਪਏ ਪ੍ਰਤੀ ਦਿਨ ਮਿਹਨਤਾਨਾ ਦਿੱਤਾ ਜਾਵੇ।ਚੋਣ ਅਮਲ ਖ਼ਤਮ ਹੋਣ ਤੋਂ ਬਾਅਦ ਚੋਣ ਅਮਲੇ ਦੇ ਘਰਾਂ ਨੂੰ ਜਾਣ ਲਈ ਬੱਸਾਂ ਦਾ ਪ੍ਰਬੰਧ ਕੀਤਾ ਜਾਵੇ।ਚੋਣਾਂ ਵਾਲੇ ਦਿਨ ਪੋਲਿੰਗ ਬੂਥਾਂ 'ਤੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਜਾਣ।ਇਸ ਸਮੇਂ ਓਰਵਿੰਦਰ ਸਿੰਘ, ਰਿੰਕੂ, ਹੇਮਾ ਮਿਗਲਾਨੀ, ਤਲਵਿੰਦਰ ਸਿੰਘ ਖਹਿਰਾ ਆਦਿ ਅਧਿਆਪਕ ਸ਼ਾਮਲ ਸਨ।ਡਿਪਟੀ ਕਮਿਸ਼ਨਰ ਪਟਿਆਲਾ ਦੀ ਗੈਰ-ਮੌਜੂਦਗੀ ਵਿੱਚ ਕ੍ਰਿਪਾਲ ਵੀਰ ਸਿੰਘ ਜੀ. ਏ. ਟੂ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਿਆ।

# ਬੀ ਐੱਫ ਜੀ ਆਈ ਵਿਖੇ ਦਿਲਚਸਪ ਤੇ ਜਾਣਕਾਰੀ ਭਰਪੂਰ ਸੈਸ਼ਨ ਦਾ ਆਯੋਜਨ




**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਬਾਬਾ ਫ਼ਰੀਦ ਗਰੁੱਪ ਆਫ਼ ਇੰਸਟੀਚਿਊਸ਼ਨਜ਼ (ਬੀ ਐੱਫ ਜੀ ਆਈ) ਵਿਖੇ ਸਕੂਲ ਆਫ਼ ਇੰਟਰਪ੍ਰੀਨਿਓਰਸ਼ਿਪ ਤੇ ਆਈ ਪੀ ਆਰ ਸੈੱਲ ਨੇ 'ਨੈਵੀਗੇਟਿੰਗ ਟੈਕਨਾਲੋਜੀ ਟਰਾਂਸਫਰ : ਲੈਬ ਤੋਂ ਮਾਰਕੀਟ ਤੱਕ ਰਣਨੀਤੀਆਂ' ਸਿਰਲੇਖ ਨਾਲ ਇੱਕ ਬਹੁਤ ਹੀ ਦਿਲਚਸਪ ਤੇ ਜਾਣਕਾਰੀ ਭਰਪੂਰ ਸੈਸ਼ਨ ਦਾ ਆਯੋਜਨ ਕੀਤਾ।ਸੈਸ਼ਨ ਦੀ ਅਗਵਾਈ ਟੈਕਨਾਲੋਜੀ ਟਰਾਂਸਫਰ ਦਫਤਰ (ਆਈ ਟੀ ਟੀ ਓ), ਫਾਊਂਡੇਸ਼ਨ ਫਾਰ ਇਨੋਵੇਸ਼ਨ ਐਂਡ ਟੈਕਨਾਲੋਜੀ ਟਰਾਂਸਫਰ (ਐੱਫ ਆਈ ਟੀ ਟੀ), ਆਈ ਆਈ ਟੀ ਦਿੱਲੀ ਵਿਖੇ ਇਨੋਵੇਸ਼ਨ ਦੀ ਮੁਖੀ ਸ੍ਰੀਮਤੀ ਰੀਮਾ ਸਾਹਨੀ ਮੇਦੀਰੱਤਾ ਨੇ ਕੀਤੀ।ਟੈਕਨਾਲੋਜੀ ਟਰਾਂਸਫਰ ਤੇ ਵਪਾਰੀਕਰਨ ਦੇ ਖੇਤਰ ਵਿੱਚ ਇੱਕ ਪ੍ਰਮੁੱਖ ਮਾਹਰ ਸ੍ਰੀਮਤੀ ਮੇਦੀਰੱਤਾ ਨੇ ਆਪਣੇ ਵਿਸ਼ਾਲ ਗਿਆਨ ਤੇ ਅਨੁਭਵ ਦੇ ਭੰਡਾਰ ਨਾਲ ਦਰਸ਼ਕਾਂ ਨੂੰ ਮੋਹ ਲਿਆ।

ਆਪਣੀ ਗੱਲਬਾਤ ਦੌਰਾਨ ਸ੍ਰੀਮਤੀ ਮੇਦੀਰੱਤਾ ਨੇ ਅਕੈਡਮੀਆਂ ਤੇ ਉਦਯੋਗ ਵਿਚਕਾਰ ਮਜ਼ਬੂਤ ਸਾਂਝੇਦਾਰੀ ਨੂੰ ਉਤਸ਼ਾਹਤ ਕਰਨ ਦੇ ਮਹੱਤਵ ਨੂੰ ਉਜਾਗਰ ਕੀਤਾ।ਉਨ੍ਹਾ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕਿਸੇ ਵੀ ਖੋਜ ਲਈ ਅਰਥਪੂਰਨ ਸਮਾਜਿਕ ਪ੍ਰਭਾਵ ਪੈਦਾ ਕਰਨ ਲਈ ਇਸ ਨੂੰ ਪ੍ਰਯੋਗਸ਼ਾਲਾ ਦੀਆਂ ਸੀਮਾਵਾਂ ਤੋਂ ਪਾਰ ਹੋਣਾ ਚਾਹੀਦਾ ਹੈ।ਉਨ੍ਹਾਂ ਨੇ ਬੌਧਿਕ ਸੰਪੱਤੀ (ਆਈ.ਪੀ.ਆਰ.) ਸੁਰੱਖਿਆ ਪ੍ਰਕਿਰਿਆ ਬਾਰੇ ਵੀ ਮੁੱਖ ਸੂਝ ਪ੍ਰਦਾਨ ਕੀਤੀ, ਜਿਸ ਵਿੱਚ ਪੇਟੈਂਟਿੰਗ ਤੇ ਲਾਇਸੰਸਿੰਗ ਵਰਗੇ ਸ਼ਾਮਲ ਵਿਸ਼ੇ ਵਪਾਰੀਕਰਨ ਤੇ ਨਵੀਨਤਾਵਾਂ ਦੀ ਸੁਰੱਖਿਆ ਲਈ ਜ਼ਰੂਰੀ ਸਾਧਨ ਵਜੋਂ ਕੰਮ ਕਰਦੇ ਹਨ।ਸ੍ਰੀਮਤੀ ਮੇਦੀਰੱਤਾ ਨੇ ਉਦਯੋਗ ਦੇ ਹਿੱਸੇਦਾਰਾਂ ਤੇ ਨਿਵੇਸ਼ਕਾਂ ਦੇ ਨਾਲ ਸਹਿਯੋਗ ਦੀ ਮਹੱਤਤਾ 'ਤੇ ਵੀ ਚਰਚਾ ਕੀਤੀ।ਬੀ ਐੱਫ ਜੀ ਆਈ ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ, ਕੈਂਪਸ ਡਾਇਰੈਕਟਰ ਪ੍ਰੋ. (ਡਾ.) ਐਮ ਪੀ ਪੂਨੀਆ, ਬਾਬਾ ਫ਼ਰੀਦ ਕਾਲਜ ਦੇ ਪ੍ਰਿੰਸੀਪਲ ਡਾ. ਮਨੀਸ਼ ਬਾਂਸਲ ਨੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਇਹ ਸੈਸ਼ਨ ਪ੍ਰਤਿਭਾ ਨੂੰ ਉਤਸ਼ਾਹਤ ਕਰਕੇ ਤੇ ਖੋਜ ਨੂੰ ਪ੍ਰਭਾਵਸ਼ਾਲੀ ਹੱਲਾਂ ਵਿੱਚ ਬਦਲਣ ਲਈ ਇੱਕ ਮੰਚ ਪ੍ਰਦਾਨ ਕਰਕੇ ਰਾਸ਼ਟਰੀ ਨਵੀਨਤਾ ਈਕੋਸਿਸਟਮ ਨੂੰ ਮਜ਼ਬੂਤ ਕਰਨ ਲਈ ਬੀ ਐੱਫ ਜੀ ਆਈ ਦੀ ਵਚਨਬੱਧਤਾ ਦੇ ਇੱਕ ਹੋਰ ਮਹੱਤਵਪੂਰਨ ਕਦਮ ਨੂੰ ਦਰਸਾਉਂਦਾ ਹੈ।

# 'ਬੰਦ ਦਰਵਾਜ਼ੇ ਦੀ ਝਾਤ' ਤੇ 'ਚਾਨਣ ਦੀ ਚੋਗ' ਪੁਸਤਕਾਂ ਲੋਕ ਅਰਪਣ



**ਸੰਗਰੂਰ (ਫ਼ਤਹਿ ਪ੍ਰਭਾਕਰ)**

ਮਾਲਵਾ ਲਿਖਾਰੀ ਸਭਾ (ਰਜਿ:) ਵੱਲੋਂ ਪਲੇਠਾ ਸਾਹਿਤਕ ਸਮਾਗਮ ਲੇਖਕ ਭਵਨ ਸੰਗਰੂਰ ਵਿਖੇ ਕਰਾਇਆ ਗਿਆ, ਜਿਸ ਦੀ ਪ੍ਰਧਾਨਗੀ ਸ਼੍ਰੋਮਣੀ ਪੰਜਾਬੀ ਕਵੀ ਸ੍ਰੀ ਦਰਸ਼ਨ ਬੁੱਟਰ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਨੇ ਕੀਤੀ।ਪ੍ਰਧਾਨਗੀ ਮੰਡਲ ਵਿੱਚ ਉਨ੍ਹਾਂ ਨਾਲ ਡਾ. ਮੀਤ ਖਟੜਾ, ਮੂਲ ਚੰਦ ਸ਼ਰਮਾ, ਰਣਜੀਤ ਸਿੰਘ ਧੂਰੀ, ਸਾਧੂ ਸਿੰਘ, ਪਵਨ ਕੁਮਾਰ ਹੋਸ਼ੀ ਤੇ ਕਰਮ ਸਿੰਘ ਜ਼ਖ਼ਮੀ ਸ਼ਾਮਲ ਹੋਏ।ਸਮਾਗਮ ਵਿੱਚ ਉੱਭਰਦੇ ਕਵੀ ਪਵਨ ਕੁਮਾਰ ਹੋਸ਼ੀ ਦਾ ਪਲੇਠਾ ਕਾਵਿ-ਸੰਗ੍ਰਹਿ 'ਬੰਦ ਦਰਵਾਜ਼ੇ ਦੀ ਝਾਤ' ਤੇ ਉੱਘੇ ਲੇਖਕ ਸੁਰਜੀਤ ਦੇਵਲ ਦਾ ਬਾਲ ਕਾਵਿ-ਸੰਗ੍ਰਹਿ 'ਚਾਨਣ ਦੀ ਚੋਗ' ਲੋਕ ਅਰਪਣ ਕੀਤਾ ਗਿਆ।ਪਵਨ ਕੁਮਾਰ ਹੋਸ਼ੀ ਨੇ ਆਪਣੇ ਜੀਵਨ ਤੇ ਲਿਖਣ ਪ੍ਰਕਿਰਿਆ ਸਬੰਧੀ ਯਾਦਾਂ ਸਾਂਝੀਆਂ ਕਰਦਿਆਂ ਪ੍ਰਕਾਸ਼ਿਤ ਪੁਸਤਕ ਵਿੱਚੋਂ ਕੁੱਝ ਚੋਣਵੀਆਂ ਰਚਨਾਵਾਂ ਵੀ ਸੁਣਾਈਆਂ।

ਸੁਰਜੀਤ ਦੇਵਲ ਸਿਹਤ ਠੀਕ ਨਾ ਹੋਣ ਕਰਕੇ ਨਹੀਂ ਆ ਸਕੇ।ਪੁਸਤਕ ਸਬੰਧੀ ਚਰਚਾ ਕਰਦਿਆਂ ਕਰਮ ਸਿੰਘ ਜ਼ਖ਼ਮੀ ਨੇ ਕਿਹਾ ਕਿ ਪਵਨ ਕੁਮਾਰ ਹੋਸ਼ੀ ਦੀ ਪੁਸਤਕ ਦੀਆਂ ਕਵਿਤਾਵਾਂ ਬੁਲੰਦ ਆਵਾਜ਼ ਵਿੱਚ ਆਮ ਆਦਮੀ ਦੀ ਗੱਲ ਕਰਦੀਆਂ ਹਨ। ਮੂਲ ਚੰਦ ਸ਼ਰਮਾ ਨੇ ਕਿਹਾ ਕਿ ਪਵਨ ਕੁਮਾਰ ਹੋਸ਼ੀ ਦੀ ਪੁਸਤਕ ਹਰ ਪੱਖੋਂ ਮੁਕੰਮਲ ਅਤੇ ਸ਼ਲਾਘਾਯੋਗ ਹੈ।ਪੁਸਤਕ 'ਚਾਨਣ ਦੀ ਚੋਗ' ਸਬੰਧੀ ਰਣਜੀਤ ਆਜ਼ਾਦ ਕਾਂਝਲਾ ਨੇ ਕਿਹਾ ਕਿ ਸੁਰਜੀਤ ਦੇਵਲ ਬਾਲ ਮਨੋਵਿਗਿਆਨ ਦੀ ਸੂਖਮ ਸੂਝ ਰੱਖਣ ਵਾਲੇ ਬਾਲ ਕਵੀ ਹਨ।ਪ੍ਰਸਿੱਧ ਬਾਲ ਗ਼ਜ਼ਲਕਾਰ ਜਗਜੀਤ ਸਿੰਘ ਲੱਡਾ ਨੇ ਕਿਹਾ ਕਿ ਸੁਰਜੀਤ ਦੇਵਲ ਦੀਆਂ ਬਾਲ ਕਵਿਤਾਵਾਂ ਬੱਚਿਆਂ ਨੂੰ ਵਿਗਿਆਨਕ ਦ੍ਰਿਸ਼ਟੀਕੋਣ ਤੋਂ ਸਹੀ ਸੇਧ ਦਿੰਦੀਆਂ ਹਨ।ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਬੋਲਦਿਆਂ ਸ੍ਰੀ ਦਰਸ਼ਨ ਬੁੱਟਰ ਨੇ ਕਿਹਾ ਕਿ ਲੇਖਕਾਂ ਨੂੰ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਵਚਨਬੱਧ ਹੋਣਾ ਚਾਹੀਦਾ ਹੈ।

ਉਨ੍ਹਾਂ ਨੇ ਲੇਖਕ ਭਵਨ ਦੀ ਉਸਾਰੀ ਕਰਨ ਲਈ ਮਾਲਵਾ ਲਿਖਾਰੀ ਸਭਾ ਸੰਗਰੂਰ ਦੀ ਭਰਪੂਰ ਪ੍ਰਸ਼ੰਸਾ ਕੀਤੀ ਤੇ ਇਸ ਕਾਰਜ ਨੂੰ ਸਿਰੇ ਚਾੜ੍ਹਨ ਲਈ ਉਨ੍ਹਾਂ ਨੇ ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਕਰਮ ਸਿੰਘ ਜ਼ਖ਼ਮੀ ਤੇ ਉਨ੍ਹਾਂ ਦੀ ਸਮੁੱਚੀ ਟੀਮ ਨੂੰ ਸਨਮਾਨਤ ਵੀ ਕੀਤਾ।ਉਨ੍ਹਾਂ ਆਪਣੀਆਂ ਕੁੱਝ ਪੁਸਤਕਾਂ ਸਭਾ ਦੀ ਲਾਇਬ੍ਰੇਰੀ ਲਈ ਦਿੱਤੀਆਂ ਤੇ ਦੋ ਸੌ ਵਧੀਆ ਪੁਸਤਕਾਂ ਹੋਰ ਦਾ ਵਾਅਦਾ ਵੀ ਕੀਤਾ। ਸਮਾਗਮ ਤੋਂ ਪਹਿਲਾਂ ਸੁਰਜੀਤ ਸਿੰਘ ਮੌਜੀ ਦੀ ਪਤਨੀ ਸ੍ਰੀਮਤੀ ਸੁਖਵਿੰਦਰ ਕੌਰ ਅਤੇ ਸ਼ਿਵ ਕੁਮਾਰ ਅੰਬਾਲਵੀ ਦੀ ਪਤਨੀ ਸ੍ਰੀਮਤੀ ਭਾਵਨਾ ਸ਼ਰਮਾ ਨੂੰ ਉਨ੍ਹਾਂ ਦੇ ਅਕਾਲ ਚਲਾਣੇ 'ਤੇ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਦਿੱਤੀ ਗਈ।

# ਗੱਲਾ ਮਜ਼ਦੂਰ ਯੂਨੀਅਨ ਵੱਲੋਂ ਅਣਮਿੱਥੇ ਸਮੇਂ ਲਈ ਹੜਤਾਲ ਸ਼ੁਰੂ



**ਮੱਖੂ (ਰਛਪਾਲ ਸਿੰਘ ਸੰਧੂ)**-ਦਾਣਾ ਮੰਡੀ 'ਚ ਕੰਮ ਕਰਦੇ ਗੱਲਾ ਮਜ਼ਦੂਰ ਯੂਨੀਅਨ ਦੇ ਵਰਕਰਾਂ ਵੱਲੋਂ ਦਾਣਾ ਮੰਡੀ 'ਚ ਕੰਮ ਬੰਦ ਕਰਕੇ ਅਣਮਿੱਥੇ ਸਮੇਂ ਲਈ ਹੜਤਾਲ ਸ਼ੁਰੂ ਕਰ ਦਿੱਤੀ।ਗੱਲਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਲੱਭਾ ਮਸੀਹ ਨੇ ਦੱਸਿਆ ਸਾਡੇ ਗੁਆਂਢ ਹਰਿਆਣੇ ਦੀਆਂ ਮੰਡੀਆਂ ਵਿੱਚ ਅਨਾਜ ਦੀ ਸਫ਼ਾਈ ਤੇ ਭਰਾਈ ਦੀ ਮਜ਼ਦੂਰੀ ਦਾ ਰੇਟ 25 ਰੁਪਏ ਗੱਟਾ ਦਿੱਤਾ ਜਾ ਰਿਹਾ ਹੈ, ਜਦ ਕਿ ਪੰਜਾਬ ਮੰਡੀ ਬੋਰਡ ਵੱਲੋਂ 16 ਰੁਪਏ ਗੱਟਾ ਦਿੱਤਾ ਜਾ ਰਿਹਾ।ਇਸੇ ਤਰ੍ਹਾਂ ਹੀ ਲੋਡਿੰਗ ਦੇ ਰੇਟਾਂ ਵਿੱਚ ਵੀ ਕਾਫੀ ਫਰਕ ਹੈ।ਇਸ ਦੇ ਰੋਸ ਵਜੋਂ ਦਾਣਾ ਮੰਡੀ ਵਿੱਚ ਮਜ਼ਦੂਰਾਂ ਵੱਲੋਂ ਅਣਮਿੱਥੇ ਸਮੇਂ ਲਈ ਹੜਤਾਲ ਦਾ ਐਲਾਨ ਕਰਦਿਆਂ ਕਿਹਾ ਕਿ ਜਦ ਤੱਕ ਪੰਜਾਬ ਸਰਕਾਰ ਹਰਿਆਣੇ ਦੇ ਪੈਟਰਨ 'ਤੇ ਮਜ਼ਦੂਰਾਂ ਨੂੰ ਮਜ਼ਦੂਰੀ ਲਾਗੂ ਨਹੀਂ ਕਰਦੀ, ਉਦੋਂ ਤੱਕ ਦਾਣਾ ਮੰਡੀ ਵਿੱਚ ਕੰਮ ਬੰਦ ਰੱਖਿਆ ਜਾਵੇਗਾ।ਮਜ਼ਦੂਰ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੰਜਾਬ ਮੰਡੀ ਬੋਰਡ ਵਿੱਚ ਕੰਮ ਕਰਦੇ ਮਜ਼ਦੂਰਾਂ ਹਰਿਆਣਾ ਸਰਕਾਰ ਦੇ ਬਰਾਬਰ ਮਜ਼ਦੂਰੀ ਦਿੱਤੀ ਜਾਵੇ।

## ਟ੍ਰੈਕਟਰਾਂ ਤੇ ਸਬੰਧਤ ਸੰਦਾਂ ਦੇ ਪ੍ਰਦਰਸ਼ਨ/ਸਟੰਟ ਕਰਨ 'ਤੇ ਰੋਕ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤੇ ਹਨ।ਜਾਰੀ ਹੁਕਮ ਅਨੁਸਾਰ ਜ਼ਿਲ੍ਹਾ ਬਠਿੰਡਾ ਦੀ ਹਦੂਦ ਅੰਦਰ ਟ੍ਰੈਕਟਰਾਂ ਤੇ ਸਬੰਧਤ ਸੰਦਾਂ ਆਦਿ ਦੇ ਖਤਰਨਾਕ ਪ੍ਰਦਰਸ਼ਨ/ਸਟੰਟ ਕਰਨ 'ਤੇ ਪੂਰਨ ਰੋਕ ਲਗਾਈ ਗਈ ਹੈ।ਜਾਰੀ ਹੁਕਮਾਂ ਅਨੁਸਾਰ ਰਾਜ ਵਿੱਚ ਬੀਤੇ ਦਿਨੀਂ ਕੁਝ ਘਟਨਾਵਾਂ ਵਾਪਰੀਆਂ ਹਨ, ਜਿਨ੍ਹਾਂ ਵਿੱਚ ਟਰੈਕਟਰ ਤੇ ਸਬੰਧਤ ਸੰਦਾਂ ਦੇ ਖਤਰਨਾਕ ਪ੍ਰਦਰਸ਼ਨ/ਸਟੰਟ ਦੌਰਾਨ ਨੌਜਵਾਨਾਂ ਨੂੰ ਗੰਭੀਰ ਸੱਟਾਂ ਆਈਆਂ ਸਨ ਤੇ ਇੱਕ ਨੌਜਵਾਨ ਦੀ ਮੌਤ ਵੀ ਹੋ ਗਈ ਹੈ, ਜਿਸ ਦੇ ਮੱਦੇਨਜ਼ਰ ਟਰੈਕਟਰਾਂ ਤੇ ਸਬੰਧਤ ਸੰਦਾਂ ਦੇ ਖਤਰਨਾਕ ਪ੍ਰਦਰਸ਼ਨ/ਸਟੰਟ 'ਤੇ ਪੂਰਨ ਪਾਬੰਦੀ ਲਗਾਈ ਗਈ ਹੈ।ਇਹ ਹੁਕਮ 29 ਨਵੰਬਰ 2024 ਤੱਕ ਲਾਗੂ ਰਹਿਣਗੇ।

# ਡੀ ਸੀ ਵੱਲੋਂ ਸ਼ੈਲਰ ਮਾਲਕਾਂ, ਆੜ੍ਹਤੀਆਂ, ਕਿਸਾਨਾਂ ਤੇ ਕੰਬਾਇਨ ਮਾਲਕਾਂ ਨਾਲ ਮੀਟਿੰਗ



**ਬਰੇਟਾ (ਗੋਬਿੰਦ ਸ਼ਰਮਾ)**

ਸ਼ੈਲਰ ਮਾਲਕਾਂ ਨੂੰ ਸਟੋਰੇਜ ਲਈ ਜਗ੍ਹਾ ਤੇ ਝੋਨੇ ਦੇ ਖਰੀਦ ਸੀਜ਼ਨ ਦੌਰਾਨ ਆ ਰਹੀਆਂ ਹੋਰ ਸਮੱਸਿਆਵਾਂ ਦਾ ਜਲਦ ਹੀ ਯੋਜਨਾਬੱਧ ਹੱਲ ਕੀਤਾ ਜਾਵੇਗਾ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਸ਼ੈਲਰ ਮਾਲਕ, ਆੜ੍ਹਤੀਏ, ਕਿਸਾਨਾਂ ਤੇ ਕੰਬਾਇਨ ਮਾਲਕਾਂ ਨਾਲ ਮੀਟਿੰਗ ਕਰਦਿਆਂ ਕੀਤਾ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸ਼ੈਲਰ ਮਾਲਕਾਂ ਤੇ ਆੜ੍ਹਤੀਆਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਸਰਕਾਰ ਨੂੰ ਲਿਖ ਕੇ ਭੇਜਿਆ ਹੋਇਆ ਹੈ।ਉਨ੍ਹਾਂ ਕਿਹਾ ਕਿ ਝੋਨੇ ਦੀ ਖਰੀਦ ਸੀਜ਼ਨ ਨਾਲ ਜੁੜੇ ਕਿਸੇ ਵੀ ਵਰਗ ਨੂੰ ਕੋਈ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

ਉਨ੍ਹਾਂ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਸੀਂ ਸਾਰੇ ਆਪਸ ਵਿਚ ਇੱਕ-ਦੂਜੇ 'ਤੇ ਨਿਰਭਰ ਹਾਂ।ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਚੱਲਣਾ ਚਾਹੀਦਾ ਹੈ ਤਾਂ ਜੁ ਕਿਸੇ ਵੀ ਵਰਗ ਨੂੰ ਆ ਰਹੀ ਸਮੱਸਿਆ ਦਾ ਢੁੱਕਵਾਂ ਹੱਲ ਕੀਤਾ ਜਾ ਸਕੇ।ਉਨ੍ਹਾਂ ਕਿਸਾਨਾਂ ਤੇ ਕੰਬਾਇਨ ਮਾਲਕਾਂ ਨੂੰ ਕਿਹਾ ਕਿ ਉਹ ਗਿੱਲੇ ਝੋਨੇ ਦੀ ਕਟਾਈ ਨਾ ਕਰਨ ਤਾਂ ਜੁ ਉਨ੍ਹਾਂ ਨੂੰ ਮੰਡੀਆਂ ਵਿਚ ਆਪਣੀ ਫ਼ਸਲ ਵੇਚਣ ਵਿੱਚ ਕੋਈ ਦਿੱਕਤ ਪੇਸ਼ ਨਾ ਆਵੇ।ਕੁਲਵੰਤ ਸਿੰਘ ਨੇ ਸਮੂਹ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਤੋਂ ਗੁਰੇਜ਼ ਕਰਨ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਤੇ ਖੇਤੀਬਾੜੀ ਵਿਭਾਗ ਦੇ ਸਹਿਯੋਗ ਨਾਲ ਝੋਨੇ ਦੀ ਪਰਾਲੀ ਦਾ ਯੋਗ ਪ੍ਰਬੰਧਨ ਕੀਤਾ ਜਾਵੇ।ਉਨ੍ਹਾਂ ਇਸ ਦੌਰਾਨ ਹਾਜ਼ਰ ਸਮੂਹ ਕਿਸਾਨਾਂ, ਆੜ੍ਹਤੀਆਂ ਤੇ ਸ਼ੈਲਰ ਮਾਲਕਾਂ ਤੋਂ ਸੁਝਾਅ ਵੀ ਮੰਗੇ ਤੇ ਉਨ੍ਹਾਂ ਦੀ ਸਮੱਸਿਆਵਾਂ ਦੇ ਜਲਦ ਹੱਲ ਦਾ ਭਰੋਸਾ ਦਿੱਤਾ।ਇਸ ਮੌਕੇ ਐਸ.ਐਸ.ਪੀ. ਭਾਗੀਰਥ ਸਿੰਘ ਮੀਨਾ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਆਕਾਸ਼ ਬਾਂਸਲ, ਐਸ.ਡੀ.ਐਮ. ਮਾਨਸਾ ਕਾਲਾ ਰਾਮ ਕਾਂਸਲ, ਐਸ ਡੀ ਐਮ ਸਰਦੂਲਗੜ੍ਹ ਨਿਤੇਸ਼ ਕੁਮਾਰ ਜੈਨ, ਐਸ ਡੀ ਐਮ ਬੁਢਲਾਡਾ ਗਗਨਦੀਪ ਸਿੰਘ, ਜ਼ਿਲ੍ਹਾ ਫੂਡ ਤੇ ਸਿਵਲ ਸਪਲਾਈ ਕੰਟਰੋਲਰ ਮਨਦੀਪ ਸਿੰਘ ਮਾਨ, ਮੁੱਖ ਖੇਤੀਬਾੜੀ ਅਫ਼ਸਰ ਹਰਵਿੰਦਰ ਸਿੰਘ ਤੋਂ ਇਲਾਵਾ ਪੁਲਸ ਤੇ ਸਿਵਲ ਪ੍ਰਸ਼ਾਸਨ ਦੇ ਹੋਰ ਅਧਿਕਾਰੀ ਮੌਜੂਦ ਸਨ।

# ਆੜ੍ਹਤੀਆ ਐਸੋਸੀਏਸ਼ਨ ਦੀ ਹੜਤਾਲ ਦੌਰਾਨ ਦਾਣਾ ਮੰਡੀ ਵਿਖ਼ੇ ਕੰਮ ਰਿਹਾ ਠੱਪ



**ਬਰੇਟਾ (ਰੀਤਵਾਲ)**-ਆੜ੍ਹਤੀਆ ਐਸੋਸੀਏਸ਼ਨ ਪੰਜਾਬ ਵੱਲੋਂ ਸੂਬਾ ਪੱਧਰੀ ਹੜਤਾਲ ਦੇ ਐਲਾਨ ਤਹਿਤ ਬਰੇਟਾ ਦੀ ਅਨਾਜ ਮੰਡੀ ਵਿੱਚ ਕੰਮਕਾਜ ਬਿਲਕੁਲ ਠੱਪ ਰਿਹਾ। ਆੜ੍ਹਤੀਆਂ ਵੱਲੋਂ ਅਪਣੀਆਂ ਦੁਕਾਨਾਂ ਬੰਦ ਰੱਖ ਕੇ ਪੰਜਾਬ ਤੇ ਕੇਂਦਰ ਸਰਕਾਰ ਪ੍ਰਤੀ ਰੋਸ ਜ਼ਾਹਰ ਕੀਤਾ। ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਜਤਿੰਦਰ ਮੋਹਨ ਗਰਗ ਨੇ ਕਿਹਾ ਕਿ, ਸਰਕਾਰ ਵੱਲੋਂ ਆੜ੍ਹਤੀਆਂ ਦੀ ਆੜ੍ਹਤ 2.5% ਦੇਣ ਦੀ ਬਜਾਏ 45 ਰੁਪਏ ਪ੍ਰਤੀ ਕੁਇੰਟਲ ਫਿਕਸ ਕਰਕੇ ਦਿੱਤੀ ਜਾ ਰਹੀ ਹੈ, ਜਦੋਂ ਕਿ ਮੰਡੀ ਬੋਰਡ ਦੇ ਕਾਨੂੰਨ ਦੇ ਹਿਸਾਬ ਨਾਲ ਇਹ ਆੜ੍ਹਤ 2-50 ਪ੍ਰਤੀਸ਼ਤ ਦੇਣੀ ਹੁੰਦੀ ਹੈ, ਪਰ ਸਰਕਾਰ ਵੱਲੋਂ ਆੜ੍ਹਤੀਆਂ ਦੀ ਆੜ੍ਹਤ 2019 ਵਾਲੀ ਫਸਲ ਦੇ ਰੇਟ 'ਤੇ ਫਿਕਸ ਕਰ ਦਿੱਤੀ ਹੈ ਜਦੋਂ ਕਿ ਫਸਲਾਂ ਦੇ ਰੇਟ ਹਰ ਸਾਲ ਵਧਦੇ ਹਨ, ਪਰ ਆੜ੍ਹਤੀਆਂ ਨੂੰ ਉਨ੍ਹਾਂ ਦੀ ਪੂਰੀ ਆੜ੍ਹਤ ਨਹੀਂ ਦਿੱਤੀ ਜਾਂਦੀ ਅਤੇ ਮੰਡੀਆਂ ਵਿੱਚ ਕੰਮ ਕਰਦੇ ਮਜ਼ਦੂਰਾਂ ਦੀ ਮਜ਼ਦੂਰੀ ਵੀ ਨਹੀਂ ਵਧਾਈ ਜਾ ਰਹੀ, ਜਿਸ ਕਾਰਨ ਮੰਡੀਆਂ ਵਿੱਚ ਮਜ਼ਦੂਰ ਕੰਮ ਕਰਨ ਤੋਂ ਇਨਕਾਰੀ ਹਨ ਅਤੇ ਇਸ ਸਬੰਧੀ ਫੈਡਰੇਸ਼ਨ ਆਫ ਆੜ੍ਹਤੀਆ ਐਸੋਸੀਏਸ਼ਨ ਦੀ ਸੂਬਾ ਪੱਧਰੀ ਆਗੂਆਂ ਦੀ ਸਬੰਧਤ ਵਿਭਾਗਾਂ ਦੇ ਮੰਤਰੀਆਂ ਤੇ ਉੱਚ ਅਧਿਕਾਰੀਆਂ ਨਾਲ ਮੀਟਿੰਗਾਂ ਵੀ ਹੋਈਆਂ ਹਨ, ਪਰ ਹਾਲੇ ਤੱਕ ਸਾਰੀਆਂ ਮੀਟਿੰਗਾਂ ਬੇਸਿੱਟਾ ਰਹੀਆਂ ਹਨ।

# ਦਸਮੇਸ਼ ਕਾਲਜ ਆਫ ਫਾਰਮੇਸੀ ਵਿਖੇ ਫਾਰਮਾਕੋਵਿਜੀਲੈਂਸ ਹਫਤਾ ਮਨਾਇਆ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ, ਐਲਿਗਜੈਂਡਰ ਡਿਸੂਜ਼ਾ)**-ਦਸਮੇਸ਼ ਕਾਲਜ ਆਫ ਫਾਰਮੇਸੀ, ਫਰੀਦਕੋਟ ਵਿਖੇ ਫਾਰਮਾਕੋਵਿਜੀਲੈਂਸ ਹਫ਼ਤਾ ਮਨਾਇਆ ਗਿਆ।ਦਸਮੇਸ਼ ਕਾਲਜ ਆਫ ਫਾਰਮੇਸੀ ਤੇ ਜੀ.ਜੀ.ਐੱਸ. ਮੈਡੀਕਲ ਕਾਲਜ ਤੇ ਹਸਪਤਾਲ ਫਰੀਦਕੋਟ ਦੇ ਫਾਰਮਾਕੋਲੋਜੀ ਵਿਭਾਗ ਦੇ ਸਹਿਯੋਗ ਨਾਲ ਸਿਖਲਾਈ ਪ੍ਰੋਗਰਾਮ 'ਮਰੀਜ਼ਾਂ ਦੀ ਸੁਰੱਖਿਆ ਲਈ ਏ ਡੀ ਆਰ ਰਿਪੋਰਟਿੰਗ ਕਲਚਰ ਦਾ ਨਿਰਮਾਣ' ਕੀਤਾ ਗਿਆ, ਜਿਸ ਵਿੱਚ ਗੈਸਟ ਲੈਕਚਰ ਕਰਵਾਏ ਗਏ।ਜੀ.ਜੀ.ਐੱਸ. ਮੈਡੀਕਲ ਕਾਲਜ ਤੇ ਹਸਪਤਾਲ ਫਰੀਦਕੋਟ ਦੀ ਮੈਡੀਕਲ ਫੈਕਲਟੀ ਵੱਲੋਂ ਗੈਸਟ ਸਪੀਕਰ ਦੇ ਤੌਰ 'ਤੇ ਡਾ. ਰਾਜ ਕੁਮਾਰ, ਡਾ. ਕਮਲਪ੍ਰੀਤ ਕੌਰ ਤੇ ਸ੍ਰੀਮਤੀ ਅਨਦੀਪ ਕੌਰ ਨੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਡਾ. ਸਨਾ ਗਰੇਸ, ਡਾ. ਗੌਰਵ ਖੁਸ਼ਵਾਹਾ ਤੇ ਡਾ. ਰਾਜਬੀਰ ਕੌਰ ਵੱਲੋਂ ਦਿੱਤੇ ਗਏ ਅਤੇ ਵਿਦਿਆਰਥੀਆਂ ਨੂੰ ਏ.ਡੀ.ਆਰ. ਰਿਪੋਰਟਿੰਗ ਦੀ ਸਿਖਲਾਈ ਵੀ ਦਿੱਤੀ ਗਈ।ਇਸ ਸੈਸ਼ਨ ਵਿੱਚ ਫਾਰਮਾਕੋਵਿਜੀਲੈਂਸ ਦੀ ਮਹੱਤਤਾ ਤੇ ਰਿਪੋਰਟਿੰਗ ਆਫ਼ ਏ.ਡੀ.ਆਰ. ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ।ਇਸ ਮੌਕੇ ਡਾ. ਵਿਕਾਸ ਮੇਦੀ ਤੇ ਡਾ. ਅਜੇ ਪ੍ਰਕਾਸ਼, ਫਾਰਮਾਕੋਲੋਜੀ ਡਿਪਾਰਟਮੈਂਟ, ਪੀ.ਜੀ.ਆਈ. ਚੰਡੀਗੜ੍ਹ ਵੱਲੋਂ ਇੱਕ ਆਨਲਾਈਨ ਵੈਬੀਨਾਰ ਵੀ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਦਸਮੇਸ਼ ਕਾਲਜ ਆਫ ਫਾਰਮੇਸੀ ਫਰੀਦਕੋਟ, ਦਸਮੇਸ਼ ਇੰਸਟੀਚਿਊਟ ਆਫ ਰਿਸਰਚ ਐਂਡ ਡੈਂਟਲ ਸਾਇੰਸਜ਼ ਫਰੀਦਕੋਟ, ਦਸਮੇਸ਼ ਕਾਲਜ ਆਫ ਨਰਸਿੰਗ ਤੇ ਦਸਮੇਸ਼ ਕਾਲਜ ਆਫ ਫਿਜੀਓਥੈਰੇਪੀ ਫਰੀਦਕੋਟ ਦੇ ਤਕਰੀਬਨ 400 ਵਿਦਿਆਰਥੀਆਂ ਨੇ ਭਾਗ ਲਿਆ। ਪ੍ਰੋਗਰਾਮ ਦੀ ਸਮਾਪਤੀ ਮੌਕੇ ਡਾ. ਸੁਖਪ੍ਰੀਤ ਕੌਰ ਪ੍ਰਿੰਸੀਪਲ ਦਸਮੇਸ਼ ਕਾਲਜ ਆਫ ਫਾਰਮੇਸੀ ਫਰੀਦਕੋਟ ਨੇ ਵਿਦਿਆਰਥੀਆਂ ਨੂੰ ਫਾਰਮਾਕੋਵਿਜੀਲੈਂਸ ਤੇ ਏ. ਡੀ. ਆਰਜ਼ ਦੀ ਰਿਪੋਰਟਿੰਗ ਦੀ ਲੋੜ ਅਤੇ ਮਹੱਤਤਾ ਬਾਰੇ ਜਾਗਰੂਕ ਹੋਣ ਦੀ ਲੋੜ 'ਤੇ ਜ਼ੋਰ ਦਿੱਤਾ ਅਤੇ ਵਿਦਿਆਰਥੀਆਂ ਨੂੰ ਦਿੱਤੇ ਵੱਡਮੁੱਲੇ ਮਾਰਗਦਰਸ਼ਨ ਲਈ ਬੁਲਾਰਿਆਂ ਦਾ ਧੰਨਵਾਦ ਕੀਤਾ।ਡਾ: ਗੁਰਸੇਵਕ ਸਿੰਘ ਡਾਇਰੈਕਟਰ ਤੇ ਸਵਰਨਜੀਤ ਸਿੰਘ ਗਿੱਲ ਜੁਆਇੰਟ ਡਾਇਰੈਕਟਰ, ਦਸਮੇਸ਼ ਗਰੁੱਪ ਆਫ਼ ਇੰਸਟੀਚਿਊਟ ਨੇ ਫਾਰਮੇਸੀ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਗੁਰਸਾਹਿਬ ਸਿੰਘ ਬਰਾੜ, ਸੰਦੀਪ ਕੁਮਾਰ ਸ਼ਰਮਾ, ਰਵੀ ਸ਼ੰਕਰ, ਹਰਮਨਪ੍ਰੀਤ ਕੌਰ, ਸਮੂਹ ਫੈਕਲਟੀ ਤੇ ਕਾਲਜ ਸਟਾਫ ਹਾਜ਼ਰ ਰਿਹਾ।

# ਪੰਜਾਬ ਕਿਸਾਨ ਯੂਨੀਅਨ ਮਾਲਵਾ ਜ਼ੋਨ ਦੀ ਹੋਈ ਮੀਟਿੰਗ

**ਮਾਨਸਾ (ਪਮਾਰ)** ਪੰਜਾਬ ਕਿਸਾਨ ਯੂਨੀਅਨ ਮਾਲਵਾ ਜ਼ੋਨ ਦੀ ਅਹਿਮ ਮੀਟਿੰਗ ਸੂਬਾ ਪ੍ਰਧਾਨ ਰੁਲਦੂ ਸਿੰਘ ਮਾਨਸਾ ਦੀ ਪ੍ਰਧਾਨਗੀ ਹੇਠ ਬਾਬਾ ਬੂਝਾ ਸਿੰਘ ਭਵਨ ਵਿਖੇ ਹੋਈ। ਮੀਟਿੰਗ ਦੌਰਾਨ ਚੰਡੀਗੜ੍ਹ ਰੈਲੀ, ਭਗਤ ਸਿੰਘ ਦੇ ਜਨਮ ਸਮੇਤ ਪਿਛਲੇ ਜਥੇਬੰਦਕ ਕਾਰਜਾਂ ਦੇ ਰਵਿਊ ਉਪਰੰਤ ਮਾਲਵਿੰਦਰ ਮਾਲੀ ਦੀ ਰਿਹਾਈ ਦੀ ਮੰਗ ਵੀ ਕੀਤੀ ਗਈ।

ਰੁਲਦੂ ਸਿੰਘ ਮਾਨਸਾ, ਜਨਰਲ ਸਕੱਤਰ ਗੁਰਨਾਮ ਸਿੰਘ ਭੀਖੀ, ਪ੍ਰੈਸ ਸਕੱਤਰ ਨਰਿੰਦਰ ਕੌਰ ਬੁਰਜ ਹਮੀਰਾ ਨੇ ਪੰਜਾਬ ਸਰਕਾਰ ਤੋਂ ਡੀ ਏ ਪੀ ਖਾਦ ਦੀ ਮੰਗ, ਪਰਾਲੀ ਦੇ ਪੁਖਤਾ ਸੁਚੱਜੇ ਪ੍ਰਬੰਧਾਂ ਤੇ ਝੋਨੇ ਦੀ ਸਮੇਂ ਸਿਰ ਖਰੀਦ ਦੀ ਮੰਗ ਕੀਤੀ। ਮੀਟਿੰਗ ਵਿੱਚ ਵੱਖ-ਵੱਖ ਜ਼ਿਲ੍ਹਿਆਂ ਵਿੱਚ ਇਨ੍ਹਾਂ ਮੰਗਾਂ ਦਾ ਮੰਗ ਪੱਤਰ ਦੇਣ ਦਾ ਮਤਾ ਪਾਸ ਕੀਤਾ, ਜਿਸਦੀ ਤਰੀਕ ਬਾਅਦ 'ਚ ਉਲੀਕੀ ਜਾਵੇਗੀ। 3 ਅਕਤੂਬਰ ਨੂੰ ਲਖੀਮਪੁਰ ਖੀਰੀ ਦੇ ਸ਼ਹੀਦਾਂ ਦੀ ਯਾਦ ਵਿੱਚ ਰਾਤ ਨੂੰ ਮੋਮਬੱਤੀਆਂ ਬਾਲ ਕੇ ਸ਼ਰਧਾਂਜਲੀ ਅਰਪਿਤ ਕਰਨ ਦਾ ਮਤਾ ਵੀ ਪਾਸ ਕੀਤਾ ਗਿਆ।

ਇਸ ਸਮੇਂ ਪਿੰਡ ਸਮਾਓ ਦੇ ਕਿਸਾਨ ਆਗੂ ਬਾਬਾ ਪਿਆਰਾ ਪੰਡਤ ਦੀ ਮੌਤ ਦੇ ਦੁੱਖ ਇਜ਼ਹਾਰ ਕਰਦਿਆਂ ਸ਼ੋਕ ਮਤਾ ਵੀ ਪਾਇਆ ਗਿਆ।


## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

**ਨਿਵਿਦਾ ਸੂਚਨਾ ਪੱਤਰ ਨੰ..-770-W/169/WA-1/FZR-179-2024-25-ADEN-JRC, 180-2024-25-ADEN-JRC & 182-2024-25-ADEN-LDH** ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ 21.10.2024 ਸਮਾਂ 15:00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨਿਵਿਦਾ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ 'ਨਿਵਿਦਾ ਸੁਰੱਖਿਆ ਘੋਸ਼ਣਾ ਪੱਤਰ' ਤੈਅ ਫਾਰਮੈਟ ਵਿਚ ਨਿਵਿਦਾ ਦੇ ਨਾਲ ਈ-ਪੋਰਟਲ ਤੇ ਨੱਥੀ ਕਰੇਗਾ:-

| ਲੜੀ ਨੰਬਰ | ਨਿਵਿਦਾ ਸੰਖਿਆ, ਮਿਤੀ | ਨਿਵਿਦਾ ਦਾ ਵੇਰਵਾ | | |
|---|---|---|---|---|
| 1 | 179-2024-25-ADEN-JRC | ਸਹਾਇਕ ਮੰਡਲ ਇੰਜੀਨੀਅਰ-ਜਲੰਧਰ ਦੇ ਸੈਕਸ਼ਨ ਵਿਚ ਸੀਨੀਅਰ ਅਨੁਭਾਗ ਇੰਜੀਨੀਅਰ ਮੁਕੇਰਿਆਂ ਦੇ ਤਹਿਤ ਟ੍ਰੈਕ ਰਖਰਖਾਅ ਦੇ ਲਈ ਵਿਵਿਧ ਪੀ-ਵੇ ਕੰਮ ਅਤੇ ਖੇਤਰ ਵਿਚ ਟ੍ਰੈਕ ਦੇ ਕਿਨਾਰੇ ਅਤੇ ਉਸ ਤੋਂ ਅਗੇ ਦੀ ਵਨਸਪਤੀ ਦੀ ਸਫਾਈ ਦਾ ਕੰਮ। | | |
| | | ਵਿਗਿਆਪਨ ਮੂਲ ਰੁ. | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 90,30,543.51 | 60 ਦਿਨ | 12 ਮਹੀਨੇ |
| 2 | 180-2024-25-ADEN-JRC | ਸਹਾਇਕ ਮੰਡਲ ਇੰਜੀਨੀਅਰ-ਜਲੰਧਰ ਦੇ ਸੈਕਸ਼ਨ ਵਿਚ ਸੀਨੀਅਰ ਅਨੁਭਾਗ ਇੰਜੀਨੀਅਰ ਜਲੰਧਰ ਕੈਂਟ ਦੇ ਤਹਿਤ ਟ੍ਰੈਕ ਰਖਰਖਾਅ ਦੇ ਲਈ ਵਿਵਿਧ ਪੀ-ਵੇ ਕੰਮ। | | |
| | | ਵਿਗਿਆਪਨ ਮੂਲ ਰੁ. | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 67,30,899.15 | 60 ਦਿਨ | 12 ਮਹੀਨੇ |
| 3 | 182-2024-25-ADEN-LDH | ਸਹਾਇਕ ਮੰਡਲ ਇੰਜੀਨੀਅਰ-ਲੁਧਿਆਣਾ ਦੇ ਸੈਕਸ਼ਨ ਵਿਚ ਸੀਨੀਅਰ ਅਨੁਭਾਗ ਇੰਜੀਨੀਅਰ ਨਵਾਂਸ਼ਹਿਰ ਕੈਂਟ ਦੇ ਤਹਿਤ ਟ੍ਰੈਕ ਰਖਰਖਾਅ ਦੇ ਲਈ ਵਿਵਿਧ ਪੀ-ਵੇ ਕੰਮ। | | |
| | | ਵਿਗਿਆਪਨ ਮੂਲ ਰੁ. | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
| | | 59,99,983.47 | 60 ਦਿਨ | 12 ਮਹੀਨੇ |

ਨੋਟ 1. ਨਿਵਿਦਾ ਪਾਉਣ ਤੋਂ ਪਹਿਲਾਂ, ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 3050/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਕਿਸਾਨਾਂ ਨੂੰ ਮੰਡੀਆਂ 'ਚ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਸਮੱਸਿਆ : ਡਿਪਟੀ ਕਮਿਸ਼ਨਰ



**ਜਲੰਧਰ: ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ, ਬਲਕਿ ਸੁਚਾਰੂ ਢੰਗ ਨਾਲ ਝੋਨੇ ਦੀ ਖ਼ਰੀਦ ਕੀਤੀ ਜਾਵੇਗੀ।ਉਹ ਕਿਸਾਨਾਂ, ਕੰਬਾਈਨ ਮਾਲਕਾਂ, ਆੜ੍ਹਤੀਆਂ ਅਤੇ ਰਾਈਸ ਮਿੱਲਰਾਂ ਨਾਲ ਮੀਟਿੰਗ ਕਰ ਰਹੇ ਸਨ।ਇਸ ਮੌਕੇ ਐਸ ਐਸ ਪੀ (ਦਿਹਾਤੀ) ਹਰਕਮਲ ਪ੍ਰੀਤ ਸਿੰਘ ਖੱਖ ਵੀ ਮੌਜੂਦ ਸਨ।ਡਾ. ਹਿਮਾਂਸ਼ੂ ਅਗਰਵਾਲ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਮੰਡੀਆਂ ਵਿੱਚ ਝੋਨੇ ਦੀ ਖ਼ਰੀਦ ਲਈ ਸਾਰੇ ਪੁਖ਼ਤਾ ਪ੍ਰਬੰਧ ਕੀਤੇ ਜਾ ਚੁੱਕੇ ਹਨ ਅਤੇ ਪੁੱਤਾਂ ਵਾਂਗ ਪਾਲੀ ਕਿਸਾਨਾਂ ਦੀ ਫ਼ਸਲ ਨੂੰ ਸੁਚੱਜੇ ਢੰਗ ਨਾਲ ਖ਼ਰੀਦਿਆ ਜਾਵੇਗਾ। ਉਨ੍ਹਾਂ ਰਾਈਸ ਮਿੱਲਰਾਂ ਅਤੇ ਆੜ੍ਹਤੀਆਂ ਨੂੰ ਦਰਪੇਸ਼ ਮੁਸ਼ਕਲਾਂ ਦੇ ਜਲਦ ਹੱਲ ਦਾ ਵੀ ਭਰੋਸਾ ਦਿਵਾਇਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਅਤੇ ਆੜ੍ਹਤੀਆਂ ਦੇ ਨਾਲ ਖੜ੍ਹੀ ਹੈ ਅਤੇ ਕਿਸੇ ਨੂੰ ਵੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਡਿਪਟੀ ਕਮਿਸ਼ਨਰ ਨੇ ਸਮੂਹ ਕੰਬਾਈਨ ਮਾਲਕਾਂ ਨੂੰ ਝੋਨੇ ਦੀ ਕਟਾਈ ਸਿਰਫ਼ ਸੁਪਰ ਐਸ ਐਮ ਐਸ ਵਾਲੀਆਂ ਕੰਬਾਈਨਾਂ ਨਾਲ ਹੀ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਝੋਨੇ ਦੀ ਕਟਾਈ ਲਈ ਬੀ.ਆਈ.ਐਸ. ਦਾ ਸਰਟੀਫਿਕੇਟ ਵਾਲੀਆਂ ਹਾਰਵੈਸਟਰ ਕੰਬਾਈਨਾਂ ਹੀ ਵਰਤੀਆਂ ਜਾਣ ਅਤੇ ਸੁਪਰ ਐਸ.ਐਮ.ਐਸ. ਤੋਂ ਬਿਨਾਂ ਕੋਈ ਕੰਬਾਈਨ ਨਾ ਚਲਾਈ ਜਾਵੇ।ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ. ਨੇ ਕਿਹਾ ਕਿ ਪੁਲਸ ਅਤੇ ਖੇਤੀਬਾੜੀ ਵਿਭਾਗ ਦੀਆਂ ਸਾਂਝੀਆਂ ਟੀਮਾਂ ਵੱਲੋਂ ਪਿੰਡਾਂ ਵਿਚ ਗਸ਼ਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਕੰਬਾਈਨ ਮਾਲਕ ਬਿਨਾਂ ਸੁਪਰ ਐਸ ਐਮ ਐਸ ਤੋਂ ਕੰਬਾਈਨ ਚਲਾਉਂਦਾ ਪਾਇਆ ਗਿਆ ਤਾਂ ਕੰਬਾਈਨ ਜ਼ਬਤ ਕਰਕੇ ਬਣਦੀ ਕਾਰਵਾਈ ਕੀਤੀ ਜਾਵੇਗੀ।

ਇਸ ਤੋਂ ਇਲਾਵਾ ਉਨ੍ਹਾਂ ਪੁਲਿਸ ਅਧਿਕਾਰੀਆਂ ਨੂੰ ਜ਼ਿਲ੍ਹੇ ਵਿੱਚ ਬਾਹਰੋਂ ਆਉਣ ਵਾਲੀਆਂ ਕੰਬਾਈਨਾਂ 'ਤੇ ਵੀ ਨਜ਼ਰ ਰੱਖਣ ਲਈ ਕਿਹਾ, ਤਾਂ ਜੋ ਜ਼ਿਲ੍ਹੇ ਵਿੱਚ ਸੁਪਰ ਐਸ ਐਮ ਐਸ ਤੋਂ ਬਗੈਰ ਕੰਬਾਈਨਾਂ ਦੇ ਸੰਚਾਲਨ 'ਤੇ ਰੋਕ ਲਾਈ ਜਾ ਸਕ। ਡਾ. ਅਗਰਵਾਲ ਅਤੇ ਸ਼੍ਰੀ ਖੱਖ ਨੇ ਕਿਸਾਨਾਂ ਨੂੰ ਜ਼ਿਲ੍ਹੇ ਵਿੱਚ ਪਰਾਲੀ/ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਕਿਸਾਨ ਇਕਜੁੱਟਤਾ ਦਾ ਪ੍ਰਗਟਾਵਾ ਕਰਦੇ ਹੋਏ ਵਾਤਾਵਰਣ ਦੇ ਰਾਖੇ ਬਣ ਕੇ ਚੌਗਿਰਦੇ ਦੀ ਸੰਭਾਲ ਲਈ ਅੱਗੇ ਆਉਣ।

## ਡੈਮੋਕਰੇਟਿਕ ਟੀਚਰਜ਼ ਫਰੰਟ ਵੱਲੋਂ ਡਿਪਟੀ ਕਮਿਸ਼ਨਰ ਰਾਹੀਂ ਚੋਣ ਅਧਿਕਾਰੀ ਨੂੰ ਮੰਗ ਪੱਤਰ

**ਜਲੰਧਰ (ਰਾਜੇਸ਼ ਥਾਪਾ)** ਪੰਚਾਇਤੀ ਚੋਣਾਂ ਦੌਰਾਨ ਸਮੁੱਚੇ ਅਧਿਆਪਕ ਵਰਗ ਨੂੰ ਦਰਪੇਸ਼ ਮੁਸ਼ਕਲਾਂ ਦੇ ਸਬੰਧ 'ਚ ਪ੍ਰਤੀਨਿਧ ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਡਿਪਟੀ ਕਮਿਸ਼ਨਰ ਜਲੰਧਰ ਰਾਹੀਂ ਮੁੱਖ ਚੋਣ ਅਧਿਕਾਰੀ ਪੰਜਾਬ ਦੇ ਨਾਂਅ ਮੰਗ ਪੱਤਰ ਭੇਜਿਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜੱਥੇਬੰਦੀ ਦੇ ਜਿਲ੍ਹਾ ਪ੍ਰਧਾਨ ਸੁਖਵਿੰਦਰ ਪ੍ਰੀਤ ਸਿੰਘ ਅਤੇ ਜਿਲ੍ਹਾ ਸਕੱਤਰ ਅਵਤਾਰ ਲਾਲ ਨੇ ਦੱਸਿਆ ਕਿ ਫਰੰਟ ਵੱਲੋਂ ਵੱਡੀ ਗਿਣਤੀ ਵਿੱਚ ਅਧਿਆਪਕਾਂ ਨੇ ਸ਼ਮੂਲੀਅਤ ਕੀਤੀ। ਅਧਿਆਪਕ ਆਗੂਆਂ ਨੇ ਦੱਸਿਆ ਕਿ ਪੰਚਾਇਤੀ ਚੋਣਾਂ ਦੌਰਾਨ ਆਮ ਤੌਰ 'ਤੇ ਲੋਕ ਨਿੱਜੀ ਤੌਰ 'ਤੇ ਇੱਕ ਦੂਜੇ ਨਾਲ ਜੁੜੇ ਹੋਏ ਹੁੰਦੇ ਹਨ। ਇਸ ਕਰਕੇ ਹਾਰ ਬਰਦਾਸ਼ਤ ਕਰਨੀ ਬੇਹੱਦ ਮੁਸ਼ਕਲ ਹੁੰਦੀ ਹੈ। ਇਸ ਦਾ ਖਮਿਆਜਾ ਵੀ ਚੋਣ ਅਮਲੇ ਨੂੰ ਭੁਗਤਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਵੀ ਚੋਣ ਅਮਲੇ ਨਾਲ ਬਦਸਲੂਕੀ ਦੀਆਂ ਘਟਨਾਵਾਂ ਆਮ ਵਾਪਰਦੀਆਂ ਰਹੀਆਂ ਹਨ। ਆਗੂਆਂ ਨੇ ਮੰਗ ਕੀਤੀ ਕਿ ਇਨ੍ਹਾਂ ਚੋਣਾਂ ਦੌਰਾਨ ਚੋਣ ਡਿਊਟੀਆਂ ਵੱਖ-ਵੱਖ ਵਿਭਾਗਾਂ 'ਚੋਂ ਆਨੁਪਾਤਿਕ ਢੰਗ ਨਾਲ ਲਗਾਈਆਂ ਜਾਣ। ਔਰਤ ਅਧਿਆਪਕਾਵਾਂ, ਗੰਭੀਰ ਬਿਮਾਰੀਆਂ ਤੋਂ ਪੀੜਤ, ਸੇਵਾ ਮੁਕਤੀ ਦੇ ਨੇੜੇ ਬੈਠੇ ਅਧਿਆਪਕਾਂ, ਅੰਗਹੀਣਾਂ ਅਤੇ ਲੋੜਵੰਦਾਂ ਨੂੰ ਚੋਣ ਡਿਊਟੀ ਤੋਂ ਪੂਰੀ ਤਰ੍ਹਾਂ ਛੋਟ ਦਿੱਤੀ ਜਾਵੇ। ਅਧਿਆਪਕਾਂ ਦੀਆਂ ਡਿਊਟੀਆਂ ਦੂਰ ਦੁਰਾਡੇ ਲਾਉਣ ਦੀ ਬਜਾਏ ਉਹਨਾਂ ਦੇ ਬਲਾਕਾਂ ਵਿੱਚ ਲਾਈਆਂ ਜਾਣ। ਇਸ ਮੌਕੇ ਅੰਮ੍ਰਿਤ ਪਾਲ ਸਿੰਘ ਜਿਲ੍ਹਾ ਵਿੱਤ ਸਕੱਤਰ, ਨਰਿੰਦਰ ਪਾਲ ਬਲਾਕ ਪ੍ਰਧਾਨ, ਗੌਰਵ ਕੁਮਾਰ, ਅਨਿਲ ਕੁਮਾਰ ਪ੍ਰਦੀਪ ਕੁਮਾਰ ਸ਼ਿਵ ਦਿਆਲ, ਸੰਜੀਵ ਕੁਮਾਰ, ਜਸਪ੍ਰੀਤ ਸਿੰਘ, ਜਸਪ੍ਰੀਤ ਰਤਨ, ਗੁਰਜੰਟ ਸਿੰਘ ਆਦਿ ਹਾਜ਼ਰ ਸਨ।

# ਲਿਬਾਸਾ ਹਸਪਤਾਲ 'ਚ 2000 ਬੈੱਡ ਦੀ ਸਮਰੱਥਾ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਲਿਬਾਸਾ ਹਸਪਤਾਲ ਜਿਸ ਨੂੰ ਪਹਿਲਾਂ ਆਈ ਵੀ ਬਾਈ ਹਸਪਤਾਲ ਦੇ ਨਾਂਅ ਨਾਲ ਜਾਣਿਆ ਜਾਂਦਾ ਸੀ ਨੇ ਸੋਮਵਾਰ ਨੂੰ ਆਪਣੇ ਅਧਿਕਾਰਤ ਰੀਬਰਾਂਡਿੰਗ ਦੀ ਘੋਸ਼ਣਾ ਕੀਤੀ ਹੈ।ਲਿਵਾਸਾ ਹਸਪਤਾਲ ਜੈਵਿਕ ਅਤੇ ਗੈਰ-ਜੈਵਿਕ ਸਰੋਤਾਂ ਰਾਹੀਂ ਮੌਜੂਦਾ 750 ਤੋਂ 2,000 ਬਿਸਤਰਿਆਂ ਤੱਕ ਆਪਣੇ ਬੈੱਡ ਦੀ ਤਾਕਤ ਵਧਾਉਣ ਲਈ ਤਿਆਰ ਹੈ।ਇਸ ਅਭਿਲਾਸ਼ੀ ਵਾਧੇ ਵਿੱਚ ਮੌਜੂਦਾ ਯੂਨਿਟਾਂ ਵਿੱਚ 150-200 ਬਿਸਤਰਿਆਂ ਨੂੰ ਜੋੜਨਾ ਅਤੇ ਪੰਜਾਬ ਅਤੇ ਗੁਆਂਢੀ ਰਾਜਾਂ ਵਿੱਚ ਨਵੀਆਂ ਸਿਹਤ ਸਹੂਲਤਾਂ ਸ਼ੁਰੂ ਕਰਨ ਸ਼ਾਮਲ ਹੈ।ਸੋਮਵਾਰ ਨੂੰ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ, ਡਾ. ਪਵਨ ਕੁਮਾਰ, ਸੀ.ਈ.ਓ., ਲਿਵਾਸਾ ਹਸਪਤਾਲ, ਨੇ ਕਿਹਾ, ਇੰਡੀਆ-ਆਰਐਫ ਅਤੇ ਲਿਵਾਸਾ ਟੀਮ ਇਸ ਵਿਕਾਸ ਨੂੰ ਅੱਗੇ ਵਧਾਉਣ ਅਤੇ ਲਿਵਾਸਾ ਨੂੰ ਹੈਲਥਕੇਅਰ ਐਕਸੀਲੈਂਸ ਵਿੱਚ ਇੱਕ ਚੰਗੇ ਹਸਪਤਾਲ ਦੇ ਰੂਪ ਵਿੱਚ ਸਥਾਪਿਤ ਕਰਨ ਲਈ ਪੂਰੀ ਤਰ੍ਹਾਂ ਸਮਰਪਿਤ ਹੈ, ਜੋ ਕਿ ਇੰਡੀਆ-ਆਰ ਐਫ ਦਾ ਨਵਾਂ ਨਿਵੇਸ਼ ਹੈ। ਬੈਨ ਕੈਪੀਟਲ ਅਤੇ ਪ੍ਰਾਈਮਲ ਗਰੁੱਪ ਦੇ ਵਿਚਕਾਰ ਸੰਯੁਕਤ ਉੱਦਮ, ਨਾ ਸਿਰਫ਼ ਸਮਰੱਥਾ ਵਧਾ ਰਿਹਾ ਹੈ, ਸਗੋਂ ਨਵੀਂ ਤਕਨੀਕ ਨੂੰ ਜੋੜ ਰਿਹਾ ਹੈ, ਇਹ ਹਸਪਤਾਲ ਪਹਿਲਾ ਨਾਲੋਂ ਵੀ ਵੱਧ ਮਰੀਜਾਂ ਨੂੰ ਉੱਚ ਗੁਣਵੱਤਾ ਵਾਲਾ ਇਲਾਜ ਅਤੇ ਮਰੀਜ਼ ਦੀ ਵਧੀਆ ਦੇਖਭਾਲ ਪ੍ਰਦਾਨ ਕਰਗਾ।

ਲਿਵਾਸਾ ਹਸਪਤਾਲ ਲਿਵਰ, ਪੈਨਕ੍ਰੀਅਸ ਅਤੇ ਦਿਲ ਸਮੇਤ ਟਰਾਂਸਪਲਾਂਟ ਪ੍ਰੋਗਰਾਮਾਂ ਨੂੰ ਬਣਾਉਣ ਲਈ ਲਿਵਾਸਾ ਗਰੁੱਪ ਦੀ ਯੋਜਨਾ ਤੇ ਵਿਸ਼ੇਸ਼ ਫੋਕਸ ਦੇ ਨਾਲ ਕਾਰਡੀਆਕ ਸਾਇੰਸ, ਓਨਕੋਲੋਜੀ, ਨਿਊਰੋਸਾਇੰਸ, ਕ੍ਰਿਟੀਕਲ ਕੇਅਰ, ਨੇਫਰੋ ਅਤੇ ਕਿਡਨੀ ਟ੍ਰਾਂਸਪਲਾਂਟੇਸ਼ਨ ਅਤੇ ਹੋਰ ਟੀਅਰ 2-3 ਵਿੱਚ ਵਿਸ਼ਵ ਪੱਧਰੀ ਦੇਖਭਾਲ ਪ੍ਰਦਾਨ ਕਰ ਰਿਹਾ ਹੈ ਸ਼ਹਿਰਾਂ ਵਿੱਚ ਵਿਸ਼ੇਸ਼ਤਾ ਦੇ ਕੰਮ ਦੀ ਪਹੁੰਚ ਪੈਦਾ ਕਰਨ ਜਾ ਰਿਹਾ ਹੈ।

ਇਸ ਮੌਕੇ ਡਾ. ਰੋਹਿਤ ਜੈਸਵਾਲ, ਗਰੁੱਪ ਮੈਡੀਕਲ ਡਾਇਰੈਕਟਰ, ਨੇ ਕਿਹਾ, ਸਾਡਾ ਮਿਸ਼ਨ ਸਾਡੀਆਂ ਸਮਰਪਿਤ ਟੀਮਾਂ ਦੀ ਮਦਦ ਨਾਲ ਜਟਿਲ ਡਾਕਟਰੀ ਸਮੱਸਿਆਵਾਂ ਦਾ ਹੱਲ ਕਰਦੇ ਹੋਏ ਬੇਮਿਸਾਲ ਕਲੀਨਿਕਲ ਨਤੀਜੇ ਪ੍ਰਦਾਨ ਕਰਨਾ ਹੈ।

# ਵਿਸ਼ਵ ਸੈਰ-ਸਪਾਟਾ ਦਿਵਸ ਮਨਾਇਆ




**ਆਦਮਪੁਰ (ਪਰਮਜੀਤ ਸਿੰਘ)**- ਹੁਸ਼ਿਆਰਪੁਰ ਜਿਲਾ ਪ੍ਰਸ਼ਾਸ਼ਨ, ਜੰਗਲਾਤ ਵਿਭਾਗ ਅਤੇ ਪੰਜਾਬ ਸੈਰ ਸਪਾਟਾ ਵਿਭਾਗ ਦੇ ਸਾਂਝੇ ਉਪਰਾਲੇ ਸਦਕਾ ਨਾਰਾ ਜੰਗਲ ਵਿਸ਼ਰਾਮ ਘਰ ਵਿਖੇ 'ਵਿਸ਼ਵ ਪਰਿਅਟਨ ਦਿਵਸ' ਮਨਾਇਆ ਗਿਆ।ਸ਼੍ਰੀਮਤੀ ਕੋਮਲ ਮਿੱਤਲ (ਡੀ ਸੀ ਹੁਸ਼ਿਆਰਪੁਰ) ਵੱਲੋਂ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤੇ ਜੰਗਲਾਤ ਵਿਭਾਗ ਵੱਲੋਂ ਇਸ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਡਾ. ਸੰਜੀਵ ਤਿਵਾੜੀ ਮੁੱਖ ਵਣਪਾਲ, ਉਤਰੀ ਖੇਤਰ ਪੰਜਾਬ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਥੇ ਸਮਾਜ ਸੇਵੀ ਅਤੇ ਵਾਤਾਵਰਣ ਪ੍ਰੇਮੀ ਹਰਿੰਦਰ ਸਿੰਘ ਨੇ ਦੱਸਿਆ ਕਿ ਇਸ ਮੌਕੇ ਮਿਸ਼ਨ ਕੇ3 ਦੇ ਸੰਸਥਾਪਕ ਡਾ. ਅਮਨਦੀਪ ਸਿੰਘ ਵਲੋਂ ਸਰਕਾਰ ਦੇ ਸਹਿਯੋਗ ਨਾਲ ਨਾਰਾ ਜੰਗਲ 'ਚ ਰਾਤ ਦੇ ਲਸ਼ਕਰ ਦਾ ਆਯੋਜਨ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇਸ ਵਿੱਚ ਹੋਰ ਵੀ ਅਨੇਕ ਕੁਦਰਤ ਪ੍ਰੇਮੀ ਸਾਥੀਆਂ ਨੇ ਹਿੱਸਾ ਲਿਆ। ਵਿਚਾਰ ਚਰਚਾ ਦਾ ਵਿਸ਼ਾ ਵਾਤਾਵਰਣ, ਜੰਗਲ ਦੀ ਸੰਭਾਲ ਕਰਨਾ, ਜੰਗਲੀ ਜੀਵਾਂ ਦੀ ਹੋਂਦ ਬਚਾਉਣਾ, ਪ੍ਰਦੂਸ਼ਣ ਆਦਿ ਸੀ।ਨਾਲ ਹੀ ਇਸ ਗੱਲ 'ਤੇ ਚਰਚਾ ਕੀਤੀ ਗਈ ਕਿ ਕੁਦਰਤ ਅਤੇ ਜੀਵਾਂ ਨੂੰ ਬਗੈਰ ਨੁਕਸਾਨ ਪਹੁੰਚਾਇਆਂ, ਪਰਿਅਟਨ ਨੂੰ ਕਿਵੇਂ ਪ੍ਰਫੁਲਿਤ ਕੀਤਾ ਜਾਏ।ਹਰਿੰਦਰ ਸਿੰਘ ਨੇ ਆਪਣਾ ਬੀਜ ਗੇਂਦ ਬਣਾਉਣ ਅਤੇ ਖਿਲਾਰਣ ਦਾ ਤਜਰਬਾ ਸਾਂਝਾ ਕੀਤਾ।ਅਮਨਦੀਪ ਸਿੰਘ ਨੇ ਕੁਦਰਤ ਉਪਰ ਲਿਖੀਆਂ ਕਵਿਤਾਵਾਂ ਨਾਲ ਸਮਾਂ ਬੰਨਿਆ। ਡਾਕਟਰ ਮੰਨਣ ਨੇ ਸਵਾਮੀ ਵਿਵੇਕਾਨੰਦ ਦੀ ਕਵਿਤਾ ਸੁਣਾਈ।ਇਸ ਮੌਕੇ ਨਲਿਨ ਯਾਦਵ ਜੰਗਲਾਤ ਅਫ਼ਸਰ, ਜਤਿੰਦਰ ਰਾਣਾ ਰੇਂਜ ਅਫ਼ਸਰ ਆਯੂਸ਼, ਜਸਵੀਰ ਸਿੰਘ ਫਾਰੈਸਟਰ,. ਗੁਰਮੀਤ ਸਿੰਘ ਤੇ ਤਰਸੇਮ ਸਿੰਘ ਮੰਡਿਆਲ਼ਾ ਦੁਆਰਾ ਪ੍ਰਬੰਧ ਕਰਨ ਵਿੱਚ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।ਇਸ ਮੌਕੇ ਮਨ ਗੋਗੀਆ,ਡਾ. ਮੀਨਾਕਸ਼ੀ ਮੈਨਨ, ਨਾਇਬ ਤਹਿਸੀਲਦਾਰ (ਰਿ.) ਜਸਵੀਰ ਸਿੰਘ, ਸੁਖਵਿੰਦਰ ਸਿੰਘ ਤੇ ਅਪਸਟੇਟ ਰੇਸਤਰਾਂ ਦੇ ਮਾਲਕ ਵਰਿੰਦਰ ਸਿੰਘ ਸਮੇਤ ਹੋਰ ਵੀ ਅਨੇਕ ਸਮਾਜ ਸੇਵੀ ਹਾਜ਼ਰ ਹੋਏ।

# ਭੱਕਲਾਂ ਵਿਖੇ ਪੋਸ਼ਣ ਮਾਹ ਮਨਾਇਆ



**ਬੁੱਲ੍ਹੋਵਾਲ, (ਵਿਰਦੀ)** ਡਾਇਰੈਕਟਰ ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾ ਹੇਠ ਜਿਲ੍ਹਾ ਪ੍ਰੋਗ੍ਰਾਮ ਅਫਸਰ ਹੁਸਿਆਰਪੁਰ-1 ਤੇ ਸੀ ਡੀ ਪੀ ਓ ਮੈਡਮ ਸ੍ਰੀਮਤੀ ਰਾਵਿਦੰਰ ਕੌਰ ਦੀ ਅਗਵਾਈ ਹੇਠ ਸਰਕਲ ਸੁਪਰਵਾਈਜਰ ਮੈਡਮ ਸ੍ਰੀਮਤੀ ਸ਼ਰਮੀਲਾਰਾਣੀ ਬਲਾਕ ਹੁਸਿਆਰਪੁਰ-1 ਸਰਕਲ ਲਾਚੋਵਾਲ 'ਚ ਪੈਂਦੇ ਪਿੰਡ ਭੱਕਲਾਂ ਵਿਖੇ ਪੋਸ਼ਣ ਮਾਹ ਦੇ ਸਮਾਪਤੀ ਸਮਾਰੋਹ ਵਿੱਚ ਆਂਗਣਵਾੜੀ ਵਰਕਰ ਪਰਮਿੰਦਰ ਕੌਰ ਵੱਲੋਂ ਪਿੰਡ ਤੋਂ ਆਈਆਂ ਹੋਈਆਂ ਔਰਤਾਂ ਦਾ ਸਵਾਗਤਕੀਤਾ ਗਿਆ ਜਿਸ ਵਿੱਚ ਸੁਪਰਵਾਈਜ਼ਰ ਸ਼ਰਮੀਲਾ ਰਾਣੀ ਵੱਲੋਂ ਪੋਸ਼ਣ ਮਾਹ ਦੇ ਚਲਦਿਆਂ ਉਹਨਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 1 ਸਤੰਬਰ ਤੋਂ 30 ਸਤੰਬਰ 2024 ਤੱਕ ਪੋਸ਼ਣ ਮਾਹ ਚੱਲਿਆ ਹੈ ਪੋਸ਼ਣ ਮਾਹ ਦੇ ਚਲਦਿਆਂ ਸਰਕਲ ਲਾਚੋਵਾਲ ਦੇ ਆਂਗਣਵਾੜੀ ਵਰਕਰਾ ਵਲੋਂ ਵੱਖ ਵੱਖ ਗਤੀਵਿਧੀਆਂ ਕੀਤੀਆਂ। ਆਂਗਣਵਾੜੀ ਵਰਕਰ ਪਰਮਿੰਦਰ ਕੌਰ ਭਕਲਾ ਵੱਲੋਂ ਮੱਕੀ ਦੀ ਰੋਟੀ ਤੇ ਸਰੋਂ ਦਾ ਸਾਗ, ਘੀਆ ਦੀ ਖੀਰ ਤੇ ਪੁੰਗਰੀਆਂ ਹੋਈਆਂ ਦਾਲਾਂ ਦੀ ਚਾਟ, ਅਸਲਪੁਰ ਦੇ ਆਂਗਣਵਾੜੀ ਵਰਕਰ ਜਸਵਿੰਦਰ ਕੌਰ ਵੱਲੋਂ ਪੌਸਟਿਕ ਖਿਚੜੀ, ਪਡੋਰੀ ਖਜੂਰ ਦੇ ਆਂਗਣਵਾੜੀ ਵਰਕਰ ਕਮਲਜੀਤ ਰਾਣੀ ਵੱਲੋਂ ਨਾਰੀਅਲ ਦੇ ਲੱਡੂ, ਸਟਿਆਣਾ ਦੇ ਆਂਗਣਵਾੜੀ ਵਰਕਰ ਪ੍ਰੇਮਜੀਤ ਕੌਰ ਵੱਲੋਂ ਕੱਦੂ ਦੀ ਬਰਫੀ ਤੇ ਬੈਂਸ ਖੁਰਦਦੇ ਆਂਗਣਵਾੜੀ ਵਰਕਰ ਹਰਭਜਨ ਕੌਰ ਵੱਲੋਂ ਪੌਜਟਿਕ ਪੋਹਾ ਬਣਾਇਆ ਗਿਆ।ਇਸ ਬਾਰੇ ਜਾਣਕਾਰੀ ਦਿੰਦਿਆਂ ਮੈਡਮ ਸ਼ਰਮੀਲਾ ਰਾਣੀ ਵੱਲੋਂ ਕਿਹਾ ਕਿ ਇਸੇ ਤਰ੍ਹਾਂ ਪੌਸਟਿਕ ਭੋਜਨ ਬਣਾ ਕੇ ਆਪਣੇ ਬੱਚਿਆਂ ਨੂੰ ਖਿਲਾ ਸਕਦੇ ਹਾਂ।ਇਸ ਪੋਸ਼ਣ ਮਾਹ ਦੇ ਸਮਾਪਤੀ ਸਮਾਰੋਹ 'ਚ ਸਕੂਲ ਅਧਿਆਪਕ, ਆਸ਼ਾ ਵਰਕਰ ਤੇ ਸਕੂਲ ਦੇ ਬੱਚਿਆਂ ਵੱਲੋਂ ਭਾਗ ਲਿਆ ਗਿਆ।ਬਾਅਦ ਵਿੱਚ ਆਂਗਣਵਾੜੀ ਵਰਕਰ ਪਰਮਿੰਦਰ ਕੌਰ ਵੱਲੋਂ ਪਿੰਡ ਤੋਂ ਆਏ ਹੋਏ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਗਿਆ।

## ਪਰਾਲੀ ਨੂੰ ਅੱਗ ਲਾਉਣ ਵਾਲਿਆਂ ਵਿਰੁੱਧ ਪ੍ਰਸ਼ਾਸਨ ਸਖਤ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਪਰਾਲੀ ਨੂੰ ਅੱਗ ਲਾਉਣ ਵਾਲੇ ਕਿਸਾਨਾਂ ਵਿਰੁੱਧ ਸਖਤ ਰਵੱਈਆ ਅਪਨਾਉਂਦਿਆਂ ਹੋਇਆਂ ਪ੍ਰਸ਼ਾਸ਼ਨ ਵੱਲੋਂ ਮਾਲ ਮਹਿਕਮਾਂ ਅਤੇ ਖੇਤੀਬਾੜੀ ਮਹਿਕਮੇ ਦੀਆਂ ਸਾਂਝੀਆਂ ਟੀਮਾਂ ਵੱਲੋਂ ਪਰਾਲੀ ਨੂੰ ਸਾੜਨ ਵਾਲੇ ਕਿਸਾਨਾਂ ਦੇ ਮੌਕੇ ਤੇ ਹੀ ਚਲਾਨ ਕਰਕੇ ਜੁਰਮਾਨਾ ਵਸੂਲ ਕੀਤਾ ਗਿਆ।ਇਸ ਬਾਰੇ ਜਾਣਕਾਰੀ ਦਿੰਦਿਆਂ ਐਸ ਡੀ ਸੁਲਤਾਨਪੁਰ ਲੋਧੀ ਅਪਰਨਾ ਆਈ ਏ ਐਸ ਵੱਲੋਂ ਦੱਸਿਆ ਗਿਆ ਸਾਰੇ ਪਿੰਡਾਂ ਵਿੱਚ ਕਲੱਸਟਰ ਕੋਆਰਡੀਨੇਟਰ ਅਤੇ ਨੋਡਲ ਅਸਿਸਟੈਂਟ ਲਗਾਏ ਗਏ ਹਨ, ਜਿੰਨਾਂ ਨੂੰ ਫੀਲਡ ਵਿੱਚ ਪੂਰੀ ਤਰਾਂ ਚੌਕਸ ਰਹਿਣ ਦੇ ਹੁਕਮ ਦਿੱਤੇ ਗਏ ਹਨ। ਉਹਨਾਂ ਵੱਲੋਂ ਟੀਮਾਂ ਦੀ ਖੁਦ ਅਗਵਾਈ ਕਰਦੇ ਹੋਏ ਫੀਲਡ ਦਾ ਦੌਰਾ ਕੀਤਾ ਅਤੇ ਅੱਗ ਲਾਉਣ ਵਾਲੇ ਕਿਸਾਨਾਂ ਦੇ ਮੌਕੇ ਤੇ ਹੀ ਚਲਾਨ ਕੀਤੇ ਗਏ।ਉਹਨਾਂ ਨੇ ਦੱਸਿਆ ਕਿ ਉਹਨਾਂ ਵੱਲੋਂ ਹੁਣ ਝੰਡੂਵਾਲ ਵਿੱਚ 2, ਪਰਮਜੀਤਪੁਰ ਵਿੱਚ 2, ਪੱਸਣ ਕਦੀਮ 1, ਜੱਬੋਸੁਧਾਰ ਵਿੱਚ 2 ਚਲਾਨ ਕੀਤੇ ਗਏ ਹਨ ਅਤੇ ਸਾਰੇ ਚਲਾਨ ਉਗਰਾਹ ਲਏ ਗਏ ਹਨ। ਅੱਗ ਲਾਉਣ ਵਾਲੇ ਕਿਸਾਨਾਂ ਦੀਆਂ ਜਮੀਨਾਂ ਦੇ ਲਾਲ ਇੰਦਰਾਜ ਕਰਵਾਏ ਜਾ ਰਹੇ ਹਨ। ਇਸ ਮੌਕੇ ਖੇਤੀਬਾੜੀ ਵਿਕਾਸ ਅਫਸਰ ਡਾ. ਜਸਪਾਲ ਸਿੰਘ ਨੇ ਦੱਸਿਆ ਕਿ ਸੁਲਤਾਨਪੁਰ ਲੋਧੀ ਵਿੱਚ ਤਕਰੀਬਨ 4500 ਏਕੜ ਝੋਨਾ ਵੱਡਿਆ ਗਿਆ ਹੈ। ਜਿਸ ਵਿੱਚੋਂ 1500 ਏਕੜ ਰਕਬੇ ਵਿੱਚੋ ਪਰਾਲੀ ਦੀਆਂ ਗੱਠਾਂ ਬਣਵਾਈਆਂ ਗਈਆਂ ਹਨ।ਇਲਾਕੇ ਵਿੱਚ 13 ਦੇ ਕਰੀਬ ਬੇਲਰ ਕੰਮ ਕਰ ਰਹੇ ਹਨ। ਉਹਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਪਰਾਲੀ ਨੂੰ ਅੱਗ ਲਾਉਣ ਦੀ ਬਜਾਏ ਇਸ ਦਾ ਖੇਤ ਵਿੱਚ ਹੀ ਵਾਹਿਆ ਜਾਵੇ। ਇਸ ਮੌਕੇ ਵੈਟਨਰੀ ਡਾ ਗੁਰਕਰਨਬੀਰ ਸਿੰਘ, ਨਾਇਬ ਤਹਿਸੀਲਦਾਰ ਵਿਕਾਸ ਗੁਪਤਾ, ਐਸ ਐਚ ਓ ਮਨਜੀਤ ਸਿੰਘ ਹਾਜ਼ਰ ਸਨ।

# ਨਾਮਜ਼ਦਗੀ ਪੇਪਰ ਭਰਨ ਲਈ ਲੋਕ ਹੋ ਰਹੇ ਖੱਜਲ-ਖੁਆਰ

**ਬੰਗਾ (ਅਵਤਾਰ ਕਲੇਰ)**- ਪੰਜਾਬ 'ਚ ਪੰਚਾਇਤ ਚੋਣਾਂ 15 ਅਕਤੂਬਰ ਨੂੰ ਹੋ ਰਹੀਆ ਹਨ। ਪੰਚਾਇਤੀ ਚੋਣਾਂ ਨੂੰ ਲੈ ਕੇ ਜਿਥੇ ਲੋਕਾਂ ਉਤਸ਼ਾਹ ਪਾਇਆ ਜਾ ਰਿਹਾ ਹੈ ਉਥੇ ਹੀ ਵਾਰਡਬੰਦੀ ਵਿੱਚ ਕਈ ਥਾਈਂ ਦੇਖਣ ਨੂੰ ਮਿਲਿਆ ਕਿ ਇੱਕ ਪਰਵਾਰ ਦੀਆਂ ਵੋਟਾਂ ਵੀ ਅਲੱਗ- ਅਲੱਗ ਵਾਰਡਾਂ ਵਿਚ ਹਨ। ਉਮੀਦਵਾਰਾਂ ਨੂੰ ਨਾਮਜ਼ਦਗੀਆਂ ਭਰਨ ਵੇਲੇ ਕਾਫੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਬੰਗਾ ਬਲਾਕ ਦੇ ਵੱਖ ਵੱਖ ਪਿੰਡਾਂ ਤੋਂ ਪੰਚਾਂ ਤੇ ਸਰਪੰਚਾਂ ਦੀ ਨਾਮਜ਼ਦਗੀ ਦਾਖਲ ਕਰਨ ਲਈ ਬੰਗਾ ਪਹੁੰਚੇ ਉਮੀਦਵਾਰ ਆਪਣੇ ਪੇਪਰ ਭਰਵਾ ਕੇ ਦਾਖਲ ਕਰਵਾਉਣ ਲਈ ਦਫਤਰ 'ਚ ਖੱਜਲ ਖੁਆਰ ਹੋ ਰਹੇ ਹਨ। ਵੱਖ ਵੱਖ ਪਿੰਡਾਂ ਤੋਂ ਆਏ ਉਮੀਦਵਾਰਾਂ ਨੇ ਦੱਸਿਆ ਕਿ ਇੱਕ ਫਾਰਮ ਨੂੰ ਲੈ ਕੇ ਪੰਜ ਪੰਜ ਚੱਕਰ ਉਮੀਦਵਾਰ ਦੇ ਲਗਾਏ ਜਾ ਰਹੇ ਹਨ ਤੇ ਇਸ ਵਾਰ ਸਰਕਾਰ ਨੇ ਫਾਰਮਾਂ ਦੀ ਵੀ ਕਾਫ਼ੀ ਅਦਲਾ ਬਦਲੀ ਕੀਤੀ ਹੈ, ਜਿਸ ਕਾਰਨ ਉਮੀਦਵਾਰਾਂ ਨੂੰ ਜਾਣਕਾਰੀ ਨਾ ਹੋਣ ਕਰਕੇ ਭੰਬਲਭੂਸਾ ਪਿਆ ਹੋਇਆ ਹੈ। ਲੋਕਾਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਨਾਮਜ਼ਦਗੀਆਂ ਭਰਨ ਦੀ ਪ੍ਰਕਿਰਿਆ ਨੂੰ ਅਸਾਨ ਕੀਤਾ ਜਾਵੇ। ਇਸ ਸਬੰਧੀ ਸਰਕਾਰੀ ਕਰਮਚਾਰੀ ਸੁਖਵਿੰਦਰ ਸਿੰਘ ਸੂਦ ਨੇ ਦੱਸਿਆ ਕਿ ਨਾਮਜ਼ਦਗੀ ਪੱਤਰ ਨਾਲ ਨੱਥੀ ਕਰਨ ਵਾਲੇ ਜ਼ਰੂਰੀ ਦਸਤਾਵੇਜ਼ਾਂ ਦਾ ਵੇਰਵਾ ਜਿਵੇਂ ਕਿ ਨਾਮਜ਼ਦਗੀ ਪੇਪਰ ਫਾਰਮ ਨੰਬਰ ਚਾਰ, ਨੰਬਰ ਦੋ ਨਾਮਜ਼ਦਗੀ ਪੇਪਰ ਲਈ ਜ਼ਰੂਰੀ ਫੀਸ ਜਨਰਲ ਕੈਟਾਗਰੀ ਦੇ ਉਮੀਦਵਾਰ ਲਈ 100 ਰੁਪਏ ਤੇ ਅਨੁਸੂਚਿਤ ਜਾਤੀ ਦੇ ਉਮੀਦਵਾਰ ਲਈ 50 ਰੁਪਏ। ਨੰਬਰ ਤਿੰਨ ਅਨੁਸੂਚਿਤ ਜਾਤੀ ਦੇ ਉਮੀਦਵਾਰ ਲਈ ਚਾਰ ਏ ਡੈਕਲੇਰੇਸ਼ਨ ਨੰਬਰ ਚਾਰ ਵੋਟਰ ਸੂਚੀ ਦੀ ਫੋਟੋ ਕਾਪੀ ਨੰਬਰ ਪੰਜ ਅਨੁਸੂਚਿਤ ਜਾਤੀ ਦੇ ਉਮੀਦਵਾਰ ਦੇ ਜਾਤੀ ਸਰਟੀਫਿਕੇਟ ਦੀ ਤਸਦੀਕਸ਼ੁਦਾ ਕਾਪੀ ਨੰਬਰ ਛੇ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਤੋਂ ਜਾਰੀ ਭਾਰ ਮੁਕਤ ਸਰਟੀਫਿਕੇਟ। ਨੰਬਰ ਸੱਤ ਆਧਾਰ ਕਾਰਡ ਦੀ ਫੋਟੋ ਕਾਪੀ ਆਦਿ ਨਾਲ ਲੈ ਕੇ ਜ਼ਰੂਰ ਆਉਣ ਤਾਂ ਜੋ ਲੋਕਾਂ ਨੂੰ ਕੋਈ ਵੀ ਉਮੀਦਵਾਰ ਖੱਜਲ ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ।

# ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਤਿਆਰੀਆਂ ਸ਼ੁਰੂ



**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)** ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ ਸੁਲਤਾਨਪੁਰ ਲੋਧੀ ਵਿੱਚ ਤਿਆਰੀਆਂ ਆਰੰਭ ਕਰ ਦਿੱਤੀਆਂ ਗਈਆਂ ਹਨ।ਵਾਤਾਵਰਣ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਦੀ ਅਗਵਾਈ ਹੇਠ ਪਵਿੱਤਰ ਵੇਂਈ ਦੀ ਦਿੱਖ ਨੂੰ ਸੁੰਦਰ ਬਣਾਉਣ ਦਾ ਕੰਮ ਜੰਗੀ ਪੱਧਰ 'ਤੇ ਕੀਤਾ ਜਾ ਰਿਹਾ ਹੈ। ਗੁਰਦੁਆਰਾ ਬੇਰ ਸਾਹਿਬ ਤੋਂ ਲੈ ਕੇ ਗੁਰਦੁਆਰਾ ਸੰਤ ਘਾਟ ਤੱਕ ਲਗਭਗ 3 ਕਿਲੋਮੀਟਰ ਤੱਕ ਲੰਬੀ ਵੇਂਈ ਦੇ ਦੋਵਾਂ ਕਿਨਾਰਿਆਂ ਨੂੰ ਕਲੀ ਤੇ ਰੰਗ ਰੋਗਨ ਅਤੇ ਰਾਹਾਂ ਦੀ ਮੁਰੰਮਤ ਕੀਤੀ ਜਾ ਰਿਹਾ ਹੈ ਇਸ ਕਾਰਜ਼ ਵਿੱਚ ਸੇਵਾਦਾਰ ਸਤੰਬਰ ਦੇ ਪਹਿਲੇ ਹਫਤੇ ਤੋਂ ਡਟੇ ਹੋਏ ਹਨ। ਜ਼ਿਕਰਯੋਗ ਹੈ ਕਿ ਪਵਿੱਤਰ ਵੇਂਈ ਜਿਸਨੂੰ ਗੁਰੂ ਨਾਨਕ ਦੇਵ ਜੀ ਦੇ ਚਰਨਾਂ ਦੀ ਛੋਹ ਪ੍ਰਾਪਤ ਹੈ। ਸਿੱਖ ਧਰਮ ਵਿੱਚ ਇਸਦੀ ਇਤਿਹਾਸਿਕ ਅਤੇ ਧਾਰਮਿਕ ਪੱਖ ਤੋਂ ਬੜੀ ਮਹੱਤਤਾ ਹੈ। ਇਹ ਵੇਂਈ ਗੁਰਬਾਣੀ ਦੇ ਆਗਮਨ ਸਥਾਨ ਵੀ ਮੰਨੀ ਜਾਂਦੀ ਹੈ ਅਤੇ ਸਿੱਖਾਂ ਦਾ ਪਹਿਲਾਂ ਤੀਰਥ ਸਥਾਨ ਵੀ ਬਾਬੇ ਨਾਨਕ ਦੀ ਇਹ ਵੇਂਈ ਹੀ ਹੈ। ਸੰਤ ਬਲਬੀਰ ਸਿੰਘ ਸੀਚੇਵਾਲ ਜੀ ਦੀ ਅਗਵਾਈ ਹੇਠ ਵੇਂਈ ਦੀ ਕਾਰਸੇਵਾ 25ਵੇਂ ਸਾਲ ਵਿੱਚ ਪ੍ਰਵੇਸ਼ ਕਰ ਗਈ ਹੈ। ਇਹ ਵੇਂਈ ਮੁਕੰਮਲ ਤੌਰ ਤੇ ਸਾਫ਼ ਹੋ ਗਈ ਹੈ।

ਪਵਿੱਤਰ ਵੇਂਈ ਵਿੱਚੋਂ ਹਾਈਸਿੰਥ ਬੂਟੀ ਕੱਢਣ ਦਾ ਕੰਮ ਵੀ ਸੇਵਾਦਾਰਾਂ ਵੱਲੋਂ ਲਗਾਤਾਰ ਕੀਤਾ ਜਾ ਰਿਹਾ ਹੈ। ਇਹਨਾਂ ਸਾਰਾ ਕਾਰਜਾਂ ਵਿੱਚ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਮੋਹਰੀ ਭੂਮਿਕਾ ਨਿਭਾ ਰਹੇ ਹਨ। ਗੁਰਦੁਆਰਾ ਸੰਤ ਘਾਟ ਨੇੜਿਓਂ ਵੱਡੇ ਪੱਧਰ ਹਾਈਸਿੰਥ ਬੂਟੀ ਕੱਢੀ ਗਈ। ਇਸੇ ਤਰ੍ਹਾਂ ਗੁਰਦੁਆਰਾ ਬੇਰ ਸਾਹਿਬ ਦੇ ਨੇੜੇ ਬਣੇ ਇਸ਼ਨਾਨ ਘਾਟ ਦੀ ਵੀ ਮੁਰੰਮਤ ਕੀਤੀ ਜਾ ਰਹੀ ਹੈ। ਸੰਤ ਬਲਬੀਰ ਸਿੰਘ ਸੀਚੇਵਾਲ ਨੇ ਇਲਾਕੇ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਹਰ ਐਤਵਾਰ ਇਤਿਹਾਸਿਕ ਨਗਰੀ ਸੁਲਤਾਨਪੁਰ ਲੋਧੀ ਦੀ ਸਫਾਈ ਨੂੰ ਦੇਣ ਕਿਉਂਕਿ ਇੱਥੇ ਹੋਣ ਵਾਲੇ ਸਮਾਗਮਾਂ ਵਿੱਚ ਜਿੱਥੇ ਦੇਸ਼ ਭਰ ਤੋਂ ਸੰਗਤਾਂ ਆਉਂਦੀਆਂ ਹਨ ਉੱਥੇ ਦੁਨੀਆਂ ਭਰ ਵਿੱਚ ਵਸਦੇ ਗੁਰੂ ਨਾਨਕ ਨਾਮ ਲੇਵਾ ਵੀ ਦਰਸ਼ਨਾਂ ਲਈ ਆਉਂਦੇ ਹਨ।

# ਦਿਹਾਤੀ ਮਜ਼ਦੂਰ ਸਭਾ ਦੇ ਵੱਧ ਤੋਂ ਵੱਧ ਪੰਚ ਬਣਾਏ ਜਾਣਗੇ : ਦਾਊਦ

**ਜਲੰਧਰ (ਰਾਜੇਸ਼ ਥਾਪਾ)**-ਇੱਥੇ ਦਿਹਾਤੀ ਮਜ਼ਦੂਰ ਸਭਾ ਦੀ ਸੂਬਾ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਸੂਬਾ ਪ੍ਰਧਾਨ ਦਰਸ਼ਨ ਨਾਹਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਜਨਰਲ ਸਕੱਤਰ ਸਾਥੀ ਗੁਰਨਾਮ ਸਿੰਘ ਦਾਊਦ ਨੇ ਕਿਹਾ ਕਿ ਦਿਹਾਤੀ ਮਜ਼ਦੂਰ ਸਭਾ ਪੰਚਾਇਤ ਚੋਣਾਂ 'ਚ ਜ਼ੋਰ ਸ਼ੋਰ ਨਾਲ ਹਿੱਸਾ ਲਵੇਗੀ ਅਤੇ ਮਜ਼ਦੂਰ ਵਿਰੋਧੀ ਤੇ ਲੋਕ ਵਿਰੋਧੀ ਫਿਰਕਾਪ੍ਰਸਤੀ ਨੂੰ ਬੜਾਵਾ ਦੇਣ ਵਾਲੀ ਅਤੇ ਮਨੂੰ ਸਿਮ੍ਰਤੀ ਅਧਾਰਤ ਰਾਜ ਭਾਗ ਦੀ ਦਾਅਵੇਦਾਰ ਭਾਰਤੀ ਜਨਤਾ ਪਾਰਟੀ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਹਾਰ ਦੇਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ ਅਤੇ ਦਿਹਾਤੀ ਮਜ਼ਦੂਰ ਸਭਾ ਦੇ ਵੱਧ ਤੋਂ ਵੱਧ ਪੰਚ ਬਣਾਏ ਜਾਣਗੇ। ਸਾਥੀ ਦਾਊਦ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਪੰਚਾਇਤ ਚੋਣਾਂ ਲੜਨ ਵਾਲੇ ਐਸ ਸੀ ਲੋਕਾਂ ਤੇ ਪਿਛਲੇ ਲੰਮੇ ਸਮੇਂ ਤੋਂ ਮੁਆਫ਼ ਚੁੱਲ੍ਹਾ ਟੈਕਸ ਲਾਉਣ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਤੇ ਕਿਹਾ ਇਹ ਫੈਸਲਾ ਫੌਰੀ ਵਾਪਸ ਲਿਆ ਜਾਵੇ।

ਮੀਟਿੰਗ ਦੇ ਫੈਸਲੇ ਪ੍ਰੈਸ ਜਾਰੀ ਕਰਦਿਆਂ ਸਭਾ ਦੇ ਪ੍ਰੈਸ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਦੱਸਿਆ ਕਿ ਮਨਰੇਗਾ ਕਾਨੂੰਨ ਤਹਿਤ ਸਾਰਾ ਸਾਲ ਸਾਰੇ ਪਰਵਾਰ ਨੂੰ ਕੰਮ ਦਿਵਾਉਣ, ਦਿਹਾੜੀ ਘੱਟੋ ਘੱਟ 700 ਰੁਪਏ ਕਰਾਉਣ, ਮਹਿੰਗਾਈ ਨੂੰ ਨੱਥ ਪਾਉਣ ਲਈ ਸਰਕਾਰੀ ਡੀਪੂਆਂ ਤੋਂ ਕਣਕ, ਚਾਵਲ, ਖੰਡ, ਚਾਹ ਪੱਤੀ, ਕੱਪੜਾ, ਸਾਬਣ, ਖਾਣ ਵਾਲੇ ਤੇਲ, ਦਾਲਾਂ ਤੇ ਰਸੋਈ ਗੈਸ ਸਬਸਿਡੀ ਤੇ ਲੈਣ ਲਈ, ਬੇਘਰੇ ਲੋਕਾਂ ਲਈ ਰਿਹਾਇਸ਼ੀ ਪਲਾਟ ਤੇ ਮਕਾਨ ਬਣਾਉਣ ਲਈ ਢੁਕਵੀਂ ਗ੍ਰਾਂਟ ਲੈਣ ਲਈ, ਬੁਢਾਪਾ, ਵਿਧਵਾ, ਅੰਗਹੀਣ ਅਤੇ ਆਸ਼ਰਿਤ ਪੈਨਸ਼ਨ ਪੰਜ ਹਜ਼ਾਰ ਰੁਪਏ ਪ੍ਰਤੀ ਮਹੀਨਾ ਕਰਵਾਉਣ ਲਈ, ਮਿਆਰੀ ਸਿੱਖਿਆ ਮੁਫ਼ਤ ਤੇ ਬਰਾਬਰ ਦੇਣ ਲਈ, ਮੁਫ਼ਤ ਇਲਾਜ ਦਾ ਪ੍ਰਬੰਧ ਕਰਨ ਲਈ ਆਦਿ ਮੰਗਾਂ ਦੀ ਪੂਰਤੀ ਲਈ 24-25 ਅਕਤੂਬਰ ਨੂੰ ਪੰਜਾਬ ਭਰ ਦੇ ਐਸ ਡੀ ਐਮ ਦਫ਼ਤਰਾਂ ਅੱਗੇ ਧਰਨੇ ਮਾਰ ਕੇ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜੇ ਜਾਣਗੇ। ਜਥੇਬੰਦੀ ਦੀ ਤਾਕਤ ਮਜ਼ਬੂਤ ਕਰਨ ਲਈ ਮੈਂਬਰਸ਼ਿਪ ਮੁਹਿੰਮ ਤੇਜ਼ ਕਰਨ ਅਤੇ ਜਥਬੰਦ ਤਹਿਸੀਲ ਕਮੇਟੀਆਂ ਬਣਾਉਣ ਦਾ ਵੀ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਮਹੀਪਾਲ, ਗੁਰਨਾਮ ਸਿੰਘ ਭਿੰਡਰ, ਪਰਮਜੀਤ ਰੰਧਾਵਾ, ਅਤੇ ਬਲਦੇਵ ਸਿੰਘ ਭੈਲ ਅਤੇ ਹੋਰ ਆਗੂ ਵੀ ਹਾਜ਼ਰ ਸਨ।

# ਡਾ. ਰਾਜ ਕੁਮਾਰ ਨੇ ਆੜ੍ਹਤੀਆ ਐਸੋਸੀਏਸ਼ਨ ਨਾਲ ਕੀਤੀ ਮੁਲਾਕਾਤ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਪੰਜਾਬ ਭਰ ਦੀਆਂ ਸਾਰੀਆਂ ਮੰਡੀਆ ਵਿੱਚ ਝੋਨੇ ਦੀ ਲਿਫਟਿੰਗ ਦਾ ਕੰਮ ਸ਼ੁਰੂ ਹੋ ਰਿਹਾ ਹੈ। ਇਸ ਸੰਬੰਧੀ ਪੰਜਾਬ ਸਰਕਾਰ ਵੱਲੋਂ ਜਿੱਥੇ ਇਸ ਕੰਮ ਨੂੰ ਸੰਚਾਰੂ ਢੰਗ ਨਾਲ ਕਰਨ ਲਈ ਸਾਰੇ ਪੁਖਤਾ ਇੰਤਜ਼ਾਮ ਕੀਤੇ ਗਏ ਹਨ ਉੱਥੇ ਹੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਸੰਬੰਧੀ ਗੰਭੀਰ ਰਵੱਇਆ ਅਪਨਾਉਂਦੇ ਹੋਏ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੂੰ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਹੁਸ਼ਿਆਪੁਰ ਦੇ ਆੜ੍ਹਤੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕਰਕੇ ਇਸ ਸੰਬੰਧੀ ਆ ਰਹੀਆਂ ਸਾਰੀਆ ਸੱਮਸਿਆਵਾਂ ਹੱਲ ਕਰਨ ਅਤੇ ਲਿਫਟਿੰਗ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਲਈ ਇੱਕ ਵਿਸ਼ੇਸ਼ ਮੀਟਿੰਗ ਕਰਨ ਲਈ ਕਿਹਾ। ਇਸ ਸੰਬੰਧੀ ਮੀਟਿੰਗ ਵਿੱਚ ਜਿਲ੍ਹਾ ਮੰਡੀ ਅਫ਼ਸਰ. ਗੁਰਇਕਬਾਲ ਸਿੰਘ, ਮੰਡੀ ਸੈਕਟਰੀ ਵਿਨੋਦ ਸ਼ਰਮਾ ਅਤੇ ਦਾਣਾ ਮੰਡੀ ਆੜਤੀਆ ਐਸੋਸੀਏਸ਼ਨ ਦੇ ਪ੍ਰਧਾਨ ਰੋਹਿਤ ਸੂਦ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਮੀਟਿੰਗ ਵਿੱਚ ਡਾ. ਰਾਜ ਕੁਮਾਰ ਚੱਬੇਵਾਲ ਨੇ ਆੜਤੀਆ ਨਾਲ ਲਿਫਟਿੰਗ ਸੰਬੰਧੀ ਆ ਰਹੀਆਂ ਸਾਰੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਪੰਜਾਬ ਸਰਕਾਰ ਵੱਲੋਂ ਇੱਕ ਮਸੌਦਾ ਤਿਆਰ ਕੀਤਾ ਗਿਆ ਹੈ ਜਿਸਦੇ ਤਹਿਤ ਸਮੂਹ ਪੰਜਾਬ ਦੇ ਸਾਰੇ ਜ਼ਿਲ੍ਹਿਆ ਵਿੱਚ ਝੋਨੇ ਦੀ ਲਿਫਟਿੰਗ ਦਾ ਕੰਮ ਸੰਚਾਰੂ ਰੂਪ ਨਾਲ ਕਰਵਾਇਆ ਜਾਵੇਗਾ। ਡਾ: ਰਾਜ ਨੇ ਕਿਹਾ ਕੀ ਬਰਦਾਨੇ ਦੀ ਕਮੀ ਨਹੀਂ ਆਣੀ ਦਤੀ ਜਾਵੇਗੀ।

ਕਿਸਾਨਾਂ ,ਜ਼ਿਮੀਦਾਰਾਂ , ਆੜਤੀਆਂ ਅਤੇ ਲੇਬਰ ਨੂੰ ਆਉਣ ਵਾਲੀਆਂ ਸਾਰੀਆ ਸਮੱਸਿਆਵਾਂ ਦਾ ਹੱਲ ਕੀਤਾ ਜਾਵੇਗਾ ਅਤੇ ਮੈਨੂੰ ਯਕੀਨ ਹੈ ਕਿ ਲਿਫਟਿੰਗ ਸੁਚਾਰੂ ਰੂਪ ਨਾਲ ਹੋ ਜਾਵੇਗੀ।ਇਸ ਮੌਕੇ ਡੀ ਐਮ ਓ ਗੁਰਇਕਬਾਲ ਸਿੰਘ, ਸਕੱਤਰ ਵਿਨੋਦ ਕੁਮਾਰ, ਸਤਵੀਰ ਸਿੰਘ ਮਾਵੀ ਡੀ ਐਫ ਐਸ ਸੀ, ਰੋਹਿਤ ਹਨੀ ਸੂਦ ਪ੍ਰਧਾਨ ਦਾਣਾ ਮੰਡੀ, ਸੁਧੀਰ ਸੂਦ ਜ਼ਿਲ੍ਹਾ ਪ੍ਰਧਾਨ ਆੜਤੀਆ, ਪੰ. ਤਰਸੇਮ ਮੋਦਗਿਲ, ਨਰਿੰਦਰ ਮੋਹਨ, ਨਰਿੰਦਰ ਜੈਨ, ਧਰਮਿੰਦਰ ਮੌਦਗਿਲ, ਕੁਲਜੀਤ ਸਿੰਘ ਇੰਸਪੈਕਟਰ ਪਨਗ੍ਰੇਨ, ਵਿਸ਼ਾਲ ਬਾਂਸਲ ਆਦਿ ਸ਼ਾਮਲ ਸਨ।

## ਮਾਸੂਮ ਸੁੱਖੋ ਦੇਵਾ ਦਾ ਜਨਮ ਦਿਨ ਮਨਾਇਆ



**ਬੰਗਾ (ਅਵਤਾਰ ਕਲੇਰ)**- ਕਸਬਾ ਬਹਿਰਾਮ ਵਿਖੇ ਡੇਰਾ ਬਾਪੂ ਬੱਕਰੀਆਂ ਵਾਲਾ ਵਿਖੇ ਗੱਦੀਨਸ਼ੀਨ ਬਾਪੂ ਚਰਨਦਾਸ ਦੀ ਰਹਿਨੁਮਾਈ ਹੇਠ ਅਲਮਸਤ ਮਾਸੂਮ ਸੁੱਖੋ ਦੇਵਾ ਦਾ ਜਨਮ ਦਿਨ ਮਨਾਇਆ ਗਿਆ। ਹਾਜ਼ਰ ਸੰਗਤਾਂ ਵਲੋਂ ਮਾਸੂਮ ਸੁੱਖੋ ਦੇਵਾ ਦੀ ਫੋਟੋ ਰੱਖ ਕੇ ਕੇਕ ਕੱਟਿਆ ਗਿਆ। ਮਾਸੂਮ ਸੁੱਖੋ ਦੇਵਾ ਜੀ 3 ਸਾਲ ਦੀ ਉਮਰ ਵਿੱਚ ਹੀ ਰੱਬ ਨੂੰ ਪਿਆਰੀ ਹੋ ਗਈ ਸੀ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਪੰਜਾਬ ਦੇ ਮਸ਼ਹੂਰ ਕਵਾਲ, ਨਕਾਲ ਪਾਰਟੀਆਂ ਤੋਂ ਇਲਾਵਾ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ। ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਗੱਦੀ ਨਸ਼ੀਨ ਬਾਪੂ ਚਰਨਦਾਸ ਵਲੋਂ ਪਹੁੰਚੇ ਹੋਏ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ। ਸਟੇਜ ਸੈਕਟਰੀ ਦੀ ਭੂਮਿਕਾ ਅਵਤਾਰ ਕੈਂਥ ਵਲੋਂ ਬਾਖੂਬੀ ਨਿਭਾਈ ਗਈ।

# ਪੰਚਾਇਤੀ ਚੋਣ ਲੜਨ ਦੇ ਸੰਭਾਵਿਤ ਉਮੀਦਵਾਰਾਂ ਦੀਆਂ ਬੀ ਡੀ ਪੀ ਓ ਦਫਤਰ 'ਚ ਲੱਗੀਆਂ ਰੌਣਕਾਂ



**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ)** ਗ੍ਰਾਮ ਪੰਚਾਇਤਾਂ ਦੇ ਗਠਨ ਲਈ 15 ਅਕਤੂਬਰ ਨੂੰ ਹੋਣ ਵਾਲੀਆਂ ਪੰਚਾਇਤੀ ਚੋਣਾਂ ਦੇ ਸੰਬੰਧ ਵਿਚ ਸਰਪੰਚ ਅਤੇ ਪੰਚ ਦੀ ਚੋਣ ਲੜਨ ਵਾਲੇ ਸੰਭਾਵਿਤ ਉਮੀਦਵਾਰਾਂ ਵਲੋਂ ਵੱਡੀ ਗਿਣਤੀ 'ਚ ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਫਗਵਾੜਾ ਵਿਖੇ ਪੁੱਜ ਕੇ ਦਸਤਾਵੇਜੀ ਕਾਰਵਾਈ ਸ਼ੁਰੂ ਕੀਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਬੀ ਡੀ ਪੀ ਓ ਰਾਮ ਪਾਲ ਰਾਣਾ ਨੇ ਦੱਸਿਆ ਕਿ ਨਾਮਜਦਗੀ ਪੱਤਰ ਭਰਨ ਦੀ ਸ਼ੁਰੂਆਤ 27 ਸਤੰਬਰ ਤੋਂ ਹੋ ਚੁੱਕੀ ਹੈ ਜੋ ਕਿ 4 ਅਕਤੂਬਰ ਤੱਕ ਜਾਰੀ ਰਹੇਗੀ। 5 ਅਕਤੂਬਰ ਨੂੰ ਨਾਮਜਦਗੀ ਪੱਤਰਾਂ ਦੀ ਪੜਤਾਲ ਕੀਤੀ ਜਾਵੇਗੀ ਅਤੇ ਨਾਮ ਵਾਪਸ ਲੈਣ ਦੀ ਆਖਰੀ ਤਾਰੀਖ 7 ਅਕਤੂਬਰ ਹੈ। ਜਿਸ ਤੋਂ ਬਾਅਦ 15 ਅਕਤੂਬਰ ਦਿਨ ਮੰਗਲਵਾਰ ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਵੋਟਾਂ ਪਾਉਣ ਦਾ ਕੰਮ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਉਹਨਾਂ ਦੱਸਿਆ ਕਿ ਵੋਟਾਂ ਵਾਲੇ ਦਿਨ ਹੀ ਸ਼ਾਮ ਨੂੰ ਵੋਟਾਂ ਦੀ ਗਿਣਤੀ ਅਤੇ ਨਤੀਜਿਆਂ ਦਾ ਐਲਾਨ ਕਰ ਦਿੱਤਾ ਜਾਵੇਗਾ। ਉਹਨਾਂ ਸਮੂਹ ਪਿੰਡਾਂ ਦੇ ਵਸਨੀਕਾਂ ਨੂੰ ਪੁਰਜੋਰ ਅਪੀਲ ਕੀਤੀ ਕਿ ਵੋਟਾਂ ਪਾਉਣ ਦਾ ਕੰਮ ਸ਼ਾਂਤੀਪੂਰਣ ਢੰਗ ਦੇ ਨਾਲ ਨੇਪਰੇ ਚਾੜ੍ਹਨ ਵਿਚ ਸਹਿਯੋਗ ਦਿੱਤਾ ਜਾਵੇ। ਇਸ ਦੌਰਾਨ ਉਹਨਾਂ ਸਮੂਹ ਵੋਟਰਾਂ ਨੂੰ ਪੁਰਜੋਰ ਅਪੀਲ ਕੀਤੀ ਕਿ ਉਹ ਆਪਣੇ ਵੋਟ ਪਾਉਣ ਦੇ ਅਧਿਕਾਰ ਦੀ ਵਰਤੋਂ ਜਰੂਰ ਕਰਨ ਕਿਉਂਕਿ ਵੋਟਾਂ ਵਾਲਾ ਦਿਨ ਲੋਕਤੰਤਰ ਦੇ ਜਸ਼ਨ ਦਾ ਦਿਨ ਹੁੰਦਾ ਹੈ। ਬੀ.ਡੀ.ਪੀ.ਓ. ਰਾਣਾ ਨੇ ਚੋਣ ਕਮਿਸ਼ਨ ਪੰਜਾਬ ਵਲੋਂ ਜਾਰੀ ਪੱਤਰ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੇਕਰ ਕਿਸੇ ਉਮੀਦਵਾਰ ਨੂੰ ਆਪਣੇ ਵਲੋਂ ਕੀਤੀਆਂ ਕੋਸ਼ਿਸ਼ਾਂ ਦੇ ਬਾਵਜੂਦ ਨਾਮਜਦਗੀ ਪੱਤਰ ਦੇ ਨਾਲ ਲਗਾਉਣ ਲਈ ਕਿਸੇ ਵੀ ਕਿਸਮ ਦੇ ਟੈਕਸ ਦੇ ਏਰੀਅਰ ਦੇ ਬਕਾਏ ਜਾਂ ਹੋਰ ਬਕਾਏ ਬਾਬਤ ਐਨ.ਓ.ਸੀ. ਲੈਣ ਵਿਚ ਦਿੱਕਤ ਪੇਸ਼ ਆ ਰਹੀ ਹੋਵੇ ਤਾਂ ਸੰਭਾਵਿਤ ਉਮੀਦਵਾਰ ਨਾਮਜਦਗੀ ਪੱਤਰ ਦੇ ਨਾਲ ਇਕ ਹਲਫੀਆ ਬਿਆਨ ਲਗਾ ਕੇ ਪੇਪਰ ਦਾਖਲ ਕਰ ਸਕਦਾ ਹੈ। ਇਸ ਦੌਰਾਨ ਦਫਤਰ ਦੇ ਸਮੂਹ ਸਟਾਫ ਵਲੋਂ ਦਸਤਾਵੇਜੀ ਕਾਰਵਾਈ ਨੇਪਰੇ ਚਾੜ੍ਹਨ ਵਿਚ ਪੂਰਾ ਸਹਿਯੋਗ ਦਿੱਤਾ ਗਿਆ।

# ਮਾਤਾ ਚੰਚਲ ਕੌਰ ਦੀਆਂ ਅੱਖਾਂ ਨਾਲ ਦੋ ਹਨੇਰੀ ਜ਼ਿੰਦਗੀਆਂ ਨੂੰ ਮਿਲੀ ਰੌਸ਼ਨੀ : ਜੈ ਕਿਸ਼ਨ ਰੋੜੀ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਵੀਰਮਪੁਰ ਰੋਡ ਗੜ੍ਹਸ਼ੰਕਰ ਨਿਵਾਸੀ ਮਾਤਾ ਚੰਚਲ ਕੌਰ ਦੇ ਦੇਹਾਂਤ ਉਪਰੰਤ ਉਨ੍ਹਾਂ ਦੇ ਪਰਵਾਰ ਦੇ ਮੈਂਬਰਾਂ ਰਾਜਿੰਦਰ ਸਿੰਘ ਸ਼ੂਕਾ ਸਾਬਕਾ ਪ੍ਰਧਾਨ ਨਗਰ ਕੌਂਸਲ ਗੜ੍ਹਸ਼ੰਕਰ, ਅਵਤਾਰ ਅਰੋੜਾ, ਹਰਦੀਪ ਸਿੰਘ (ਸਾਰੇ ਪੁੱਤਰ) ਵਲੋਂ ਆਪਣੀ ਮਾਤਾ ਦੀਆਂ ਅੱਖਾਂ ਰੋਟਰੀ ਆਈ ਬੈਂਕ ਦੇ ਰਾਹੀਂ ਡਾ. ਤਰਸੇਮ ਸਿੰਘ ਦੇ ਸਹਿਯੋਗ ਨਾਲ ਦਾਨ ਕੀਤੀਆਂ ਗਈਆਂ।ਉਨ੍ਹਾਂ ਦੀ ਅੰਤਿਮ ਅਰਦਾਸ ਵਿੱਚ ਰੋਟਰੀ ਆਈ ਬੈਂਕ ਦੇ ਪ੍ਰਧਾਨ ਸੰਜੀਵ ਅਰੋੜਾ, ਮਦਨ ਲਾਲ ਮਹਾਜਨ, ਵੀਨਾ ਚੋਪੜਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਅਰੋੜਾ ਪਰਿਵਾਰ ਨੂੰ ਨੇਤਰਦਾਨ ਕਰਨ ਦੇ ਲਈ ਪ੍ਰਮਾਣ ਪੱਤਰ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਸ਼ਰਧਾਂਜਲੀ ਭੇਟ ਕਰਨ ਪੁੱਜੇ ਜੈ ਕਿਸ਼ਨ ਰੋੜੀ ਡਿਪਟੀ ਸਪੀਕਰ ਨੇ ਪਰਵਾਰ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅਰੋੜਾ ਪਰਵਾਰ ਪਿਛਲੇ ਲੰਬੇ ਸਮੇਂ ਤੋਂ ਸਮਾਜਿਕ ਕਾਰਜਾ ਵਿੱਚ ਵੱਧ ਚੜ੍ਹ ਕੇ ਭਾਗ ਲੈ ਰਿਹਾ ਹੈ ਅਤੇ ਸਭ ਤੋਂ ਵੱਡਾ ਪੁੰਨ ਦਾ ਕੰਮ ਪਰਿਵਾਰ ਵਲੋਂ ਮਾਤਾ ਜੀ ਦੇ ਨੇਤਰਦਾਨ ਕਰਵਾ ਕੇ ਕੀਤਾ ਗਿਆ ਅਤੇ ਸ਼੍ਰੀ ਰੋੜੀ ਨੇ ਕਿਹਾ ਕਿ ਸੁਸਾਇਟੀ ਰਾਹੀਂ ਪਤਾ ਚਲਿਆ ਹੈ ਕਿ ਮਾਤਾ ਜੀ ਦੀਆਂ ਅੱਖਾਂ ਨਾਲ ਦੋ ਹਨੇਰੀ ਜ਼ਿੰਦਗੀਆਂ ਨੂੰ ਰੋਸ਼ਨੀ ਮਿਲ ਚੁੱਕੀ ਹੈ ਅਤੇ ਉਨ੍ਹਾਂ ਨੇ ਸੁਸਾਇਟੀ ਦੇ ਕਾਰਜਾ ਦੀ ਵੀ ਬਹੁਤ ਸ਼ਲਾਘਾ ਕੀਤੀ।ਇਸ ਮੌਕੇ ਪ੍ਰਧਾਨ ਸੰਜੀਵ ਅਰੋੜਾ ਨੇ ਦੱਸਿਆ ਕਿ ਜਦੋਂ ਵੀ ਕਿਸੀ ਨੇਤਰਦਾਨੀ ਦੇ ਪਰਿਵਾਰ ਵਲੋਂ ਨੇਤਰਦਾਨ ਕਰਵਾਏ ਜਾਂਦੇ ਹਨ ਤਾਂ ਉਸ ਦੇ ਪਰਵਾਰ ਨੂੰ ਅੰਤਿਮ ਅਰਦਾਸ ਦੇ ਸਮੇਂ ਪ੍ਰਮਾਣ ਪੱਤਰ ਦੇ ਕੇ ਸਨਮਾਨਤ ਕੀਤਾ ਜਾਂਦਾ ਹੈ ਤਾਂ ਕਿ ਉਥੇ ਮੌਜੂਦ ਲੋਕਾਂ ਨੂੰ ਵੀ ਨੇਤਰਦਾਨ ਦੇ ਪ੍ਰਤੀ ਜਾਗਰੂਕ ਕੀਤਾ ਜਾ ਸਕੇ ਅਤੇ ਸ਼੍ਰੀ ਅਰੋੜਾ ਨੇ ਸੰਬੋਧਿਤ ਕਰਦੇ ਹੋਏ ਲੋਕਾਂ ਨੂੰ ਅਪੀਲ ਕੀਤੀ ਉਹ ਮਰਨ ਤੋਂ ਬਾਅਦ ਨੇਤਰਦਾਨ ਕਰਨ ਦੇ ਲਈ ਸਹੁੰ ਪੱਤਰ ਜ਼ਰੂਰ ਭਰਨ ਕਿਉਂਕਿ ਜਿਹੜੇ ਲੋਕ ਹਨੇਰੀ ਜ਼ਿੰਦਗੀ ਜੀਅ ਰਹੇ ਹਨ ਉਨ੍ਹਾਂ ਦੀ ਗਿਣਤੀ ਬਹੁਤ ਜ਼ਿਆਦਾ ਹੈ ਇਸ ਲਈ ਸਹੁੰ ਪੱਤਰ ਭਰਕੇ ਪੁੰਨ ਦੇ ਭਾਗੀ ਬਣੋ।ਹਾਜ਼ਰ ਲੋਕਾਂ ਨੂੰ ਸੰਬੋਧਿਤ ਕਰਦੇ ਹੋਏ ਡਾ. ਤਰਸੇਮ ਸਿੰਘ ਚੇਅਰਮੈਨ ਬਾਡੀ ਡੋਨੇਸ਼ਨ ਨੇ ਦੱਸਿਆ ਕਿ ਇਕ ਵਿਅਕਤੀ ਦੁਆਰਾ ਦਾਨ ਕੀਤੀਆਂ ਅੱਖਾਂ ਨਾਲ ਦੋ ਵਿਅਕਤੀਆਂ ਦੀ ਹਨੇਰੀ ਜ਼ਿੰਦਗੀ ਨੂੰ ਰੋਸ਼ਨੀ ਮਿਲਦੀ ਹੈ ਅਤੇ ਉਨ੍ਹਾਂ ਨੇ ਦੱਸਿਆ ਕਿ ਹੁਣ ਤੱਕ 210 ਲੋਕਾਂ ਵਲੋਂ ਬਾਡੀ ਡੋਨੇਟ ਕਰਨ ਦੇ ਲਈ ਸਹੁੰ ਪੱਤਰ ਭਰਕੇ ਰਜਿਸਟ੍ਰੇਸ਼ਨ ਕਰਵਾਈ ਜਾ ਚੁੱਕੀ ਹੈ। ਇਸ ਮੌਕੇ ਤੇ ਸੁਸਾਇਟੀ ਵਲੋਂ ਮਦਨ ਲਾਲ ਮਹਾਜਨ, ਵੀਨਾ ਚੋਪੜਾ ਅਤੇ ਪਰਵਾਰ ਵਲੋਂ ਵਰਿੰਦਰ ਸਿੰਘ, ਕੰਵਰ ਅਰੋੜਾ, ਹਰਮਨਜੀਤ ਸਿੰਘ ਅਰੋੜਾ, ਪ੍ਰਭਨੂਰ ਸਿੰਘ ਅਰੋੜਾ, ਕੁੰਵਰ ਅਰੋੜਾ ਅਤੇ ਚੇਅਰਮੈਨ ਬਾੱਡੀ ਡੋਨੇਸ਼ਨ ਡਾ.ਤਰਸੇਮ ਸਿੰਘ ਵੀ ਮੌਜੂਦ ਸਨ।

# 450ਵੇਂ ਜੋਤੀ ਜੋਤ ਅਤੇ ਗੁਰਤਾ ਗੱਦੀ ਦਿਵਸ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ



**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ )** ਸਿੱਖ ਪੰਥ ਦੇ ਤੀਸਰੇ ਗੁਰੂ ਸ਼੍ਰੀ ਗੁਰੂ ਅਮਰ ਦਾਸ ਜੀ ਦੇ 450ਵੇਂ ਜੋਤੀ ਜੋਤ ਅਤੇ ਚੌਥੇ ਗੁਰੂ ਸ਼੍ਰੀ ਗੁਰੂ ਰਾਮ ਦਾਸ ਜੀ ਦੇ ਗੁਰਤਾ ਗੱਦੀ ਦਿਵਸ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਗੁਰਦੁਆਰਾ ਬਾਬਾ ਸੋਭਾ ਸਿੰਘ ਪਿੰਡ ਭੁੱਲਾਰਾਈ ਤੋਂ ਪੰਜ ਪਿਆਰਿਆਂ ਦੀ ਅਗਵਾਈ ਅਤੇ ਧੰਨ-ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸਜਾਇਆ ਗਿਆ ਜੋ ਕਿ ਬੀੜ ਪੁਆਦ, ਅਕਾਲਗੜ੍ਹ, ਸੰਗਤਪੁਰ, ਬੇਗਮਪੁਰ, ਚੱਕ ਪ੍ਰੇਮਾ, ਵਰਿਆਹਾਂ, ਗੁਲਾਬਗੜ੍ਹ, ਢੱਕ ਭੁੱਲਾਰਾਈ ਤੋਂ ਹੁੰਦਾ ਹੋਇਆ ਸ਼ਾਮ ਨੂੰ ਵਾਪਸ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ। ਇਸ ਤੋਂ ਪਹਿਲਾਂ ਸਵੇਰੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਸਰਬੱਤ ਦੇ ਭਲੇ ਅਤੇ ਸਿੱਖ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਹੋਈ। ਇਸ ਨਗਰ ਕੀਰਤਨ ਦਾ ਵੱਖ-ਵੱਖ ਪਿੰਡਾਂ ਦੀਆਂ ਸੰਗਤਾਂ ਨੇ ਥਾਂ-ਥਾਂ ਤੇ ਨਿੱਘਾ ਸਵਾਗਤ ਕੀਤਾ।

ਨਗਰ ਕੀਰਤਨ ਦੇ ਸਵਾਗਤ ਵਿੱਚ ਸੁੰਦਰ ਗੇਟ ਬਣਾਏ ਗਏ ਸੀ ਅਤੇ ਸ਼ਰਧਾਲੂ ਸੰਗਤ ਲਈ ਵੱਖ ਵੱਖ ਪਕਵਾਨਾਂ ਤੇ ਫਲ ਫਰੂਟ ਦੇ ਲੰਗਰ ਲਗਾਏ ਗਏ ਸਨ। ਸੰਗਤਾਂ ਵਲੋਂ ਗੁਰੂ ਗ੍ਰਥ ਗ੍ਰੰਥ ਸਾਹਿਬ ਜੀ ਦੀ ਸੁੰਦਰ ਪਾਲਕੀ ਦਾ ਸਵਾਗਤ ਫੁੱਲਾਂ ਦੀ ਵਰਖਾ ਅਤੇ ਰੁਮਾਲੇ ਭੇਟ ਕਰਕੇ ਕੀਤਾ ਗਿਆ। ਪੰਜ ਪਿਆਰਿਆਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਭੇਟ ਕੀਤੇ ਗਏ। ਵੱਖ ਵੱਖ-ਪੜਾਵਾਂ ਦੌਰਾਨ ਢਾਡੀ ਬਲਵੀਰ ਸਿੰਘ ਭੁੱਲਾਰਾਈ ਦੇ ਜਥੇ ਨੇ ਸੰਗਤਾਂ ਨੂੰ ਢਾਡੀ ਵਾਰਾਂ ਰਾਹੀਂ ਗੁਰੂ ਯਸ਼ ਸੁਣਾ ਕੇ ਨਿਹਾਲ ਕੀਤਾ। ਪ੍ਰਬੰਧਕਾਂ ਵਲੋਂ ਸਹਿਯੋਗੀਆਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਮਹਾਨ ਨਗਰ ਕੀਰਤਨ ਵਿਚ ਸੰਗਤਾਂ ਟਰੈਕਟਰ, ਟਰਾਲੀਆਂ, ਮੋਟਰ-ਕਾਰਾਂ, ਜੀਪਾਂ ਅਤੇ ਮੋਟਰਸਾਈਕਲਾਂ 'ਤੇ ਸਵਾਰ ਹੋ ਕੇ ਵੱਡੀ ਗਿਣਤੀ ਵਿਚ ਸ਼ਾਮਲ ਹੋਈਆਂ।

ਗੁਰਦੁਆਰਾ ਬਾਬਾ ਸੋਭਾ ਸਿੰਘ ਦੇ ਪ੍ਰਧਾਨ ਧਰਜਿੰਦਰ ਸਿੰਘ, ਮਾਸਟਰ ਹਰਭਜਨ ਸਿੰਘ ਸਾਬਕਾ ਸਰਪੰਚ ਭੁੱਲਾਰਾਈ, ਬਲਾਕ ਸੰਮਤੀ ਚੇਅਰਮੈਨ ਗੁਰਦਿਆਲ ਸਿੰਘ ਭੁੱਲਾਰਾਈ, ਤੇਜ ਮੋਹਨ ਸਿੰਘ ਚਾਨਾ, ਜਥੇਦਾਰ ਬਹਾਦਰ ਸਿੰਘ ਸੰਗਤਪੁਰ, ਸਾਬਕਾ ਸਰਪੰਚ ਸ਼ਰਨਜੀਤ ਸਿੰਘ ਅਟਵਾਲ, ਸਾਬਕਾ ਸਰਪੰਚ ਲਖਬੀਰ ਸਿੰਘ ਬੀੜ ਪੁਆਦ, ਅਮਰਜੀਤ ਸਿੰਘ, ਸੁਖਵਿੰਦਰ ਸਿੰਘ ਨੰਬਰਦਾਰ, ਗੁਰਜੀਤ ਸਿੰਘ, ਹਰਨੇਕ ਸਿੰਘ, ਗੁਰਦੇਵ ਸਿੰਘ, ਸੁਰਜਿੰਦਰ ਸਿੰਘ, ਗੁਰਮੁਖ ਸਿੰਘ, ਹੈੱਡ ਗ੍ਰੰਥੀ ਭਾਈ ਅਮਨਦੀਪ ਸਿੰਘ ਲੱਖਪੁਰ, ਗੁਰਮੀਤ ਸਿੰਘ ਅਟਵਾਲ, ਸਾਬਕਾ ਸਰਪੰਚ ਮਹਿੰਦਰ ਸਿੰਘ ਢੱਡਵਾਲ, ਤਜਿੰਦਰ ਸਿੰਘ, ਮੋਹਨ ਸਿੰਘ, ਗੁਰਮੀਤ ਸਿੰਘ ਲੱਖਪੁਰ, ਕੁਲਵੰਤ ਸਿੰਘ, ਪਰਮਿੰਦਰ ਸਿੰਘ, ਭੁਪਿੰਦਰ ਸਿੰਘ ਆਦਿ ਵੀ ਹਾਜਰ ਸਨ।

2-Oct-PAGE-9.qxd 10/1/2024 10:50 PM Page 1



# ਇਕੋਤਰੀ ਸਮਾਗਮ ਗੁਰਮਤਿ ਦੇ ਪ੍ਰਚਾਰ ਤੇ ਪ੍ਰਸਾਰ ਦਾ ਕੇਂਦਰ : ਬਾਬਾ ਗੁਰਦਿਆਲ ਸਿੰਘ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਦੇਸ਼ ਵਿਦੇਸ਼ ਅੰਦਰ ਅੰਮ੍ਰਿਤ ਰੂਪੀ ਮਹਾਕੁੰਭ ਦੇ ਨਾਂਅ ਨਾਲ ਜਾਣੇ ਜਾਂਦੇ ਇਸ ਮਹਾਨ ਸਲਾਨਾ ਇਕੋਤਰੀ ਸਮਾਗਮ ਦੇ ਚਲਦਿਆਂ ਜਿੱਥੇ ਹਜ਼ਾਰਾਂ ਸਿੱਖ ਸੰਗਤਾਂ ਗੁਰ ਸ਼ਬਦ ਦੇ ਇਸ ਮਾਨ ਸਰੋਵਰ ਵਿੱਚ ਰੋਜ਼ਾਨਾ ਸਜਾਏ ਜਾਣ ਵਾਲੇ ਇਕੋਤਰੀ ਗੁਰਮਤਿ ਸਮਾਗਮ ਵਿੱਚ ਲਾਹਾ ਖੱਟ ਰਹੀਆਂ ਹਨ ਉਥੇ ਸੰਤ ਬਾਬਾ ਗੁਰਦਿਆਲ ਸਿੰਘ ਨੇ ਸੰਗਤਾਂ ਨੂੰ ਗੁਰ ਸ਼ਬਦ ਨਾਲ ਜੋੜਦੇ ਹੋਏ 101 ਸ੍ਰੀ ਅਖੰਡ ਪਾਠ ਸਾਹਿਬ ਦੀ ਮਹਾਨ ਲੜੀ ਨੂੰ ਗੁਰਮਤਿ ਦੇ ਪ੍ਰਚਾਰ ਤੇ ਪ੍ਰਸਾਰ ਦਾ ਇੱਕ ਵੱਡਾ ਕੇਂਦਰ ਦੱਸਿਆ ਜਿੱਥੋਂ ਹੁਣ ਤੱਕ ਲੱਖਾਂ ਪ੍ਰਾਣੀ ਬਾਣੀ ਤੇ ਬਾਣੇ ਨਾਲ ਜੁੜ ਕੇ ਗੁਰਮਤਿ ਦੇ ਧਾਰਨੀ ਹੋ ਚੁੱਕੇ ਹਨ। ਸੰਤ ਬਾਬਾ ਗੁਰਦਿਆਲ ਸਿੰਘ ਨੇ ਅੱਜ ਸਜਾਏ ਗਏ ਇਸ ਸਮਾਗਮ ਦੌਰਾਨ ਸੰਗਤਾਂ ਨੂੰ ਗੁਰਬਾਣੀ ਨਾਲ ਜੁੜਨ ਲਈ ਪ੍ਰੇਰਿਆ। ਇਕੋਤਰੀ ਸਮਾਗਮ ਦੇ ਮੁੱਖ ਆਕਰਸ਼ਣ ਵਜੋਂ ਜਾਣੇ ਜਾਂਦੇ ਅਲੌਕਿਕ ਨਗਰ ਕੀਰਤਨ 16 ਅਕਤੂਬਰ ਨੂੰ ਸਜਾਏ ਜਾਣਗੇ ਜਦਕਿ ਸੰਪੂਰਨਤਾ ਸਮਾਗਮ 17 ਅਕਤੂਬਰ ਨੂੰ ਹੋਣਗੇ। ਸੰਤ ਬਾਬਾ ਗੁਰਦਿਆਲ ਸਿੰਘ ਤੋਂ ਇਲਾਵਾ ਇਸ ਸਮਾਗਮ ਦੌਰਾਨ ਸੰਤ ਬਾਬਾ ਗੁਰਦੀਪ ਸਿੰਘ ਖਜਾਲੇ ਵਾਲੇ, ਸੰਤ ਭਰਪੂਰ ਸਿੰਘ ਸ਼ੇਖਾਂ ਝਲੂਰ, ਜਥੇਦਾਰ ਹਰਮੇਲ ਪ੍ਰਕਾਸ਼ ਸਿੰਘ, ਬਾਬਾ ਹਰਜਿੰਦਰ ਸਿੰਘ ਬਰਾੜ, ਜਥੇਦਾਰ ਬਲਜੀਤ ਸਿੰਘ, ਭਾਈ ਅਰਜਨ ਸਿੰਘ, ਭਾਈ ਗੁਰਦੀਪ ਸਿੰਘ ਮੂਮ, ਭਾਈ ਜੋਰਾਵਰ ਸਿੰਘ, ਭਾਈ ਸਤਵੀਰ ਸਿੰਘ, ਸਰਬਜੀਤ ਸਿੰਘ ਕਨੇਡਾ, ਜਸਦੇਵ ਸਿੰਘ ਬਿੱਟੂ ਕਨੇਡਾ, ਸਿਮਰਜੀਤ ਸਿੰਘ ਕਨੇਡਾ, ਰਣਜੀਤ ਸਿੰਘ ਰਾਣਾ ਯੂ ਐਸ ਏ ,ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪ੍ਰਬੰਧਕ, ਸੰਗਤ, ਸੰਤ ਮਹਾਂਪੁਰਸ਼ ਤੇ ਕਥਾਵਾਚਕ ਹਾਜ਼ਰ ਸਨ।

# ਸਕੱਤਰ ਮਨਜੀਤ ਸਿੰਘ ਸੇਵਾਮੁਕਤੀ ਮੌਕੇ ਸਨਮਾਨਤ



**ਫਿਲੌਰ (ਨਿਰਮਲ)** ਮਾਰਕਿਟ ਕਮੇਟੀ ਫਿਲੌਰ ਦੇ ਸਕੱਤਰ ਮਨਜੀਤ ਸਿੰਘ ਵੱਖ-ਵੱਖ ਥਾਵਾਂ 'ਤੇ ਸੇਵਾਵਾਂ ਨਿਭਾਉਂਦੇ ਸੇਵਾ ਮੁਕਤ ਹੋਏ। ਮਰਕਿਟ ਕਮੇਟੀ ਫਿਲੌਰ ਵਿਖੇ ਚੇਅਰਮੈਨ ਰੋਸ਼ਨ ਲਾਲ ਰੋਸ਼ੀ, ਕੁਲਦੀਪ ਕੁਮਾਰ ਅਕਾਊਂਟੈਂਟ, ਸੁਲੱਖਣ ਸਿੰਘ ਅੱਪਰਾ, ਨਰਿੰਦਰ ਕੌਰ, ਜਸਕਰਨ ਸਿੰਘ, ਗਗਨਦੀਪ ਸਿੰਘ, ਰੁਪਿੰਦਰ ਕੌਰ, ਦਲਜੀਤ ਕੌਰ, ਸੁੱਖਾ ਲਾਲ, ਸਤਨਾਮ ਸਿੰਘ ਮਾਰਕਿਟ ਕਮੇਟੀ ਕਰਾਇਆ, ਨਿਰਮਲ ਸਿੰਘ, ਜਸਵਿੰਦਰ ਕੁਮਾਰ ਵੱਲੋਂ ਮਨਜੀਤ ਸਿੰਘ ਦੇ ਡਿਊਟੀ ਦੌਰਾਨ ਵਧੀਆ ਸੇਵਾਵਾਂ ਨਿਭਾਉਣ 'ਤੇ ਸਨਮਾਨਿਤ ਕੀਤਾ ਗਿਆ ਅਤੇ ਮਾਰਕੀਟ ਕਮੇਟੀ ਦੇ ਸਮੂਹ ਕਰਮਚਾਰੀਆਂ ਵੱਲੋਂ ਫੁੱਲਾਂ ਦੇ ਹਾਰ ਪਾ ਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਚੇਅਰਮੈਨ ਰੋਸ਼ਨ ਲਾਲ ਰੋਸ਼ੀ, ਕੁਲਦੀਪ ਕੁਮਾਰ ਅਕਾਊਂਟੈਂਟ ਨੇ ਮਨਜੀਤ ਸਿੰਘ ਸਕੱਤਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹਨਾਂ ਨੇ ਆਪਣਾ ਕੰਮ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਕੀਤਾ। ਇਸ ਮੌਕੇ ਮਨਜੀਤ ਸਿੰਘ ਸਕੱਤਰ ਨੇ ਚੇਅਰਮੈਨ ਰੋਸ਼ਨ ਲਾਲ ਰੋਸ਼ੀ ਤੇ ਸਮੂਹ ਸਟਾਫ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਨਰਿੰਦਰ ਕੌਰ, ਜਸਕਰਨ ਸਿੰਘ, ਗਗਨਦੀਪ ਸਿੰਘ, ਤੇ ਮਾਰਕਿਟ ਕਮੇਟੀ ਦੇ ਕਰਮਚਾਰੀ ਤੇ ਇਲਾਕੇ ਦੀਆਂ ਵਿਸ਼ੇਸ਼ ਸ਼ਖਸੀਅਤਾਂ ਹਾਜ਼ਰ ਸਨ।

# ਲਗਾਤਾਰ 6ਵੀਂ ਵਾਰ ਸਰਬਸੰਮਤੀ ਨਾਲ ਚੁਣੀ ਸਿੰਗੜੀਵਾਲਾ ਦੀ ਪੰਚਾਇਤ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਸਮਾਜ ਸੇਵਾ ਅਤੇ ਧਾਰਮਿਕ ਖੇਤਰ ਵਿੱਚ ਨਾਮਣਾ ਖੱਟਣ ਵਾਲੀ ਮਾਨਮੱਤੀ ਸ਼ਖਸੀਅਤ ਸੰਤ ਬਾਬਾ ਹਰਮਨਜੀਤ ਸਿੰਘ ਸਿੰਗੜੀਵਾਲਾ ਦੀ ਪ੍ਰੇਰਨਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਅਤੇ ਬ੍ਰਹਮ ਗਿਆਨੀ ਮਹਾਂਪੁਰਖ ਸੰਤ ਬਾਬਾ ਹੀਰਾ ਸਿੰਘ ਦੀਆਂ ਅਸੀਸਾਂ ਸਦਕਾ ਲਗਾਤਾਰ 6ਵੀਂ ਵਾਰ ਸਰਬਸੰਮਤੀ ਨਾਲ ਪੰਚਾਇਤ ਚੁਣ ਕੇ ਹੁਸ਼ਿਆਰਪੁਰ ਬਲਾਕ-1 ਦੇ ਪਿੰਡ ਸਿੰਗੜੀਵਾਲਾ ਨੇ ਵੱਡਾ ਮਾਰਕਾ ਮਾਰਿਆ ਹੈ। ਸੰਤ ਬਾਬਾ ਹਰਮਨਜੀਤ ਸਿੰਘ ਸਿੰਗੜੀਵਾਲਾ ਦੇ ਉੱਦਮ ਸਦਕਾ ਸਰਬਸੰਮਤੀ ਨਾਲ ਚੁਣੀ ਗਈ ਇਸ ਪੰਚਾਇਤ ਵਿੱਚ ਹਰਜਿੰਦਰ ਸਿੰਘ ਨੂੰ ਜੈਕਾਰਿਆਂ ਦੀ ਗੂੰਜ ਵਿੱਚ ਸਰਪੰਚ ਚੁਣ ਲਿਆ ਗਿਆ। ਇਸ ਤੋਂ ਇਲਾਵਾ ਪੰਚ ਗੁਰਚਰਨ ਸਿੰਘ, ਪੰਚ ਮਿਥਨ ਕੁਮਾਰ, ਪੰਚ ਬਲਵਿੰਦਰ ਸਿੰਘ, ਪੰਚ ਗੁਰਦੀਪ ਕੌਰ, ਪੰਚ ਨਰਿੰਦਰ ਕੌਰ, ਪੰਚ ਮਲਵਿੰਦਰ ਕੌਰ, ਪੰਚ ਬਲਵਿੰਦਰ ਸਿੰਘ ਨੂੰ ਨਗਰ ਨਿਵਾਸੀਆਂ ਨੇ ਸਰਬਸੰਮਤੀ ਦੇ ਨਾਲ ਚੁਣਿਆ। ਇਸ ਮੌਕੇ ਸੰਤ ਬਾਬਾ ਹਰਮਨਜੀਤ ਸਿੰਘ ਨੇ ਦੱਸਿਆ ਕਿ ਪਿਛਲੇ ਲੰਮੇ ਸਮੇਂ ਤੋਂ ਇਸ ਨਗਰ ਦੀ ਸੰਗਤ ਵੱਲੋਂ ਆਪਸੀ ਸਲਾਹ ਤੇ ਸਰਬਸੰਮਤੀ ਨਾਲ ਪੰਚਾਇਤ ਚੁਣੀ ਜਾ ਰਹੀ ਹੈ ਅਤੇ ਪਿੰਡ ਦੇ ਸਾਰੇ ਕਾਰਜ ਵੀ ਇੱਕਮੁੱਠ ਹੋ ਕੇ ਬਿਨਾਂ ਕਿਸੇ ਭਿੰਨ-ਭੇਦ ਤੋਂ ਕੀਤੇ ਜਾ ਰਹੇ ਹਨ। ਉਨ੍ਹਾਂ ਨਵੀਂ ਚੁਣੀ ਗਈ ਸਾਰੀ ਪੰਚਾਇਤ ਨੂੰ ਮੁਬਾਰਕਬਾਦ ਦਿੰਦਿਆਂ ਪਿੰਡ ਦੀ ਤਰੱਕੀ ਅਤੇ ਬੇਹਤਰੀ ਲਈ ਇੱਕਮੁੱਠ ਹੋ ਕੇ ਕੰਮ ਕਰਨ ਅਤੇ ਵਾਤਾਵਰਣ ਦੀ ਸੰਭਾਲ ਲਈ ਖਾਸ ਤੌਰ ਤੇ ਆਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਸਰਪੰਚ ਸੁਖਚੈਨ ਸਿੰਘ, ਗੁਰਨਾਮ ਸਿੰਘ ਸਿੰਗੜੀਵਾਲਾ ਸਾਬਕਾ ਬਲਾਕ ਸੰਮਤੀ ਮੈਂਬਰ, ਚਰਨਬਰਿੰਦਰ ਸਿੰਘ ਸਾਬਕਾ ਸਰਪੰਚ, ਬਲਵਿੰਦਰ ਸਿੰਘ ਸਾਬਕਾ ਸਰਪੰਚ, ਮਾਸਟਰ ਸ਼ਮਸ਼ੇਰ ਸਿੰਘ, ਹਰਭਜਨ ਸਿੰਘ ਧਾਮੀ, ਹਰਪ੍ਰੀਤ ਸਿੰਘ ਧਾਮੀ, ਨਵਤੇਜ ਸਿੰਘ ਧਾਮੀ, ਕੈਪਟਨ ਜਸਵੀਰ ਸਿੰਘ, ਕੈਪਟਨ ਹਰਨੇਕ ਸਿੰਘ, ਸ਼ਮਸ਼ੇਰ ਸਿੰਘ ਸ਼ੇਰਾ, ਭੁਪਿੰਦਰ ਸਿੰਘ ਭਿੰਦਾ, ਸ਼ਾਮ ਲਾਲ, ਪਿਆਰਾ ਰਾਮ, ਬੂਟਾ ਸਿੰਘ ਧਾਮੀ, ਇੰਦਰਜੀਤ ਸਿੰਘ, ਗੁਰਸ਼ਰਨ ਸਿੰਘ, ਗੁਰਿੰਦਰ ਸਿੰਘ ਗਿੰਦਾ, ਗੁਰਿੰਦਰ ਸਿੰਘ ਧਾਮੀ, ਬਿਪਨ ਕੁਮਾਰ ਆਦਿ ਪਿੰਡ ਦੀਆਂ ਅਹਿਮ ਸ਼ਖਸੀਅਤਾਂ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

# ਪਰਾਲੀ ਦੀ ਰਹਿੰਦ-ਖੂੰਹਦ ਸੰਭਾਲ ਸੰਬੰਧੀ ਐੱਸ ਡੀ ਐੱਮ ਤੇ ਡੀ ਐਸ ਪੀ ਵੱਲੋਂ ਵੈਨ ਨੂੰ ਹਰੀ ਝੰਡੀ




**ਫਿਲੌਰ, (ਨਿਰਮਲ)**

ਨਜ਼ਦੀਕੀ ਪਿੰਡ ਸ਼ਾਹਪੁਰ ਵਿਖੇ ਖੇਤੀਬਾੜੀ ਅਤੇ ਭਲਾਈ ਵਿਭਾਗ ਫਿਲੌਰ ਵੱਲੋਂ ਪਰਾਲੀ ਦੀ ਰਹਿੰਦ ਖੂੰਹਦ ਸੰਭਾਲ ਸੰਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਖੇਤੀਬਾੜੀ ਵਿਸਥਾਰ ਅਫਸਰ ਡਾਕਟਰ ਤਰਸੇਮ ਸਿੰਘ ਅਤੇ ਮੈਡਮ ਡਾ. ਕੁਲਵਿੰਦਰ ਕੌਰ ਵੱਲੋਂ ਕੈਂਪ 'ਚ ਹਾਜ਼ਰ ਸੈਂਕੜੇ ਕਿਸਾਨਾਂ ਨੂੰ ਪਰਾਲੀ ਦੀ ਰਹਿੰਦ ਖੂੰਹਦ ਦੀ ਸੰਭਾਲ ਸੰਬੰਧੀ ਜਾਣਕਾਰੀ ਦਿੱਤੀ ਅਤੇ ਇਸ ਸੰਬੰਧੀ ਸਰਕਾਰ ਵੱਲੋਂ ਚਲਾਈਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਚਲਾਈਆਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ। ਇਸ ਮੌਕੇ ਕੈਂਪ 'ਚ ਵਿਸ਼ੇਸ਼ ਤੌਰ 'ਤੇ ਐਸ.ਡੀ.ਐਮ ਅਮਨਪਾਲ ਸਿੰਘ ਅਤੇ ਡੀ.ਐਸ.ਪੀ ਸਰਵਣ ਸਿੰਘ ਬੱਲ ਵੱਲੋਂ ਪਰਾਲੀ ਦੀ ਰਹਿੰਦ ਖੂੰਹਦ ਦੀ ਸੰਭਾਲ ਸਬੰਧੀ ਚਲਾਈ ਗਈ ਵੈਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਇਹ ਜਾਗਰੂਕਤਾ ਵੈਨ ਇਲਾਕੇ ਦੇ ਪਿੰਡ ਪਿੰਡ ਜਾ ਕੇ ਲੋਕਾਂ ਨੂੰ ਜਾਗਰੂਕ ਕਰੇਗੀ। ਇਸ ਮੌਕੇ ਵੱਡੀ ਗਿਣਤੀ 'ਚ ਕਿਸਾਨ ਅਤੇ ਪਿੰਡ ਵਾਸੀ ਹਾਜ਼ਰ ਸਨ।

# ਮਕੜੌਨਾ ਸਕੂਲ 'ਚ ਅਧਿਆਪਕਾਂ ਦੀ ਚਾਰ ਰੋਜ਼ਾ ਟ੍ਰੇਨਿੰਗ

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਸਮਰੱਥਾ ਸੁਧਾਰ ਪ੍ਰੋਗਰਾਮ ਤਹਿਤ ਸੀ ਈ ਪੀ ਤਹਿਤ ਬਲਾਕ ਚਮਕੌਰ ਸਾਹਿਬ ਦੇ ਅਧਿਆਪਕਾਂ ਦਾ ਚਾਰ ਰੋਜ਼ਾ ਟ੍ਰੇਨਿੰਗ ਸੈਮੀਨਾਰ ਨਜ਼ਦੀਕੀ ਪਿੰਡ ਮਕੜੌਨਾ ਕਲਾਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਮਾਪਤ ਹੋ ਗਿਆ। ਟ੍ਰੇਨਿੰਗ ਦੇ ਆਖਰੀ ਦਿਨ ਸਮਾਜਿਕ ਸਿੱਖਿਆ ਅਧਿਆਪਕਾਂ ਨੂੰ ਸਿੱਖਿਅਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਿਸੋਰਸ ਪਰਸਨ ਲਖਵਿੰਦਰ ਸਿੰਘ, ਨਿਰਮਲ ਸਿੰਘ, ਮਨਦੀਪ ਸਿੰਘ ਅਤੇ ਲੈਕਚਰਾਰ ਸੁਰਜੀਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਸੰਜੀਵ ਕੁਮਾਰ ਗੌਤਮ ਦੀ ਰਹਿਨੁਮਾਈ, ਮੋਨਿਕਾ ਭੂਟਾਨੀ ਪ੍ਰਿੰਸੀਪਲ ਡਾਇਟ ਰੂਪਨਗਰ ਦੀ ਅਗਵਾਈ ਅਤੇ ਪ੍ਰਿੰਸੀਪਲ ਬਲਵੰਤ ਸਿੰਘ ਬਲਾਕ ਨੋਡਲ ਅਫਸਰ ਦੀ ਦੇਖ-ਰੇਖ ਹੇਠ ਵਿੱਚ ਲਗਾਏ ਇਸ ਕੈਂਪ ਵਿੱਚ ਬਲਾਕ ਦੇ ਸਾਰੇ ਸਮਾਜਿਕ ਸਿੱਖਿਆ ਅਧਿਆਪਕਾਂ ਨੇ ਭਾਗ ਲਿਆ। ਸੈਮੀਨਾਰ ਦੌਰਾਨ ਰਿਸੋਰਸ ਪਰਸਨਾਂ ਨੇ ਸੀ ਈ ਪੀ ਪ੍ਰੋਗਰਾਮ ਦੀ ਲੋੜ, ਕਾਰਜਵਿਧੀ, ਅਭਿਆਸ ਟੈਸਟਾਂ ਅਤੇ ਇਸ ਦੇ ਮੁਲਾਂਕਣ ਤੇ ਵਿਸ਼ਲੇਸ਼ਣ ਤੋਂ ਅਧਿਆਪਕਾਂ ਨੂੰ ਜਾਣੂ ਕਰਵਾਇਆ। ਇਸ ਮੌਕੇ ਲੈਕਚਰਾਰ ਪਰਮਜੀਤ ਕੌਰ, ਮਨਦੀਪ ਕੌਰ, ਰਣਧੀਰ ਸਿੰਘ, ਸਤੀਸ਼ ਕੁਮਾਰ, ਕਰਮਜੀਤ ਸਿੰਘ, ਸਰਬਜੀਤ ਸਿੰਘ, ਜਤਿੰਦਰ ਕੌਰ, ਮਨਿੰਦਰ ਕੌਰ, ਜਸਵਿੰਦਰ ਕੌਰ, ਬਹਾਦਰ ਸਿੰਘ ਅਤੇ ਅਮਨਦੀਪ ਸਿੰਘ ਆਦਿ ਹਾਜ਼ਰ ਸਨ।



# 158 ਸਹਾਇਕ ਪ੍ਰੋਫੈਸਰਾਂ ਦੀ ਤੁਰੰਤ ਜੁਆਂਨਿੰਗ ਕਰਵਾਉਣ ਦੀ ਮੰਗ

**ਚੰਡੀਗੜ੍ਹ**- ਪੰਜਾਬ ਸਟੂਡੈਂਟਸ ਯੂਨੀਅਨ ਵਲੋਂ 1158 ਸਹਾਇਕ ਪ੍ਰੋਫੈਸਰ ਦੀ ਤੁਰੰਤ ਜੁਆਨਿੰਗ ਕਰਵਾਉਣ ਅਤੇ ਗੈਸਟ ਫੈਕਲਟੀ ਪ੍ਰੋਫੈਸਰ ਦੀ ਨੌਕਰੀ ਨੂੰ ਸੁਰੱਖਿਤ ਕਰਕੇ ਸਰਕਾਰੀ ਖ਼ਜ਼ਾਨੇ ਚੋਂ ਤਨਖਾਹ ਦੇਣ ਦੀ ਮੰਗ ਕੀਤੀ। ਇਸ ਮੌਕੇ ਪੀ ਐੱਸ ਯੂ ਦੇ ਸੂਬਾ ਪ੍ਰਧਾਨ ਰਣਵੀਰ ਸਿੰਘ ਕੁਰੜ ਜਨਰਲ ਸਕੱਤਰ ਅਮਨਦੀਪ ਸਿੰਘ ਖਿਓਵਾਲੀ ਅਤੇ ਪ੍ਰੈੱਸ ਸਕੱਤਰ ਮੰਗਲਜੀਤ ਪੰਡੋਰੀ ਨੇ ਕਿਹਾ ਕਿ ਹਾਈ ਕੋਰਟ ਦੇ ਡਬਲ ਬੈਂਚ ਵੱਲੋਂ 1158 ਸਹਾਇਕ ਪ੍ਰੋਫੈਸਰ ਭਰਤੀ ਦੇ ਹੱਕ ਵਿੱਚ ਫੈਸਲਾ ਦੇਣ ਤੋਂ ਬਾਅਦ ਇਹਨਾਂ ਅਧਿਆਪਕਾਂ ਨੂੰ ਕਾਲਜਾਂ ਵਿੱਚ ਜੁਆਇਨ ਕਰਵਾਇਆ ਜਾ ਰਿਹਾ ਹੈ। ਲੰਬੇ ਅਰਸੇ ਬਾਅਦ ਕਾਲਜਾਂ ਅੰਦਰ ਅਧਿਆਪਕਾਂ ਦੀ ਰੈਗੂਲਰ ਭਰਤੀ ਹੋ ਰਹੀ ਹੈ। ਯੂਨੀਅਨ ਦਾ ਮੰਨਣਾ ਹੈ ਕਿ 1158 ਦੀ ਭਰਤੀ ਕਾਲਜਾਂ ਵਿੱਚ ਹੋਣੀ ਚਾਹੀਦੀ ਹੈ। ਇਸ ਦੇ ਬਾਕੀ ਰਹਿੰਦੇ ਅਧਿਆਪਕਾਂ ਨੂੰ ਵੀ ਤੁਰੰਤ ਜੁਆਇਨ ਕਰਵਾਉਣਾ ਚਾਹੀਦਾ ਹੈ। ਦੂਸਰੇ ਪਾਸੇ ਇਸ ਭਰਤੀ ਨਾਲ ਕਾਲਜਾਂ ਵਿੱਚ ਅਧਿਆਪਨ ਦਾ ਕੰਮ ਕਰਦੇ ਗੈਸਟ ਫੈਕਲਟੀ ਅਧਿਆਪਕਾਂ ਅਤੇ 1158 ਯੂਨੀਅਨ ਵਿੱਚ ਟਕਰਾਅ ਤਿੱਖਾ ਹੋ ਰਿਹਾ ਹੈ। ਇਸ ਸਟੇਜ ਤੇ ਸਰਕਾਰ ਵੱਲੋਂ ਗੈਸਟ ਫੈਕਲਟੀ ਨੂੰ ਕਾਲਜਾਂ ਵਿੱਚੋਂ ਬਾਹਰ ਦਾ ਰਸਤਾ ਦਿਖਾਉਣਾ ਸਹੀ ਨਹੀਂ। ਸਰਕਾਰ ਵੱਲੋਂ ਇਹਨਾਂ ਦੀ ਨੌਕਰੀ ਨੂੰ ਸੁਰੱਖਿਅਤ ਕਰਨਾ ਚਾਹੀਦਾ ਹੈ। ਪੰਜਾਬ ਵਿੱਚ ਪਹਿਲਾਂ 48 ਸਰਕਾਰੀ ਕਾਲਜ ਸਨ ਜੋ ਹੁਣ ਨਵੇਂ 16 ਕਾਲਜ ਬਣਨ ਨਾਲ 64 ਹੋ ਗਏ ਹਨ। ਇਹਨਾਂ ਲਈ ਪਹਿਲਾਂ 1873 ਮਨਜ਼ੂਰਸ਼ੁਦਾ ਪੋਸਟਾਂ ਸਨ ਜੋ ਹੁਣ ਵਧ ਕੇ ਲਗਭਗ 2400 ਹੋ ਗਈਆਂ ਹਨ। ਇਸ ਦੇ ਨਾਲ ਹੀ ਰਾਸ਼ਟਰੀ ਸਿੱਖਿਆ ਨੀਤੀ ਕਾਰਨ ਕਾਲਜਾਂ ਵਿੱਚ ਵਿਸ਼ਿਆਂ ਦੀ ਗਿਣਤੀ ਵਧ ਗਈ ਹੈ। ਇਸ ਲਈ ਜੇਕਰ ਵਿਦਿਆਰਥੀ ਅਤੇ ਅਧਿਆਪਕ ਅਨੁਪਾਤ ਮੁਤਾਬਕ ਦੇਖੀਏ ਤਾਂ ਵੀ ਅਧਿਆਪਕਾਂ ਦੀ ਹੋਰ ਬਹੁਤ ਜ਼ਰੂਰਤ ਹੈ। ਇਸ ਕਰਕੇ ਕਾਲਜਾਂ ਵਿੱਚ 1158 ਅਤੇ ਗੈਸਟ ਫੈਕਲਿਟੀ ਦੋਵੇਂ ਧਿਰਾਂ ਦਾ ਹੀ ਰਹਿਣਾ ਜ਼ਰੂਰੀ ਹੈ। ਦੂਸਰਾ ਗੈਸਟ ਫੈਕਲਟੀ ਅਤੇ 1158 ਨੂੰ ਸਰਕਾਰ ਆਪਣੀ ਨਾਕਾਮੀ ਲਕਾਉਣ ਲਈ ਇੱਕ ਦੂਸਰੇ ਦੇ ਖਿਲਾਫ ਧਿਰ ਬਣਾ ਰਹੀ ਹੈ

।ਉਚੇਰੀ ਸਿੱਖਿਆ ਦੇ ਸੰਕਟ ਲਈ ਸਰਕਾਰ ਜ਼ਿੰਮੇਵਾਰ ਹੈ ਨਾ ਕਿ 1158 ਜਾਂ ਗੈਸਟ ਫੈਕਲਟੀ ।ਦੋਨਾਂ ਧਿਰਾਂ ਨੂੰ ਸੁਹਿਰਦਤਾ ਦਿਖਾਉਂਦੇ ਹੋਏ ਆਪਣੀਆਂ ਮੰਗਾਂ ਲਈ ਸਰਕਾਰ ਦੀ ਪਾੜੋ ਤੇ ਰਾਜ ਕਰੋ ਦੀ ਨੀਤੀ ਨੂੰ ਪਛਾਣਦੇ ਹੋਏ ਸਰਕਾਰ ਖਿਲਾਫ ਸੰਘਰਸ਼ ਨੂੰ ਮਘਾਉਣਾ ਚਾਹੀਦਾ ਹੈ।

# ਸ਼ਾਹਕੋਟ 'ਚ ਸੰਗੀਤਕ ਸ਼ਾਮ 4 ਨੂੰ



ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸੁਖਪਾਲ ਸਿੰਘ ਦੇਵਗੁਣ ਤੇ ਹੋਰ

**ਸ਼ਾਹਕੋਟ (ਗਿਆਨ ਸੈਦਪੁਰੀ)**

ਸੁਰਤਾਲ ਸੰਗੀਤ ਵਿਦਿਆਲਾ ਸ਼ਾਹਕੋਟ ਵੱਲੋਂ 4 ਅਕਤੂਬਰ ਨੂੰ ਸ਼ਾਮ ਸੱਤ ਵਜੇ ਤੋਂ ਨੌਂ ਵਜੇ ਤੱਕ 'ਤਾਲ ਉਤਸਵ' ਮਨਾਇਆ ਜਾ ਰਿਹਾ ਹੈ। ਇਸ ਸੰਬੰਧ ਵਿੱਚ ਪੱਤਰਕਾਰਾਂ ਤੱਕ ਗੱਲਬਾਤ ਕਰਦਿਆ ਸੁਰਤਾਲ ਸੰਗੀਤ ਵਿਦਿਆਲਾ ਦੇ ਸੰਚਾਲਕ ਸੰਗੀਤਕਾਰ ਸੁਖਪਾਲ ਸਿੰਘ ਦੇਵਗੁਣ ਅਤੇ ਮੈਡਮ ਸੁਰਿੰਦਰ ਕੌਰ ਦੇਵਗੁਣ ਨੇ ਦੱਸਿਆ ਕਿ ਸੰਗੀਤਕ ਜੁਗਲਬੰਦੀ ਲਈ ਤਾਲ ਉਤਸਵ ਵਿੱਚ ਚੋਟੀ ਦੇ ਕਲਾਕਾਰ ਆਪਣੇ ਫ਼ਨ ਦੀ ਪੇਸ਼ਕਾਰੀ ਕਰਨਗੇ।ਬੰਗਾਲ ਦੇ ਮਸ਼ਹੂਰ ਤਬਲਾਵਾਦਕ ਨੀਲੀਮੇਸ਼ ਚੱਕਰਵਰਤੀ ਤਬਲੇ ਰਾਹੀਂ ਅਤੇ ਸੰਦੀਪ ਸਿੰਘ ਦਿਲਰੁਬਾ ਰਾਹੀਂ 4 ਅਕਤੂਬਰ ਦੀ ਸ਼ਾਮ ਨੂੰ ਸੁਰਮਈ ਬਣਾਉਣਗੇ। ਤਾਲ ਉਤਸਵ ਦੇ ਆਯੋਜਨ ਵਿੱਚ ਸਾਹਿਤ ਸਿੱਖਿਆ ਸੇਵਾ ਸਭਾ ਸ਼ਾਹਕੋਟ ਸਹਿਯੋਗੀ ਹੈ।ਸਭਾ ਵੱਲੋਂ ਕਈ ਸਾਹਿਤ ਅਤੇ ਸੰਗੀਤ ਪ੍ਰੇਮੀਆਂ ਦਾ ਮਾਣ ਸਤਿਕਾਰ ਕੀਤਾ ਜਾਵੇਗਾ।ਅੰਤਰਰਾਸ਼ਟਰੀ ਪੱਧਰ ਦੇ ਸੰਗੀਤਕਾਰਾਂ ਦੀ ਸੰਗਤ ਮਾਣਨ ਦੀ ਵਿਦਿਆਲਾ ਦੇ ਪ੍ਰਬੰਧਕਾਂ ਵੱਲੋਂ ਸੰਗੀਤ ਪ੍ਰੇਮੀਆਂ ਨੂੰ ਸਨਿਮਰ ਸੱਦਾ ਹੈ।ਪ੍ਰੈੱਸ ਕਾਨਫਰੰਸ ਵਿੱਚ ਸੰਗੀਤਕਾਰ ਤਲਵਿੰਦਰ ਸਿੰਘ ਵੀ ਮੌਜੂਦ ਸੀ।

# ਆੜ੍ਹਤੀ ਯੂਨੀਅਨ ਵੱਲੋਂ ਹੜਤਾਲ ਕਰਨ ਕਰਕੇ ਕਿਸਾਨ ਪ੍ਰੇਸ਼ਾਨ, ਮੰਡੀਆਂ 'ਚ ਰੁਲ ਰਿਹਾ ਝੋਨਾ



**ਭੁਲੱਥ, (ਮਨਪ੍ਰੀਤ ਸਿੰਘ)**-ਸਬ ਡਵੀਜ਼ਨ ਕਸਬਾ ਭੁਲੱਥ ਵਿੱਚ ਸਮੂਹ ਆੜ੍ਹਤੀ ਯੂਨੀਅਨ ਵੱਲੋਂ ਆੜ੍ਹਤੀ ਯੂਨੀਅਨ ਪੰਜਾਬ ਦੇ ਪ੍ਰਧਾਨ ਵਿਜੇ ਕਾਲੜਾ ਦੇ ਸੱਦੇ 'ਤੇ ਆਪਣੀ ਮੰਗਾਂ ਨੂੰ ਲੈ ਕੇ ਹੜਤਾਲ ਕੀਤੀ ਗਈ ਸੀ, ਜਿਸ ਕਰਕੇ ਕਿਸਾਨਾਂ ਦੀ ਝੋਨੇ ਦੀ ਤੁਲਾਈ ਰੋਕ ਕੇ ਦੱਸਿਆ ਗਿਆ ਸੀ ਕਿ ਕਿਸਾਨਾਂ ਦਾ ਮਾਲ ਮੰਡੀਆਂ ਵਿੱਚ ਢੇਰੀ ਨਹੀਂ ਕਰਵਾਇਆ ਜਾਵੇਗਾ, ਜਿੰਨੀ ਦੇਰ ਓਹਨਾਂ ਦੀਆਂ ਮੰਗਾਂ ਨਹੀਂ ਮੰਨੀਆਂ ਜਾਂਦੀਆਂ।ਦੂਜੇ ਪਾਸੇ ਕਿਸਾਨਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਕਿਉਂਕਿ ਝੋਨੇ ਦੀ ਫਸਲ ਕੱਟੇ ਜਾਣ ਉਪਰੰਤ ਮੰਡੀਆਂ ਵਿੱਚ ਝੋਨਾ ਲਿਆਉਣ ਲਈ ਕਿਸਾਨਾਂ ਨੂੰ ਮਾਨਸਿਕ ਪਰੇਸ਼ਾਨੀ ਚੋਂ ਲੰਘਣਾ ਪੈ ਰਿਹਾ ਹੈ।ਦੂਜੇ ਪਾਸੇ ਮੰਡੀਆਂ ਵਿੱਚ ਲੱਗੀਆਂ ਝੋਨੇ ਦੀਆਂ ਬੋਰੀਆਂ ਦੇ ਅੰਬਾਰ ਤੁਲਾਈ ਨਾ ਹੋਣ ਕਰਕੇ ਤੇ ਆੜ੍ਹਤੀ ਯੂਨੀਅਨ ਵੱਲੋਂ ਕੀਤੀ ਹੜਤਾਲ ਕਰਕੇ ਰੁਲ ਰਿਹਾ ਨਜ਼ਰ ਆ ਰਿਹਾ ਹੈ। ਕਿਸਾਨ ਆਗੂ ਦਸਤਾਰ ਸਿੰਘ ਕੰਗ, ਬਚਿੱਤਰ ਸਿੰਘ, ਸਰਪੰਚ ਸਰਬਜੀਤ ਸਿੰਘ ਬਾਗਵਾਨਪੁਰ, ਸੂਰਤ ਰਾਮ, ਦਰਸ਼ਨ ਸਿੰਘ, ਰਤਨ ਸਿੰਘ, ਖੁਸ਼ਪਾਲ ਸਿੰਘ, ਸੂਬੇਦਾਰ ਸੁਰਿੰਦਰ ਸਿੰਘ, ਕੁਲਵੰਤ ਸਿੰਘ ਕੰਗ, ਅਜਾਇਬ ਸਿੰਘ ਨੰਬਰਦਾਰ, ਸੁਖਵਿੰਦਰ ਸਿੰਘ ਘੁੰਮਣ, ਅਮਰ ਸਿੰਘ, ਰਸ਼ਪਾਲ ਸਿੰਘ, ਸੁਖਵਿੰਦਰ ਸਿੰਘ ਕੰਗ, ਮੁਖਤਿਆਰ ਸਿੰਘ ਬਾਗਵਾਨਪੁਰ ਵੱਲੋਂ ਇਸ ਹੜਤਾਲ ਦੀ ਨਿਖੇਧੀ ਕੀਤੀ ਗਈ। ਉਨ੍ਹਾਂ ਕਿਹਾ ਕਿ ਇਸ ਹੜਤਾਲ ਨੂੰ ਜਲਦ ਤੋਂ ਜਲਦ ਖੋਲ੍ਹਿਆ ਜਾਵੇ ਤਾਂ ਕਿ ਕਿਸਾਨਾਂ ਨੂੰ ਰਾਹਤ ਮਿਲ ਸਕੇ।

# ਪੱਤਰਕਾਰਾਂ ਦਾ ਵਫਦ ਕਮਿਸ਼ਨਰ ਨਗਰ ਨਿਗਮ ਨੂੰ ਮਿਲਿਆ



**ਫਗਵਾੜਾ (ਜਸਵਿੰਦਰ ਢੱਡਾ)**

ਫਗਵਾੜਾ ਪੱਤਰਕਾਰ ਸੰਗਠਨ ਰਜਿ. ਫਗਵਾੜਾ ਦਾ ਇੱਕ ਵਫਦ ਪ੍ਰਧਾਨ ਡਾ. ਰਮਨ ਸ਼ਰਮਾ ਦੀ ਪ੍ਰਧਾਨਗੀ ਹੇਠ ਸਥਾਨਕ ਨਗਰ ਨਿਗਮ ਦੇ ਕਮਿਸ਼ਨਰ ਮੈਡਮ ਨਵਨੀਤ ਕੌਰ ਬੱਲ ਨੂੰ ਮਿਲਿਆ ਅਤੇ ਉਨ੍ਹਾਂ ਨੂੰ ਗੁਲਦਸਤਾ ਭੇਟ ਕਰ ਜੀ ਆਇਆਂ ਆਖਿਆ ਅਤੇ ਮੈਡਮ 'ਤੇ ਭਰੋਸਾ ਜਤਾਇਆ ਕਿ ਉਹ ਸ਼ਹਿਰ ਦੀ ਬਿਹਤਰੀ ਲਈ ਯਤਨਸ਼ੀਲ ਹੋ ਕੰਮ ਕਰਨਗੇ। ਇਸ ਮੌਕੇ ਵਫ਼ਦ 'ਚ ਪ੍ਰਧਾਨ ਡਾ. ਰਮਨ, ਧੰਨਪਾਲ ਸਿੰਘ ਗਾਂਧੀ, ਸੁਸ਼ੀਲ ਸ਼ਰਮਾ, ਅਸ਼ੋਕ ਸ਼ਰਮਾ, ਕਮਲਦੀਪ ਸਿੰਘ, ਨਰਿੰਦਰਪਾਲ ਸਿੰਘ ਮਾਹੀ, ਜੀਵਨ ਸੰਘਾ, ਅਜੇ ਕੋਛੜ, ਅਮ੍ਰਿਤਪਾਲ ਸਿੰਘ, ਜਸਵਿੰਦਰ ਸਿੰਘ ਭਗਤਪੁਰਾ ਆਦਿ ਮੌਜੂਦ ਸਨ।

# ਮਾਪਿਆਂ ਅਤੇ ਸਿੱਖਿਅਕਾਂ ਵਿਚਕਾਰ ਸਹਿਯੋਗ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਸੈਮੀਨਾਰ

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**- ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਨੇ ਸਾਡੇ ਅਕਾਦਮਿਕ ਨਤੀਜਿਆਂ ਨੂੰ ਵਧਾਉਣ ਅਤੇ ਮਾਪਿਆਂ ਅਤੇ ਸਿੱਖਿਅਕਾਂ ਵਿਚਕਾਰ ਸਹਿਯੋਗ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਇੱਕ ਸੈਮੀਨਾਰ ਦੀ ਮੇਜ਼ਬਾਨੀ ਕੀਤੀ। ਇਸ ਪ੍ਰੋਗਰਾਮ ਵਿੱਚ ਮਾਪਿਆਂ ਲਈ ਸੈਸ਼ਨ ਪੇਸ਼ ਕੀਤਾ ਗਿਆ ਸੀ ਜਿਸ ਤੋਂ ਬਾਅਦ ਬੱਚਿਆਂ ਲਈ ਇੱਕ ਗਤੀਵਿਧੀਆਂ ਭਰਪੂਰ ਪ੍ਰਦਰਸ਼ਨ ਵੀ ਸੀ। ਮਾਤਾ-ਪਿਤਾ ਨੇ 5-413 ਅਧਿਆਪਨ ਵਿਧੀ ਦੇ ਪ੍ਰਦਰਸ਼ਨ ਵਿੱਚ ਹਿੱਸਾ ਲਿਆ, ਸਿੱਖਿਆ ਪ੍ਰਤੀ ਸਾਡੀ ਨਵੀਨਤਾਕਾਰੀ ਪਹੁੰਚ ਬਾਰੇ ਸਮਝ ਪ੍ਰਾਪਤ ਕੀਤੀ। ਮਿਸ ਮੁਕਤਾ ਮੈਡਮ ਸਾਡੀ ਗ੍ਰੋਥ ਪਾਰਟਨਰ, ਨੇ ਘਰ ਵਿੱਚ ਬੱਚਿਆਂ ਦੇ ਸਿੱਖਣ ਵਿੱਚ ਸਹਾਇਤਾ ਕਰਨ ਲਈ ਕੀਮਤੀ ਰਣਨੀਤੀਆਂ ਸਾਂਝੀਆਂ ਕੀਤੀਆਂ। ਗ੍ਰੇਡ 6-8 ਲਈ 5-413 ਲਾਗੂ ਕਰਨ 'ਤੇ ਵਿਸਤ੍ਰਿਤ ਚਰਚਾ ਨੇ ਮਾਪਿਆਂ ਨੂੰ ਭਵਿੱਖ ਦੀਆਂ ਅਕਾਦਮਿਕ ਉਮੀਦਾਂ ਬਾਰੇ ਸਪੱਸ਼ਟਤਾ ਪ੍ਰਦਾਨ ਕੀਤੀ।ਮਾਪਿਆਂ ਨੂੰ ਘਰ ਅਤੇ ਸਕੂਲ ਦੋਵਾਂ ਵਿੱਚ ਪੜ੍ਹਨ ਦੀਆਂ ਆਦਤਾਂ ਨੂੰ ਉਤਸ਼ਾਹਿਤ ਕਰਨ ਲਈ ਵਿਹਾਰਕ ਸਲਾਹ ਮਿਲੀ।ਇੱਕ ਇੰਟਰਐਕਟਿਵ ਨੇ ਮਾਪਿਆਂ ਨੂੰ ਖਾਸ ਚਿੰਤਾਵਾਂ ਅਤੇ ਸਵਾਲਾਂ ਨੂੰ ਹੱਲ ਕਰਨ ਦੀ ਇਜਾਜ਼ਤ ਦਿੱਤੀ।ਮਾਪਿਆਂ ਦਾ ਸਹਿਯੋਗ ਮਾਪਿਆਂ ਅਤੇ ਸਕੂਲ ਵਿਚਕਾਰ ਭਾਈਵਾਲੀ ਨੂੰ ਮਜ਼ਬੂਤ ? ?ਕਰਨ ਵੱਲ ਇੱਕ ਮਹੱਤਵਪੂਰਨ ਕਦਮ ਸੀ। ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਨਵਦੀਪ ਕੌਰ ਨੇ ਕਿਹਾ ਕਿ ਅਸੀਂ ਸਾਰੇ ਭਾਗੀਦਾਰਾਂ ਦਾ ਧੰਨਵਾਦ ਕਰਦੇ ਹਾਂ ਅਤੇ ਹੋਰ ਪਹਿਲਕਦਮੀਆਂ ਦੀ ਉਮੀਦ ਕਰਦੇ ਹਾਂ ਜੋ ਸਾਡੇ ਵਿਦਿਆਰਥੀਆਂ ਦੇ ਵਿਕਾਸ ਵਿੱਚ ਸਹਾਇਤਾ ਕਰਦੇ ਹਨ।



# ਚਰਨਜੀਤ ਸਿੰਘ ਤੇ ਸੁਖਵਿੰਦਰ ਸਿੰਘ ਬਾਗੜੀਆਂ ਨੂੰ ਢਾਈ-ਢਾਈ ਸਾਲ ਲਈ ਸਰਪੰਚ ਚੁਣਿਆ



**ਭੁਲੱਥ (ਮਨਪ੍ਰੀਤ ਸਿੰਘ)**-ਪਿੰਡ ਬਾਗੜੀਆਂ ਵਿੱਚ ਸਰਬ ਸੰਮਤੀ ਨਾਲ ਪੰਚਾਇਤ ਚੋਣ ਹੋਈ। ਇਸ ਮੌਕੇ ਪਿੰਡ ਦੇ ਪਤਵੰਤਿਆਂ ਅਤੇ ਮੋਹਤਬਰਾਂ ਵੱਲੋਂ ਸਰਬ ਸੰਮਤੀ ਨਾਲ ਪਿੰਡ ਬਾਗੜੀਆਂ ਦੇ ਸਰਪੰਚ ਚਰਨਜੀਤ ਸਿੰਘ ਤੇ ਸੁਖਵਿੰਦਰ ਸਿੰਘ ਬਾਗੜੀਆਂ ਨੂੰ ਚੁਣਿਆ ਗਿਆ। ਇਸ ਤੋਂ ਇਲਾਵਾ ਢਾਈ ਸਾਲ ਉਪਰੰਤ ਸੁਖਵਿੰਦਰ ਸਿੰਘ ਬਾਗੜੀਆਂ ਨੂੰ ਸਰਪੰਚੀ ਲਈ ਚੁਣਿਆ ਗਿਆ। ਢਾਈ ਢਾਈ ਸਾਲ ਦੋਵੇਂ ਸਰਪੰਚ ਸਰਪੰਚੀ ਕਰਨਗੇ। ਇਸ ਮੌਕੇ ਗੁਰਮੀਤ ਸਿੰਘ, ਕਰਮਜੀਤ ਸਿੰਘ, ਦਿਲਦੀਪ ਸਿੰਘ, ਬਲਵਿੰਦਰ ਸਿੰਘ, ਰੁਪਿੰਦਰ ਸਿੰਘ, ਮਲਕੀਤ ਸਿੰਘ ਤੇ ਚੀਨਾ ਮਸੀਹ ਮੈਂਬਰ ਪੰਚਾਇਤ ਚੁਣੇ ਗਏ। ਸਰਪੰਚ ਚਰਨਜੀਤ ਸਿੰਘ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਿੰਡ ਬਾਗੜੀਆਂ ਦੇ ਵਿਕਾਸ ਦੇ ਕੰਮਾਂ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਤੇ ਪਿੰਡ ਦੇ ਹਰੇਕ ਵਸਨੀਕ ਦਾ ਬਿਨਾਂ ਕਿਸੇ ਭੇਦਭਾਵ ਦੇ ਕੰਮ ਕੀਤਾ ਜਾਵੇਗਾ। ਇਸ ਮੌਕੇ ਬਲਵਿੰਦਰ ਸਿੰਘ ਕਾਲਾ, ਅਜਾਇਬ ਸਿੰਘ, ਅਜੀਤ ਸਿੰਘ, ਸਰਵਨ ਸਿੰਘ, ਸੈਕਟਰੀ ਬਲਵਿੰਦਰ ਸਿੰਘ ਕਿਸਾਨ ਯੂਨੀਅਨ, ਗੁਰਮੇਲ ਸਿੰਘ ਸਾਬਕਾ ਪੰਚ, ਝਿਰਮਲ ਸਿੰਘ, ਸਾਬਕਾ ਸਰਪੰਚ ਮਹਿੰਦਰ ਸਿੰਘ, ਸਾਬਕਾ ਸਰਪੰਚ ਸੁਰਿੰਦਰ ਸਿੰਘ, ਯੋਗਾ ਸਿੰਘ, ਕੁਲਵੰਤ ਸਿੰਘ ਫੌਜੀ, ਜਰਨੈਲ ਸਿੰਘ ਯੂ.ਐਸ.ਏ, ਤਰਲੋਕ ਸਿੰਘ, ਸਾਬਕਾ ਸਰਪੰਚ ਕੁਲਦੀਪ ਸਿੰਘ ਹਾਜ਼ਰ ਸਨ।

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਪਟਾਖੇ ਤੇ ਆਤਿਸ਼ਬਾਜ਼ੀ ਚਲਾਉਣ ਲਈ ਸਮਾਂ ਨਿਰਧਾਰਤ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਮੈਜਿਸਟਰੇਟ ਹੁਸ਼ਿਆਰਪੁਰ ਕੋਮਲ ਮਿੱਤਲ ਨੇ ਭਾਰਤੀਯ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਆਉਣ ਵਾਲੇ ਦਿਨਾਂ ਵਿਚ ਤਿਉਹਾਰਾਂ ਦੇ ਮੱਦੇਨਜ਼ਰ ਜ਼ਿਲ੍ਹੇ ਦੀ ਹੱਦ ਅੰਦਰ ਪਟਾਖੇ ਚਲਾਉਣ ਸਬੰਧੀ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਨੇ ਜ਼ਿਲ੍ਹੇ ਵਿਚ ਪਟਾਖੇ ਅਤੇ ਆਤਿਸ਼ਬਾਜ਼ੀ ਚਲਾਉਣ ਲਈ ਦਿਨ ਅਤੇ ਸਮਾਂ ਨਿਰਧਾਰਤ ਕੀਤਾ ਹੈ ਅਤੇ ਹਦਾਇਤ ਕੀਤੀ ਹੈ ਕਿ ਇਸ ਨਿਰਧਾਰਤ ਸਮੇਂ ਤੋਂ ਬਾਅਦ ਜਾਂ ਇਸ ਤੋਂ ਪਹਿਲਾਂ ਪਟਾਖੇ ਅਤੇ ਆਤਿਸ਼ਬਾਜ਼ੀ ਚਲਾਉਣ 'ਤੇ ਪੂਰਨ ਪਾਬੰਦੀ ਹੋਵੇਗੀ। ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਵਿਚ ਕਿਹਾ ਗਿਆ ਹੈ ਕਿ 31 ਅਕਤੂਬਰ ਨੂੰ ਦੀਵਾਲੀ ਵਾਲੇ ਦਿਨ ਸਵੇਰੇ 8 ਵਜੇ ਤੋਂ ਰਾਤ 10 ਵਜੇ ਤੱਕ, 15 ਨਵੰਬਰ ਨੂੰ ਗੁਰਪੁਰਬ ਵਾਲੇ ਦਿਨ ਸਵੇਰੇ 4 ਵਜੇ ਤੋਂ ਸਵੇਰੇ 5 ਵਜੇ ਤੱਕ ਤੇ ਰਾਤ 9 ਵਜੇ ਤੋਂ ਰਾਤ 10 ਵਜੇ ਤੱਕ ਅਤੇ 25 ਦਸੰਬਰ ਨੂੰ ਕ੍ਰਿਸਮਸ 'ਤੇ 31 ਦਸੰਬਰ (ਅੱਧੀ ਰਾਤ) ਨਵੇਂ ਸਾਲ ਦੇ ਮੌਕੇ 'ਤੇ ਰਾਤ 11:55 ਤੋਂ 12:30 ਵਜੇ ਤੱਕ ਪਟਾਖੇ ਚਲਾਏ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸਾਈਲੈਂਸ ਜ਼ੋਨਾਂ ਜਿਵੇਂ ਕਿ ਹਸਪਤਾਲ, ਵਿੱਦਿਅਕ ਸੰਸਥਾਵਾਂ, ਅਦਾਲਤਾਂ ਅਤੇ ਧਾਰਮਿਕ ਸਥਾਨਾਂ ਆਦਿ ਦੇ 100 ਮੀਟਰ ਦੇ ਘੇਰੇ ਅੰਦਰ ਪਟਾਖੇ ਚਲਾਉਣ ਦੀ ਇਜਾਜ਼ਤ ਨਹੀਂ ਹੋਵੇਗੀ। ਉਨ੍ਹਾਂ ਸਮੂਹ ਉਪ ਮੰਡਲ ਮੈਜਿਸਟਰੇਟਾਂ, ਇਲਾਕਾ ਮੈਜਿਸਟਰੇਟਾਂ, ਜ਼ਿਲ੍ਹਾ ਪੁਲਿਸ ਨੂੰ ਹਦਾਇਤ ਕੀਤੀ ਹੈ ਕਿ ਉਹ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਜਾਰੀ ਇਨ੍ਹਾਂ ਹੁਕਮਾਂ ਅਤੇ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ।

# ਸਿੱਖਿਆ ਰਾਹੀਂ ਸਮਾਜ ਨੂੰ ਦਿਸ਼ਾ ਦੇਣ ਦਾ ਕੰਮ ਕਰਦੇ ਹਨ ਅਧਿਆਪਕ : ਕੰਗ

**ਫਗਵਾੜਾ (ਡਾ. ਰਮਨ)**

ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਫ ਐਮੀਨੈਂਸ ਫਗਵਾੜਾ ਵਿਖੇ ਅੰਤਰਰਾਸ਼ਟਰੀ ਅਧਿਆਪਕ ਦਿਵਸ ਮੌਕੇ ਇਕ ਸਨਮਾਨ ਸਮਾਗਮ ਕਰਵਾਇਆ ਗਿਆ। ਕਲੱਬ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ ਦੀ ਦੇਖ-ਰੇਖ ਹੇਠ ਕਰਵਾਏ ਸਮਾਗਮ ਦੀ ਪ੍ਰਧਾਨਗੀ ਸਕੂਲ ਪ੍ਰਿੰਸੀਪਲ ਰਣਜੀਤ ਕੁਮਾਰ ਗੋਗਨਾ ਨੇ ਕੀਤੀ। ਇਸ ਦੌਰਾਨ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ ਜੇ ਐਫ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕਲੱਬ ਵਲੋਂ ਸਕੂਲ ਦੇ ਪੰਜ ਅਧਿਆਪਕਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਸ਼ਲਾਘਾਯੋਗ ਸੇਵਾਵਾਂ ਨਿਭਾਉਣ ਲਈ ਸਨਮਾਨਿਤ ਕੀਤਾ ਗਿਆ। ਸਨਮਾਨਿਤ ਅਧਿਆਪਕਾਂ ਵਿੱਚ ਸੋਸ਼ਲ ਸਟੱਡੀਜ਼ ਮਿਸਟਰੈਸ ਅਨੀਤਾ ਕੁਮਾਰੀ ਸੋਮਰਾ, ਸਾਇੰਸ ਮਿਸਟਰੈਸ ਰਵਨੀਤ ਕੌਰ ਸਿੱਧੂ, ਐੱਸ ਸੀ ਆਈ ਮਿਸਟਰੈਸ ਸ਼ਿਲਪਾ ਪੁੰਜ ਤੋਂ ਇਲਾਵਾ ਪੰਜਾਬੀ ਮਿਸਟਰੈਸ ਗੁਰਪ੍ਰੀਤ ਕੌਰ ਅਤੇ ਪੰਜਾਬੀ ਮਿਸਟਰੈਸ ਕੁਲਜੀਤ ਕੌਰ ਸ਼ਾਮਲ ਹਨ। ਜਿਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸ਼ੁਭ ਇੱਛਾਵਾਂ ਦਿੱਤੀਆਂ ਗਈਆਂ। ਲਾਇਨ ਗੁਰਦੀਪ ਸਿੰਘ ਕੰਗ ਨੇ ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਧਿਆਪਕ ਹੀ ਸਮਾਜ ਨੂੰ ਸੇਧ ਦਿੰਦੇ ਹਨ। ਉਹਨਾਂ ਦਾ ਹਮੇਸ਼ਾ ਸਤਿਕਾਰ ਹੋਣਾ ਚਾਹੀਦਾ ਹੈ। ਕੋਈ ਵਿਅਕਤੀ ਭਾਵੇਂ ਕਿੰਨੇ ਵੀ ਉੱਚੇ ਅਹੁਦੇ 'ਤੇ ਪਹੁੰਚ ਜਾਵੇ, ਉਸ ਦੀ ਸਫ਼ਲਤਾ ਵਿੱਚ ਅਧਿਆਪਕ ਵਿਸ਼ੇਸ਼ ਭੂਮਿਕਾ ਨਿਭਾਉਂਦੇ ਹਨ। ਪ੍ਰਿੰਸੀਪਲ ਰਣਜੀਤ ਕੁਮਾਰ ਗੋਗਨਾ ਨੇ ਮੁੱਖ ਮਹਿਮਾਨ ਲਾਇਨ ਗੁਰਦੀਪ ਸਿੰਘ ਕੰਗ ਨੂੰ ਦੁਸ਼ਾਲਾ ਭੇਟ ਕਰਕੇ ਸਨਮਾਨਿਤ ਕੀਤਾ ਅਤੇ ਕਿਹਾ ਕਿ ਅਧਿਆਪਕਾਂ ਦਾ ਸਤਿਕਾਰ ਹਮੇਸ਼ਾ ਹੀ ਉਨ੍ਹਾਂ ਨੂੰ ਲਗਨ ਦੇ ਨਾਲ ਡਿਊਟੀ ਪ੍ਰਤੀ ਉਤਸ਼ਾਹਿਤ ਕਰਦਾ ਹੈ। ਇਸ ਪ੍ਰੋਜੈਕਟ ਦੇ ਡਾਇਰੈਕਟਰ ਕਲੱਬ ਦੇ ਸਕੱਤਰ ਲਾਇਨ ਦਿਨੇਸ਼ ਖਰਬੰਦਾ ਅਤੇ ਪੀ ਆਰ ਓ ਲਾਇਨ ਸਤਵਿੰਦਰ ਸਿੰਘ ਭਮਰਾ ਸਨ। ਕਲੱਬ ਦੇ ਕੈਸ਼ੀਅਰ ਲਾਇਨ ਅਜੇ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਨਵੀਂ ਬਣੀ ਕਲੱਬ ਦਾ ਇਹ ਚੌਥਾ ਪ੍ਰੋਜੈਕਟ ਹੈ। ਉਹਨਾਂ ਨੇ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਵੀ ਅਜਿਹੇ ਉਪਰਾਲੇ ਜਾਰੀ ਰਹਿਣਗੇ। ਸਟੇਜ ਦਾ ਸੰਚਾਲਨ ਲਾਇਨ ਸੁਸ਼ੀਲ ਸ਼ਰਮਾ ਡਿਸਟ੍ਰਿਕਟ ਚੇਅਰਮੈਨ (ਜੀ.ਐਸ.ਟੀ.) ਨੇ ਜਾਣੇ-ਪਛਾਣੇ ਅੰਦਾਜ਼ ਵਿੱਚ ਕੀਤਾ। ਇਸ ਮੌਕੇ ਲਾਇਨ ਸੁਮਿਤ ਭੰਡਾਰੀ, ਲਾਇਨ ਸ਼ਸ਼ੀ ਕਾਲੀਆ, ਲਾਇਨ ਸਾਰੰਗ ਨਿਸਚਲ, ਲਾਇਨ ਮਨੋਜ ਕੁਮਾਰ, ਲਾਇਨ ਵਿੱਕੀ ਚੁੰਬਰ ਤੋਂ ਇਲਾਵਾ ਸਕੂਲ ਸਟਾਫ ਦੀਪਕ ਸਹਿਗਲ, ਸਤਨਾਮ ਸਿੰਘ, ਦੇਸਰਾਜ, ਸ਼ਰੂਤੀ ਦੁੱਗਲ ਆਦਿ ਹਾਜਰ ਸਨ।



# ਮਜ਼ਦੂਰਾਂ ਵੱਲੋਂ ਮੰਡੀ 'ਚ ਧਰਨਾ

**ਸ਼ਾਹਕੋਟ (ਗਿਆਨ ਸੈਦਪੁਰੀ)**-ਬਲਦੇਵ ਬਿੱਲੂ ਢੰਡੋਵਾਲ ਦੀ ਅਗਵਾਈ ਵਿੱਚ ਗੱਲਾ ਮਜ਼ਦੂਰ ਯੂਨੀਅਨ ਸ਼ਾਹਕੋਟ ਵੱਲੋਂ ਮੰਗਲਵਾਰ ਨੂੰ ਸਥਾਨਕ ਅਨਾਜ ਮੰਡੀ ਵਿੱਚ ਰੋਸ ਧਰਨਾ ਦਿੱਤਾ ਗਿਆ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਆਗੂਆਂ ਨੇ ਆਪਣੀ ਮਜ਼ਦੂਰੀ ਵਿੱਚ ਵਾਧਾ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਹਰ ਸਾਲ ਜਿਣਸਾਂ ਦੇ ਭਾਅ ਵਿੱਚ ਵਾਧਾ ਕੀਤਾ ਜਾਂਦਾ ਹੈ ਪਰ ਜਿਣਸਾਂ ਨੂੰ ਸਾਫ ਕਰਕੇ ਬੋਰੀਆਂ ਵਿੱਚ ਭਰ ਕੇ ਤੋਲ ਤੁਲਾਈ ਕਰਕੇ ਗੁਦਾਮਾਂ ਤੱਕ ਪਹੁੰਚਾਉਣ ਵਾਲੇ ਮਜ਼ਦੂਰਾਂ ਨੂੰ ਅਣਗੌਲਿਆ ਕਰ ਦਿੱਤਾ ਜਾਂਦਾ ਹੈ। ਆਗੂਆਂ ਨੇ ਦੱਸਿਆ ਕਿ ਇਸ ਵਾਰ ਪ੍ਰਤੀ ਬੋਰੀ ਦੀ ਮਜ਼ਦੂਰੀ ਵਿੱਚ ਚਾਰ ਪੈਸੇ ਦਾ ਵਾਧਾ ਕਰਕੇ ਮਜ਼ਦੂਰਾਂ ਨਾਲ ਮਜ਼ਾਕ ਕੀਤਾ ਗਿਆ ਹੈ। ਇਸ ਮੌਕੇ ਜ਼ਬਰਦਸਤ ਨਾਅਰੇਬਾਜ਼ੀ ਵੀ ਕੀਤੀ ਗਈ। ਧਰਨੇ ਨੂੰ ਸਰਬਜੀਤ ਸਿੰਘ ਸਾਹਬੀ, ਬਲਜੀਤ ਸਿੰਘ ਸ਼ਾਹਕੋਟ, ਪਵਨ ਕੁਮਾਰ ਲੱਕੀ, ਸਰਬਣ ਸਿੰਘ, ਬਲਵੀਰ ਸਿੰਘ ਸੈਦਪੁਰ, ਬਲਵਿੰਦਰ ਸਿੰਘ ਬਿੰਦਰ, ਬਾਬਾ ਚਰਨਜੀਤ ਚੰਨੀ, ਨਿੱਕਾ ਬਾਊਪੁਰ ਨੇ ਵੀ ਸੰਬੋਧਨ ਕੀਤਾ।



# ਕੌਮੀ ਖੂਨਦਾਨ ਦਿਵਸ ਮੌਕੇ ਮਿਆਰੀ ਸੇਵਾਵਾਂ ਪ੍ਰਤੀ ਵਚਨਬੱਧਤਾ ਦਾ ਪ੍ਰਗਟਾਵਾ




**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਪਹਿਲੀ ਅਕਤੂਬਰ ਦੇਸ਼ ਭਰ ਵਿੱਚ ਕੌਮੀ ਖੂਨਦਾਨ ਦਿਵਸ ਦੇ ਤੌਰ 'ਤੇ ਮਨਾਇਆ ਜਾਂਦਾ ਹੈ ਜੋ ਕਿ ਭਾਰਤ ਵਿੱਚ ਖੂਨਦਾਨ ਲਹਿਰ ਦੇ ਪਿਤਾਮਾ ਡਾ. ਜੇ.ਜੀ.ਜੌਲੀ ਦਾ ਜਨਮ ਦਿਨ ਹੈ। ਇਸ ਸੰਦਰਭ ਵਿੱਚ ਸਥਾਨਕ ਬੀ.ਡੀ.ਸੀ ਬਲੱਡ ਸੈਂਟਰ ਵਿਖੇ ਹਰ ਸਾਲ ਦੀ ਤਰ੍ਹਾਂ ਸਵੈ-ਇੱਛੁਕ ਖੂਨਦਾਨ ਕੈਂਪ ਆਯੋਜਿਤ ਕੀਤਾ ਗਿਆ। ਕੈਂਪ ਦਾ ਉਦਘਾਟਨ ਮੈਡਮ ਰੇਖਾ ਜੈਨ ਵਲੋਂ ਆਪਣੇ ਕਰ ਕਮਲਾਂ ਨਾਲ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਨਾਲ ਐਸ ਕੇ ਸਰੀਨ, ਜੇ ਐਸ ਗਿੱਦਾ, ਪ੍ਰਵੇਸ਼ ਕੁਮਾਰ, ਜੀ.ਐਸ.ਤੂਰ, ਪੀ ਆਰ ਕਾਲੀਆ, ਰਾਜਿੰਦਰ ਕੌਰ ਗਿੱਦਾ, ਡਾ. ਅਜੇ ਬੱਗਾ, ਡਾ. ਦਿਆਲ ਸਰੂਪ, ਮੈਨੇਜਰ ਮਨਮੀਤ ਸਿੰਘ, ਮਾ. ਨਰਿੰਦਰ ਸਿੰਘ ਭਾਰਟਾ, ਯੁਵਰਾਜ ਕਾਲੀਆ, ਨਰਿੰਦਰਪਾਲ ਤੂਰ, ਮੁਕੇਸ਼ ਕਾਹਮਾ, ਮਲਕੀਅਤ ਸਿੰਘ ਸੜੋਆ, ਪ੍ਰਿਅੰਕਾ ਕੌਸ਼ਲ, ਭੁਪਿੰਦਰ ਸਿੰਘ ਲੰਗੜੋਆ, ਅਨੀਤਾ ਕੁਮਾਰੀ, ਸੁਨੈਨਾ ਸ਼ਰਮਾ, ਮੰਦਨਾ ਤੇ ਸਟਾਫ ਹਾਜ਼ਰ ਸੀ। ਕੈਂਪ ਤੋਂ ਪਹਿਲਾਂ ਖੂਨਦਾਨ ਸੇਵਾਵਾਂ ਪ੍ਰਤੀਬੱਧਤਾ ਦੀ ਕਸਮ ਚੁਕਾਈ ਗਈ ਜਿਸ ਵਿੱਚ ਕਮੇਟੀ ਮੈਂਬਰ, ਸਟਾਫ ਮੈਂਬਰ ਤੇ ਮੁੱਖ ਮਹਿਮਾਨ ਸ਼ਖ਼ਸੀਅਤਾਂ ਨੇ ਭਾਗ ਲਿਆ। ਇਸ ਮੌਕੇ ਨਰਿੰਦਰ ਸਿੰਘ ਭਾਰਟਾ, ਯੁਵਰਾਜ ਕਾਲੀਆ ਨੂੰ ਬਤੌਰ ਸਲਾਹਕਾਰ ਨਾਮਜ਼ਦ ਕੀਤਾ ਗਿਆ। ਮੁੱਖ ਮਹਿਮਾਨ ਮੈਡਮ ਰੇਖਾ ਜੈਨ ਵਲੋਂ ਸੰਸਥਾ ਦੀ ਵਿੱਤੀ ਮਦਦ ਕੀਤੀ ਗਈ। ਸੰਸਥਾ ਵਲੋਂ ਮੁੱਖ ਮਹਿਮਾਨ ਦਾ ਸਨਮਾਨ ਕੀਤਾ ਗਿਆ।

# ਲੁਟੇਰਿਆਂ ਮੋਦੀ ਸ਼ੂਗਰ ਮਿੱਲ ਦੇ ਅਫਸਰ ਦਾ ਮੋਬਾਇਲ ਖੋਹਿਆ

**ਫਿਲੌਰ (ਨਿਰਮਲ)**-ਮੋਦੀ ਸ਼ੂਗਰ ਮਿੱਲ ਮੋਦੀ ਨਗਰ (ਯੂ.ਪੀ) ਦੇ ਉੱਚ ਅਧਿਕਾਰੀ ਆਰ ਕੇ ਸ਼ਰਮਾ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਉਹ ਫਿਲੌਰ ਰੇਲਵੇ ਸਟੇਸ਼ਨ 'ਤੇ ਰੇਲ ਗੱਡੀ ਤੋਂ ਉਤਰ ਕੇ ਨਕੋਦਰ ਵੱਲ ਜਾਣ ਲਈ ਜਦੋਂ ਰੇਲਵੇ ਸਟੇਸ਼ਨ ਤੋਂ ਬਾਹਰ ਸੜਕ 'ਤੇ ਆਇਆ ਤੇ ਆਪਣੇ ਫੋਨ ਰਾਹੀਂ ਗੱਲ ਕਰ ਰਿਹਾ ਸੀ ਤਾਂ ਪਿੱਛੋਂ ਮੋਟਰਸਾਈਕਲ 'ਤੇ ਸਵਾਰ ਦੋ ਨੌਜਵਾਨ ਆਏ ਅਤੇ ਮੇਰਾ ਮੋਬਾਈਲ ਫੋਨ ਖੋ ਕੇ ਆਪਣੇ ਮੋਟਰਸਾਈਕਲ 'ਤੇ ਭੱਜ ਗਏ। ਮੈਂ ਰੌਲਾ ਵੀ ਪਾਇਆ ਪਰ ਉਹ ਕਾਬੂ ਨਹੀਂ ਆ ਸਕੇ। ਮੈਂ ਮੋਦੀ ਨਗਰ ਤੋਂ ਮਿੱਲ ਦੇ ਕੰਮ ਸਬੰਧੀ ਪੰਜਾਬ ਆਇਆ ਸੀ। ਮੇਰੇ ਮੋਢੇ 'ਤੇ ਬੈਗ ਸੀ, ਉਸ ਦਾ ਬਚਾਓ ਹੋ ਗਿਆ, ਜਿਸ ਵਿੱਚ ਪੈਸੇ ਅਤੇ ਮਿੱਲ ਦੇ ਜ਼ਰੂਰੀ ਕਾਗਜ਼ਾਤ ਸਨ।

# ਤੰਦਰੁਸਤ ਪੰਜਾਬ ਲਈ ਕਿਸਾਨ ਪਰਾਲੀ ਨਾ ਸਾੜਨ : ਜਲਾਲਪੁਰ

**ਬਲਾਚੌਰ (ਜਸਵਿੰਦਰ ਬੈਂਸ)**-ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਕਿਉਂਕਿ ਇਸ ਤੋਂ ਨਿਕਲਣ ਵਾਲਾ ਜ਼ਹਿਰੀਲਾ ਧੂੰਆਂ ਵਾਤਾਵਰਣ ਨੂੰ ਦੂਸ਼ਿਤ ਕਰ ਰਿਹਾ ਹੈ ਅਤੇ ਗੰਭੀਰ ਬਿਮਾਰੀਆਂ ਦਾ ਕਾਰਨ ਬਣ ਸਕਦਾ ਹੈ।ਉਨ੍ਹਾਂ ਕਿਹਾ ਕਿ ਅੱਜ ਦੁਨੀਅਹ ਭਰ ਦੇ ਲੋਕ ਹਵਾ, ਪਾਣੀ ਅਤੇ ਜ਼ਮੀਨ ਵਿੱਚ ਫੈਲ ਰਹੇ ਪ੍ਰਦੂਸ਼ਣ ਤੋਂ ਪ੍ਰੇਸ਼ਾਨ ਹਨ। ਇਸ ਨੂੰ ਰੋਕਣ ਲਈ ਪਰਾਲੀ ਨੂੰ ਨਾ ਸਾੜਨਾ ਜ਼ਰੂਰੀ ਹੋ ਗਿਆ ਹੈ। ਇਸ ਲਈ ਪੰਜਾਬ ਦੇ ਸਮੂਹ ਕਿਸਾਨਾਂ ਨੂੰ ਲੋਕਾਂ ਨੂੰ ਤੰਦਰੁਸਤ ਅਤੇ ਸਿਹਤਮੰਦ ਬਣਾਉਣ ਲਈ ਸਹਿਯੋਗ ਕਰਨਾ ਚਾਹੀਦਾ ਹੈ। ਜਲਾਲਪੁਰ ਨੇ ਕਿਹਾ ਕਿ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਇਸ ਦੀ ਕਟਾਈ ਕਰਕੇ ਪਸ਼ੂਆਂ ਦੇ ਚਾਰੇ ਜਾਂ ਹੋਰ ਕੰਮਾਂ ਲਈ ਵਰਤਣਾ ਚਾਹੀਦਾ ਹੈ। ਇਸ ਨਾਲ ਉਹਨਾਂ ਦੀ ਰੋਜ਼ਾਨਾ ਦੀ ਪਸ਼ੂਆਂ ਦੇ ਚਾਰੇ ਦੀ ਜ਼ਰੂਰਤ ਪੂਰੀ ਹੋਵੇਗੀ।

# ਗੁਰਮਤਿ ਸਮਾਗਮ ਕਰਵਾਇਆ





**ਬਲਾਚੌਰ (ਜਸਵਿੰਦਰ ਬੈਂਸ)**

ਧੰਨ ਧੰਨ ਗੁਰੂ ਨਾਨਕ ਸਾਹਿਬ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਹਰ ਸਾਲ ਦੀ ਤਰਾਂ 4, 5, 6 ਨਵੰਬਰ ਨੂੰ ਹੋਣ ਵਾਲੇ ਸਾਲਾਨਾ ਮਹਾਨ ਕੀਰਤਨ ਦਰਬਾਰ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮਾਂ ਦੀ ਚਲ ਰਹੀ ਲੜੀ ਦੇ 14ਵੇਂ ਸਮਾਗਮ ਬਲਾਚੌਰ ਵਿਖੇ ਬੜੀ ਧੂਮਧਾਮ, ਚੜਦੀ ਕਲਾ ਅਤੇ ਜੋਸ਼ ਭਰਪੂਰ ਮਾਹੌਲ ਨਾਲ ਸੰਪੂਰਨ ਹੋਏ।ਗੁਰੂ ਸਾਹਿਬ ਜੀ ਦੀ ਅਪਾਰ ਕ੍ਰਿਪਾ ਸਦਕਾ ਇਸ ਕੀਰਤਨ ਦਰਬਾਰ ਨੂੰ ਸਮਰਪਿਤ ਪਿਛਲੇ ਕਾਫੀ ਦਿਨਾਂ ਤੋਂ ਵੱਖ-ਵੱਖ ਪਿੰਡਾਂ ਸ਼ਹਿਰਾਂ ਦੇ ਵਿੱਚ ਗੁਰਮਤਿ ਸਮਾਗਮਾਂ ਦੀ ਲੜੀ ਦਾ ਆਯੋਜਨ ਕੀਤਾ ਜਾ ਰਿਹਾ ਹੈ ਜਿਸ ਵਿਚ ਰੋਜ਼ਾਨਾ ਹਜਾਰਾਂ ਦੀ ਗਿਣਤੀ ਵਿਚ ਸੰਗਤਾਂ ਹਾਜ਼ਰੀ ਭਰਦੀਆਂ ਹਨ।ਇਸ ਲੜੀ ਦਾ 14ਵਾਂ ਗੁਰਮਤਿ ਸਮਾਗਮ ਇਸ ਵਾਰ ਤਹਿਸੀਲ ਪੱਧਰ 'ਤੇ ਜਨਰਲ ਬਿਕਰਮ ਸਿੰਘ ਮੈਮੋਰੀਅਲ ਖਾਲਸਾ ਸਕੂਲ ਮਹਿੰਦੀਪੁਰ ਦੀ ਗਰਾਊਂਡ ਵਿਖੇ ਕਰਵਾਇਆ ਗਿਆ।ਸਮਾਗਮ ਦੀ ਸ਼ੁਰੂਆਤ ਰਹਿਰਾਸ ਸਾਹਿਬ ਜੀ ਦੇ ਪਾਠ ਉਪਰੰਤ ਭਾਈ ਹਰਜਿੰਦਰ ਸਿੰਘ ਅਟਾਰੀ ਵਾਲਿਆਂ ਨੇ ਗੁਰਬਾਣੀ ਦੇ ਰਸਭਿੰਨੇ ਕੀਰਤਨ ਨਾਲ ਕੀਤੀ। ਉਨਾਂ ਤੋਂ ਬਾਅਦ ਭਾਈ ਸਰਬਜੀਤ ਸਿੰਘ ਪਟਨਾ ਵਾਲਿਆਂ ਦੇ ਜੱਥੇ ਨੇ ਅੰਮ੍ਰਿਤਮਈ ਗੁਰਬਾਣੀ ਦਾ ਰਸਭਿੰਨਾ ਅਤੇ ਜੋਸ਼ਪੂਰਨ ਕੀਰਤਨ ਗਾਇਨ ਕਰਕੇ ਸੰਗਤਾਂ ਨੂੰ ਪ੍ਰਮਾਤਮਾ ਦੀ ਇਲਾਹੀ ਬਾਣੀ ਦੇ ਨਾਲ ਜੋੜਿਆ।ਉਪਰੰਤ ਪੰਥ ਦੇ ਮਹਾਨ ਕਥਾਵਾਚਕ ਗਿਆਨੀ ਸਰਬਜੀਤ ਸਿੰਘ ਲੁਧਿਆਣੇ ਵਾਲਿਆਂ ਨੇ ਸੰਗਤਾਂ ਨੂੰ ਗੁਰ ਇਤਿਹਾਸ ਗੁਰਬਾਣੀ ਦੇ ਵਡਮੁੱਲੇ ਸਿਧਾਂਤਾਂ ਤੋਂ ਜਾਣੂ ਕਰਵਾਇਆ। ਉਨ੍ਹਾਂ ਨੇ ਕਥਾ ਕਰਦਿਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਸੰਗਤਾਂ ਨੂੰ ਆਪਣੇ ਗੁਰੂ ਤੇ ਭਰੋਸਾ ਹੋਣਾ ਜਰੂਰੀ ਹੈ।ਗੁਰੂ ਸਾਹਿਬ ਦੀ ਸ਼ਖ਼ਸੀਅਤ ਨੂੰ ਪਹਿਚਾਨਣ ਲਈ ਉਨਾਂ ਵਲੋਂ ਰਚਿਤ ਬਾਣੀ ਦੇ ਸਿਧਾਤਾਂ ਤੇ ਅਮਲ ਕਰਨਾ ਅਤਿਅੰਤ ਜਰੂਰੀ ਹੈ।ਆਪਣੇ ਆਪ ਨੂੰ ਜਦੋਂ ਗੁਰੂ ਚਰਨਾਂ ਵਿੱਚ ਸਮਰਪਿਤ ਕਰਾਂਗੇ ਤੇ ਸਾਡੀ ਜ਼ਿੰਦਗੀ ਹੀ ਬਦਲ ਜਾਵੇਗੀ।ਸਮਗਾਮ ਦੀ ਸਮਾਪਤੀ ਮੌਕੇ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਅਰਦਾਸੀਆ ਸਿੰਘ ਸ੍ਰੀ ਦਰਬਾਰ ਨੇ ਰਸਭਿੰਨੀ ਅਵਾਜ 'ਚ ਅਰਦਾਸ ਅਤੇ ਹੁਕਮਨਾਮਾ ਸਾਹਿਬ ਦੀ ਸੇਵਾ ਕਰਕੇ ਦਰਬਾਰ ਸਾਹਿਬ ਵਾਲੇ ਮਹੌਲ ਦੀ ਸਿਰਜਨਾ ਕਰ ਦਿੱਤੀ। ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵਲੋਂ ਸ਼੍ਰੋਮਣੀ ਗੁ: ਪ੍ਰਬੰਧਕ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਗੁਰਬਖਸ਼ ਸਿੰਘ ਖਾਲਸਾ, ਸਮਾਗਮ ਦੇ ਸਰਪ੍ਰਸਤ ਬਰਜਿੰਦਰ ਸਿੰਘ ਹੁਸੈਨਪੁਰ, ਸੁਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ, ਮੁੱਖ ਪ੍ਰਬੰਧਕ ਅਮਰੀਕ ਸਿੰਘ ਬਛੋੜੀ, ਦੀਦਾਰ ਸਿੰਘ ਗਹੂੰਣ, ਸੁਖਵੰਤ ਸਿੰਘ ਚੀਮਾ, ਤਰੁਨਜੀਤ ਸਿੰਘ ਥਾਂਦੀ, ਗੁਰਦੇਵ ਸਿੰਘ ਗਹੂੰਣ ਨੇ ਭਾਈ ਸਰਬਜੀਤ ਸਿੰਘ ਪਟਨਾ ਸਾਹਿਬ, ਭਾਈ ਸਰਬਜੀਤ ਸਿੰਘ ਲੁਧਿਆਣਾ ਅਤੇ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਅਰਦਾਸੀਆ ਸਿੰਘ ਸ੍ਰੀ ਦਰਬਾਰ ਸਾਹਿਬ ਦਾ ਸਨਮਾਨ ਕੀਤਾ। ਤਰਲੋਚਨ ਸਿੰਘ ਖਟਕੜ ਕਲਾਂ ਵਲੋਂ ਮੰਚ ਸੰਚਾਲਨ ਕੀਤਾ ਗਿਆ। ਸੁਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਵਲੋਂ ਜਿਲ੍ਹੇ ਭਰ ਤੋਂ ਹਜਾਰਾਂ ਦੀ ਗਿਣਤੀ 'ਚ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਜਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਸਿੰਘ ਜਲਾਲਪੁਰ ਸੰਗਤਾਂ ਵਿਚ ਮੌਜੂਦ ਸਨ।

2-OCT-PAGE-10.qxd 10/1/2024 10:08 PM Page 1



## ਬਰੌਂਡਵੇ ਸਕੂਲ ਮਨਾਲ 'ਚ ਮਨਾਇਆ ਵਰਲਡ ਹਾਰਟ ਡੇਅ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਨਾਮਵਰ ਸੰਸਥਾ ਬਰੌਂਡਵੇ ਪਬਲਿਕ ਸਕੂਲ ਮਨਾਲ ਵਿਖੇ 'ਵਰਲਡ ਹਾਰਟ ਡੇਅ' ਮਨਾਉਣ ਲਈ ਸਾਇੰਸ ਵਿਭਾਗ ਵੱਲੋਂ ਗਤੀਵਿਧੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਭਾਗ ਮੁਖੀ ਜਤਿੰਦਰ ਸ਼ਾਹੀ ਤੇ ਉਨ੍ਹਾਂ ਦੇ ਵਿਭਾਗ ਅਧਿਆਪਕਾਂ ਵੱਲੋਂ ਬਾਰਵੀਂ, ਮੈਡੀਕਲ ਸ਼੍ਰੇਣੀ ਦੇ ਵਿਦਿਆਰਥੀਆਂ ਨੂੰ ਪ੍ਰਯੋਗਿਕ ਤਰੀਕੇ ਨਾਲ ਤਿਆਰੀ ਕਰਵਾ ਕੇ ਬਹੁਤ ਹੀ ਸੁਚੱਜੇ ਢੰਗ ਨਾਲ ਸਾਡਾ ਦਿਲ ਖੂਨ ਸਾਫ ਕਰਕੇ ਕਿਵੇਂ ਸਰੀਰ ਅੰਦਰ ਭੇਜਦਾ ਹੈ, ਸਾਰੇ ਸਕੂਲ ਦੇ ਵਿਦਿਆਰਥੀਆਂ ਨੂੰ ਵਿਖਾ ਕੇ ਸਮਝਾਇਆ। ਇਹ ਸਾਇੰਸ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਜਾਣਕਾਰੀ ਦੇਣ ਦਾ ਬਹੁਤ ਹੀ ਸ਼ਲਾਘਾਯੋਗ ਕਾਰਜ ਸੀ। ਇਸ ਕਾਰਜ ਲਈ ਆਰਟ ਵਿਭਾਗ ਦੇ ਮੁਖੀ ਗੋਪਾਲ ਕ੍ਰਿਸ਼ਨ ਵੱਲੋਂ ਵੀ ਭਰਪੂਰ ਸਹਿਯੋਗ ਦਿੱਤਾ ਗਿਆ। ਇਸ ਤੋਂ ਇਲਾਵਾ ਮੈਡੀਕਲ ਇੰਚਾਰਜ ਮੈਡਮ ਗੁਰਪ੍ਰੀਤ ਕੌਰ ਵੱਲੋਂ ਵੀ ਅਧਿਆਪਕਾਂ ਦੀ ਮੈਡੀਕਲ ਜਾਂਚ ਕੀਤੀ ਗਈ। ਸਕੂਲ ਚੇਅਰਮੈਨ ਰਣਜੀਤ ਸਿੰਘ ਚੀਮਾ, ਡਾਇਰੈਕਟਰ ਨਵਰੀਤ ਕੌਰ ਤੇ ਪ੍ਰਿੰਸੀਪਲ ਮੁਹੰਮਦ ਆਰਿਫ ਸੈਫੀ ਨੇ ਇਸ ਗਤੀਵਿਧੀ ਦੀ ਸ਼ਲਾਘਾ ਕੀਤੀ ਅਤੇ ਸਾਇੰਸ ਵਿਭਾਗ ਮੁਖੀ ਤੇ ਅਧਿਆਪਕਾਂ ਦਾ ਧੰਨਵਾਦ ਕੀਤਾ।

## 'ਆਪ' ਸਰਕਾਰੀ ਤੰਤਰ ਰਾਹੀਂ ਧਾਂਦਲੀਆਂ ਕਰਨ 'ਤੇ ਉੱਤਰੀ : ਭੀਨਾ ਬਰਾੜ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਲੋਕ ਸਭਾ ਚੋਣਾਂ 'ਚ 13 ਸੀਟਾਂ ਤੋਂ ਸਿਰਫ 3 ਸੀਟਾਂ 'ਤੇ ਹੀ ਸਿਮਟ ਕੇ ਰਹਿ ਜਾਣ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਪੰਚਾਇਤੀ ਚੋਣਾਂ 'ਚ ਵੀ ਆਪਣੀ ਹੁੰਦੀ ਹਾਰ ਨੂੰ ਦੇਖ ਕੇ ਬੁਖਲਾਹਟ ਵਿੱਚ ਆ ਚੁੱਕੀ ਹੈ ਅਤੇ ਹੁਣ ਆਮ ਆਦਮੀ ਪਾਰਟੀ ਸਰਕਾਰੀ ਤੰਤਰ ਦਾ ਦੁਰਉਪਯੋਗ ਕਰਕੇ ਜੋ ਧੱਕੇਸ਼ਾਹੀ ਕਰਨ ਦੀ ਕੋਸਿਸ਼ ਕਰ ਰਹੀ ਹੈ, ਉਸ ਨੂੰ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸਿਮਰਜੀਤ ਸਿੰਘ ਭੀਨਾ ਬਰਾੜ ਨੇ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਤੋਂ ਪੰਜਾਬ ਦੇ ਲੋਕਾਂ ਨੇ ਮੂੰਹ ਫੇਰ ਲਿਆ ਹੈ ਤੇ ਆਪਣੀ ਹਾਰ ਤੋਂ ਡਰਦੀ ਹੋਈ ਆਮ ਆਦਮੀ ਪਾਰਟੀ ਦੀ ਸਰਕਾਰ ਹੁਣ ਸਰਕਾਰੀ ਤੰਤਰ ਰਾਹੀਂ ਧਾਂਦਲੀਆਂ ਕਰਨ 'ਤੇ ਉੱਤਰ ਆਈ ਹੈ। ਉਨ੍ਹਾ ਕਿਹਾ ਕਿ ਵਿਧਾਨ ਸਭਾ ਹਲਕਾ ਸ੍ਰੀ ਮੁਕਤਸਰ ਸਾਹਿਬ ਅੰਦਰ ਪਿਛਲੇ ਦਿਨੀਂ, ਜੋ ਰਿਜ਼ਰਵੇਸ਼ਨ ਨੂੰ ਲੈ ਕੇ ਗਲਤ ਸੂਚੀਆਂ ਜਾਰੀ ਕੀਤੀਆਂ ਗਈਆਂ ਹਨ, ਉਸ ਸਬੰਧੀ ਸਾਰਾ ਮਾਮਲਾ ਪੰਜਾਬ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਧਿਆਨ ਵਿੱਚ ਲਿਆ ਦਿੱਤਾ ਗਿਆ ਹੈ।

## ਪੀ ਐੱਮ ਕੇਂਦਰੀ ਵਿਦਿਆਲਿਆ ਵਿਖੇ ਹਿੰਦੀ ਪੰਦਰਵਾੜਾ ਮਨਾਇਆ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਪੀ ਐੱਮ ਸ੍ਰੀ ਕੇਂਦਰੀ ਵਿਦਿਆਲਿਆ ਫਰੀਦਕੋਟ ਛਾਉਣੀ ਵਿਖੇ ਡਾ: ਸੁਨੀਲ ਕੁਮਾਰ ਪ੍ਰਿੰਸੀਪਲ ਦੀ ਪ੍ਰਧਾਨਗੀ ਹੇਠ ਹਿੰਦੀ ਪੰਦਰਵਾੜਾ ਬੜੀ ਧੂਮਧਾਮ ਨਾਲ ਸਮਾਪਤ ਹੋਇਆ।ਇਸ ਮੌਕੇ ਸਕੂਲ ਦੇ ਪ੍ਰਸਿੱਧ ਸਾਹਿਤਕਾਰ ਤੇ ਸਾਬਕਾ ਪ੍ਰਿੰਸੀਪਲ ਸੁਰੇਸ਼ ਹੰਸ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ।ਉਨ੍ਹਾ ਪੰਦਰਵਾੜੇ ਦੌਰਾਨ ਕਰਵਾਏ ਗਏ ਵੱਖ-ਵੱਖ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ।ਅੰਤ ਵਿੱਚ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਾਹਿਤ ਪੜ੍ਹਨ ਦੀਆਂ ਵਿਸ਼ੇਸ਼ਤਾਵਾਂ ਬਾਰੇ ਦੱਸਿਆ, ਜਿਸ ਨਾਲ ਉਹ ਆਪਣੀ ਭਾਸ਼ਾ ਨੂੰ ਹੋਰ ਪ੍ਰਭਾਵਸ਼ਾਲੀ ਬਣਾ ਸਕਦੇ ਹਨ।ਪ੍ਰਿੰਸੀਪਲ ਡਾ: ਸੁਨੀਲ ਕੁਮਾਰ ਨੇ ਸੁਰੇਸ਼ ਹੰਸ ਦੀ ਸ਼ਖ਼ਸੀਅਤ ਤੇ ਉਨ੍ਹਾਂ ਦੁਆਰਾ ਲਿਖੇ ਨਾਵਲਾਂ ਅਤੇ ਹੋਰ ਸਾਹਿਤ ਬਾਰੇ ਚਾਨਣਾ ਪਾਇਆ ਅਤੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਹੋਰ ਵਿਦਿਆਰਥੀਆਂ ਨੂੰ ਵੀ ਅਜਿਹੇ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ।ਪ੍ਰਿੰਸੀਪਲ ਡਾ: ਸੁਨੀਲ ਕੁਮਾਰ ਨੇ ਸਾਹਿਤਕਾਰ ਸ੍ਰੀ ਸੁਰੇਸ਼ ਹੰਸ ਨੂੰ ਸ਼ਾਲ ਪਾ ਕੇ ਸਨਮਾਨਤ ਕੀਤਾ। ਸਟੇਜ ਦਾ ਸੰਚਾਲਨ ਸ੍ਰੀ ਅਗਰਚੰਦ ਨੇ ਕੀਤਾ।ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਪ੍ਰਾਇਮਰੀ ਤੇ ਸੈਕੰਡਰੀ ਵਿਭਾਗ ਦੇ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਪੂਰਨ ਸਹਿਯੋਗ ਦਿੱਤਾ।

## ਸਫ਼ਾਈ ਸੇਵਕਾਂ ਦਾ ਮੈਡੀਕਲ ਟੈਸਟ ਕਰਾਇਆ



**ਮੱਖੂ (ਰਛਪਾਲ ਸਿੰਘ ਸੰਧੂ)**-ਸਵੱਛ ਭਾਰਤ ਮੁਹਿੰਮ ਤਹਿਤ ਪੰਜਾਬ ਸਰਕਾਰ ਵੱਲੋਂ 17 ਸਤੰਬਰ ਤੋਂ 2 ਅਕਤੂਬਰ ਤੱਕ ਸੂਬਾ ਪੱਧਰੀ ਚਲਾਈ ਮੁਹਿੰਮ ਤਹਿਤ ਨਗਰ ਪੰਚਾਇਤ ਵੱਲੋਂ ਕਾਰਜ ਸਾਧਕ ਅਫਸਰ ਸ਼ਰਨਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਗਰ ਪੰਚਾਇਤ ਵਿੱਚ ਕੰਮ ਕਰਦੇ ਰੈਗੂਲਰ ਸਫਾਈ ਸੇਵਕ ਤੇ ਕੰਟਰੈਕਟ ਬੇਸ ਸਫ਼ਾਈ ਸੇਵਕਾਂ ਦਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਕਟਾਰੀਆ ਦੀ ਅਗਵਾਈ ਵਿੱਚ ਆਮ ਆਦਮੀ ਕਲੀਨਿਕ 'ਚ ਮੈਡੀਕਲ ਟੈਸਟ ਕਰਾਏ ਅਤੇ ਸਮੂਹ ਸਫ਼ਾਈ ਸੇਵਕਾਂ ਨੂੰ ਆਯੁਸ਼ਮਾਨ ਹੈਲਥ ਕਾਰਡ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਗਿਆ।'ਆਪ' ਆਗੂ ਨਰਿੰਦਰ ਕਟਾਰੀਆ ਨੇ ਸ਼ਹਿਰ ਵਾਸੀਆਂ ਨੂੰ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ 'ਚ ਨਗਰ ਪੰਚਾਇਤ ਦਾ ਸਹਿਯੋਗ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਦੇ ਨਾਲ ਸਫ਼ਾਈ ਸੇਵਕਾਂ ਦੀ ਸਿਹਤ ਦਾ ਵੀ ਖਿਆਲ ਰੱਖਿਆ ਜਾ ਰਿਹਾ ਹੈ।

## ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਸਾਲਾਨਾ ਹਿਸਾਬ ਜਾਰੀ



**ਬੁਢਲਾਡਾ (ਅਸ਼ੋਕ ਲਾਕੜਾ)**-ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਹਰ ਸਾਲ ਦੀ ਤਰ੍ਹਾਂ ਸਾਲ 2023-24 ਦਾ ਹਿਸਾਬ ਕਿਤਾਬ ਇੱਕ ਪ੍ਰਭਾਵਸ਼ਾਲੀ ਸਮਾਗਮ ਕਰਕੇ ਜਾਰੀ ਕੀਤਾ ਗਿਆ।ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ ਤੇ ਕੁਲਦੀਪ ਸਿੰਘ ਅਨੇਜਾ ਨੇ ਦੱਸਿਆ ਕਿ ਜਾਰੀ ਕੀਤੇ ਹਿਸਾਬ ਅਨੁਸਾਰ ਸਾਲ 2023-24 ਦੀ ਸੰਸਥਾ ਦੀ ਆਮਦਨ 44,02,435 ਰੁਪਏ ਹੋਈ।ਪਿਛਲਾ ਬਕਾਇਆ 6,,09,600 ਰੁਪਏ ਜੋੜ ਕੇ ਕੁੱਲ ਆਮਦਨ 50,12,035 ਰੁਪਏ ਹੋ ਗਈ।ਸਾਲ ਦਾ ਖ਼ਰਚਾ 41,59,100 ਰੁਪਏ ਹੋਇਆ, ਜੋ ਲੋੜਵੰਦ ਪਰਵਾਰਾਂ ਨੂੰ ਰਾਸ਼ਨ, ਲੋੜਵੰਦ ਬੱਚਿਆਂ ਨੂੰ ਫ਼ੀਸ, ਸਟੇਸ਼ਨਰੀ, ਕੋਟੀਆਂ, ਮਰੀਜ਼ ਦਾ ਇਲਾਜ, ਮਕਾਨਾਂ ਦੀ ਮੁਰੰਮਤ, ਗਰੀਬ ਬੱਚੀਆਂ ਦੇ ਵਿਆਹ, ਪਾਣੀ ਸੇਵਾ, ਹੜ੍ਹ ਪੀੜਤਾਂ ਦੀ ਮਦਦ, ਮੈਡੀਕਲ ਕੈਂਪ, ਸਵ-ਵੈਨ ਤੇ ਪਾਲਕੀ ਸਾਹਿਬ ਦੀ ਸੇਵਾ ਸਮੇਤ ਅਨੇਕਾਂ ਸਮਾਜ ਭਲਾਈ ਕਾਰਜਾਂ 'ਤੇ ਖ਼ਰਚ ਹੋਇਆ।ਕੁਲਵਿੰਦਰ ਸਿੰਘ ਈ.ਓ ਤੇ ਰਜਿੰਦਰ ਵਰਮਾ ਨੇ ਦੱਸਿਆ ਕਿ ਹਿਸਾਬ ਜਾਰੀ ਕਰਨ ਮੌਕੇ ਸੰਸਥਾ ਮੈਂਬਰਾਂ ਤੋਂ ਇਲਾਵਾ ਵਿਸ਼ੇਸ਼ ਤੌਰ 'ਤੇ ਚਿਰੰਜੀ ਲਾਲ ਜੈਨ ਸਮੇਤ ਅਗਰਵਾਲ ਸਭਾ ਦੀ ਕਮੇਟੀ ਅਤੇ ਧਰਮ ਪ੍ਰਚਾਰ ਸ਼੍ਰੋਮਣੀ ਕਮੇਟੀ ਦੇ ਸਕੱਤਰ ਭਰਪੂਰ ਸਿੰਘ ਪਹੁੰਚੇ ਸਨ।ਉਨ੍ਹਾਂ ਦੱਸਿਆ ਕਿ ਸੰਸਥਾ ਹਰ ਸਾਲ ਬੜੀ ਈਮਾਨਦਾਰੀ ਨਾਲ ਹਿਸਾਬ ਤਿਆਰ ਕਰਕੇ, ਸੀ.ਏ ਮੋਹਿਤ ਗਰਗ ਤੋਂ ਆਡਿਟ ਕਰਾ ਕੇ ਜਾਰੀ ਕਰਦੀ ਰਹੀ ਹੈ।ਸੰਸਥਾ ਵੱਲੋਂ 200 ਤੋਂ ਵੱਧ ਲੋੜਵੰਦ ਵਿਧਵਾ ਤੇ ਅੰਗਹੀਣ ਪਰਿਵਾਰਾਂ ਦੀ ਸੰਭਾਲ ਕੀਤੀ ਜਾਂਦੀ ਹੈ।ਹਰ ਸਾਲ ਮਹਿਲਾ ਦਿਵਸ ਮੌਕੇ 8 ਮਾਰਚ ਨੂੰ 13 ਲੋੜਵੰਦ ਬੱਚੀਆਂ ਦਾ ਵਿਆਹ ਕੀਤਾ ਜਾਂਦਾ ਹੈ।

## ਬੀਰਬਲ ਸਿੰਘ ਨੂੰ ਸਹਿਕਾਰੀ ਸਭਾ ਦਾ ਪ੍ਰਧਾਨ ਚੁਣਿਆ



**ਚੀਮਾ ਮੰਡੀ (ਰਵਿੰਦਰ ਚੀਮਾ)**-ਦੀ ਚੀਮਾ ਬਹੁਮੰਤਵੀ ਖੇਤੀਬਾੜੀ ਸਹਿਕਾਰੀ ਸਭਾ ਦੀ ਚੋਣ ਹੋਈ, ਜਿਸ ਵਿੱਚ ਬੀਰਬਲ ਸਿੰਘ ਨੂੰ ਪ੍ਰਧਾਨ, ਬਹਾਦਰ ਸਿੰਘ ਚਹਿਲ ਮੀਤ ਪ੍ਰਧਾਨ, ਜਗਤਾਰ ਸਿੰਘ ਬਾਬੇ ਕਾ ਸੀਨੀਅਰ ਮੀਤ ਪ੍ਰਧਾਨ, ਜਸਵੀਰ ਸਿੰਘ, ਮੇਜਰ ਸਿੰਘ, ਗਿਆਨ ਸਿੰਘ, ਕੁਲਦੀਪ ਸਿੰਘ, ਪਰਮਜੀਤ ਸਿੰਘ ਨਿੱਕਾ, ਦਰਸ਼ਨ ਸਿੰਘ ਮਰੜੇ, ਗੁਰਮੇਲ ਕੌਰ ਕਮੇਟੀ ਮੈਂਬਰ ਚੁਣੇ ਗਏ।

## ਸੇਵਾਮੁਕਤ ਹੋਏ ਕਰਮਚਾਰੀਆਂ ਨੂੰ ਦਿੱਤੀ ਵਿਦਾਇਗੀ ਪਾਰਟੀ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪੁਲਸ ਵੱਲੋਂ ਸਤੰਬਰ ਮਹੀਨੇ ਵਿੱਚ ਸੇਵਾਮੁਕਤ ਹੋਏ 02 ਪੁਲਿਸ ਕ੍ਰਮਚਾਰੀਆਂ ਲਈ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ।ਸੇਵਾ ਮੁਕਤ ਹੋਣ ਵਾਲੇ ਕ੍ਰਮਚਾਰੀਆਂ ਵਿੱਚ ਐਸ.ਆਈ ਕਰਮਜੀਤ ਸਿੰਘ ਤੇ ਏ.ਐਸ.ਆਈ. ਜਗਸੀਰ ਸਿੰਘ ਸ਼ਾਮਲ ਸਨ।ਇਹ ਵਿਦਾਇਗੀ ਪਾਰਟੀ ਇੱਕ ਸਮਾਰੋਹ ਦੇ ਰੂਪ ਵਿੱਚ ਮਨਾਈ ਗਈ, ਜਿਸ ਵਿੱਚ ਰਿਟਾਇਰ ਹੋਣ ਵਾਲੇ ਕਰਮਚਾਰੀਆਂ ਦੀਆਂ ਸੇਵਾਵਾਂ ਦਾ ਜ਼ਿਕਰ ਕੀਤਾ ਗਿਆ। ਇਸ ਮੌਕੇ ਸ਼੍ਰੀ ਸਮਸ਼ੇਰ ਸਿੰਘ ਡੀ.ਐਸ.ਪੀ (ਸਥਾਨਕ) ਵੱਲੋਂ ਰਿਟਾਇਰ ਹੋ ਰਹੇ ਕ੍ਰਮਚਾਰੀਆਂ ਨੂੰ ਉਨ੍ਹਾਂ ਦੀਆਂ ਬੇਮਿਸਾਲ ਸੇਵਾਵਾਂ ਲਈ ਵਧਾਈ ਦਿੱਤੀ।ਉਨ੍ਹਾਂ ਨੇ ਕਿਹਾ ਕਿ ਇਹ ਸਾਰੇ ਕ੍ਰਮਚਾਰੀ ਆਪਣੇ ਕਰੀਅਰ ਦੌਰਾਨ ਕਈ ਚੁਣੌਤੀਆਂ ਦਾ ਸਾਹਮਣਾ ਕਰਦੇ ਹੋਏ ਪੰਜਾਬ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਰਹੇ ਹਨ।

# ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ

### ਆਈ ਸੀ ਡੀ ਐੱਸ ਸਕੀਮ ਦਾ ਨਿੱਜੀਕਰਨ ਬਰਦਾਸ਼ਤ ਨਹੀਂ ਕਰਾਂਗੇ : ਰਣਜੀਤ ਕੌਰ



**ਮਾਨਸਾ (ਆਤਮਾ ਸਿੰਘ ਪਮਾਰ)**-ਆਂਗਣਵਾੜੀ ਮੁਲਾਜ਼ਮ ਯੂਨੀਅਨ (ਸੀਟੂ) ਵੱਲੋਂ ਜ਼ਿਲ੍ਹਾ ਪ੍ਰਧਾਨ ਰਣਜੀਤ ਕੌਰ ਬਰੇਟਾ ਦੀ ਅਗਵਾਈ 'ਚ ਸੈਂਕੜੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਰੋਹ ਭਰਪੂਰ ਨਾਅਰੇਬਾਜ਼ੀ ਕਰਕੇ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ ਗਿਆ।ਆਂਗਣਵਾੜੀ ਮੁਲਾਜ਼ਮ ਯੂਨੀਅਨ (ਸੀਟੂ) ਦੀ ਜ਼ਿਲ੍ਹਾ ਪ੍ਰਧਾਨ ਤੋਂ ਇਲਾਵਾ ਸੀਨੀਅਰ ਜ਼ਿਲ੍ਹਾ ਆਗੂਆਂ ਸ਼ਿੰਦਰ ਕੌਰ, ਮਨਜੀਤ ਕੌਰ ਬੀਰੋਕੇ ਤੇ ਡੈਜੀ ਸ਼ੇਰਖਾਂ ਨੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਆਈ.ਸੀ.ਡੀ.ਐੱਸ. ਸਕੀਮ ਵੈਂਟੀਲੇਟਰ 'ਤੇ ਆ ਚੁੱਕੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਦੁਆਰਾ ਈ.ਸੀ.ਸੀ.ਈ. (ਅਰਲੀ ਚਾਇਲਡ ਹੁੱਡ ਕੇਅਰ ਐਂਡ ਐਜੂਕੇਸ਼ਨ) ਦੇ ਨਾਂਅ ਦੀ ਸਕੀਮ ਨੂੰ ਲਿਆਉਣਾ ਇਸ ਸਕੀਮ ਵਿੱਚ ਐੱਨ.ਜੀ.ਓ. ਦੀ ਸ਼ਮੂਲੀਅਤ ਹੋਣ ਸਬੰਧੀ ਸਰਕਾਰ ਦੀ ਨੀਤੀ ਤੇ ਨੀਅਤ ਨੂੰ ਸਾਫ਼ ਕਰਦਾ ਹੈ।ਸੀਟੂ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਂਗਣਵਾੜੀ ਵਰਕਰਾਂ ਦੇ ਪਿਛਲੇ ਬਕਾਏ ਜਾਰੀ ਕੀਤੇ ਜਾਣ 'ਤੇ ਇਸ਼ਤਿਹਾਰਬਾਜ਼ੀ ਕਰਕੇ ਲੱਖਾਂ ਰੁਪਏ ਬਿਨਾਂ ਵਜ੍ਹਾ ਰੋੜ੍ਹੇ ਜਾਣ ਨੂੰ ਰੋਕਿਆ ਜਾਵੇ।ਉਨ੍ਹਾਂ ਕਿਹਾ ਕਿ ਇਸ ਫਜ਼ੂਲ ਖਰਚੀ ਦੀ ਬਜਾਏ ਪੰਜਾਬ ਸਰਕਾਰ ਆਪਣੇ ਵਾਅਦੇ ਮੁਤਾਬਕ ਪ੍ਰੀ ਸਕੂਲ ਸਿੱਖਿਆ, ਜੋ ਆਈ.ਸੀ.ਡੀ.ਐੱਸ. ਦਾ ਹਿੱਸਾ ਹੈ, ਨੂੰ ਸਿੱਧੇ ਤੌਰ 'ਤੇ ਆਈ.ਸੀ.ਡੀ.ਐੱਸ. ਨਾਲ ਜੋੜਿਆ ਜਾਵੇ।ਇਸ ਵਿੱਚ ਭਾਂਤ-ਭਾਂਤ ਦੇ ਬਦਲਾਅ ਬੰਦ ਕੀਤੇ ਜਾਣ।ਆਂਗਣਵਾੜੀ ਕੇਂਦਰਾਂ ਨੂੰ ਸਹੀ ਅਰਥਾਂ ਵਿੱਚ ਸਕਸ਼ਮ ਬਣਾਇਆ ਜਾਵੇ ਤੇ ਇਸ ਨੂੰ ਪਲੇਅ ਵੇਅ ਵਿੱਚ ਬਦਲ ਕੇ ਆਂਗਣਵਾੜੀ-ਕਮ-ਕਰੈੱਚ ਬਣਾ ਕੇ ਸਕੀਮ ਨੂੰ ਸਹੀ ਰੂਪ ਦਿੱਤਾ ਜਾਵੇ।ਉਨ੍ਹਾਂ ਮੰਗ ਕੀਤੀ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਕ੍ਰਮਵਾਰ ਦਰਜਾ ਤਿੰਨ ਤੇ ਦਰਜਾ ਚਾਰ ਸਰਕਾਰੀ ਮੁਲਾਜ਼ਮ ਦਾ ਦਰਜਾ ਦਿੱਤਾ ਜਾਵੇ।ਇਸ ਮੌਕੇ ਅਵਿਨਾਸ਼ ਕੌਰ, ਦਲਜੀਤ ਕੌਰ, ਸੁਖਵਿੰਦਰ ਕੌਰ, ਜਗਮੇਲ ਕੌਰ ਬਰੇ, ਸੁਮਨ ਗਰਗ, ਪੁਸ਼ਪਾ ਖੁਡਾਲ, ਸੁਮਨ ਲਤਾ ਆਦਿ ਮੌਜੂਦ ਸਨ।

## ਝੋਨੇ ਦੀ ਖ਼ਰੀਦ ਲਈ ਮੰਡੀਆਂ 'ਚ ਪ੍ਰਬੰਧ ਮੁਕੰਮਲ : ਜ਼ਿਲ੍ਹਾ ਮੰਡੀ ਅਫ਼ਸਰ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਝੋਨੇ ਦੀ ਖਰੀਦ ਲਈ ਜ਼ਿਲ੍ਹੇ ਦੀਆਂ 6 ਮਾਰਕੀਟ ਕਮੇਟੀਆਂ ਸਰਹਿੰਦ, ਅਮਲੋਹ, ਬੱਸੀ ਪਠਾਣਾਂ, ਖਮਾਣੋਂ, ਮੰਡੀ ਗੋਬਿੰਦਗੜ੍ਹ ਤੇ ਚਨਾਰਥਲ ਅਧੀਨ ਆਉਂਦੀਆਂ 33 ਮੰਡੀਆਂ ਵਿੱਚ ਝੋਨੇ ਦੀ ਖ਼ਰੀਦ ਲਈ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਮੰਡੀ ਅਫ਼ਸਰ, ਅਸਲਮ ਮੁਹੰਮਦ ਨੇ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਸਾਰੇ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਆਪਣੀ ਫਸਲ ਵੇਚਣ ਲਈ ਮੰਡੀਆਂ ਵਿੱਚ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਝੱਲਣੀ ਪਵੇ।ਜ਼ਿਲ੍ਹਾ ਮੰਡੀ ਅਫ਼ਸਰ ਨੇ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਪੀਣ ਵਾਲੇ ਸਾਫ ਸੁਥਰੇ ਪਾਣੀ, ਬਿਜਲੀ ਤੇ ਬੈਠਣ ਲਈ ਛਾਂਦਾਰ ਜਗ੍ਹਾ ਦੇ ਪ੍ਰਬੰਧ ਵੀ ਕੀਤੇ ਗਏ ਹਨ।ਉਨ੍ਹਾ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਫ਼ਸਲ ਵੇਚਣ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਜ਼ਿਲ੍ਹਾ ਮੰਡੀ ਅਫ਼ਸਰ ਨੇ ਇਹ ਵੀ ਅਪੀਲ ਕੀਤੀ ਕਿ ਵਾਤਾਵਰਨ ਪ੍ਰਦੂਸ਼ਣ ਨੂੰ ਠੱਲ੍ਹ ਪਾਉਣ ਤੇ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਲਈ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ।

# ਮਨਰੇਗਾ ਕੰਮਾਂ 'ਚ ਸਿਆਸੀ ਦਖਲਅੰਦਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਅਮਰ ਨਾਥ



**ਸਮਰਾਲਾ (ਸੁਰਜੀਤ ਸਿੰਘ)**

ਇੱਥੇ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ (ਸੀਟੂ) ਦੇ ਕਿਰਤੀਆਂ ਵੱਲੋਂ ਸ਼ਹਿਰ ਦੇ ਮੁੱਖ ਬਾਜ਼ਾਰਾਂ ਵਿੱਚ ਰੋਸ ਮਾਰਚ ਕਰਕੇ ਮਨਰੇਗਾ ਕੰਮਾਂ ਵਿੱਚ ਸਿਆਸੀ ਦਖਲ ਅੰਦਾਜ਼ੀ ਵਿਰੁੱਧ ਸਾਥੀ ਸਿਕੰਦਰ ਬਖ਼ਸ਼ ਮੰਡ ਚੌਂਤਾ, ਹਰੀ ਰਾਮ ਭੱਟੀ, ਜਗਬੀਰ ਸਿੰਘ ਨਾਗਰਾ ਇਕੋਲਾਹੀ, ਨਿਰਮਲ ਸਿੰਘ ਨਿੰਮਾ ਮੁਗਲੇਵਾਲ, ਰਾਜ ਰਾਣੀ, ਦਲਵੀਰ ਕੌਰ ਦੀ ਅਗਵਾਈ ਵਿੱਚ ਰੋਸ ਪ੍ਰਦਰਸ਼ਨ ਤੇ ਧਰਨਾ ਦਿੱਤਾ ਗਿਆ।ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਸੀਟੂ ਪੰਜਾਬ ਦੇ ਸੂਬਾ ਸਕੱਤਰ ਤੇ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਜਨਰਲ ਸਕੱਤਰ ਸਾਥੀ ਅਮਰ ਨਾਥ ਕੂੰਮਕਲਾਂ, ਸਾਥੀ ਭਜਨ ਸਿੰਘ ਸਮਰਾਲਾ ਨੇ ਮੰਗ ਕੀਤੀ ਕਿ ਮਨਰੇਗਾ ਕੰਮਾਂ ਦਾ ਸਿਆਸੀਕਰਨ ਬੰਦ ਕੀਤਾ ਜਾਵੇ।ਉਨ੍ਹਾਂ ਮੰਗ ਕੀਤੀ ਕਿ ਮਨਰੇਗਾ ਮਜ਼ਦੂਰਾਂ ਨੂੰ 700/- ਰੁਪਏ ਦਿਹਾੜੀ ਦਿੱਤੀ ਜਾਵੇ।ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਨਰੇਗਾ ਕੰਮਾਂ ਲਈ ਸਾਜ਼ਿਸ਼ ਤਹਿਤ ਬੱਜਟ ਵਿੱਚ ਭਾਰੀ ਕਟੌਤੀਆਂ ਕਰ ਦਿੱਤੀਆਂ ਹਨ। ਇਸ ਦੌਰਾਨ ਮਨਰੇਗਾ ਮਜ਼ਦੂਰਾਂ ਦੇ ਵਫ਼ਦ ਵੱਲੋਂ ਐੱਸ. ਡੀ. ਐੱਮ. ਰਜਨੀਸ਼ ਅਰੋੜਾ ਨੂੰ ਮੰਗ ਪੱਤਰ ਦਿੱਤਾ ਗਿਆ, ਜਿਸ 'ਤੇ ਉਨ੍ਹਾਂ ਵੱਲੋਂ ਤੁਰੰਤ ਕਾਰਵਾਈ ਕਰਨ ਲਈ ਬੀਡੀਪੀਓ ਨੂੰ ਹੁਕਮ ਜਾਰੀ ਕਰ ਦਿੱਤੇ ਗਏ। ਸੀਟੂ ਆਗੂਆਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਮਨਰੇਗਾ ਮਜ਼ਦੂਰਾਂ ਦੇ ਕੰਮਾਂ ਵਿੱਚ ਕਿਸੇ ਵੀ ਕਿਸਮ ਦੀ ਸਿਆਸੀ ਦਖਲ ਅੰਦਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਧਰਨਾਕਾਰੀਆਂ ਨੂੰ ਹੋਰਨਾਂ ਤੋਂ ਇਲਾਵਾ ਸਾਥੀ ਗੁਰਬਚਨ ਸਿੰਘ ਖੇੜਾ, ਬੀਬੀ ਬਲਜਿੰਦਰ ਕੌਰ, ਜੱਸੀ, ਨਜ਼ਮਾਂ, ਬਬਲੀ, ਬਲਵਿੰਦਰ ਕੌਰ, ਪਰਮਜੀਤ ਕੌਰ, ਹਰਬੰਸ ਸਿੰਘ ਪੰਚ, ਰਾਜ ਰਾਣੀ, ਅਕਵਿੰਦਰ ਕੌਰ, ਕੁਲਦੀਪ ਕੌਰ, ਹਰਦੀਪ ਕੌਰ ਆਦਿ ਹਾਜ਼ਰ ਸਨ।

# ਸਾਹਿਤ ਸਭਾ (ਸੇਖੋਂ) ਵੱਲੋਂ ਭਾਈ ਜੈਤਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਸਮਾਗਮ

### ਸਵ: ਸੁਰਿੰਦਰ ਰਾਜਪੂਤ ਦੀ ਪੁਸਤਕ 'ਬਹਾਦਰ ਭਾਈ ਜੈਤਾ ਜੀ' 'ਤੇ ਗੋਸ਼ਟੀ



**ਧੂਰੀ (ਸੁਖਦੇਵ ਧੂਰੀ)**-ਬੀਤੇ ਦਿਨੀਂ ਸਾਹਿਤ ਸਭਾ (ਸੇਖੋਂ) ਧੂਰੀ ਨੇ ਸਿੱਖ ਇਤਿਹਾਸ ਵਿੱਚ ਵਿਲੱਖਣ ਸਥਾਨ ਰੱਖਣ ਵਾਲੇ ਭਾਈ ਜੀਵਨ ਸਿੰਘ (ਜੈਤਾ ਜੀ) ਦੇ ਜਨਮ ਦਿਵਸ 'ਤੇ ਸਮਾਗਮ ਤੇ ਕਵੀ ਦਰਬਾਰ ਕਰਵਾਇਆ, ਜਿਸ ਦੀ ਪ੍ਰਧਾਨਗੀ ਪਵਨ ਹਰਚੰਦਪੁਰੀ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਨੇ ਕੀਤੀ ਅਤੇ ਸਮਾਜ ਸੇਵੀ ਗੁਰਬਖਸ਼ ਸਿੰਘ ਗੁੱਡੂ ਉੱਘੇ ਸਨਅਤਕਾਰ ਤੇ ਕਾਂਗਰਸੀ ਆਗੂ ਬਤੌਰ ਮੁੱਖ ਮਹਿਮਾਨ, ਗੁਰਮੀਤ ਆਨੰਦ, ਅਸ਼ੋਕ ਭੰਡਾਰੀ ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ। ਸਮਾਗਮ ਦੀ ਸ਼ੁਰੂਆਤ ਕਵੀ ਦਰਬਾਰ ਤੋਂ ਹੋਈ। ਜੰਗ ਸਿੰਘ ਬਾਦਸ਼ਾਹਪੁਰ, ਹਰਦਿਆਲ ਭਾਰਦਵਾਜ, ਮੁਖਤਿਆਰ ਸਿੰਘ ਅਲਾਲ (ਦੇਹਰ), ਚੌਧਰੀ ਪਵਨ ਵਰਮਾ, ਗੁਰਦੀਪ ਕੈਂਥ, ਰਾਮ ਚੰਦ ਸ਼ਰਮਾ, ਸੰਤ ਸਿੰਘ ਸਾਰੋਂ, ਅੰਤਰਰਾਸ਼ਟਰੀ ਕੀਰਤਨੀਏ ਭਾਈ ਗੁਰਮੀਤ ਆਨੰਦ, ਸੁਖਦੇਵ ਔਲਖ, ਸੰਤ ਸਿੰਘ ਬੀਲ੍ਹਾ ਨੇ ਭਾਈ ਜੈਤਾ ਜੀ ਦੇ ਜਨਮ ਦਿਨ 'ਤੇ ਵਿਚਾਰ ਪੇਸ਼ ਕੀਤੇ ਤੇ ਆਪੋ ਆਪਣੀ ਰਚਨਾ ਪੇਸ਼ ਕੀਤੀ।

ਮਰਹੂਮ ਲੇਖਕ ਸੁਰਿੰਦਰ ਸਿੰਘ ਰਾਜਪੂਤ ਦੀ ਪੁਸਤਕ 'ਬਹਾਦਰ ਭਾਈ ਜੈਤਾ ਜੀ' ਦੀ ਗੋਸ਼ਟੀ ਦੇ ਸੰਬੰਧ ਵਿੱਚ ਸੁਰਿੰਦਰ ਕੌਰ ਰਸੀਆ ਨੇ ਪੇਪਰ ਪੜ੍ਹਿਆ ਤੇ ਗੁਲਜਾਰ ਸਿੰਘ ਸ਼ੌਂਕੀ, ਡਾ: ਰਾਕੇਸ਼ ਸ਼ਰਮਾ, ਸੁਰਿੰਦਰ ਸ਼ਰਮਾ ਨਾਗਰਾ, ਨਾਹਰ ਸਿੰਘ ਮੁਬਾਰਕਪੁਰੀ, ਪਵਨ ਹਰਚੰਦਪੁਰੀ, ਅਮਰਜੀਤ ਅਮਨ, ਗੁਰਿੰਦਰ ਸਿੰਘ ਰਸੀਆ ਤੇ ਪਰਸਨ ਸਿੰਘ ਬੀਲ੍ਹਾ ਨੇ ਚਰਚਾ ਵਿੱਚ ਭਾਗ ਲਿਆ। ਫਿਰ ਕਵੀ ਦਰਬਾਰ ਵਿੱਚ ਜਗਸੀਰ ਮੂਲੋਵਾਲ, ਅਸ਼ੋਕ ਭੰਡਾਰੀ, ਸ਼ੇਰ ਸਿੰਘ ਬੇਨੜਾ, ਰਜਿੰਦਰ ਪਾਲ ਕੈਸ਼ੀਅਰ, ਬਲਜੀਤ ਸੱਪਲ, ਕੁਲਵਿੰਦਰ ਬੰਟੀ, ਸੁਖਦੇਵ ਪੇਂਟਰ, ਨਿਰਮਲ ਸਿੰਘ ਫਲੌਂਡ, ਮਾਸਟਰ ਰਾਮ ਸਰੂਪ, ਡਾ. ਅਮਰਜੀਤ ਸਿੰਘ, ਵਿਜੇ ਸਿੰਘ ਤੇ ਇਰਸ਼ਾਦ ਜਮਾਲਪੁਰੀ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਸਾਹਿਤ ਸਭਾ ਵੱਲੋਂ ਪਵਨ ਵਰਮਾ, ਅਸ਼ੋਕ ਭੰਡਾਰੀ, ਗੁਰਮੀਤ ਆਨੰਦ, ਵਿਜੇ ਸਿੰਘ, ਸੁਰਿੰਦਰ ਪਾਲ ਕੌਰ ਰਸੀਆ ਦਾ ਮੋਮੈਂਟੋ ਭੇਟ ਕਰਦੇ ਹੋਏ ਸਨਮਾਨ ਕੀਤਾ ਗਿਆ। ਇਸ ਮੌਕੇ ਸਾਹਿਤ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਸੁਖਦੇਵ ਸ਼ਰਮਾ ਨੂੰ ਆਪਣੀ ਕਿਡਨੀ ਪ੍ਰਦਾਨ ਕਰਨ ਲਈ ਉਨ੍ਹਾਂ ਦੇ ਭਰਾ ਬਲਦੇਵ ਸ਼ਰਮਾ ਦਾ ਮੋਮੈਂਟੋ ਪ੍ਰਦਾਨ ਕਰ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਅੰਤ ਵਿੱਚ ਸੀਨੀਅਰ ਮੀਤ ਪ੍ਰਧਾਨ ਅਮਰਜੀਤ ਸਿੰਘ ਅਮਨ ਨੇ ਆਏ ਸਮੂਹ ਸਾਥੀਆਂ ਤੇ ਮਹਿਮਾਨਾਂ ਦਾ ਧੰਨਵਾਦ ਕੀਤਾ।

# ਗੁਰੂ ਨਾਨਕ ਕਾਲਜ ਦੇ ਕਮਿਸਟਰੀ ਵਿਭਾਗ ਵੱਲੋਂ ਪ੍ਰਸਾਰ ਭਾਸ਼ਣ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ ਦੇ ਕੈਮਿਸਟਰੀ ਵਿਭਾਗ ਨੇ "ਮੈਟਲ-ਆਰਗੈਨਿਕ ਫਰੇਮਵਰਕ, ਉੱਨਤ ਐਪਲੀਕੇਸ਼ਨਾਂ ਲਈ ਸਮੱਗਰੀ ਦੀ ਅਗਲੀ ਪੀੜ੍ਹੀ, ਸਪੈਕਟ੍ਰੋਸਕੋਪਿਕ ਤਕਨੀਕਾਂ : ਸਿਧਾਂਤ, ਕਿਸਮਾਂ ਤੇ ਉਪਯੋਗ ਵਿਸ਼ਿਆਂ ਤੇ ਪ੍ਰਸਾਰ ਭਾਸ਼ਣ ਦਾ ਆਯੋਜਨ ਕੀਤਾ। ਇਸ ਤੋਂ ਇਲਾਵਾ ਸਟਾਰ ਕਾਲਜ ਸਕੀਮ ਡੀ ਬੀ ਟੀ ਨਵੀਂ ਦਿੱਲੀ ਜੀ ਓ ਆਈ ਦੇ ਅਧੀਨ ਸਪੈਕਟਰੋਫੋਟੋਮੀਟਰ ਨਾਲ ਸਬੰਧਤ ਇਕ ਰੋਜ਼ਾ ਵਰਕਸ਼ਾਪ ਆਯੋਜਤ ਕੀਤੀ, ਜਿਸ ਵਿੱਚ ਬੀ.ਐੱਸ.ਸੀ.ਭਾਗ ਪਹਿਲਾ, ਦੂਜਾ ਤੇ ਤੀਜਾ ਮੈਡੀਕਲ ਅਤੇ ਨਾਨ-ਮੈਡੀਕਲ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਦੌਰਾਨ ਮੁੱਖ ਵਕਤਾ ਡਾ. ਅਮਨਪ੍ਰੀਤ ਕੌਰ, ਸਹਾਇਕ ਪ੍ਰੋਫੈਸਰ, ਰਸਾਇਣ ਵਿਗਿਆਨ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੇ ਧਾਤੂ-ਆਰਗੈਨਿਕ ਫਰੇਮਵਰਕ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ, ਜਿਸ ਵਿੱਚ ਉਨ੍ਹਾਂ ਦੀਆਂ ਬਣਤਰ ਦੀਆਂ ਵਿਸ਼ੇਸ਼ਤਾਵਾਂ, ਪੋਰ ਦੇ ਆਕਾਰ ਦੀ ਮਹੱਤਤਾ, ਸਿੰਥੇਸਿਸ ਵਿਧੀਆਂ ਤੇ ਐੱਮ ਓ ਐੱਫ ਲਈ ਵਰਤੇ ਜਾਂਦੇ ਲਿਗੈਂਡ, ਉਨ੍ਹਾਂ ਦੀਆਂ ਵਿਸ਼ੇਸ਼ਤਾਵਾਂ ਸ਼ਾਮਲ ਹਨ। ਐਪਲੀਕੇਸ਼ਨਾਂ, ਐੱਮ ਓ ਐੱਫ ਦੇ ਭਵਿੱਖ ਦੇ ਦਾਇਰੇ ਤੇ ਕੈਮਿਸਟਰੀ ਦੇ ਇਸ ਖੇਤਰ ਵਿੱਚ ਆਪਣੇ ਖੋਜ ਅਨੁਭਵ ਨੂੰ ਵਿਦਿਆਰਥੀਆਂ ਨਾਲ ਸਾਂਝਾ ਕੀਤਾ। ਇਸ ਤੋਂ ਇਲਾਵਾ ਡਾ. ਨਿਵੇਦਿਤਾ ਚੌਧਰੀ ਨੇ ਸਪੈਕਟਰੋਸਕੋਪਿਕ ਤਕਨੀਕਾਂ 'ਤੇ ਭਾਸ਼ਣ ਦਿੱਤਾ। ਡਾ. ਅਮਨਪ੍ਰੀਤ ਕੌਰ ਤੇ ਡਾ. ਨਿਵੇਦਿਤਾ ਚੌਧਰੀ ਵੱਲੋਂ ਵਿਹਾਰਕ ਸੈਸ਼ਨ ਦਾ ਸੰਚਾਲਨ ਵੀ ਕੀਤਾ ਗਿਆ। ਕਾਲਜ ਦੇ ਸਥਾਨਕੀ ਪ੍ਰਬੰਧਕੀ ਕਮੇਟੀ ਦੇ ਵਧੀਕ ਸਕੱਤਰ ਮਨਜੀਤ ਸਿੰਘ ਬਰਕੰਦੀ ਤੇ ਪ੍ਰਿੰਸੀਪਲ ਡਾ: ਨੀਨਾ ਮਹਿਤਾ ਨੇ ਆਏ ਮਹਿਮਾਨਾਂ ਨੂੰ ਸਨਮਾਨਤ ਕੀਤਾ ਅਤੇ ਪ੍ਰਿੰਸੀਪਲ ਨੇ ਸ਼ਾਨਦਾਰ ਜਾਣਕਾਰੀ ਭਰਪੂਰ ਗੱਲਬਾਤ ਲਈ ਸਰੋਤਿਆਂ ਦਾ ਧੰਨਵਾਦ ਕੀਤਾ। ਕਾਲਜ ਦੀ ਸਥਾਨਕੀ ਪ੍ਰਬੰਧਕੀ ਕਮੇਟੀ ਦੇ ਵਧੀਕ ਸਕੱਤਰ ਮਨਜੀਤ ਸਿੰਘ ਬਰਕੰਦੀ ਤੇ ਕਾਲਜ ਦੇ ਡੀਨ ਅਕਾਦਮਿਕ ਡਾ. ਨੀਨਾ ਮਹਿਤਾ ਨੇ ਕੈਮਿਸਟਰੀ ਵਿਭਾਗ ਦੇ ਮੁਖੀ ਪ੍ਰੋ. ਕਿਰਨਦੀਸ਼ ਕੌਰ ਤੇ ਵਿਭਾਗ ਦੇ ਸਾਰੇ ਫੈਕਲਟੀ ਮੈਂਬਰਾਂ ਨੂੰ ਅਜਿਹੇ ਸਿਖਲਾਈ ਪ੍ਰੋਗਰਾਮਾਂ ਦਾ ਆਯੋਜਨ ਕਰਨ ਲਈ ਵਧਾਈ ਦਿੱਤੀ।

# ਜਲਦ ਬਣਨਗੀਆਂ ਟੁੱਟੀਆਂ ਸੜਕਾਂ : ਵਿਧਾਇਕ ਕੋਹਲੀ

### ਵਾਰਡ ਨੰਬਰ 50 ਦੇ ਇਲਾਕੇ 'ਚ ਗਲੀਆਂ ਦੀ ਉਸਾਰੀ ਦਾ ਕਾਰਜ ਅਰੰਭ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪਟਿਆਲਾ ਸ਼ਹਿਰ ਵਿਖੇ 24 ਘੰਟੇ ਸੱਤੇ ਦਿਨ ਪੀਣ ਵਾਲੇ ਨਹਿਰੀ ਪਾਣੀ ਦੀ ਸਪਲਾਈ ਲਈ ਪਾਇਪਾਂ ਪਾਉਣ ਲਈ ਐੱਲ ਐਂਡ ਟੀ ਵੱਲੋਂ ਪੁੱਟੀਆਂ ਗਈਆਂ ਸੜਕਾਂ ਦੀ ਉਸਾਰੀ ਬਹੁਤ ਜਲਦ ਕੀਤੀ ਜਾ ਰਹੀ ਹੈ। ਇਹ ਪ੍ਰਗਟਾਵਾ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵਾਰਡ ਨੰਬਰ 50 ਵਿੱਚ ਕਰੀਬ 43 ਲੱਖ ਰੁਪਏ ਦੀ ਲਾਗਤ ਨਾਲ ਮਾਨਸਾਹੀਆ ਕਲੋਨੀ ਤੇ ਸੇਵਕ ਕਲੋਨੀ ਦੇ ਵਾਰਡ ਨੰਬਰ 54 ਤੇ 55 ਦੇ ਇਲਾਕੇ ਵਿੱਚ ਸੜਕਾਂ ਬਣਾਉਣ ਦੇ ਕਾਰਜਾਂ ਦੀ ਸ਼ੁਰੂਆਤ ਕਰਵਾਉਣ ਪੁੱਜੇ ਹੋਏ ਸਨ। ਉਨ੍ਹਾਂ ਕਿਹਾ ਕਿ ਸੜਕਾਂ ਬਣਾਉਣ ਦੇ ਕੰਮਾਂ ਵਿੱਚ ਬਰਸਾਤਾਂ ਕਰਕੇ ਦੇਰੀ ਹੈ, ਪ੍ਰੰਤੂ ਅਗਲੇ ਦੋ ਮਹੀਨਿਆਂ ਵਿੱਚ ਸਾਰੀਆਂ ਸੜਕਾਂ ਨਵੀਆਂ ਬਣਾਈਆਂ ਜਾਣਗੀਆਂ ਤੇ ਜਿੱਥੇ ਮੁਰੰਮਤ ਦੀ ਲੋੜ ਹੈ, ਉਥੇ ਮੁਰੰਮਤ ਵੀ ਕਰਵਾਈ ਜਾਵੇਗੀ। ਇਸ ਮੌਕੇ ਉਨ੍ਹਾਂ ਨਾਲ ਨਗਰ ਨਿਗਮ ਕਮਿਸ਼ਨਰ ਡਾ. ਰਜਤ ਉਬਰਾਏ ਵੀ ਮੌਜੂਦ ਸਨ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਿਮਾਰ ਹੋਣ ਦੇ ਬਾਵਜੂਦ ਪੰਜਾਬ ਦੇ ਕੰਮ ਨਿਬੇੜ ਰਹੇ ਸਨ, ਇਸ ਦਾ ਕਾਰਨ ਹੈ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਣਦੀਆਂ ਸਹੂਲਤਾਂ ਦੇਣੀਆਂ ਆਪਣਾ ਫਰਜ਼ ਸਮਝਦੀ ਹੈ। ਉਨ੍ਹਾ ਕਿਹਾ ਕਿ ਇਸੇ ਤਰਜ਼ 'ਤੇ ਪਟਿਆਲਾ ਵਿਖੇ ਵੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਅੱਜ ਮਾਨਸਾਹੀਆ ਕਲੋਨੀ ਵਿੱਚ ਨਵੀਂ ਆਰ ਸੀ ਸੀ ਰੋਡ ਬਣਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਇਸ ਮੌਕੇ ਮੁਹੱਲਾ ਨਿਵਾਸੀਆਂ ਨੇ ਐੱਮ ਐੱਲ ਏ ਕੋਹਲੀ ਦਾ ਧਨਵਾਦ ਕੀਤਾ ਗਿਆ।

# ਕੁਹਾਰਵਾਲਾ ਦੇ 30 ਪਰਵਾਰ ਆਪ 'ਚ ਸ਼ਾਮਲ

### ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ ਤੇ ਮਨਪ੍ਰੀਤ ਸਿੰਘ ਧਾਲੀਵਾਲ ਨੇ ਕੀਤਾ ਸਵਾਗਤ



**ਫਰੀਦਕੋਟ (ਐਲਿਗਜੈਂਡਰ ਡਿਸੂਜਾ, ਗੁਰਪ੍ਰੀਤ ਬੇਦੀ)**-ਪਿੰਡ ਕੁਹਾਰਵਾਲਾ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡਾ ਹੁਲਾਰਾ ਮਿਲਿਆ, ਜਦੋਂ ਸਾਬਕਾ ਸਰਪੰਚ ਕਿਸ਼ਨ ਸਿੰਘ ਸਾਥੀਆਂ ਸਮੇਤ ਅਕਾਲੀ ਦਲ ਨੂੰ ਛੱਡ ਕੇ 'ਆਪ' ਦਾ ਹਿੱਸਾ ਬਣੇ।'ਆਪ' ਵਿੱਚ ਸ਼ਾਮਲ ਹੋਏ ਪਰਵਾਰਾਂ ਦਾ ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ ਤੇ ਮਨਪ੍ਰੀਤ ਸਿੰਘ ਧਾਲੀਵਾਲ ਨੇ ਸਵਾਗਤ ਕੀਤਾ।ਇਸ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਇਹ ਬਹੁਤ ਖੁਸ਼ੀ ਦੀ ਗੱਲ ਹੈ ਕਿ ਪਿੰਡ ਕੁਹਾਰਵਾਲਾ ਦੇ 30 ਪਰਵਾਰ 'ਆਪ' 'ਚ ਸ਼ਾਮਲ ਹੋਏ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਵਰਗ ਦੀ ਸਰਕਾਰ ਹੈ ਤੇ ਸਰਕਾਰ ਵੱਲੋਂ ਪਿੰਡ ਵਾਸੀਆਂ ਦੀ ਭਲਾਈ ਲਈ ਲਗਾਤਾਰ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪਿੰਡ ਵਾਸੀਆਂ ਨਾਲ ਕਿਸੇ ਵੀ ਵਿਕਾਸ ਕਾਰਜ ਸਬੰਧੀ ਵਿਚਾਰ ਵਟਾਂਦਰਾ ਕਰਨ ਉਪਰੰਤ ਉਨ੍ਹਾਂ ਨੂੰ ਅਮਲੀ ਜਾਮਾ ਪਹਿਨਾਇਆ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਕਿਸ਼ਨ ਸਿੰਘ ਤੋਂ ਇਲਾਵਾ ਮੈਂਬਰ ਗੁਰਦਿੱਤਾ ਸਿੰਘ, ਕਾਕਾ ਸਿੰਘ ਸਾਬਕਾ ਮੈਂਬਰ, ਸੁਖਦੇਵ ਸਿੰਘ ਮੈਂਬਰ, ਜਗਸੀਰ ਸਿੰਘ, ਭਗਵਾਨ ਸਿੰਘ, ਕੁਲਵੀਰ ਸਿੰਘ, ਗੁਰਜੰਟ ਸਿੰਘ, ਗੁਰਮੀਤ ਕੌਰ, ਸੋਨਾ ਕੌਰ, ਮਲਕੀਤ ਕੌਰ, ਜੋਤੀ ਕੌਰ, ਕਰਤਾਰ ਕੌਰ, ਸੰਦੀਪ ਕੌਰ ਸਮੇਤ 30 ਪਰਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ।ਇਸ ਮੌਕੇ ਰਣਜੀਤ ਸਿੰਘ ਸੈਕਟਰੀ, ਅੰਗਦ ਸਿੰਘ ਆਪ ਆਗੂ, ਅਰੁਣ ਸਿੰਗਲਾ ਬਲਾਕ ਪ੍ਰਧਾਨ, ਮਾਸਟਰ ਕੁਲਦੀਪ ਸਿੰਘ ਮੌੜ, ਬਲਕਾਰ ਸਿੰਘ, ਚਮਕੌਰ ਸਿੰਘ, ਆਤਮਾ ਸਿੰਘ ਆਦਿ ਹਾਜ਼ਰ ਸਨ।

# ਰਾਹੁਲ ਗਾਂਧੀ ਦੀ ਅਗਵਾਈ 'ਚ ਪਾਰਟੀ ਵਧੇਰੇ ਮਜ਼ਬੂਤ ਹੋ ਕੇ ਉੱਭਰੀ : ਕਰਮਜੀਤ ਸਿੱਧੂ

**ਨਾਭਾ (ਵਰਿੰਦਰ ਵਰਮਾ)**-ਕਾਂਗਰਸ ਪਾਰਟੀ ਜ਼ਿਲ੍ਹਾ ਪਟਿਆਲਾ ਦੇ ਪ੍ਰਧਾਨ ਮਹੰਤ ਹਰਵਿੰਦਰ ਸਿੰਘ ਖਨੌੜਾ ਦੀ ਅਗਵਾਈ ਵਿੱਚ ਮਜ਼ਬੂਤ ਹੋਈ ਇਹ ਵਿਚਾਰ ਚੋਣਵੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੀਨੀਅਰ ਕਾਂਗਰਸੀ ਆਗੂ ਕਰਮਜੀਤ ਸਿੰਘ ਸਿੱਧੂ ਕੱਲ੍ਹੇਮਾਜਰਾ ਨੇ ਸਾਂਝੇ ਕੀਤੇ। ਉਨ੍ਹਾ ਕਿਹਾ ਕਿ ਮਹੰਤ ਖਨੌੜਾ ਪਿਛਲੇ ਲੰਬੇ ਸਮੇਂ ਤੋਂ ਕਾਂਗਰਸ ਪਾਰਟੀ ਲਈ ਕੰਮ ਕਰ ਰਹੇ ਹਨ ਤੇ ਪਾਰਟੀ ਦੇ ਵੱਖ-ਵੱਖ ਅਹੁਦਿਆਂ 'ਤੇ ਕੰਮ ਕਰ ਚੁੱਕੇ ਹਨ।ਇਸ ਦਾ ਨਤੀਜਾ ਹੈ ਕਿ ਕਾਂਗਰਸ ਪਾਰਟੀ ਦੀ ਕੇਂਦਰ ਤੇ ਪੰਜਾਬ ਰਾਜ ਵਿੱਚ ਸਰਕਾਰ ਨਾ ਹੋਣ ਦੇ ਬਾਵਜੂਦ ਅਸੀਂ ਜੂਨ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਪਟਿਆਲਾ ਲੋਕ ਸਭਾ ਹਲਕੇ ਤੋਂ ਕਾਂਗਰਸ ਦੇ ਉਮੀਦਵਾਰ ਡਾ. ਧਰਮਵੀਰ ਗਾਂਧੀ ਨੂੰ ਜਿਤਾਉਣ ਵਿੱਚ ਕਾਮਯਾਬ ਰਹੇ ਹਾਂ।ਪੱਤਰਕਾਰਾਂ ਨੇ ਜਦੋਂ ਸਿੱਧੂ ਨੂੰ ਪੁੱਛਿਆ ਕਿ ਕਾਂਗਰਸ ਪਾਰਟੀ ਨੂੰ ਕੈਪਟਨ ਅਮਰਿੰਦਰ ਸਿੰਘ ਤੇ ਸਾਬਕਾ ਐੱਮ. ਪੀ. ਪ੍ਰਨੀਤ ਕੌਰ ਦੇ ਜਾਣ ਦਾ ਕੋਈ ਫਰਕ ਨਹੀਂ ਪਿਆ ਹੈ ਜਾਂ ਨਹੀਂ, ਇਸ ਸਬੰਧੀ ਸਿੱਧੂ ਨੇ ਕਿਹਾ ਕਿ ਇਸ ਦਾ ਜਵਾਬ ਤਾਂ ਕਾਂਗਰਸ ਪਾਰਟੀ ਦੇ ਵੱਡੇ ਲੀਡਰ ਦੇ ਸਕਦੇ ਹਨ, ਪਰ ਮੈਂ ਨਿੱਜੀ ਤੌਰ 'ਤੇ ਕਹਿ ਸਕਦਾ ਹਾਂ ਕਿ ਕੈਪਟਨ ਅਮਰਿੰਦਰ ਸਿੰਘ ਨੂੰ ਕਾਂਗਰਸ ਪਾਰਟੀ ਨੇ ਸੰਨ 1980 ਵਿੱਚ ਪਟਿਆਲਾ ਲੋਕ ਸਭਾ ਹਲਕੇ ਤੋਂ ਮੈਂਬਰ ਪਾਰਲੀਮੈਂਟ ਬਣਾਇਆ, ਸੰਨ 2000 ਵਿੱਚ ਕਾਂਗਰਸ ਪਾਰਟੀ ਪੰਜਾਬ ਪ੍ਰਦੇਸ ਦਾ ਪ੍ਰਧਾਨ ਬਣਾਇਆ ਤੇ 2002 ਵਿੱਚ ਪੰਜਾਬ ਦਾ ਮੁੱਖ ਮੰਤਰੀ ਕਾਂਗਰਸ ਪਾਰਟੀ ਨੇ ਬਣਾਇਆ, 2014 ਵਿੱਚ ਅੰਮ੍ਰਿਤਸਰ ਤੋਂ ਮੈਂਬਰ ਪਾਰਲੀਮੈਂਟ ਬਣਾਇਆ ਗਿਆ ਅਤੇ 2017 ਵਿੱਚ ਦੂਜੀ ਵਾਰ ਪੰਜਾਬ ਦਾ ਮੁੱਖ ਮੰਤਰੀ ਬਣਾਇਆ ਗਿਆ।

ਇਸੇ ਤਰ੍ਹਾਂ ਕੈਪ: ਅਮਰਿੰਦਰ ਸਿੰਘ ਦੀ ਧਰਮ ਪਤਨੀ ਪ੍ਰਨੀਤ ਕੌਰ ਸੰਨ 1999, 2004, 2009 ਤੇ 2019 ਵਿੱਚ 4 ਵਾਰੀ ਪਟਿਆਲਾ ਲੋਕ ਸਭਾ ਹਲਕੇ ਤੋਂ ਕਾਂਗਰਸ ਪਾਰਟੀ ਦੀ ਟਿਕਟ 'ਤੇ ਚੋਣ ਜਿੱਤੇ ਤੇ ਕੇਂਦਰ ਦੀ ਮਨਮੋਹਨ ਸਿੰਘ ਸਰਕਾਰ ਵਿੱਚ ਵਿਦੇਸ਼ ਮੰਤਰੀ ਵੀ ਰਹੇ।ਇਸ ਲਈ ਇਨ੍ਹਾਂ ਦੇ ਜਾਣ ਦਾ ਕਾਂਗਰਸ ਪਾਰਟੀ ਨੂੰ ਕੋਈ ਘਾਟਾ ਨਹੀਂ ਪਿਆ, ਬਲਕਿ ਇਨ੍ਹਾਂ ਦੇ ਜਾਣ ਦੇ ਬਾਵਜੂਦ ਕਾਂਗਰਸ ਪਾਰਟੀ ਨੇ ਪੰਜਾਬ ਵਿੱਚੋਂ ਲੋਕ ਸਭਾ ਦੀਆਂ 13 ਵਿੱਚੋਂ 7 ਸੀਟਾਂ ਜਿੱਤੀਆਂ, ਜਦੋਂਕਿ ਭਾਜਪਾ ਵਿੱਚ ਜਾ ਕੇ ਇਹ ਪਟਿਆਲਾ ਲੋਕ ਸਭਾ ਦੀ ਆਪਣੀ ਰਵਾਇਤੀ ਸੀਟ ਗਵਾ ਚੁੱਕੇ ਹਨ।ਘਾਟਾ ਇਨ੍ਹਾਂ ਨੂੰ ਪਿਆ ਹੈ ਭਾਜਪਾ ਵਿੱਚ ਜਾਣ ਦਾ, ਕਿਉਂਕਿ ਇੰਨੇ ਸੀਨੀਅਰ ਲੀਡਰਾਂ ਨੂੰ ਛੱਡ ਕੇ ਭਾਜਪਾ ਨੇ ਰਵਨੀਤ ਸਿੰਘ ਬਿੱਟੂ ਨੂੰ ਕੇਂਦਰ ਸਰਕਾਰ ਵਿੱਚ ਮੰਤਰੀ ਬਣਾਇਆ, ਜੋ ਮਾਣ ਸਾਨਮਾਨ ਕਾਂਗਰਸ ਪਾਰਟੀ ਨੇ ਇਨ੍ਹਾਂ ਨੂੰ ਦਿੱਤੇ, ਉਹ ਭਾਜਪਾ ਵਿੱਚ ਇਨ੍ਹਾਂ ਨੂੰ ਕਦੇ ਨਹੀਂ ਮਿਲਣਗੇ, ਕਿਉਂਕਿ ਕਾਂਗਰਸ ਮੁਕਤ ਭਾਰਤ ਦਾ ਸੁਪਨਾ ਭਾਜਪਾ ਦਾ ਚਕਨਾਚੂਰ ਹੋ ਗਿਆ ਹੈ।ਪੂਰੇ ਦੇਸ਼ ਵਿੱਚ ਰਾਹੁਲ ਗਾਂਧੀ ਦੀ ਅਗਵਾਈ ਵਿੱਚ ਕਾਂਗਰਸ ਪਾਰਟੀ ਵਧੇਰੇ ਮਜ਼ਬੂਤ ਹੋ ਕੇ ਉੱਭਰੀ ਹੈ।

# ਕਲੱਬਾਂ ਵੱਲੋਂ 50 ਜ਼ਰੂਰਤਮੰਦ ਵਿਅਕਤੀਆਂ ਨੂੰ ਟ੍ਰਾਈਸਾਈਕਲ ਭੇਟ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**

ਬਾਬਾ ਸ਼ੇਖ ਫਰੀਦ ਜੀ ਦੇ ਆਗਮਨ ਪੁਰਬ-2024 ਦੀ ਮੌਕੇ ਕਰ ਭਲਾ ਸੋਸ਼ਲ ਐਂਡ ਵੈੱਲਫੇਅਰ ਕਲੱਬ ਅਤੇ ਪ੍ਰਗਤੀ ਵੈੱਲਫੇਅਰ ਕਲੱਬ ਵੱਲੋਂ ਕੀਤੇ ਗਏ ਸਾਂਝੇ ਉੱਦਮ ਸਦਕਾਂ ਚੱਲਣ-ਫਿਰਨ ਤੋਂ ਅਸਮਰੱਥ ਕਰੀਬ 50 ਜ਼ਰੂਰਤਮੰਦ ਵਿਅਕਤੀਆਂ ਨੂੰ ਟਰਾਈਸਾਈਕਲ ਤਕਸੀਮ ਕੀਤੇ ਗਏ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਆਪਣੇ ਸਮੂਹ ਪਰਵਾਰ ਸਮੇਤ ਪਹੁੰਚੇ ਫਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਅੱਜਕੱਲ੍ਹ ਦੀ ਭੱਜ-ਦੌੜ ਵਾਲੀ ਜ਼ਿੰਦਗੀ ਵਿੱਚ ਆਪਣੇ ਦਸਾਂ ਨਹੁੰਆਂ ਦੀ ਕਿਰਤ ਕਮਾਈ ਵਿੱਚੋਂ ਲੋੜਵੰਦਾਂ ਲਈ ਅਜਿਹੇ ਉਪਰਾਲੇ ਕਰਨਾ ਪ੍ਰਸੰਸਾਯੋਗ ਕਾਰਜ ਹੈ। ਉਨ੍ਹਾ ਕਿਹਾ ਕਿ ਉਕਤ ਦੋਨਾਂ ਵੈੱਲਫੇਅਰ ਸੰਸਥਾਵਾਂ ਦੀ ਜਿੰਨੀ ਵੀ ਪ੍ਰਸੰਸਾ ਕੀਤੀ ਜਾਵੇ, ਉਨੀ ਹੀ ਘੱਟ ਹੈ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਡਾ. ਵਿਸ਼ਵਦੀਪ ਗੋਇਲ ਡਿਪਟੀ ਮੈਡੀਕਲ ਕਮਿਸ਼ਨਰ, ਫ਼ਰੀਦਕੋਟ ਨੇ ਕਿਹਾ ਕਿ ਲੋਕਾਂ ਤੱਕ ਸਰਕਾਰੀ ਸਹੂਲਤਾਂ ਪਹੁੰਚਾਉਣ ਲਈ ਇਨ੍ਹਾਂ ਦੋਨਾਂ ਸੰਸਥਾਵਾਂ ਦਾ ਸਹਿਯੋਗ ਉਨ੍ਹਾਂ ਨੂੰ ਸਮੇਂ-ਸਮੇਂ 'ਤੇ ਮਿਲਦਾ ਰਹਿੰਦਾ ਹੈ ਅਤੇ ਉਨ੍ਹਾਂ ਨੂੰ ਇਸ ਗੱਲ ਦਾ ਵੀ ਮਾਣ ਹੈ ਕਿ ਇਹ ਨੌਜਵਾਨ ਦੁਨਿਆਵੀ ਕੁਰੀਤੀਆਂ ਤੋਂ ਦੂਰ ਹੋ ਕੇ ਲੋੜਵੰਦਾਂ ਦੀ ਸੇਵਾ-ਭਾਵਨਾ ਵਿੱਚ ਲੀਨ ਰਹਿੰਦੇ ਹਨ। ਇਸ ਮੌਕੇ ਪ੍ਰਸਿੱਧ ਮੰਚ ਸੰਚਾਲਕ ਜਸਬੀਰ ਜੱਸੀ, ਕ੍ਰਿਸ਼ਨਾਵੰਤੀ ਸੇਵਾ ਸੁਸਾਇਟੀ ਤੋਂ ਸੁਰੇਸ਼ ਅਰੋੜਾ, ਬਾਬਾ ਸ੍ਰੀ ਚੰਦ ਸੇਵਾ ਸੁਸਾਇਟੀ ਤੋਂ ਰਜਿੰਦਰ ਦਾਸ ਰਿੰਕੂ, ਸੀਰ ਸੰਸਥਾ ਤੋਂ ਰਾਜ ਸਿੰਘ, ਸ਼ਹੀਦ ਭਗਤ ਸਿੰਘ ਵੈੱਲਫੇਅਰ ਕਲੱਬ ਸੰਜੇ ਨਗਰ ਤੋਂ ਸੁਖਵਿੰਦਰ ਸਿੰਘ ਵਿਖੂ ਤੋਂ ਇਲਾਵਾ ਦੋ ਦਰਜਨ ਦੇ ਕਰੀਬ ਸਮਾਜ ਸੇਵੀਆਂ ਨੇ ਸੁਸਾਇਟੀਆਂ ਵੱਲੋਂ ਕੀਤੇ ਗਏ ਇਸ ਨੇਕ ਕਾਰਜ ਦੀ ਸ਼ਲਾਘਾ ਕੀਤੀ। ਇਸ ਮੌਕੇ ਫਰੀਦਕੋਟ ਦੀਆਂ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਨੂੰ ਦੋਨਾਂ ਸੇਵਾ ਸੋਸਾਇਟੀਆਂ ਵੱਲੋਂ ਸਨਮਾਨਤ ਕੀਤਾ ਗਿਆ।

ਕਰ ਭਲਾ ਸੋਸ਼ਲ ਐਂਡ ਵੈੱਲਫੇਅਰ ਕਲੱਬ ਦੇ ਪ੍ਰਧਾਨ ਜਗਮੀਤ ਸਿੰਘ ਸੰਧੂ ਨੇ ਦੱਸਿਆ ਕਿ ਉਹ ਹਰ ਸਾਲ ਬਾਬਾ ਸ਼ੇਖ ਫ਼ਰੀਦ ਆਗਮਨ ਪੁਰਬ 'ਤੇ ਲੋਕ ਭਲਾਈ ਦੇ ਕਾਰਜ ਕਰਦੇ ਹਨ ਅਤੇ ਇਸ ਸਾਲ ਪ੍ਰਗਤੀ ਵੈੱਲਫੇਅਰ ਕਲੱਬ ਦੇ ਅਹੁਦੇਦਾਰਾਂ ਤੇ ਮੈਂਬਰਾਂ ਦੇ ਅਨਮੁੱਲੇ ਸਹਿਯੋਗ ਨਾਲ ਉਨ੍ਹਾਂ ਨੇ ਇਸ ਸਾਲ ਚੱਲਣ ਫਿਰਨ ਤੋਂ ਆਸਮਰੱਥ 50 ਲੋੜਵੰਦ ਲੋਕਾਂ ਨੂੰ ਟਰਾਈਸਾਈਕਲ ਭੇਟ ਕੀਤੇ ਹਨ। ਇਸ ਮੌਕੇ ਰੋਹਿਤ ਬੱਗਾ, ਅਨਮੋਲ ਮੋਂਗਾ, ਰਜਤ ਸੇਠੀ, ਸਤਵਿੰਦਰ ਸਿੰਘ, ਗੁਰਵਿੰਦਰ ਸਿੰਘ, ਜਸਵਿੰਦਰ ਸਿੰਘ ਮਿੰਟੂ, ਨਵੀ ਮੰਗਲਾ, ਬੰਟੀ ਕੁਮਾਰ, ਲਵਲੀ, ਯੋਗੇਸ਼ ਥਾਪਰ, ਅਨਸ਼ੂ ਸਰਾ, ਗੁਲਸ਼ਨ ਨਾਰੰਗ, ਦੀਪਕ ਚੁੱਘ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਚੇਤਨਾ ਕਨਵੈਨਸ਼ਨ



**ਮੋਗਾ (ਇਕਬਾਲ ਸਿੰਘ ਖਹਿਰਾ)**

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਵੱਲੋਂ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਤ ਜਥੇਬੰਦਕ ਚੇਤਨਾ ਕਨਵੈਨਸ਼ਨ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਮੋਗਾ ਵੱਲੋਂ ਫਰੀਡਮ ਫਾਇਟਰ ਭਵਨ ਮੋਗਾ ਵਿਖੇ ਕਰਵਾਈ ਗਈ, ਜਿਸ ਵਿੱਚ ਸੂਬਾ ਜਨਰਲ ਸਕੱਤਰ ਗੁਰਮੇਲ ਸਿੰਘ ਮਾਛੀਕੇ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ। ਚੇਤਨਾ ਕਨਵੈਨਸ਼ਨ ਨੂੰ ਸ਼ੁਰੂ ਕਰਨ ਤੋਂ ਪਹਿਲਾਂ ਦੇਸ਼ ਦੇ ਮਹਾਨ ਸਪੂਤ ਸ਼ਹੀਦ ਭਗਤ ਸਿੰਘ ਸਮੇਤ ਸਮੂਹ ਸ਼ਹੀਦ ਸਾਥੀਆਂ ਨੂੰ ਯਾਦ ਕਰਦਿਆਂ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਸੂਬਾ ਜਨਰਲ ਸਕੱਤਰ ਗੁਰਮੇਲ ਸਿੰਘ ਮਾਛੀਕੇ, ਜ਼ਿਲ੍ਹਾ ਚੈਅਰਮੈਨ ਬਲਦੇਵ ਸਿੰਘ ਧੂੜਕੋਟ ਕਲਾਂ, ਜ਼ਿਲ੍ਹਾ ਪ੍ਰਧਾਨ ਜਸਬੀਰ ਸਿੰਘ ਸਹਿਗਲ, ਜ਼ਿਲ੍ਹਾ ਜਨਰਲ ਸਕੱਤਰ ਰਜਿੰਦਰ ਸਿੰਘ ਲੋਪੋ ਤੇ ਜ਼ਿਲ੍ਹਾ ਕੈਸ਼ੀਅਰ ਬਲਜਿੰਦਰ ਸਿੰਘ ਰੌਲੀ ਨੇ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਜੋ ਸ਼ਹੀਦਾਂ ਦੇ ਸੁਪਨਿਆਂ ਦਾ ਆਜ਼ਾਦ ਭਾਰਤ ਸਿਰਜਿਆ ਸੀ, ਉਹ ਸੁਪਨੇ ਦੇਸ਼ ਦੀ ਆਜ਼ਾਦੀ ਦੇ 77 ਸਾਲ ਬੀਤ ਜਾਣ ਦੇ ਬਾਵਜੂਦ ਅਧੂਰੇ ਹਨ। ਅੱਜ ਵੀ ਵੱਡੀ ਗਿਣਤੀ ਵਿੱਚ ਲੋਕ ਕੁੱਲੀ, ਗੁੱਲੀ ਤੇ ਜੁੱਲੀ ਵਰਗੀਆਂ ਮੁੱਢਲੀਆਂ ਸਹੂਲਤਾਂ ਤੋਂ ਵਾਂਝੇ ਹਨ। ਲੋਕ ਸਿਹਤ ਸਿੱਖਿਆ ਤੇ ਰੁਜ਼ਗਾਰ ਦੀ ਘਾਟ ਕਾਰਨ ਦੇਸ਼ ਅਨਪੜ੍ਹਤਾ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਤੇ ਕੁਨਬਾਪ੍ਰਸਤੀ ਵਰਗੀਆਂ ਅਲਾਮਤਾਂ ਨਾਲ ਜੂਝ ਰਹੇ ਹਨ। ਸਮੇਂ ਦੀਆਂ ਵੱਖ ਵੱਖ ਪਾਰਟੀਆਂ ਨਾਲ ਸਬੰਧਤ ਸਰਕਾਰਾਂ ਦੀਆਂ ਨਾਲਾਇਕੀ ਕਾਰਨ ਲੱਖਾਂ ਲੋਕ ਕੁਦਰਤੀ ਆਫ਼ਤਾਂ ਤੇ ਮੌਸਮੀ ਬੀਮਾਰੀਆਂ ਦੀ ਭੇਟ ਚੜ੍ਹ ਕੇ ਆਪਣੀਆਂ ਕੀਮਤੀ ਜਾਨਾਂ ਗੁਆ ਬੈਠਦੇ ਹਨ। ਖੇਤੀ ਧੰਦਾਂ ਘਾਟੇਵੰਦ ਸਾਬਿਤ ਹੋਣ ਕਰਕੇ ਕਿਸਾਨ ਤੇ ਮਜ਼ਦੂਰਾਂ ਅੰਦਰ ਖ਼ੁਦਕੁਸ਼ੀਆਂ ਦਾ ਰੁਝਾਨ ਵਧ ਰਿਹਾ ਹੈ। ਸਰਕਾਰਾਂ ਵੱਲੋਂ ਦੇਸ਼ ਅੰਦਰ ਕਾਰਪੋਰੇਟ ਘਰਾਣਿਆਂ ਪੱਖੀ ਨਿੱਜੀਕਰਨ, ਨਿਗਮੀਕਰਨ, ਉਦਾਰੀਕਰਨ ਦੀਆਂ ਨੀਤੀਆਂ ਲਾਗੂ ਕਰਕੇ ਪਬਲਿਕ ਅਦਾਰਿਆਂ, ਕੁਦਰਤੀ ਖਜ਼ਾਨਿਆਂ ਨੂੰ ਪ੍ਰਾਈਵੇਟ ਹੱਥਾਂ ਵਿੱਚ ਸੌਂਪਿਆ ਜਾ ਰਿਹਾ ਹੈ। ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਇਨਸਾਨ ਪਸੰਦ ਲੋਕਾਂ ਨੂੰ ਇੱਕ ਮੰਚ 'ਤੇ ਇਕੱਠਾ ਹੋਣ ਦੀ ਜ਼ਰੂਰਤ ਹੈ। ਬਲਾਕ ਪ੍ਰਧਾਨ ਗੁਰਮੇਲ ਸਿੰਘ ਮਾਨ ਦੌਧਰ, ਸ਼ਹਿਰੀ ਪ੍ਰਧਾਨ ਦਰਸ਼ਨ ਲਾਲ, ਬਲਾਕ ਧਰਮਕੋਟ ਦੇ ਪ੍ਰਧਾਨ ਹਰਮੀਤ ਸਿੰਘ ਲਾਡੀ, ਬਲਾਕ ਸਮਾਲਸਰ ਦੇ ਪ੍ਰਧਾਨ ਗੁਰਚਰਨ ਸਿੰਘ ਸਾਹੋਕੇ, ਬਲਾਕ ਵਨ ਦੇ ਪ੍ਰਧਾਨ ਅਵਤਾਰ ਸਿੰਘ ਕੋਕਰੀ ਫੂਲਾ ਸਿੰਘ ਵਾਲਾ, ਬਲਾਕ ਮੋਗਾ 2 ਦੇ ਪ੍ਰਧਾਨ ਪਰਮਜੀਤ ਸਿੰਘ ਵੱਡਾ ਘਰ ਤੇ ਬਲਾਕ ਬਾਘਾ ਪੁਰਾਣਾ ਦੇ ਪ੍ਰਧਾਨ ਗੁਰਮੇਲ ਸਿੰਘ ਲਧਾਈ ਕੇ ਨੇ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਪੰਜਾਬ ਇੱਕ ਖੁਸ਼ਹਾਲ ਸੂਬਾ ਹੋਣ ਦੇ ਬਾਵਜੂਦ 20% ਸਿਹਤ ਸਹੂਲਤਾਂ ਸਰਕਾਰੀ ਤੌਰ 'ਤੇ ਮਿਲ ਰਹੀਆਂ ਹਨ ਤੇ 80% ਸਿਹਤ ਸਹੂਲਤਾਂ ਪ੍ਰਾਈਵੇਟ ਹਸਪਤਾਲ ਅਤੇ ਪ੍ਰਾਈਵੇਟ ਇਲਾਜ ਮਹਿੰਗਾ ਹੋਣ ਕਰਕੇ ਵੱਡੀ ਗਿਣਤੀ ਵਿੱਚ ਲੋਕ ਆਪਣਾ ਇਲਾਜ ਅਨਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਜ਼ ਪਾਸੋਂ ਕਰਵਾ ਰਹੇ ਹਨ। ਮੈਡੀਕਲ ਪ੍ਰੈਕਟੀਸ਼ਨਰਜ਼ ਪਿਛਲੇ ਤਕਰੀਬਨ 50 ਸਾਲਾਂ ਤੋਂ ਪਿੰਡਾਂ ਤੇ ਸ਼ਹਿਰਾਂ ਦੀਆਂ ਗਰੀਬ ਬਸਤੀਆਂ ਅੰਦਰ ਮੁੱਢਲੀਆਂ ਸਿਹਤ ਸਹੂਲਤਾਂ ਬਹੁਤ ਸਸਤੀਆਂ ਦਰਾਂ 'ਤੇ ਦੇ ਰਹੇ ਹਨ ਤੇ ਲੋਕ ਇਨ੍ਹਾਂ ਦੀਆਂ ਸੇਵਾਵਾਂ ਤੋਂ ਸੰਤੁਸ਼ਟ ਹਨ। ਸੂਬਾ ਕਮੇਟੀ ਮੈਂਬਰ ਸੁੱਖਪਾਲ ਸਿੰਘ ਢਿੱਲਵਾਂ, ਲੇਡੀ ਵਿੰਗ ਦੇ ਪ੍ਰਧਾਨ ਬਲਵਿੰਦਰ ਕੌਰ ਮੋਗਾ, ਸੀਨੀਅਰ ਆਗੂ ਭਗਵੰਤ ਸਿੰਘ ਦੁੱਨੇਕੇ, ਸਹਾਇਕ ਕੈਸ਼ੀਅਰ ਸ੍ਰੀ ਕ੍ਰਿਸ਼ਨ ਮੋਰੀਆ, ਹਰਬੰਸ ਸਿੰਘ ਕੋਟ ਈਸੇ ਖਾਂ, ਕੁਲਦੀਪ ਸਿੰਘ ਲਧਾਈ ਕੇ, ਮੈਡਮ ਕੁਸੁਮ ਸ਼ਰਮਾ ਧਰਮਕੋਟ ਨੇ ਆਪਣੇ ਸਾਂਝੇ ਬਿਆਨ ਵਿੱਚ ਸਿਹਤ ਮੰਤਰੀ ਬਲਵੀਰ ਸਿੰਘ ਸਿੱਧੂ ਦੇ ਮੈਡੀਕਲ ਪ੍ਰੈਕਟੀਸ਼ਨਰਜ਼ ਪ੍ਰਤੀ ਦਿੱਤੇ ਬਿਆਨ ਦੀ ਨਿਖੇਧੀ ਕੀਤੀ ਤੇ ਪੰਜਾਬ ਸਰਕਾਰ ਨੂੰ ਬੇਨਤੀ ਕੀਤੀ ਕਿ ਮੈਡੀਕਲ ਪ੍ਰੈਕਟੀਸ਼ਨਰਜ਼ ਦੀ ਮੰਗ ਨੂੰ ਕਾਨੂੰਨੀ ਨੁਕਤੇ ਦੀ ਥਾਂ ਸਮਾਜਿਕ ਮਸਲਾ ਸਮਝ ਕੇ, ਮੈਡੀਕਲ ਐਕਟ ਵਿੱਚ ਸੋਧ ਕਰਕੇ ਟ੍ਰੇਨਿੰਗ ਦੇ ਕੇ ਮੁੱਢਲੀਆਂ ਸਿਹਤ ਸਹੂਲਤਾਂ ਦੇਣ ਦੀ ਮਾਨਤਾ ਦਿੱਤੀ ਜਾਵੇ।

ਇਸ ਮੌਕੇ ਉਪਰੋਕਤ ਬੁਲਾਰਿਆਂ ਤੋਂ ਇਲਾਵਾ ਅਮਨਦੀਪ ਸਿੰਘ ਦੋਧਰ, ਮਹਿੰਦਰ ਪਾਲ ਸਿੰਘ ਮੋਗਾ, ਗੁਰਪਿਆਰ ਸਿੰਘ ਮੱਲ ਕੇ, ਅਵਤਾਰ ਸਿੰਘ ਗੁਲਸ਼ਨ, ਹਰਿੰਦਰ ਪਾਲ ਸਿੰਘ ਮਹਿਰੋਂ, ਸਾਹਿਬ ਸਿੰਘ, ਜਗਸੀਰ ਸਿੰਘ ਡਾਲਾ,ਸੋਹਣ ਸਿੰਘ ਸੈਦੋਕੇ, ਜਸਵੰਤ ਸਿੰਘ ਜੋਸ਼ਨ ਰੌਲੀ ਹਰਜੀਤ ਸਿੰਘ ਸਲੀਣਾ, ਕੁਲਵੰਤ ਸਿੰਘ ਲੋਹਾਰਾ, ਚੰਦ ਸਿੰਘ ਬਾਘਾ ਪੁਰਾਣਾ, ਛਿੰਦਰਪਾਲ ਸਿੰਘ ਮੱਲ ਕੇ, ਚਮਕੌਰ ਸਿੰਘ ਆਪਣੇ ਸਾਥੀਆਂ ਸਮੇਤ ਹਾਜ਼ਰ ਸਨ।

## ਬਾਬਾ ਫ਼ਰੀਦ ਲਾਅ ਕਾਲਜ 'ਚ ਐੱਨ.ਸੀ.ਸੀ ਕੈਡਿਟਸ ਦੀ ਇਨਰੋਲਮੈਂਟ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਬਾਬਾ ਫ਼ਰੀਦ ਲਾਅ ਕਾਲਜ ਵਿੱਚ ਚੇਅਰਮੈਨ ਸਵ. ਇੰਦਰਜੀਤ ਸਿੰਘ ਖਾਲਸਾ ਦੀ ਅਗਾਂਹਵਧੂ ਸੋਚ ਨੂੰ ਅੱਗੇ ਵਧਾਉਂਦੇ ਹੋਏ ਸਿਮਰਜੀਤ ਸਿੰਘ ਸੇਖੋਂ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਦੀ ਅਗਵਾਈ ਹੇਠ ਪੰਜਾਬ ਐਨ.ਸੀ.ਸੀ. ਬਟਾਲੀਅਨ ਫ਼ਿਰੋਜ਼ਪੁਰ ਅਧੀਨ ਚੱਲ ਰਹੀ ਕਾਲਜ ਐਨ.ਸੀ.ਸੀ. ਯੂਨਿਟ ਵਿੱਚ ਲੜਕਿਆਂ ਦੀ ਇਨਰੋਲਮੈਂਟ ਕੀਤੀ ਗਈ, ਜਿਸ ਦੌਰਾਨ ਨਾਇਬ ਸੂਬੇਦਾਰ ਗੁਰਪਰਮਜੀਤ ਸਿੰਘ ਤੇ ਹਵਲਦਾਰ ਸੁਖਵਿੰਦਰ ਸਿੰਘ ਨੇ ਸਰੀਰਕ ਮਾਪਦੰਡ ਤੇ ਮੈਡੀਕਲ ਤੌਰ 'ਤੇ ਫਿੱਟ ਪਾਏ ਗਏ ਵਿਦਿਆਰਥੀਆਂ ਦੀ ਬਤੌਰ ਕੈਡਿਟ ਇਨਰੋਲਮੈਂਟ ਕੀਤੀ। ਕਾਲਜ ਦੇ ਐਨ.ਸੀ.ਸੀ. ਸੀ.ਟੀ.ਓ ਸ਼੍ਰੀ ਮਨਿੰਦਰ ਸਿੰਘ ਨੇ ਦੱਸਿਆ ਕਿ ਇਸ ਇਨਰੋਲਮੈਂਟ ਦੌਰਾਨ ਵਿਦਿਆਰਥੀਆਂ ਵਿੱਚ ਕਾਫੀ ਉਤਸ਼ਾਹ ਪਾਇਆ ਗਿਆ, ਜਿਸ ਦੀ ਬਦੌਲਤ ਸੈਸ਼ਨ 2024-25 ਲਈ 28 ਲੜਕਿਆਂ ਦੀ ਸੀਨੀਅਰ ਡਵੀਜ਼ਨ ਵਿੰਗ ਵਿੱਚ ਇਨਰੋਲਮੈਂਟ ਕੀਤੀ ਗਈ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਪੰਕਜ ਕੁਮਾਰ ਗਰਗ ਨੇ ਕੈਡਿਟਸ ਨੂੰ ਐਨ.ਸੀ.ਸੀ. ਵਿੱਚ ਭਰਤੀ ਹੋਣ ਲਈ ਵਧਾਈਆਂ ਦਿੱਤੀਆਂ।ਉਨ੍ਹਾਂ 13 ਪੰਜਾਬ ਬਟਾਲੀਅਨ ਦੇ ਕਰਨਲ ਸੀ.ਐਸ. ਸ਼ਰਮਾ ਤੇ ਸਮੁੱਚੇ ਐਨ.ਸੀ.ਸੀ ਅਧਿਕਾਰੀਆਂ ਦਾ ਧੰਨਵਾਦ ਕੀਤਾ।ਉਨ੍ਹਾਂ ਪ੍ਰਧਾਨ ਸਿਮਰਜੀਤ ਸਿੰਘ ਸੇਖੋਂ ਤੇ ਸਮੂਹ ਕਮੇਟੀ ਮੈਂਬਰ ਸਾਹਿਬਾਨ ਨੂੰ ਇਸ ਉਪਰਾਲੇ ਵਿੱਚ ਭਰਪੂਰ ਸਹਿਯੋਗ ਦੇਣ ਲਈ ਧੰਨਵਾਦ ਕੀਤਾ।

# ਪੈਸੇ ਦੇ ਬਲਬੂਤੇ ਪੰਚਾਇਤੀ ਚੋਣਾਂ 'ਚ ਸਰਬਸੰਮਤੀ ਖ਼ਰੀਦਣਾ ਜਮਹੂਰੀਅਤ ਵਿਰੋਧੀ ਰੁਝਾਨ: ਲਿਬਰੇਸ਼ਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਚਿੱਟੇ ਤੇ ਕਾਲੇ ਧਨ ਦੀ ਅੰਨ੍ਹੀ ਵਰਤੋਂ ਜ਼ਰੀਏ ਕੁਝ ਮੋਟੇ ਧਨਾਢਾਂ ਵਲੋਂ ਪੰਚਾਇਤੀ ਚੋਣਾਂ ਦੌਰਾਨ ਪਿੰਡਾਂ ਵਿੱਚ ਵੋਟ ਤੰਤਰ ਨੂੰ ਨੰਗੇ ਚਿੱਟੇ ਧਨਤੰਤਰ ਵਿੱਚ ਬਦਲ ਦੇਣ ਦੇ ਮਾੜੇ ਰੁਝਾਨ ਦੀ ਸਖ਼ਤ ਨਿੰਦਾ ਕਰਦੇ ਹੋਏ ਸੀਪੀਆਈ (ਐੱਮਐੱਲ) ਲਿਬਰੇਸ਼ਨ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਅਖੌਤੀ ਸਰਬਸੰਮਤੀ ਖਰੀਦ ਕੇ ਸਰਪੰਚ ਬਣਨ ਲਈ ਦੋ ਕਰੋੜ ਦੀ ਬੋਲੀ ਲਾਉਣ ਵਾਲੇ ਪਿੰਡ ਹਰਦੋਵਾਲ ਜ਼ਿਲ੍ਹਾ ਗੁਰਦਾਸਪੁਰ ਦੇ ਬੀਜੇਪੀ ਸਮਰਥਕ ਆਤਮਾ ਸਿੰਘ ਦੀ ਆਮਦਨ ਅਤੇ ਕਾਰੋਬਾਰ ਦੀ ਮੁਕੰਮਲ ਜਾਂਚ ਕਰਵਾਈ ਜਾਵੇ।ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰ ਅਤੇ ਸੂਬਾਈ ਬੁਲਾਰੇ ਕਾਮਰੇਡ ਸੁਖਦਰਸ਼ਨ ਸਿੰਘ ਨੱਤ ਵਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਜੇਕਰ ਇਸ ਰੁਝਾਨ ਨੂੰ ਨਾ ਰੋਕਿਆ ਗਿਆ ਤਾਂ ਆਮ ਜਨਤਾ ਨੂੰ ਮਿਲਿਆ ਵੋਟ ਦਾ ਸੰਵਿਧਾਨਕ ਹੱਕ ਬੇਅਰਥ ਹੋ ਕੇ ਰਹਿ ਜਾਵੇਗਾ।ਆਮਦਨ ਦੇ ਸ਼ੱਕੀ ਸੋਮਿਆਂ ਵਾਲੇ ਲੋਕ ਪੈਸੇ ਦੇ ਬਲ ਉਤੇ ਸਿਰਫ ਪਿੰਡ ਦੀਆਂ ਵੋਟਾਂ ਹੀ ਨਹੀਂ ਖਰੀਦ ਰਹੇ, ਬਲਕਿ ਬੀਜੇਪੀ ਦਾ ਦੋ ਕਰੋੜ ਦੀ ਬੋਲੀ ਦੇਣ ਵਾਲੇ ਸਰਪੰਚੀ ਦਾ ਦਾਅਵੇਦਾਰ ਆਤਮਾ ਸਿੰਘ ਕੈਮਰੇ ਸਾਹਮਣੇ ਖੁੱਲੇਆਮ ਕਹਿ ਰਿਹਾ ਹੈ ਕਿ ਜੇਕਰ ਕੋਈ ਹੋਰ ਮੁਕਾਬਲੇ ਵਿਚ ਆਇਆ ਤਾਂ ਮੈਂ ਬੋਲੀ ਹੋਰ ਵਧਾ ਸਕਦਾ ਹਾਂ, ਪਰ ਮੇਰੀ ਸ਼ਰਤ ਹੈ ਕਿ ਮੇਰੇ ਸਰਪੰਚ ਬਣਨ ਦੀ ਸੂਰਤ ਵਿੱਚ ਪਿੰਡ ਦੇ ਸਾਰੇ ਪੰਚ ਵੀ ਬੀਜੇਪੀ ਦੇ ਹੋਣਗੇ।ਮਤਲਬ ਸਾਫ ਹੈ ਕਿ ਉਹ ਸਿਰਫ ਸਰਪੰਚੀ ਨਹੀਂ, ਪਿੰਡ ਦੇ ਲੋਕਾਂ ਦੇ ਸਾਰੇ ਹੱਕਾਂ/ਅਧਿਕਾਰਾਂ ਦਾ ਹੀ ਸੌਦਾ ਕਰ ਰਿਹਾ ਹੈ।ਪਾਰਟੀ ਨੇ ਜਿਥੇ ਸੂਬਾਈ ਚੋਣ ਕਮਿਸ਼ਨ ਤੋਂ ਇਸ ਘਾਤਕ ਵਰਤਾਰੇ ਦਾ ਤੁਰੰਤ ਨੋਟਿਸ ਲੈਣ ਅਤੇ ਢੁੱਕਵੀਂ ਕਾਰਵਾਈ ਕਰਨ ਦੀ ਮੰਗ ਕੀਤੀ ਹੈ, ਉਥੇ ਪਿੰਡਾਂ ਦੇ ਸਿਆਸੀ ਤੌਰ 'ਤੇ ਜਾਗਰਤ ਇਮਾਨਦਾਰ ਅਤੇ ਨਿਡਰ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਨਿਰੋਲ ਪੈਸੇ ਦੇ ਬਲ ਤੇ ਥੋਪੀਆਂ ਜਾ ਰਹੀਆਂ ਅਜਿਹੀਆਂ ਅਖੌਤੀ ਸਰਬਸੰਮਤੀਆਂ ਨੂੰ ਚੁਣੌਤੀ ਦੇਣ ਲਈ ਅੱਗੇ ਆਉਣ ਅਤੇ ਜਿੱਤ ਹਾਰ ਦੀ ਪ੍ਰਵਾਹ ਕੀਤੇ ਬਿਨਾਂ ਕਾਗਜ਼ ਭਰ ਕੇ ਅਜਿਹੇ ਸੌਦੇਬਾਜ਼ਾਂ ਨੂੰ ਚੋਣ ਲੜਨ ਲਈ ਮਜਬੂਰ ਕਰ ਦੇਣ।

# ਗੁਰੂ ਨਾਨਕ ਦੇਵ ਜੀ ਦੇ ਜੋਤੀ-ਜੋਤਿ ਦਿਵਸ ਨੂੰ ਸਮਰਪਿਤ ਸਮਾਗਮ ਆਯੋਜਿਤ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪਿੰਡ ਧਾਰੀਵਾਲ ਕਲਾਂ ਦੇ ਚੀਮਾ ਪੱਤੀ ਗੁਰਦੁਆਰਾ ਸਾਹਿਬ ਵਿੱਚ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੋਤੀ-ਜੋਤਿ ਦਿਵਸ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਕੀਰਤਨੀ ਜਥਾ ਬੀਬੀ ਗੁਰਪ੍ਰੀਤ ਕੌਰ ਖਾਲਸਾ ਮੱਲੀਆਂ ਫਕੀਰਾਂ ਨੇ ਰਸਭਿੰਨੇ ਗੁਰਬਾਣੀ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਸੁਖਮਨੀ ਸਾਹਿਬ ਸੇਵਾ ਸੁਸਾਇਟੀ ਬੀਬੀਆਂ ਦੇ ਜਥੇ ਵੱਲੋਂ ਗੁਰੂ ਨਾਨਕ ਦੇਵ ਜੀ ਦੀ ਮਹਿਮਾ ਦੇ ਸ਼ਬਦ ਗਾਇਨ ਕੀਤੇ ਗਏ। ਗ੍ਰੰਥੀ ਭਾਈ ਮਨਜੀਤ ਸਿੰਘ ਗਿੱਲਮੰਝ ਨੇ ਗੁਰਬਾਣੀ ਕਥਾ ਵਿਚਾਰਾਂ ਕਰਦਿਆਂ ਬਾਬਾ ਨਾਨਕ ਦੇਵ ਜੀ ਦੇ ਜੀਵਨ ਤੇ ਚਾਨਣਾ ਪਾਇਆ। ਸਮਾਗਮ ਵਿੱਚ ਮੁੱਖ ਸੇਵਾਦਾਰ ਬਾਬਾ ਅਜੈਬ ਸਿੰਘ ਚੀਮਾ, ਸੇਵਾਦਾਰ ਮੰਗਲ ਸਿੰਘ, ਫੋਰਮੈਨ ਸਰਵਣ ਸਿੰਘ, ਜੋਗਿੰਦਰ ਸਿੰਘ, ਸਵਰਨ ਸਿੰਘ, ਗੁਰਦਰਸ਼ਨ ਸਿੰਘ, ਸਰਵਿੰਦਰ ਸਿੰਘ, ਸੁਰਜੀਤ ਸਿੰਘ, ਮੇਵਾ ਸਿੰਘ, ਅਮਨ ਸਿੰਘ, ਸੂਬਾ ਸਿੰਘ, ਅਜੀਤ ਸਿੰਘ ਨੰਬਰਦਾਰ, ਬੀਬੀ ਹਰਜਿੰਦਰ ਕੌਰ ਬਲਜੀਤ ਕੌਰ, ਪਰਮਜੀਤ ਕੌਰ, ਰਵਿੰਦਰ ਕੌਰ, ਬੀਬੀ ਸੋਨੀਆ ਆਦਿ ਸਮੇਤ ਸੰਗਤਾਂ ਹਾਜਰ ਸਨ। ਇਸ ਮੌਕੇ ਮੁੱਖ ਸੇਵਾਦਾਰ ਬਾਬਾ ਅਜੈਬ ਸਿੰਘ ਚੀਮਾ ਅਤੇ ਹੋਰ ਗੁਰਦੁਆਰਾ ਕਮੇਟੀ ਆਗੂਆਂ ਵਲੋਂ ਕੀਰਤਨੀ ਜਥੇ ਨੂੰ ਸਿਰਪਾਓ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ।

# ਪੰਚਾਇਤੀ ਚੋਣਾਂ ਨੂੰ ਲੈ ਕੇ ਭਾਜਪਾ ਦਾ ਵਫਦ ਚੋਣ ਕਮਿਸ਼ਨ ਨੂੰ ਮਿਲਿਆ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਪੰਚਾਇਤੀ ਚੋਣਾਂ ਦੇ ਸਬੰਧ ਵਿਚ ਭਾਰਤੀ ਜਨਤਾ ਪਾਰਟੀ ਦਾ ਇਕ ਵਫਦ ਭਾਜਪਾ ਓਬੀਸੀ ਮੋਰਚਾ ਦੇ ਸੂਬਾ ਪ੍ਰਧਾਨ ਤੇ ਅਜਨਾਲਾ ਤੋਂ ਸਾਬਕਾ ਵਿਧਾਇਕ ਬੋਨੀ ਅਮਰਪਾਲ ਸਿੰਘ ਅਜਨਾਲਾ ਦੀ ਅਗਵਾਈ ਹੇਠ ਮੁੱਖ ਚੋਣ ਕਮਿਸ਼ਨ ਪੰਜਾਬ ਨੂੰ ਮਿਲਿਆ ਅਤੇ ਮੰਗ ਪੱਤਰ ਦਿੱਤਾ! ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਜਪਾ ਆਗੂ ਬੋਨੀ ਅਮਰਪਾਲ ਸਿੰਘ ਅਜਨਾਲਾ ਨੇ ਕਿਹਾ ਕਿ ਪੰਚਾਇਤੀ ਚੋਣਾਂ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਵੱਲੋ ਚੋਣ ਕਮਿਸ਼ਨ ਨੂੰ ਇਕ ਮੰਗ ਪੱਤਰ ਰਾਹੀਂ ਦੱਸਿਆ ਗਿਆ ਹੈ ਕਿ ਇਨ੍ਹਾਂ ਚੋਣਾਂ ਦੌਰਾਨ ਬਹੁਤ ਸਾਰੇ ਪਿੰਡਾਂ ਦੀਆਂ ਜਿਥੇ ਵੋਟਰ ਸੂਚੀਆਂ ਉਪਲਬਧ ਨਹੀਂ ਹਨ, ਉਥੇ ਕਈ ਵੋਟਰਾਂ ਦੇ ਨਾ ਹੀ ਵੋਟਰ ਸੂਚੀਆ ਚ ਗਾਇਬ ਹਨ, ਜਿਸ ਤੋਂ ਅਜਿਹਾ ਲੱਗਦਾ ਹੈ ਜਿਵੇਂ ਆਪ ਨਾ ਕੱਟੇ ਹੋਣ, ਇਸ ਤੋਂ ਇਲਾਵਾ ਇਹ ਵੀ ਸ਼ੰਕਾ ਪ੍ਰਗਟਾਈ ਜਾ ਰਹੀ ਹੈ ਕਿ ਸੱਤਾਧਾਰੀ ਧਿਰ ਵੱਲੋ ਬਿਨਾਂ ਕਿਸੇ ਵਜ੍ਹਾ ਦੇ ਵਿਰੋਧੀ ਪਾਰਟੀਆਂ ਦੇ ਉਮੀਦਵਾਰਾਂ ਦੇ ਕਾਗਜ ਰੱਦ ਵੀ ਕਰਵਾਏ ਜਾ ਸਕਦੇ ਹਨ! ਇਸ ਮੌਕੇ ਉਨ੍ਹ ਚੋਣ ਕਮਿਸ਼ਨ ਤੋਂ ਮੰਗ ਕੀਤੀ ਕਿ ਪੰਜਾਬ ਵਿਚ ਪੰਚਾਇਤੀ ਚੋਣਾਂ ਪੂਰੇ ਸ਼ਾਂਤਮਈ ਢੰਗ ਅਤੇ ਸਵਿਧਾਨਕ ਤਰੀਕੇ ਨਾਲ ਕਾਰਵਾਈਆਂ ਜਾਣ, ਤੇ ਕਿਸੇ ਵੀ ਕਿਸਮ ਦੀ ਧਾਂਦਲੀ ਨਾ ਹੋਣ ਦਿਤੀ ਜਾਵੇ,ਤਾ ਜੋ ਲੋਕ ਆਪਣੇ ਪਿੰਡਾਂ ਦੇ ਭਲੇ ਲਈ ਆਪਣੀ ਮਰਜੀ ਦੀ ਪੰਚਾਇਤ ਚੁਣ ਸਕਣ !ਇਸ ਮੌਕੇ ਸਾਬਕਾ ਵਿਧਾਇਕ ਤੇ ਭਾਜਪਾ ਆਗੂ ਫ਼ਤਹਿ ਜੰਗ ਸਿੰਘ ਬਾਜਵਾ ਸਮੇਤ ਕਈ ਆਗੂ ਹਾਜ਼ਰ ਸਨ!

# ਸਰਕਾਰੀ ਕਾਲਜਾਂ 'ਚ ਗੈਸਟ ਫੈਕਲਟੀ ਅਧਿਆਪਕਾਂ ਨੂੰ ਵੀ ਰੈਗੂਲਰ ਅਧਿਆਪਕਾਂ ਵਜੋਂ ਤੈਨਾਤ ਕਰੇ ਪੰਜਾਬ ਸਰਕਾਰ

**ਪਟਿਆਲਾ**-ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਨੇ ਸਰਕਾਰੀ ਕਾਲਜਾਂ ਅੰਦਰ ਕਈ ਵਰ੍ਹਿਆਂ ਤੋਂ ਕੰਮ ਕਰਦੇ ਗੈਸਟ ਫੈਕਲਟੀ ਅਧਿਆਪਕਾਂ ਦੀਆਂ ਨੌਕਰੀਆਂ 'ਤੇ ਬਣੀ ਸੰਕਟਮਈ ਹਾਲਤ ਪੰਜਾਬ ਸਰਕਾਰ ਦੀ ਪੁਹੰਚ ਦੀ ਸਖ਼ਤ ਨਿਖੇਧੀ ਕੀਤੀ ਹੈ। ਇਸ ਸੰਬਧੀ ਸਾਂਝਾ ਪ੍ਰੈੱਸ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਅਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਕਿਹਾ ਕਿ 1158 ਅਧਿਆਪਕਾਂ ਤੇ ਲਾਇਬ੍ਰੇਰੀਅਨਾਂ ਦੀ ਭਰਤੀ ਦਾ ਅਮਲ ਅੱਗੇ ਤੁਰਨ ਨਾਲ ਸਰਕਾਰੀ ਕਾਲਜਾਂ ਵਿੱਚ ਬਹੁਤ ਘੱਟ ਤਨਖਾਹਾਂ 'ਤੇ ਵਰ੍ਹਿਆਂ ਤੋਂ ਕੰਮ ਕਰ ਰਹੇ ਗੈਸਟ ਫੈਕਲਟੀ ਅਧਿਆਪਕਾਂ ਦੀਆਂ ਨੌਕਰੀਆਂ 'ਤੇ ਉਜਾੜੇ ਦੀ ਤਲਵਾਰ ਲਟਕ ਗਈ ਹੈ। ਜੋ ਇਨ੍ਹਾਂ ਅਧਿਆਪਕਾਂ ਨਾਲ ਘੋਰ ਬੇਇਨਸਾਫੀ ਬਣਦੀ ਹੈ, ਜਿਨ੍ਹਾਂ ਨੇ ਰੈਗੂਲਰ ਭਰਤੀ ਨਾ ਕਰਨ ਦੀ ਹਾਲਤ ਵਿੱਚ ਅਧਿਆਪਕਾਂ ਖੁਣੋਂ ਖਾਲੀ ਹੋ ਰਹੇ ਸਰਕਾਰੀ ਕਾਲਜਾਂ ਨੂੰ ਦਹਾਕਿਆਂ ਤੋਂ ਸੰਭਾਲਿਆ ਹੈ ਅਤੇ ਨਿਗੂਣੀਆਂ ਉਜਰਤਾਂ 'ਤੇ ਬਕਾਇਦਾ ਅਧਿਆਪਕਾਂ ਵਾਲਾ ਰੋਲ ਅਦਾ ਕੀਤਾ ਹੈ। ਇਨ੍ਹਾਂ ਅਧਿਆਪਕਾਂ ਨੇ ਆਪਣੇ ਜ਼ਿੰਦਗੀ ਦੇ ਕੀਮਤੀ ਸਾਲ ਇਨ੍ਹਾਂ ਸਰਕਾਰੀ ਸਿੱਖਿਆ ਸੰਸਥਾਵਾਂ ਦੀ ਹੋਂਦ ਬਚਾਈ ਰੱਖਣ ਵਿੱਚ ਗੁਜ਼ਾਰੇ ਹਨ, ਜਿਨ੍ਹਾਂ ਨੂੰ ਸਰਕਾਰਾਂ ਨਿੱਜੀਕਰਨ ਦੀ ਸਾਮਰਾਜੀ ਨੀਤੀ ਤਹਿਤ ਉਜਾੜਨ 'ਤੇ ਤੁਲੀਆਂ ਹੋਈਆਂ ਹਨ। ਕਿਸਾਨ ਆਗੂਆਂ ਨੇ ਮੰਗ ਕੀਤੀ ਹੈ ਕਿ ਮਾਨ ਸਰਕਾਰ ਨੂੰ 1158 ਅਧਿਆਪਕਾਂ ਦੀ ਭਰਤੀ ਦਾ ਅਮਲ ਸਿਰੇ ਚਾੜ੍ਹਨ ਦੇ ਨਾਲ ਨਾਲ ਗੈਸਟ ਫੈਕਲਟੀ ਅਧਿਆਪਕਾਂ ਨੂੰ ਵੀ ਇਨ੍ਹਾਂ ਕਾਲਜਾਂ ਦੀਆਂ ਬਾਕੀ ਖਾਲੀ ਪਈਆਂ ਪੋਸਟਾਂ 'ਤੇ ਰੈਗੂਲਰ ਅਧਿਆਪਕਾਂ ਵਜੋਂ ਨਿਯੁਕਤ ਕਰਨਾ ਚਾਹੀਦਾ ਹੈ। ਇਨ੍ਹਾਂ ਵਿੱਚ ਬਕਾਇਦਾ ਯੋਗਤਾ ਸ਼ਰਤਾਂ ਪੂਰੀਆਂ ਨਾ ਕਰਦੇ ਕੁੱਝ ਹਿੱਸਿਆਂ ਨੂੰ ਯੋਗਤਾ ਵਧਾਉਣ ਦਾ ਮੌਕਾ ਦੇਣਾ ਚਾਹੀਦਾ ਹੈ। ਪੰਜਾਬ ਦੇ ਸਰਕਾਰੀ ਕਾਲਜਾਂ ਵਿੱਚ ਨਵੀਆਂ ਅਸਾਮੀਆਂ ਦੀ ਹੋਰ ਕਾਫ਼ੀ ਜ਼ਰੂਰਤ ਹੈ, ਜਿਹੜੀਆਂ ਤੁਰੰਤ ਪੈਦਾ ਕੀਤੀਆਂ ਜਾਣੀਆਂ ਚਾਹੀਦੀਆਂ ਹਨ। ਉਹਨਾਂ ਅਸਾਮੀਆਂ 'ਤੇ ਵੀ ਉੱਚ ਵਿੱਦਿਆ ਪ੍ਰਾਪਤ ਨੌਜਵਾਨਾਂ ਨੂੰ ਰੈਗੂਲਰ ਤੈਨਾਤ ਕੀਤਾ ਜਾਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਅਜਿਹਾ ਕਰਨ ਲਈ ਜ਼ਰੂਰੀ ਹੈ ਕਿ ਪੰਜਾਬ ਸਰਕਾਰ ਸਿੱਖਿਆ ਦੇ ਨਿੱਜੀਕਰਨ ਤੇ ਵਪਾਰੀਕਰਨ ਦੀ ਲਾਗੂ ਕੀਤੀ ਜਾ ਰਹੀ ਨੀਤੀ ਦਾ ਤਿਆਗ ਕਰਕੇ ਸਿੱਖਿਆ ਖੇਤਰ ਅੰਦਰ ਸਰਕਾਰ ਦੀ ਬਣਦੀ ਜ਼ਿੰਮੇਵਾਰੀ ਅਦਾ ਕਰੇ। ਵਿਸ਼ੇਸ਼ ਕਰਕੇ ਸਰਕਾਰੀ ਬੇਰੁਖੀ ਦਾ ਸ਼ਿਕਾਰ ਤੁਰੇ ਆ ਰਹੇ ਉੱਚ ਸਿੱਖਿਆ ਖੇਤਰ ਦੀ ਸਾਰ ਲਵੇ। ਉਨ੍ਹਾਂ ਮੰਗ ਕੀਤੀ ਕਿ ਵਧੀਆਂ ਹੋਈਆਂ ਸਿੱਖਿਆ ਲੋੜਾਂ ਅਨੁਸਾਰ ਸਰਕਾਰੀ ਕਾਲਜਾਂ ਅੰਦਰ ਅਧਿਆਪਕਾਂ ਦੀਆਂ ਨਵੀਆਂ ਅਸਾਮੀਆਂ ਪੈਦਾ ਕੀਤੀਆਂ ਜਾਣ ਤੇ ਇਸ ਮਕਸਦ ਲਈ ਕਾਲਜਾਂ/ਯੂਨੀਵਰਸਿਟੀਆਂ ਦੇ ਫੰਡਾਂ ਤੇ ਗਰਾਂਟਾਂ 'ਚ ਭਾਰੀ ਵਾਧਾ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਗੈਸਟ ਫੈਕਲਟੀ ਅਧਿਆਪਕਾਂ ਦੇ ਰੁਜ਼ਗਾਰ ਉਜਾੜੇ ਦੀ ਹਾਲਤ ਵਿੱਚ ਜਥੇਬੰਦੀ ਉਨ੍ਹਾਂ ਦੇ ਸੰਘਰਸ਼ ਦਾ ਡਟ ਕੇ ਸਾਥ ਦੇਵੇਗੀ ਅਤੇ ਅਜਿਹੀ ਧੱਕੇਸ਼ਾਹੀ ਨਹੀਂ ਹੋਣ ਦਿੱਤੀ ਜਾਵੇਗੀ।

# ਝੋਨੇ ਦੀ ਖਰੀਦ ਲਈ ਜ਼ਿਲ੍ਹਾ ਪ੍ਰਸ਼ਾਸਨ ਤਿਆਰ,8 ਲੱਖ 4 ਹਜ਼ਾਰ ਮੀਟਰਕ ਟਨ ਖਰੀਦਣ ਦਾ ਟੀਚਾ

**ਗੁਰਦਾਸਪੁਰ, (ਜਨਕ ਮਹਾਜਨ)**-ਪੰਜਾਬ ਸਰਕਾਰ ਵਲੋਂ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਹੋਣ ਤੋਂ ਬਾਅਦ ਇਸ ਸਬੰਧੀ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਵਲੋਂ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ ਸੁਰਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਵੀ ਮੌਜੂਦ ਸਨ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਚਾਲੂ ਸੀਜ਼ਨ ਦੌਰਾਨ 8 ਲੱਖ 4 ਹਜ਼ਾਰ ਮੀਟਰਕ ਟਨ ਝੋਨੇ ਦੀ ਆਮਦ ਦਾ ਟੀਚਾ ਮਿੱਥਿਆ ਗਿਆ ਹੈ। ਉਨ੍ਹਾਂ ਕਿਹਾ ਕਿ ਝੋਨੇ ਦੀ ਖ਼ਰੀਦ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲੇ ਅੰਦਰ 'ਚ 92 ਮੰਡੀਆਂ ਸਥਾਪਿਤ ਕੀਤੀਆਂ ਗਈਆਂ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਵੱਖ-ਵੱਖ ਸਰਕਾਰੀ ਖ਼ਰੀਦ ਏਜੰਸੀਆਂ ਜਿਵੇਂ ਕਿ ਪਨਸਪ, ਵੇਅਰਹਾਊਸ, ਮਾਰਕਫੈੱਡ, ਐੱਫ. ਸੀ. ਆਈ. ਨੂੰ ਮੰਡੀਆਂ ਦੀ ਅਲਾਟਮੈਂਟ ਕਰ ਦਿੱਤੀ ਗਈ ਹੈ ਅਤੇ ਕਿਸਾਨਾਂ ਦੀ ਫਸਲ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਬੰਧਤ ਅਧਿਕਾਰੀਆਂ ਨੂੰ ਮੰਡੀਆਂ ਵਿੱਚ ਕਿਸਾਨਾਂ ਦੀ ਸੁਵਿਧਾ ਲਈ ਸ਼ੈੱਡ, ਪੀਣ ਵਾਲੇ ਪਾਣੀ, ਲਾਈਟ, ਪਖਾਨੇ ਆਦਿ ਸਮੇਤ ਸਾਰੇ ਲੋੜੀਂਦੇ ਇੰਤਜ਼ਾਮ ਯਕੀਨੀ ਬਣਾਏ ਗਏ ਹਨ। ਡਿਪਟੀ ਕਮਿਸ਼ਨਰ ਨੇ ਖੁਰਾਕ ਤੇ ਸਪਲਾਈ ਵਿਭਾਗ ਨੂੰ ਹਦਾਇਤ ਕੀਤੀ ਕਿ ਖ਼ਰੀਦ ਕੀਤੇ ਗਏ ਝੋਨੇ ਦੀ ਕਿਸਾਨਾਂ ਨੂੰ 48 ਘੰਟੇ ਅੰਦਰ ਅਦਾਇਗੀ ਕਰਨਾ ਯਕੀਨੀ ਬਣਾਇਆ ਜਾਵੇ। ਇਸ ਤੋਂ ਇਲਾਵਾ ਉਨ੍ਹਾਂ ਲੋੜੀਂਦੀ ਮਾਤਰਾ ਵਿੱਚ ਬਾਰਦਾਨਾ, ਫ਼ਸਲ ਦੀ ਢੋਆ-ਢੁਆਈ ਅਤੇ ਲੇਬਰ ਦੇ ਪ੍ਰਬੰਧ ਕਰਨ ਦੀਆਂ ਵੀ ਹਦਾਇਤਾਂ ਦਿੱਤੀਆਂ ਤਾਂ ਜੋ ਖ਼ਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਚੱਲ ਸਕੇ। ਉਨ੍ਹਾਂ ਸਮੂਹ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਝੋਨੇ ਦੀ ਰਹਿੰਦ ਖੂੰਦ/ਪਰਾਲੀ ਨੂੰ ਅੱਗ ਲਗਾਉਣ ਦੀ ਥਾਂ ਖੇਤਾਂ ਵਿਚ ਹੀ ਖੇਤੀਸੰਦਾਂ ਨਾਲ ਨਿਪਟਾਰਾ ਕਰਨ ਨੂੰ ਤਰਜੀਹ ਦੇਣ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਸਬੰਧੀ ਜਾਗਰੂਕ ਕਰਨ ਦੇ ਨਾਲ-ਨਾਲ ਵਿਭਾਗ ਵਲੋਂ ਸਬਸਿਡੀ 'ਤੇ ਦਿੱਤੀਆਂ ਜਾਂਦੀਆਂ ਮਸ਼ੀਨਾਂ ਬਾਰੇ ਵੀ ਜਾਗਰੂਕ ਕਰਨ ਤਾਂ ਜੋ ਪਰਾਲੀ ਨੂੰ ਅੱਗ ਲਾਉਣ ਦੇ ਰੁਝਾਨ ਨੂੰ ਰੋਕਿਆ ਜਾ ਸਕੇ।

ਮਸਲਾ ਲਖੀਮਪੁਰ ਖੀਰੀ ਦਾ ਇਨਸਾਫ, ਮੰਡੀਆਂ 'ਚ ਕਿਸਾਨਾਂ ਦੀ ਲੁੱਟ ਤੇ ਖੱਜਲ-ਖੁਆਰੀ ਦਾ

# ਕਿਸਾਨ ਭਲਕੇ ਪੰਜਾਬ 'ਚ ਰੇਲਾਂ ਰੋਕਣਗੇ: ਭੋਜਰਾਜ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਕ ਭਾਰਤ ਅਤੇ ਕਿਸਾਨ ਦੇ ਜਵਾਨ ਭਲਾਈ ਯੂਨੀਅਨ ਪੰਜਾਬ ਵਲੋਂ ਲਖੀਮਪੁਰ ਦਾ ਇਨਸਾਫ, ਮੰਡੀਆਂ ਵਿੱਚ ਕਿਸਾਨਾਂ ਦੀ ਲੁੱਟ ਅਤੇ ਖੱਜਲ-ਖੁਆਰੀ ਦੇ ਮਸਲਾ ਨੂੰ ਲੈ ਕੇ ਪੰਜਾਬ ਅੰਦਰ 3 ਅਕਤੂਬਰ ਦਿਨ ਵੀਰਵਾਰ ਨੂੰ 12 ਵਜੇ ਤੋਂ 2:30 ਵਜੇ ਤੱਕ ਰੇਲਾਂ ਰੋਕ ਜਾਣਗੀਆਂ। ਇਹ ਜਾਣਕਾਰੀ ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਿਕ ਭਾਰਤ ਦੇ ਆਗੂ ਅਤੇ ਕਿਸਾਨ ਦੇ ਜਵਾਨ ਭਲਾਈ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਦੇਵ ਸਿੰਘ ਭੋਜਰਾਜ ਨੇ ਪ੍ਰੈੱਸ ਬਿਆਨ ਰਾਹੀਂ ਦਿੰਦਿਆਂ ਦੱਸਿਆ ਕਿ 3 ਅਕਤੂਬਰ 2021 ਨੂੰ ਹੋਏ ਲਖੀਮਪੁਰ ਖੀਰੀ ਦੇ ਕਤਲੇਆਮ ਨੂੰ ਤਿੰਨ ਸਾਲ ਬੀਤ ਚੁੱਕੇ ਹਨ ਅਤੇ ਪੀੜਤ ਕਿਸਾਨਾਂ ਦੇ ਪਰਿਵਾਰਾਂ ਨੂੰ ਹਾਲਾਂ ਤੱਕ ਇਨਸਾਫ ਨਹੀਂ ਮਿਲਿਆ ਅਤੇ ਦੋਸੀਆਂ ਨੂੰ ਵੀ ਬਣਦੀਆਂ ਸਜ਼ਾਵਾਂ ਨਹੀਂ ਮਿਲੀਆਂ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰ ਦੀ ਅਣਗਹਿਲੀ ਕਾਰਨ ਪੰਜਾਬ ਦੇ ਕਿਸਾਨਾਂ ਦੀ ਬਾਸਮਤੀ ਦਾ ਭਾਅ ਪਰਮਲ ਨਾਲੋਂ ਵੀ ਘੱਟ ਮਿਲ ਰਿਹਾ ਹੈ ਅਤੇ ਮੰਡੀਆਂ ਵਿੱਚ ਝੋਨੇ ਦੀ ਖਰੀਦ ਦੇ ਹੁਣ ਤੱਕ ਪੁਖਤਾ ਪ੍ਰਬੰਧ ਨਹੀਂ ਕੀਤੇ ਗਏ।

ਇਸ ਕਾਰਨ ਮੰਡੀਆਂ ਵਿੱਚ ਕਿਸਾਨਾਂ ਦੀ ਵੱਡੇ ਪੱਧਰ ਤੇ ਲੁੱਟ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਉਪਰੋਕਤ ਦੋ ਮਸਲਿਆਂ ਦੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਿਕ ਵਿੱਚ ਸ਼ਾਮਿਲ ਜਥੇਬੰਦੀਆਂ ਵੱਲੋਂ ਗੁਰਦਾਸਪੁਰ ਵਿੱਚ ਰੇਲਵੇ ਸਟੇਸ਼ਨ ਵਿਖੇ 3 ਅਕਤੂਬਰ ਧਰਨਾ ਦੇ ਕੇ 12 ਵਜੇ ਤੋਂ 2:30 ਵਜੇ ਤੱਕ ਰੇਲਾਂ ਰੋਕ ਕੇ ਸੁੱਤੀਆਂ ਹੋਈਆਂ ਸਰਕਾਰਾਂ ਦੇ ਕੰਨਾਂ ਤੱਕ ਆਵਾਜ਼ ਪਹੁੰਚਾਈ ਜਾਵੇਗੀ।

# ਅਕਾਲੀ ਦਲ ਸਮੱਰਥਕਾਂ ਪੰਜਾਬ ਸਰਕਾਰ ਤੇ ਬੀਡੀਓ ਅਜਨਾਲਾ ਖਿਲਾਫ ਦਿੱਤਾ ਧਰਨਾ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਅਜਨਾਲਾ ਸ਼ਹਿਰ ਵਿੱਚ ਪੰਜਾਬ ਵਿੱਚ ਹੋ ਰਹੀਆਂ ਪੰਚਾਇਤੀ ਚੋਣਾਂ ਵਿੱਚ ਵੀਡੀਓ ਅਜਨਾਲਾ ਵੱਲੋਂ ਅਤੇ ਪੰਚਾਇਤ ਸੈਕਟਰੀਆਂ ਵੱਲੋਂ ਅਕਾਲੀ ਦਲ ਸਮਰਥਕ ਸਰਪੰਚਾਂ ਨੂੰ ਚੁੱਲ੍ਹਾ ਟੈਕਸ ਦੀਆਂ ਰਸੀਦਾਂ ਅਤੇ ਹੋਰ ਰਿਕਾਰਡ ਮੁਹੱਈਆ ਨਾ ਕਰਾਉਣ ਤੇ ਪੰਜਾਬ ਸਰਕਾਰ ਅਤੇ ਬੀਡੀਓ ਅਜਨਾਲਾ ਦੇ ਖਿਲਾਫ ਧਰਨਾ ਦਿੱਤਾ ਇਸ ਧਰਨੇ ਦੀ ਅਗਵਾਈ ਸ਼੍ਰੋਮਣੀ ਕਮੇਟੀ ਦੇ ਮੈਂਬਰ ਅਤੇ ਅਜਨਾਲਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜੋਧ ਸਿੰਘ ਸਮਰਾ ਨੇ ਕੀਤੀ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਜਦੋਂ ਸੱਤਾ ਵਿੱਚ ਆਈ ਸੀ ਤੇ ਉਦੋਂ ਪੰਜਾਬ ਸਰਕਾਰ ਆਮ ਘਰਾਂ ਦੀ ਆਮ ਆਦਮੀ ਦਾ ਵਾਅਦਾ ਕਰਕੇ ਆਈ ਸੀ ਪਰ ਹੁਣ ਆਪਣੇ ਘਰ ਵਿੱਚ ਬੀਡੀਓ ਅਤੇ ਪੰਚਾਇਤ ਸੈਕਟਰੀ ਨੂੰ ਬੁਲਾ ਕੇ ਪੰਚਾਇਤਾਂ ਵਿੱਚ ਧਾਂਦਲੀ ਕਰ ਰਹੇ ਹਨ ਅਤੇ ਇਹ ਧਾਂਦਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਨਗਰ ਪੰਚਾਇਤ ਸਾਬਕਾ ਪ੍ਰਧਾਨ ਜ਼ੋਰਾਵਰ ਸਿੰਘ, ਮੁਖਤਾਰ ਸਿੰਘ ਸੂਫੀਆਂ, ਨਵਚੰਦ ਸਿੰਘ ਹਰੜ ਕਲਾਂ, ਸੁਵਿੰਦਰ ਸਿੰਘ ਸਾਇੰਸਰਾ, ਪਵਿੱਤਰ ਸਿੰਘ ਫੌਜੀ, ਯੂਥ ਅਕਾਲੀ ਆਗੂ ਅਮੋਲਕ ਸਿੰਘ ਸ਼ਾਹ, ਇਕਬਾਲ ਸਿੰਘ ਛਿੰਟੂ, ਤਲਵਿੰਦਰ ਸਿੰਘ ਰਿੱਕੂ ਆਦਿ ਹਾਜ਼ਰ ਸਨ। ਜਦੋਂ ਬੀਡੀਓ ਅਜਨਾਲਾ ਦੇ ਨਾਲ ਸਾਡੇ ਪੱਤਰਕਾਰ ਨੇ ਸੰਪਰਕ ਕੀਤਾ ਤਾਂ ਉਨ੍ਹਾਂ ਨੇ ਕਿਹਾ ਕਿ ਅਸੀਂ ਸਾਰੇ ਆਪਣੀਆਂ ਡਿਊਟੀਆਂ ਦੇ ਰਹੇ ਹਾਂ, ਜੋ ਵੀ ਸਾਡੇ ਕੋਲੋਂ ਕੋਈ ਸਰਟੀਫਿਕੇਟ ਡਾਕੂਮੈਂਟ ਮੰਗਦਾ ਹੈ ਅਸੀਂ ਉਸ ਨੂੰ ਮੁਹੱਈਆ ਕਰ ਰਹੇ ਹਾਂ, ਇਹ ਧਰਨਾ ਬੇਬੁਨਿਆਦ ਹੈ।

# ਜੀ ਐੱਨ ਡੀ ਯੂ ਵੱਲੋਂ ਕਰਵਾਏ ਯੁਵਕ ਮੇਲੇ 'ਚ ਐੱਸ ਐੱਸ ਐੱਮ ਕਾਲਜ ਓਵਰਆਲ ਚੈਂਪੀਅਨ ਬਣਿਆ



**ਦੀਨਾਨਗਰ** (ਸੰਜੀਵ)-ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਯੁਵਕ ਭਲਾਈ ਵਿਭਾਗ ਵੱਲੋਂ ਕਰਵਾਏ ਪੱਕੇ ਮੇਲੇ ਵਿੱਚ ਐੱਸ. ਐੱਸ. ਐੱਮ. ਕਾਲਜ, ਦੀਨਾਨਗਰ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ। ਪ੍ਰਿੰ. ਡਾ: ਆਰ. ਕੇ . ਤੁਲੀ ਨੇ ਦੱਸਿਆ ਕਿ ਯੂਨੀਵਰਸਿਟੀ ਦੇ ਦਸਮੇਸ਼ ਆਡੀਟੋਰੀਅਮ ਵਿਖੇ ਕਰਵਾਏ ਗਏ ਯੁਵਕ ਮੇਲੇ ਵਿੱਚ ਇਤਿਹਾਸ ਨੂੰ ਕਾਇਮ ਰੱਖਦੇ ਹੋਏ ਓਵਰਆਲ ਚੈਂਪੀਅਨ ਟਰਾਫੀ ਡਵੀਜ਼ਨ 'ਚ ਚੌਥੀ ਵਾਰ ਬੀ ਜ਼ੋਨ 'ਚ ਹਾਸਿਲ ਕੀਤੀ। ਇਹ ਟਰਾਫੀ ਪ੍ਰਿੰ. ਸਰ, ਮੁੱਖ ਮਹਿਮਾਨ ਡਾ: ਪ੍ਰੀਤਮਿੰਦਰ ਸਿੰਘ ਬਾਂਡੀ (ਡੀਨ-ਵਿਦਿਆਰਥੀ ਭਲਾਈ), ਵਿਸ਼ੇਸ਼ ਮਹਿਮਾਨ ਸ਼ਿਵ ਦਰਸ਼ਨ ਸਿੰਘ ਸੰਧ (ਏਸੀਪੀ., ਪੱਛਮੀ ਅੰਮ੍ਰਿਤਸਰ) ਅਤੇ ਡਾ: ਅਮਨਦੀਪ ਸਿੰਘ (ਇੰਚਾਰਜ ਅਤੇ ਡਾਇਰੈਕਟਰ, ਯੁਵਕ ਭਲਾਈ ਵਿਭਾਗ) ਤੋਂ ਪ੍ਰਾਪਤ ਕੀਤੀ।ਇਸ ਇਤਿਹਾਸਕ ਜਿੱਤ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਪ੍ਰਿੰ. ਡਾ. ਆਰ. ਕੇ. ਤੁਲੀ ਨੇ ਕਿਹਾ ਕਿ ਯੁੱਵਕ ਮੇਲੇ ਵਿੱਚ ਵੱਖ-ਵੱਖ ਪੇਸ਼ਕਾਰੀਆਂ ਵਿੱਚ ਕੁਇਜ਼, ਫੋਕ ਆਰਕੈਸਟਰਾ, ਕਲਾਸੀਕਲ ਵੋਕਲ, ਸੋਲੋ, ਕਲਾਸੀਕਲ ਇੰਸਟਰੂਮੈਂਟ (ਪਰਕਸ਼ਨ), ਪੋਸਟਰ ਮੇਕਿੰਗ, ਇੰਸਟਾਲੇਸ਼ਨ, ਪਾਇਥੀਕਲ ਸਿੰਪੋਜ਼ੀਅਮ, ਲੋਕ ਗੀਤ, ਕਾਸਟਿਊਮ ਪਰੇਡ, ਮਾਈਮ, ਵੈਸਟਰਨ ਗਰੁੱਪ ਸਾਂਗ, ਵੈਸਟਰਨ ਸੋਲੋ, ਵੈਸਟਰਨ ਇੰਸਟਰੂਮੈਂਟ ਸੋਲੋ ਵਿੱਚ ਪਹਿਲਾ ਸਥਾਨ ਅਤੇ ਪੇਂਟਿੰਗ, ਕਲੇ ਮਾਡਲਿੰਗ, ਕਲਾਸੀਕਲ ਯੰਤਰ (ਨਾਨ ਪਰਕਸ਼ਨ), ਭਾਰਤੀ, ਸਮੂਹ ਸ਼ਬਦ, ਭਜਨ, ਗਰੁੱਪ ਸੌਂਗ ਮਿਮਿਕਰੀ, ਸਕਿੱਟ, ਵਨ ਐਕਟ ਪਲੇਅ, ਵਾਰ ਸਿੰਗਿੰਗ, ਕਵੀਸ਼ਰੀ, ਐਲੋਕੇਸ਼ਨ, ਗਰੁੱਪ ਡਾਂਸ ਲੁੱਡੀ 'ਚ ਦੂਸਰਾ ਅਤੇ ਰੰਗੋਲੀ, ਡਿਬੇਟ, ਗਿੱਧੇ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਯੁਵਕ ਮੇਲੇ ਵਿੱਚ ਕੁੱਲ 128 ਪ੍ਰਤੀਯੋਗੀਆਂ ਨੇ ਭਾਗ ਲਿਆ।ਇਸ ਸਬੰਧੀ ਕਾਲਜ ਕੈਂਪਸ ਵਿੱਚ ਇੱਕ ਵਿਸ਼ੇਸ਼ ਰੰਗਾਰੰਗ ਪ੍ਰੋਗਰਾਮ ਦਾ ਆਯੋਜਨ ਕਰਕੇ ਜਿੱਤ ਦਾ ਜਸ਼ਨ ਮਨਾਇਆ ਗਿਆ।ਇਸ ਮੌਕੇ ਪ੍ਰੋ. ਪ੍ਰਬੋਧ ਗਰੋਵਰ, ਪ੍ਰੋ. ਸੋਨੂੰ ਮੰਗੋਤਰਾ, ਡਾ: ਰਾਜਨ ਹਾਂਡਾ, ਡਾ. ਸ਼ੁਭਕਿਰਨ, ਡਾ. ਹਰਿੰਦਰ ਕੌਰ, ਪ੍ਰੋ. ਕਮਲਜੀਤ ਕੌਰ, ਪ੍ਰੋ. ਅਮਿਤ, ਪ੍ਰੋ. ਸੁਬੀਰ ਰਗਬੋਤਰਾ, ਪ੍ਰੋ. ਹਰਸ਼ਿਤ ਭੱਲਾ, ਪ੍ਰੋ. ਨੀਲਮ, ਪ੍ਰੋ. ਉਪਾਸਨਾ, ਡਾ. ਪ੍ਰੋ: ਆਰਤੀ, ਪ੍ਰੋ: ਰਮਨਜੀਤ ਕੌਰ, ਪ੍ਰੋ: ਸਾਜਨ ਬੇਦੀ, ਪ੍ਰੋ. ਸੁਸ਼ਮਾ ਦੇਵੀ ਅਤੇ ਸਮੂਹ ਸਟਾਫ਼ ਹਾਜ਼ਰ ਸੀ।

# ਹੀਰਾ ਵਾਲੀਆ ਵੱਲੋਂ ਬੱਸ ਹਾਦਸੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ



**ਬਟਾਲਾ, (ਤਰਲੋਕ ਬੱਗਾ)**-ਬਟਾਲਾ ਕਾਦੀਆ ਰੋਡ ਵਿਖੇ ਵਾਪਰੇ ਬੱਸ ਹਾਦਸੇ ਦੇ ਭਾਜਪਾ ਦੇ ਜ਼ਿਲਾ ਪ੍ਰਧਾਨ ਹੀਰਾ ਵਾਲੀਆ ਨੇ ਗਹਿਰਾ ਦੁੱਖ ਪ੍ਰਗਟ ਕੀਤਾ ਹੈ।ਉਨ੍ਹਾਂ ਕਿਹਾ ਕਿ ਹਾਦਸੇ ਵਿੱਚ ਮਾਰੇ ਗਏ ਲੋਕਾਂ ਅਤੇ ਜ਼ਖ਼ਮੀ ਹੋਏ ਵਿਅਕਤੀਆਂ ਨੂੰ ਪੰਜਾਬ ਸਰਕਾਰ ਢੁੱਕਵਾਂ ਮੁਆਵਜ਼ਾ ਦੇਵੇ ਅਤੇ ਜ਼ਖ਼ਮੀਆਂ ਦਾ ਵਧੀਆ ਢੰਗ ਨਾਲ ਇਲਾਜ ਕਰਵਾਏ।ਹੀਰਾ ਵਾਲੀਆ ਨੇ ਅੱਗੇ ਕਿਹਾ ਕਿ ਮ੍ਰਿਤਕ ਲੋਕਾਂ ਦੇ ਪਰਿਵਾਰਾਂ ਨਾਲ ਮੇਰੀ ਪੂਰੀ ਹਮਦਰਦੀ ਹੈ ਅਤੇ ਜ਼ਖ਼ਮੀਆਂ ਦੀ ਜਲਦੀ ਸਿਹਤਯਾਬੀ ਦੀ ਮੈਂ ਵਾਹਿਗੁਰੂ ਅੱਗੇ ਅਰਦਾਸ ਕਰਦਾ ਹਾਂ।ਉਨ੍ਹਾਂ ਕਿਹਾ ਕਿ ਹਾਦਸੇ ਦੀ ਜਾਂਚ ਹੋਣੀ ਚਾਹੀਦੀ ਹੈ ਅਤੇ ਜੇਕਰ ਡਰਾਈਵਰ ਦੀ ਗਲਤੀ ਪਾਈ ਜਾਂਦੀ ਹੈ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਹਾਦਸੇ ਦੇ ਸ਼ਿਕਾਰ ਸਾਰੇ ਪਰਿਵਾਰਾਂ ਨਾਲ ਖੜੀ ਹੈ।

# ਟੀ ਸੀ ਇੰਟਰਨੈਸ਼ਨਲ ਸਕੂਲ 'ਚ ਕਰਵਾਇਆ ਬੱਚਿਆਂ ਦਾ ਲਿਖਤੀ ਕੁਇਜ਼ ਮੁਕਾਬਲਾ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਟੀਸੀ ਇੰਟਰਨੈਸ਼ਨਲ ਸਕੂਲ ਵਿਖੇ ਦੀਨ ਦਿਆਲ ਉਪਾਧਿਆਏ ਇੰਟਰ ਸਕੂਲ ਲਿਖਤੀ ਕੁਇਜ਼ ਮੁਕਾਬਲਾ ਕਰਵਾਇਆ ਗਿਆ।ਇਸ ਮੁਕਾਬਲੇ ਵਿੱਚ ਸ਼ਹਿਰ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ ਅਤੇ ਆਪਣੇ ਗਿਆਨ ਦਾ ਪ੍ਰਦਰਸ਼ਨ ਕੀਤਾ।ਮੁਕਾਬਲੇ ਦਾ ਉਦੇਸ਼ ਵਿਦਿਆਰਥੀਆਂ ਵਿੱਚ ਦੀਨ ਦਿਆਲ ਉਪਾਧਿਆਏ ਦੇ ਜੀਵਨ ਅਤੇ ਫਲਸਫੇ ਬਾਰੇ ਜਾਗਰੂਕਤਾ ਫੈਲਾਉਣਾ ਸੀ ਅਤੇ ਨਾਲ ਹੀ ਭਾਰਤੀ ਡਾਕ ਟਿਕਟਾਂ ਬਾਰੇ ਗਿਆਨ ਦੀ ਪਰਖ ਕਰਨਾ ਸੀ।ਵਿਦਿਆਰਥੀਆਂ ਨੇ ਆਪਣੇ ਸਵਾਲਾਂ ਦੇ ਜਵਾਬ ਦੇਣ ਲਈ ਆਪਣੇ ਗਿਆਨ ਅਤੇ ਸਮਝ ਦੀ ਵਰਤੋਂ ਕੀਤੀ। ਟੀਸੀ ਇੰਟਰਨੈਸ਼ਨਲ ਸਕੂਲ ਦੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਭਾਰਤੀ ਡਾਕ ਵਿਭਾਗ ਦਾ ਸਕੂਲ ਵਿੱਚ ਇਹ ਮੁਕਾਬਲਾ ਕਰਵਾਉਣ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਡਾਕ ਵਿਭਾਗ ਨੇ ਸਾਡੇ ਸਕੂਲ ਵਿੱਚ ਇਹ ਮੁਕਾਬਲਾ ਕਰਵਾਉਣ ਵਿੱਚ ਸਹਿਯੋਗ ਦਿੱਤਾ, ਜਿਸ ਲਈ ਅਸੀਂ ਉਨ੍ਹਾਂ ਦੇ ਧੰਨਵਾਦੀ ਹਾਂ।ਇਸ ਮੁਕਾਬਲੇ ਦੇ ਜ਼ਰੀਏ ਟੀਸੀ ਇੰਟਰਨੈਸ਼ਨਲ ਸਕੂਲ ਵਿਦਿਆਰਥੀਆਂ ਨੂੰ ਆਪਣੇ ਗਿਆਨ ਅਤੇ ਹੁਨਰ ਨੂੰ ਵਧਾਉਣ ਅਤੇ ਭਵਿੱਖ ਲਈ ਤਿਆਰ ਕਰਨ ਲਈ ਪ੍ਰੇਰਿਤ ਕਰਦਾ ਹੈ।

# ਮਨਜੀਤ ਕੌਰ ਉਮਰਪੁਰਾ ਤੇ ਬੋੜੇਵਾਲ ਦੀ ਸਾਂਝੀ ਪੰਚਾਇਤ ਦੀ ਸਰਬਸੰਮਤੀ ਨਾਲ ਸਰਪੰਚ ਬਣੀ



ਮਜੀਠਾ (ਸੋਇਮ ਆਨੰਦ)-ਪਿੰਡ ਉਮਰਪੁਰਾ ਤੇ ਬੋੜੇਵਾਲ ਦੀ ਸਾਂਝੀ ਪੰਚਾਇਤ ਦੇ ਸਰਬਸੰਮਤੀ ਨਾਂਲ ਸਰਪੰਚ ਚੁਣੇ ਗਏ।ਪਿੰਡ ਉਮਰਪੁਰਾ ਤੇ ਬੋੜੇਵਾਲ ਦੇ ਲੋਕਾਂ ਵਲੋਂ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਇੱਕ ਇਕੱਤਰਤਾ ਕੀਤੀ ਗਈ ਜਿਸ ਵਿੱਚ ਮਨਜੀਤ ਕੌਰ ਪਤਨੀ ਹਰਪ੍ਰੀਤ ਸਿੰਘ ਨੂੰ ਸਰਬਸੰਮਤੀ ਨਾਲ ਸਰਪੰਚ ਚੁਣ ਲਿਆ ਤੇ ਪੰਜ ਪੰਚਾਂ ਵਿੱਚੋ ਚਾਰ ਪੰਚਾਂ ਦੀ ਵੀ ਸਰਬਸੰਮਤੀ ਨਾਲ ਚੋਣ ਕੀਤੀ ਗਈ, ਜਿਨ੍ਹਾਂ ਵਿੱਚ ਜਸਬੀਰ ਕੌਰ ਪਤਨੀ ਬਲਵਿੰਦਰ ਸਿੰਘ, ਗੁਲਜਾਰ ਸਿੰਘ ਫੌਜੀ ਪੁੱਤਰ ਸਰਦੂਲ ਸਿੰਘ ਤੇ ਗੁਲਜ਼ਾਰ ਸਿੰਘ ਪੁੱਤਰ ਜੋਗਿੰਦਰ ਸਿੰਘ ਤਿੰਨੇ ਪਿੰਡ ਉਮਰਪੁਰਾ ਅਤੇ ਹਰਕਵਜੀਤ ਕੌਰ ਪਤਨੀ ਜਗਦੀਪ ਸਿੰਘ ਪਿੰਡ ਬੋੜੇਵਾਲ ਸਰਬਸੰਮਤੀ ਨਾਲ ਚੁਣੇ ਗਏ।ਇੱਕ ਪੰਚ ਦੀ ਚੋਣ ਲਈ ਸਰਬਸੰਮਤੀ ਨਹੀਂ ਹੋ ਸਕੀ, ਜਿਸ ਲਈ ਵੀ ਸਰਬਸੰਮਤੀ ਲਈ ਯਤਨ ਕੀਤ ਜਾ ਰਹੇ ਹਨ।

ਇਸ ਮੌਕੇ ਸਰਪੰਚ ਮਨਜੀਤ ਕੌਰ ਨੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ ਉਹ ਉਸ਼ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ। ਇਸ ਮੌਕੇ ਸਰਪੰਚ ਮਨਜੀਤ ਕੌਰ ਦੇ ਨਾਲ ਨੰਬਰਦਾਰ ਹਰਜਿੰਦਰ ਸਿੰਘ, ਹਰਪ੍ਰੀਤ ਸਿੰਘ, ਮੁਖਤਾਰਬ ਸਿੰਘ ਫੌਜੀ, ਜਸਬੀਰ ਸਿੰਘ, ਜਸਵੰਤ ਸਿੰਘ, ਹਰਪਾਲ ਸਿੰਘ, ਕਾਲਾ ਮਸੀਹ, ਕੇਵਲ ਸਿੰਘ, ਕੈਪਟਨ ਦੀਦਾਰ ਸਿੰਘ, ਅਮਰੀਕ ਸਿੰਘ, ਹਰਮਨਬੀਰ ਸਿੰਘ, ਕੁਲਵਿੰਦਰ ਸਿੰਘ, ਸਵਿੰਦਰ ਸਿੰਘ, ਪਿਆਰਾ ਸਿੰਘ, ਦਿਲਬਾਗ ਸਿੰਘ, ਮਨਜੀਤ ਸਿੰਘ, ਝਿਰਮਲ ਸਿੰਘ, ਬਲਕਾਰ ਸਿੰਘ, ਨਵਅਮਨ ਸਿੰਘ, ਸਤਵਿੰਦਰ ਸਿੰਘ ਤੇ ਸਤਬੀਰ ਸਿੰਘ ਆਦਿ ਹਾਜ਼ਰ ਸਨ।

# ਗਾਂਧੀ ਜਯੰਤੀ ਨੂੰ ਸਮਰਪਿਤ ਬੱਚਿਆਂ ਦਾ ਇੰਟਰ ਹਾਊਸ ਪ੍ਰਦਰਸ਼ਨੀ ਮੁਕਾਬਲਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਮਹਿਤਾ ਚੌਕ ਦੀ ਪੁਰਾਤਨ ਤੇ ਮੰਨੀ-ਪ੍ਰਮੰਨੀ ਸੰਸਥਾ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਗਾਂਧੀ ਜਯੰਤੀਨੂੰ ਸਮਰਪਿਤ ਇੰਟਰ ਹਾਊਸ ਪ੍ਰਦਰਸ਼ਨੀ ਮੁਕਾਬਲਾ ਕਰਵਾਇਆ ਗਿਆ। ਇਹ ਮੁਕਾਬਲਾ ਦੋ ਜੂਨੀਅਰ ਅਤੇ ਸੀਨੀਅਰ ਕੈਟੇਗਰੀ ਵਿੱਚ ਅਲੱਗ-ਅਲੱਗ ਕਰਵਾਇਆ ਗਿਆ। ਸਕੂਲ ਵਿੱਚ ਚੱਲ ਰਹੇ ਤਿੰਨੋਂ ਹਾਊਸ ਬਿਆਸ, ਰਾਵੀ ਅਤੇ ਸਤਲੁਜ ਦੇ ਤਿੰਨ-ਤਿੰਨ ਬੱਚਿਆਂ ਨੇ ਇਸ ਮੁਕਾਬਲੇ ਵਿੱਚ ਹਿੱਸਾ ਲਿਆ। ਬੱਚਿਆਂ ਦੇ ਆਪਣੇ ਹਾਊਸ ਦੇ ਚੀਫ਼-ਟਿਊਟਰ ਦੀ ਦੇਖ-ਰੇਖ ਹੇਠ ਮਹਾਤਮਾ ਗਾਂਧੀ ਦੇ ਨਾਲ ਸੰਬੰਧਿਤ ਘਟਨਾਵਾਂ ਅਤੇ ਵਸਤਾਂ ਦੇ ਮਾਡਲ ਪੇਸ਼ ਕੀਤੇ ਗਏ। ਹਰ ਹਾਊਸ ਨੂੰ 03 ਮਿੰਟ ਆਪਣਾ ਮਾਡਲ ਪੇਸ਼ ਕਰਨ ਲਈ ਸਮਾਂ ਮਿਲਿਆ। ਬੱਚਿਆਂ ਨੇ ਇਸ ਪ੍ਰਦਰਸ਼ਨੀ ਵਿੱਚ ਆਪਣਾ ਮਾਡਲ ਬਹੁਤ ਸੋਹਣੇ ਢੰਗ ਨਾਲ ਪੇਸ਼ ਕਰਕੇ ਆਪਣੀ ਬੋਲਣ ਦੀ ਕਲ੍ਹਾ ਦਾ ਪ੍ਰਦਰਸ਼ਨ ਕੀਤਾ ਜਿਸ ਵਿੱਚ ਉਹਨਾਂ ਨੇ ਮਹਾਤਮਾ ਗਾਂਧੀ ਦੇ ਜੀਵਨ ਪਹਿਲੂਆਂ ਨੂੰ ਪੇਸ਼ ਕੀਤਾ। ਪ੍ਰਦਰਸ਼ਨ ਕਰਨ ਤੋਂ ਬਾਅਦ ਹਰ ਹਾਊਸ ਨੂੰ ਮਹਾਤਮਾ ਗਾਂਧੀ ਦੇ ਜੀਵਨ ਨਾਲ ਸੰਬੰਧਿਤ ਪ੍ਰਸ਼ਨ ਕੀਤੇ ਗਏ।ਇੰਟਰ-ਹਾਊਸ ਮੁਕਾਬਲਿਆਂ ਦਾ ਨਿਰਣਾ ਸਕੂਲ ਦੇ ਡਾਇਰੈਕਟਰ ਮਨਪ੍ਰੀਤ ਸਿੰਘ ਟੱਕਰ ਵੱਲੋਂ ਕੀਤਾ ਗਿਆ। ਜੂਨੀਅਰ ਮੁਕਾਬਲੇ ਵਿੱਚ ਪਹਿਲਾਂ ਸਥਾਨ ਸਤਲੁਜ ਨੇ ਹਾਸਿਲ ਕੀਤਾ ਅਤੇ ਬਿਆਸ ਤੇ ਰਾਵੀ ਨੇ ਕ੍ਰਮਵਾਰ ਦੂਸਰਾ ਤੇ ਤੀਸਰਾ ਸਥਾਨ ਪ੍ਰਾਪਤ ਕੀਤਾ। ਸੀਨੀਅਰ ਵਿੰਗ ਵਿੱਚ ਬਿਆਸ ਹਾਊਸ ਨੇ ਪਹਿਲਾਂ ਸਥਾਨ ਪ੍ਰਾਪਤ ਕੀਤਾ ਅਤੇ ਸਤਲੁਜ ਤੇ ਰਾਵੀ ਹਾਊਸ ਦੋਵੇਂ ਦੂਸਰੇ ਸਥਾਨ 'ਤੇ ਰਹੇ।ਪ੍ਰਦਰਸ਼ਨੀ ਤੋਂ ਇਲਾਵਾ ਹਰ ਜਮਾਤ ਵਿੱਚ ਸਵੱਛ-ਭਾਰਤ-ਦਿਵਸ ਸੰਬੰਧਿਤ ਪੋਸਟਰ ਮੁਕਾਬਲੇ ਵੀ ਕਰਵਾਏ ਗਏ। ਸਵੇਰ ਦੀ ਸਭਾ ਵਿੱਚ ਵੀ ਗਾਂਧੀ ਜਯੰਤੀ ਸੰਬੰਧੀ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਅਲੱਗ-ਅਲੱਗ ਜਮਾਤ ਦੇ ਬੱਚਿਆਂ ਨੇ ਮਹਾਤਮਾ ਗਾਂਧੀ ਦੀ ਜੀਵਨ ਯਾਤਰਾ ਅਤੇ ਆਜ਼ਾਦੀ ਦੇ ਸੰਘਰਸ਼ ਵਿੱਚ ਕੀਤੇ ਘੋਲ ਬਾਰੇ ਚਾਨਣਾ ਪਾਇਆ ਗਿਆ। ਸਕੂਲ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਪ੍ਰਦਰਸ਼ਨੀ ਮੁਕਾਬਲੇ ਵਿੱਚ ਭਾਗ ਸ਼ੀਲ ਬੱਚਿਆਂ ਨੂੰ ਵਧਾਈ ਦਿੱਤੀ। ਸਕੂਲ ਦੇ ਡਾਇਰੈਕਟਰ ਮਨਪ੍ਰੀਤ ਸਿੰਘ ਟਕਰ ਨੇ ਬੱਚਿਆਂ ਨੂੰ ਮਹਾਤਮਾ ਗਾਂਧੀ ਦੇ ਦੇਸ਼ ਆਜ਼ਾਦ ਕਰਵਾਉਣ ਵਿੱਚ ਪਾਏ ਗਏ ਵਿਸ਼ੇਸ਼ ਯੋਗਦਾਨ ਅਤੇ ਮਹਾਨ ਸੰਘਰਸ਼ ਸੰਬੰਧਿਤ ਬੱਚਿਆਂ ਨੂੰ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਮਹਾਤਮਾ ਗਾਂਧੀ ਅਹਿੰਸਾ ਦੇ ਪੁਜਾਰੀ ਸਨ। ਇਨ੍ਹਾਂ ਦੀ ਵਿਸ਼ੇਸ਼ ਕੁਰਬਾਨੀ ਸਦਕਾ ਭਾਰਤ 15 ਅਗਸਤ 1947 ਨੂੰ ਅਜ਼ਾਦ ਹੋਇਆ ਜਿਸ ਕਰਕੇ ਇਨ੍ਹਾਂ ਨੂੰ ਰਾਸ਼ਟਰ ਪਿਤਾ ਵੀ ਆਖਿਆ ਜਾਂਦਾ ਹੈ। ਇਸ ਮੌਕੇ ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ, ਡਾਇਰੈਕਟਰ ਸਰ ਮਨਪ੍ਰੀਤ ਸਿੰਘ ਟੱਕਰ ਅਤੇ ਕੋ-ਆਰਡੀਨੇਟਰ ਮੈਡਮ ਰਵਿੰਦਰ ਕੌਰ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।

# ਜੱਜ ਸਾਹਿਬ ਨੇ ਕਚਹਿਰੀ ਚੌਕ 'ਚ ਸਫ਼ਾਈ ਅਭਿਆਨ ਚਲਾਇਆ



ਪਠਾਨਕੋਟ (ਦਵਿੰਦਰ ਸਿੰਘ)-ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਚੇਅਰਮੈਨ-ਕਮ-ਜ਼ਿਲ੍ਹਾ ਅਤੇ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਨੇ ਗਾਂਧੀ ਜਯੰਤੀ ਮੌਕੇ ਕਚਹਿਰੀ ਚੌਕ ਮਲਿਕਪੁਰ ਵਿੱਚ ਸਫਾਈ ਮੁਹਿੰਮ ਚਲਾਈ।ਇਸ ਮੌਕੇ ਜੱਜ ਸਾਹਿਬਾਨ ਅਤੇ ਸਟਾਫ਼ ਮੈਂਬਰਾਂ ਵੱਲੋਂ ਅਦਾਲਤੀ ਚੌਂਕ ਦੀ ਸਫ਼ਾਈ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨ ਜੱਜ ਜਤਿੰਦਰਪਾਲ ਸਿੰਘ ਖੁਰਮੀ ਨੇ ਕਿਹਾ ਕਿ ਹਰ ਨਾਗਰਿਕ ਦਾ ਫਰਜ਼ ਬਣਦਾ ਹੈ ਕਿ ਉਹ ਆਪਣੇ ਦਫ਼ਤਰ ਅਤੇ ਆਲੇ-ਦੁਆਲੇ ਦੀ ਸਫ਼ਾਈ ਦਾ ਧਿਆਨ ਰੱਖੋ।ਉਨ੍ਹਾਂ ਕਿਹਾ ਕਿ ਗੰਦਗੀ ਤੋਂ ਸਾਨੂੰ ਬਹੁਤ ਸਾਰੀਆਂ ਛੂਤ ਦੀਆਂ ਬਿਮਾਰੀਆਂ ਲੱਗ ਰਹੀਆਂ ਹਨ, ਜਿਸ ਤੋਂ ਬਚਣ ਲਈ ਸਾਫ਼-ਸਫ਼ਾਈ ਬਹੁਤ ਜ਼ਰੂਰੀ ਹੈ। ਇਸ ਲਈ ਸਾਨੂੰ ਹਫ਼ਤੇ ਵਿੱਚ ਇੱਕ ਵਾਰ ਸਫ਼ਾਈ ਮੁਹਿੰਮ ਚਲਾਉਣੀ ਚਾਹੀਦੀ ਹੈ ਤਾਂ ਜੋ ਅਸੀਂ ਤੰਦਰੁਸਤ ਰਹਿ ਸਕੀਏ। ਇਸ ਮੌਕੇ ਅਥਾਰਟੀ ਸਕੱਤਰ-ਕਮ-ਸੀ. ਜੇ. ਐੱਮ. ਰੁਪਿੰਦਰ ਸਿੰਘ, ਸੀਨੀਅਰ ਸਹਾਇਕ ਸੰਜੇ ਕੁਮਾਰ, ਹਰਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਅਮਰੀਕ ਸਿੰਘ, ਦੀਪਕ ਸ਼ਰਮਾ ਆਦਿ ਹਾਜ਼ਰ ਸਨ।

# ਵਿਧਾਨ ਸਭਾ ਹਲਕਾ ਭੋਆ ਦੇ ਛੇ ਪਿੰਡਾਂ 'ਚ ਪੰਚਾਇਤਾਂ ਦੀ ਸਰਬਸੰਮਤੀ ਨਾਲ ਚੋਣ

## * ਚੁਣੇ ਗਏ ਸਰਪੰਚਾਂ/ਪੰਚਾਂ ਤੇ ਪਿੰਡ ਵਾਸੀਆਂ ਨੂੰ ਕਟਾਰੂਚੱਕ ਨੇ ਦਿੱਤੀਆਂ ਸ਼ੁੱਭਕਾਮਨਾਵਾਂ



**ਪਠਾਨਕੋਟ, (ਦਵਿੰਦਰ ਸਿੰਘ)**-ਵਿਧਾਨ ਸਭਾ ਹਲਕਾ ਭੋਆ ਦੇ ਲਈ ਬਹੁਤ ਹੀ ਇਤਿਹਾਸਿਕ ਦਿਨ ਹੈ ਕਿ ਇਸ ਹਲਕੇ ਦੇ 6 ਪਿੰਡਾਂ ਅੰਦਰ ਲੋਕਾਂ ਵੱਲੋਂ ਸਰਪੰਚਾਂ ਅਤੇ ਪੰਚਾਂ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ ਹੈ, ਇਸ ਤੋਂ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਪ੍ਰਤੀ ਲੋਕਾਂ ਦੀ ਲੋਕਪ੍ਰਿਯਤਾ ਜ਼ਾਹਿਰ ਹੁੰਦੀ ਹੈ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਪਿੰਡ ਕਟਾਰੂਚੱਕ ਵਿਖੇ ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ ਪੰਜਾਬ ਸਰਕਾਰ ਵੱਲੋਂ ਅਤੇ ਆਪਣੇ ਵੱਲੋਂ ਸ਼ੁੱਭਕਾਮਨਾਵਾਂ ਦਿੱਤੀਆਂ।ਇਸ ਮੌਕੇ ਨਰੇਸ਼ ਸੈਣੀ ਜ਼ਿਲ੍ਹਾ ਪ੍ਰਧਾਨ ਬੀ. ਸੀ. ਵਿੰਗ, ਪਵਨ ਕਟਾਰੂਚੱਕ ਬਲਾਕ ਪ੍ਰਧਾਨ, ਸੂਬੇਦਾਰ ਕੁਲਵੰਤ ਸਿੰਘ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਰਵੀ ਜਸਵਾਲੀ, ਠਾਕੁਰ ਭੁਪਿੰਦਰ ਸਿੰਘ ਪ੍ਰਧਾਨ ਟ੍ਰੇਡ ਵਿੰਗ ਹਲਕਾ ਕੋਆਰਡੀਨੇਟਰ ਅਤੇ ਹੋਰ ਪਾਰਟੀ ਕਾਰਜਕਰਤਾ ਹਾਜ਼ਰ ਸਨ।ਉਨ੍ਹਾਂ ਦੱਸਿਆ ਕਿ ਪਿੰਡ ਮਜੀਰੀ ਰਾਜਪੂਤਾਂ ਵਿੱਚ ਸੁਰਜੀਤ ਸਿੰਘ ਮੰਜੀਰੀ ਨੂੰ ਸਰਪੰਚ ਅਤੇ ਵਿਜੈ ਸਿੰਘ, ਬਲਵਿੰਦਰ ਸਿੰਘ, ਮੀਨਾਕਸ਼ੀ ਪਠਾਨੀਆ ਅਤੇ ਬਿੰਦੂ ਸ਼ਰਮਾ ਨੂੰ ਪੰਚਾਇਤ ਮੈਂਬਰ ਚੁਣਿਆ ਗਿਆ। ਪਿੰਡ ਜਸਵਾਲੀ ਵਿਖੇ ਮੋਨਿਕਾ ਦੇਵੀ ਨੂੰ ਸਰਪੰਚ ਅਤੇ ਸੁਨੀਤਾ ਦੇਵੀ, ਡਿਪਲੀ ਸੈਣੀ, ਰਘੁਬੀਰ ਸਿੰਘ, ਸੰਜੈ ਕੁਮਾਰ ਅਤੇ ਰਮਨ ਕੁਮਾਰ ਨੂੰ ਮੈਂਬਰ, ਪਿੰਡ ਗੁਲਪੁਰ ਵਿਖੇ ਮੰਗਲ ਦਾਸ ਨੂੰ ਸਰਪੰਚ ਅਤੇ ਰਜਨੀ ਦੇਵੀ, ਪ੍ਰੋਮਿਲਾ ਦੇਵੀ, ਰੋਸ਼ਨ ਮਲਪੋਤਰਾ ਅਤੇ ਪ੍ਰੀਤੀ ਬਾਲਾ ਨੂੰ ਮੈਂਬਰ, ਪਿੰਡ ਵਡਾਲਾ ਵਿਖੇ ਵਰਿਆਮ ਸਿੰਘ ਨੂੰ ਸਰਪੰਚ ਅਤੇ ਸ਼ਿਵਾਨੀ ਦੇਵੀ, ਕਸ਼ਮੀਰ ਸਿੰਘ, ਪਰਵੀਨ ਸਿੰਘ, ਰਾਜ ਕੁਮਾਰ ਅਤੇ ਬੱਬੀ ਰਾਣੀ ਨੂੰ ਮੈਂਬਰ, ਪਿੰਡ ਸਰੋਟਾ ਵਿਖੇ ਸ਼ਿਵਾਨੀ ਦੇਵੀ ਸਰਪੰਚ ਅਤੇ ਨਿਸ਼ਾ ਦੇਵੀ, ਮੀਨਾ ਕੁਮਾਰੀ, ਦੀਪਿਕਾ ਸ਼ਰਮਾ, ਜੋਗਿੰਦਰ ਪਾਲ ਅਤੇ ਲਾਲ ਸਿੰਘ ਨੂੰ ਪੰਚਾਇਤ ਮੈਂਬਰ ਅਤੇ ਪਿੰਡ ਜੋਈਆਂ ਵਿਖੇ ਕੁਲਵਿੰਦਰ ਕੌਰ ਨੂੰ ਸਰਪੰਚ ਅਤੇ ਰਮਨ ਕੁਮਾਰ, ਗੁਰਨਾਮ ਸਿੰਘ, ਸੁਨੀਤਾ ਦੇਵੀ, ਤਾਰਾ ਦੇਵੀ, ਕਿਰਨ ਬਾਲਾ ਅਤੇ ਜੱਗਾ ਜੋਈਆਂ ਨੂੰ ਮੈਂਬਰ ਪੰਚਾਇਤ ਚੁਣਿਆ ਗਿਆ।ਇਸ ਮੌਕੇ ਕਟਾਰੂਚੱਕ ਨੇ ਕਿਹਾ ਕਿ ਅਸੀਂ ਸਾਰੀਆਂ ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਦੇ ਨਾਲ ਹਾਂ ਅਤੇ ਭਰੋਸਾ ਦਿੰਦੇ ਹਾਂ ਕਿ ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ ਸਰਕਾਰ ਵੱਲੋਂ ਪੰਜ ਲੱਖ ਰੁਪਏ ਦੀ ਸਹਾਇਤਾ ਦਿੱਤੀ ਜਾਵੇਗੀ ਅਤੇ ਉਨ੍ਹਾਂ ਵੱਲੋਂ ਵੀ ਇਨ੍ਹਾਂ ਪੰਚਾਇਤਾਂ ਨੂੰ ਅੱਗੇ ਰੱਖਿਆ ਜਾਵੇਗਾ।ਉਨ੍ਹਾਂ ਕਿਹਾ ਕਿ ਜ਼ਿਆਦਾ ਤੋਂ ਜ਼ਿਆਦਾ ਪੰਚਾਇਤਾਂ ਦੀ ਸਰਬਸੰਮਤੀਆਂ ਨਾਲ ਚੋਣ ਕੀਤੀ ਜਾਵੇ ।ਉਨ੍ਹਾਂ ਕਿਹਾ ਕਿ ਨਸ਼ੇ ਤੋਂ ਰਹਿਤ ਅਤੇ ਪੈਸੇ ਤੋਂ ਰਹਿਤ ਚੋਣਾਂ ਕਰਵਾਈਆਂ ਜਾਣ।ਉਨ੍ਹਾਂ ਇੱਕ ਵਾਰ ਫਿਰ ਤੋਂ ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਦੇ ਸਰਪੰਚਾਂ ਅਤੇ ਪੰਚਾਂ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਆਪਣੇ ਵੱਲੋਂ ਸ਼ੁੱਭਕਾਮਨਾਵਾਂ ਦਿੱਤੀਆਂ ।

# ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਕਲੱਸਟਰ ਅਫ਼ਸਰ ਵੱਲੋਂ ਗੁੱਜਰ ਭਾਈਚਾਰੇ ਨਾਲ ਮੀਟਿੰਗ



ਪਠਾਨਕੋਟ (ਦਵਿੰਦਰ ਸਿੰਘ)-ਜ਼ਿਲ੍ਹਾ ਪਠਾਨਕੋਟ ਵਿੱਚ ਆਦਿੱਤਿਆ ਉੱਪਲ ਡਿਪਟੀ ਕਮਿਸ਼ਨਰ ਪਠਾਨਕੋਟ ਦੇ ਦਿਸ਼ਾ ਨਿਰਦੇਸ਼ਾਂ ਹੇਠ ਵਿਸ਼ੇਸ਼ ਮੁਹਿੰਮ ਚਲਾ ਕੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਖੇਤਾਂ ਅੰਦਰ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਣ ਨਾਲ ਹੋਣ ਵਾਲੇ ਨੁਕਸਾਨ ਤੋਂ ਵੀ ਜਾਣੂ ਕਰਵਾਇਆ ਜਾ ਰਿਹਾ ਹੈ।ਕਲੱਸਟਰ ਇੰਚਾਰਜ ਸੁਖਦੇਵ ਰਾਜ ਅਤੇ ਨੋਡਲ ਅਫਸਰ ਹਰਪਾਲ ਸਿੰਘ ਵੱਲੋਂ ਪਿੰਡ ਸਰੀਫ ਚੱਕ ਦਾ ਵਿਸ਼ੇਸ਼ ਦੌਰਾ ਕੀਤਾ ਗਿਆ ਅਤੇ ਗੁੱਜਰ ਭਾਈਚਾਰੇ ਦੇ ਲੋਕਾਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਪਰਾਲੀ ਦੀ ਸਾਂਭ ਸੰਭਾਲ ਬਾਰੇ ਜਾਗਰੂਕ ਕੀਤਾ।ਇਸ ਮੌਕੇ ਜਾਣਕਾਰੀ ਦਿੰਦਿਆਂ ਕਲੱਸਟਰ ਇੰਚਾਰਜ ਸੁਖਦੇਵ ਰਾਜ ਅਤੇ ਨੋਡਲ ਅਫਸਰ ਹਰਪਾਲ ਸਿੰਘ ਨੇ ਦੱਸਿਆ ਕਿ ਪਰਾਲੀ ਦੀ ਸਾਂਭ-ਸੰਭਾਲ ਕਰਕੇ ਅਸੀਂ ਵਾਤਾਵਰਣ ਨੂੰ ਸ਼ੁੱਧ ਰੱਖਣ ਦਾ ਸੁਨੇਹਾ ਦੇ ਰਹੇ ਹਾਂ।ਉਨ੍ਹਾਂ ਗੁੱਜਰ ਭਾਈਚਾਰੇ ਦੇ ਲੋਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਸ਼ੂਆਂ ਦੇ ਚਾਰੇ ਦੇ ਲਈ ਪਰਾਲੀ ਨੂੰ ਵਰਤੋਂ ਵਿੱਚ ਲਿਆ ਕੇ ਗੁੱਜਰ ਭਾਈਚਾਰਾ ਇੱਕ ਵਧੀਆ ਅਹਿਮ ਰੋਲ ਅਦਾ ਕਰ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ ਪਿੰਡਾਂ ਅੰਦਰ ਕੈਂਪ ਲਗਾ ਕੇ ਕਿਸਾਨਾਂ ਨੂੰ ਵੀ ਜਾਗਰੂਕ ਕੀਤਾ ਜਾ ਰਿਹਾ ਹੈ।

# ਜੰਮੂ-ਕਸ਼ਮੀਰ ਤੇ ਹਰਿਆਣਾ 'ਚ ਚੋਣ ਹਵਾ ਦਾ ਰੁਖ ਪੂਰੀ ਤਰ੍ਹਾਂ ਭਾਜਪਾ ਦੇ ਹੱਕ 'ਚ : ਚੋਗਾਵਾਂ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਭਾਜਪਾ ਦੇ ਸੀਨੀਅਰ ਨੌਜਵਾਨ ਆਗੂ ਅਤੇ ਹਲਕਾ ਜੰਡਿਆਲਾ ਗੁਰੂ ਦੇ ਇੰਚਾਰਜ ਜਸਮਿੱਤਰ ਸਿੰਘ ਚੋਗਾਵਾਂ ਨੇ ਕਿਹਾ ਕਿ ਜੰਮੂ-ਕਸ਼ਮੀਰ ਅਤੇ ਹਰਿਆਣਾ ਵਿੱਚ ਲੋਕਾਂ ਦਾ ਝੁਕਾਅ ਪੂਰੀ ਤਰ੍ਹਾਂ ਭਾਜਪਾ ਦੇ ਹਕ ਵਿੱਚ ਹੈ ਅਤੇ ਜੰਮ-ਕਸ਼ਮੀਰ ਅਤੇ ਹਰਿਆਣਾ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਸ਼ਾਨਦਾਰ ਜਿੱਤ ਹਾਸਲ ਕਰਕੇ ਸਰਕਾਰ ਬਣਾਏਗੀ।ਉਨ੍ਹਾਂ ਨੇ ਇੱਕ ਵਿਸ਼ੇਸ਼ ਗੱਲਬਾਤ ਦੌਰਾਨ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਦਾ ਨਾਮ ਪੂਰੀ ਦੁਨੀਆਂ ਵਿੱਚ ਰੋਸ਼ਨ ਕੀਤਾ ਅਤੇ ਹੁਣ ਪੂਰੀ ਦੁਨੀਆਂ ਭਾਰਤ ਦਾ ਸਿੱਕਾ ਮੰਨ ਰਹੀ ਹੈ ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਦੇਸ਼ ਵਾਸੀਆਂ ਦੇ ਹਿੱਤ ਵਿੱਚ ਅਨੇਕਾਂ ਯੋਜਨਾਵਾ ਲਾਗੂ ਕੀਤੀਆਂ ਗਈਆਂ ਜਿਨ੍ਹਾਂ ਦਾ ਲੋਕਾਂ ਨੂੰ ਭਾਰੀ ਲਾਭ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਉਜਵਲਾ ਯੋਜਨਾ, ਮੁਫਤ ਰਾਸ਼ਨ ਅਤੇ ਮੁਦਰਾਂ ਯੋਜਨਾ ਸਮੇਤ ਅਨੇਕਾਂ ਯੋਜਨਾਵਾਂ ਦਾ ਦੇਸ਼ ਦੇ ਕਰੋੜਾ ਲੋਕਾਂ ਨੂੰ ਭਾਰੀ ਲਾਭ ਹੋ ਰਿਹਾ ਹੈ ਅਤੇ ਦੇਸ਼ ਦੇ 80 ਕਰੋੜ ਲੋਕਾਂ ਨੂੰ ਮੁਫਤ ਰਾਸ਼ਨ ਵੀ ਮਿਲ ਰਿਹਾ ਹੈ ਅਤੇ ਦੇਸ਼ ਦੇ ਲੋਕਾਂ ਵਲੋਂ ਪ੍ਰਧਾਨ ਮੰਤਰੀ ਮੋਦੀ ਦੀ ਸਰਕਾਰ ਦੀਆਂ ਨੀਤੀਆਂ ਦੀ ਪ੍ਰਸ਼ੰਸਾ ਕੀਤੀ ਜਾ ਰਹੀ ਹੈ।

# ਜੋੜ ਮੇਲੇ ਦੇ ਪ੍ਰਬੰਧਾਂ ਦਾ ਐੱਸ ਪੀ ਅਤੇ ਡੀ ਐੱਸ ਪੀ ਨੇ ਲਿਆ ਜਾਇਜ਼ਾ





**ਝਬਾਲ, (ਹਰਜਿੰਦਰ ਸਿੰਘ ਸੋਨੀ)**-ਧੰਨ ਧੰਨ ਬਾਬਾ ਬੁੱਢਾ ਜੀ ਦੇ ਪਵਿੱਤਰ ਧਾਰਮਿਕ ਅਸਥਾਨ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਵੱਡਮੁੱਲੇ ਸਹਿਯੋਗ ਨਾਲ 5-6-7 ਅਕਤੂਬਰ ਨੂੰ ਮਨਾਏ ਜਾ ਰਹੇ ਸਲਾਨਾ ਜੋੜ ਮੇਲੇ ਸਬੰਧੀ ਜ਼ਿਲਾ ਪੁਲਸ ਮੁਖੀ ਗੌਰਵ ਤੂਰਾ ਦੇ ਆਦੇਸ਼ਾਂ ਤੇ ਪੁੱਜੇ ਐਸ ਪੀ ਹੈੱਡਕੁਆਰਟਰਾਂ ਪ੍ਰਮਿੰਦਰ ਕੌਰ, ਡੀਸੀਪੀ ਸਬ ਡਵੀਜ਼ਨ ਕਮਲਮੀਤ ਸਿੰਘ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਟ੍ਰੈਫਿਕ ਤੇ ਹੋਰ ਪੁਖਤਾ ਪ੍ਰਬੰਧਾ ਦਾ ਜਾਇਜ਼ਾ ਲਿਆ ਗਿਆ ਜਦ ਕਿ ਦਫ਼ਤਰ ਵਿਖੇ ਪੁੱਜਣ ਤੇ ਭਾਈ ਮਨਜੀਤ ਸਿੰਘ ਭੂਰਾ ਕੋਹਨਾ ਮੈਂਬਰ ਸ਼੍ਰੋਮਣੀ ਕਮੇਟੀ,ਗੁਰਦੁਆਰਾ ਸਾਹਿਬ ਦੇ ਮੈਨੇਜਰ ਸਰਬਦਿਆਲ ਸਿੰਘ, ਮੀਤ ਮੈਨੇਜਰ ਗੁਰਜੀਤ ਸਿੰਘ ਠੱਠਾ, ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ ਵੱਲੋਂ ਗੰਡੀਵਿੰਡ ਵੱਲੋਂ ਐੱਸ ਐੱਸ ਪੀ ਹੈੱਡਕੁਆਰਟਰ ਅਤੇ ਡੀ ਐਸ ਪੀ ਸਿਟੀ ਨੂੰ ਸਿਰੋਪਾਓ ਤੇ ਬਾਬਾ ਬੁੱਢਾ ਸਾਹਿਬ ਜੀ ਦੀ ਯਾਦਗਾਰੀ ਤਸਵੀਰ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਉਨ੍ਹਾਂ ਨਾਲ ਐੱਸਐੱਚਓ ਥਾਣਾ ਝਬਾਲ ਪ੍ਰਮਜੀਤ ਸਿੰਘ ਵਿਰਦੀ, ਟ੍ਰੈਫਿਕ ਇੰਚਾਰਜ ਬਿਕਰਮਜੀਤ ਸਿੰਘ, ਥਾਣੇਦਾਰ ਇੰਸਪਾਲ ਸਿੰਘ, ਮੁੱਖ ਮੁਨਸੀ ਥਾਣਾ ਝਬਾਲ ਜਸਵੰਤ ਸਿੰਘ, ਗੁਰਜੀਤ ਸਿੰਘ ਪੰਜਵੜ, ਵਰਿੰਦਰ ਸਿੰਘ ਠੱਠਾ, ਪ੍ਰਤਾਪ ਸਿੰਘ ਚੀਮਾ, ਬਲਜੀਤ ਸਿੰਘ ਝਬਾਲ ਆਦਿ ਵੀ ਹਾਜ਼ਰ ਸਨ।

# ਫਿਸ਼ ਪਾਰਕ 'ਚ ਬਣੇ ਬਾਥਰੂਮਾਂ ਦੀ ਹਾਲਤ ਖਸਤਾ ਹੋਣ ਕਾਰਨ ਲੋਕਾਂ 'ਚ ਪ੍ਰਸ਼ਾਸਨ ਖਿਲਾਫ ਭਾਰੀ ਰੋਸ





**ਗੁਰਦਾਸਪੁਰ (ਜਨਕ ਮਹਾਜਨ)**-ਗੁਰਦਾਸਪੁਰ ਸ਼ਹਿਰ ਦੀ ਪ੍ਰਸਿੱਧ ਸ਼ੈਰਗਾਹ ਫਿਸ਼ ਪਾਰਕ ਦੇ ਬਾਥਰੂਮਾਂ ਦੀ ਹਾਲਤ ਰੱਖ ਰਖਾਓ ਨਾ ਹੋਣ ਕਾਰਨ ਪਿਛਲੇ ਲੰਮੇ ਸਮੇਂ ਤੋਂ ਖਰਾਬ ਚਲਦੀ ਆ ਰਹੀ ਹੈ ਜਿਸ ਕਾਰਨ ਲੋਕਾਂ ਦਾ ਪ੍ਰਸ਼ਾਸਨ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪਾਰਕ ਵਿਚ ਸੈਰ ਕਰਦੇ ਲੋਕਾਂ ਨੇ ਗੱਲਬਾਤ ਦੌਰਾਨ ਦੱਸਿਆ ਕਿ ਇਕ ਪਾਸੇ ਸਰਕਾਰ ਵਲੋਂ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਥਾਂ-ਥਾਂ 'ਤੇ ਸਵੱਛਤਾ ਅਭਿਆਨ ਤਹਿਤ ਕੈਂਪ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਪਰ ਫਿਸ ਪਾਰਕ ਗੁਰਦਾਸਪੁਰ ਵਿਖੇ ਬਣੇ ਬਾਥਰੂਮਾਂ ਦੀ ਹਾਲਤ ਮਾੜੀ ਹੋਣ ਕਰਕੇ ਹਰ ਵੇਲੇ ਕੋਈ ਬਿਮਾਰੀ ਫੈਲਣ ਦਾ ਡਰ ਬਣਿਆ ਰਹਿੰਦਾ ਹੈ। ਉਨ੍ਹਾਂ ਕਿਹਾ ਫਿਸ਼ ਪਾਰਕ ਦੇ ਪਿਛਲੇ ਪਾਸੇ ਸਰਕਾਰੀ ਲਾਇਬ੍ਰੇਰੀ ਦੀ ਕੰਧ ਨੇੜੇ ਬਣੇ ਇਨ੍ਹਾਂ ਬਾਥਰੂਮਾਂ ਦੇ ਰੱਖ ਰਖਾਵ ਅਤੇ ਸਾਫ ਸਫਾਈ ਦਾ ਪ੍ਰਬੰਧ ਨਾ ਹੋਣ ਕਰਕੇ ਲੋਕਾਂ ਦਾ ਇਨ੍ਹਾਂ ਬਾਥਰੂਮਾਂ ਨੇੜਿਓਂ ਪਟੜੀ 'ਤੇ ਲੰਘਣਾ ਮੁਸ਼ਕਿਲ ਹੋਇਆ ਪਿਆ ਹੈ। ਹਰ ਵੇਲੇ ਭੈੜੀ ਬਦਬੂ ਆਉਣ ਨਾਲ ਲੋਕ ਬਾਥਰੂਮਾਂ ਨੇੜੇ ਪੰਗਡੰਡੀ ਤੋਂ ਲੰਘਣ ਤੋਂ ਵੀ ਗੁਰੇਜ਼ ਕਰਦੇ ਹਨ ਜਦ ਕਿ ਨਗਰ ਕੌਂਸਲ ਗੁਰਦਾਸਪੁਰ ਦੇ ਅਧਿਕਾਰੀ ਇਸ ਪਾਸੇ ਬਿਲਕੁਲ ਧਿਆਨ ਨਹੀਂ ਦੇ ਰਹੇ ਜਿਸ ਕਾਰਨ ਫਿਸ਼ ਪਾਰਕ ਵਿੱਚ ਸੈਰ ਕਰਨ ਆਉਂਦੇ ਲੋਕਾਂ ਵਿੱਚ ਨਗਰ ਕੌਂਸਲ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ। ਵਰਨਣਯੋਗ ਹੈ ਕਿ ਫਿਸ਼ ਪਾਰਕ ਦੇ ਰੱਖ ਰਖਾਵ ਅਤੇ ਸਫਾਈ ਦਾ ਜਿੰਮਾ ਨਗਰ ਕੌਂਸਲ ਗੁਰਦਾਸਪੁਰ ਪਾਸ ਹੈ। ਜ਼ਿਕਰਯੋਗ ਹੈ ਕਿ ਇਹਨਾਂ ਬਾਥਰੂਮਾਂ ਨੇੜੇ ਬੱਚਿਆਂ ਦੇ ਖੇਡਣ ਵਾਸਤੇ ਝੂਲੇ ਆਦਿ ਵੀ ਲੱਗੇ ਹੋਏ ਹਨ। ਜਿਥੇ ਵੱਡੀ ਗਿਣਤੀ ਵਿਚ ਰੋਜ਼ਾਨਾ ਬੱਚੇ, ਮੁੰਡੇ, ਕੁੜੀਆਂ ਝੂਲੇ, ਜ਼ਿੰਮ ਅਤੇ ਪੀਂਘਾਂ ਆਦਿ ਦਾ ਆਨੰਦ ਮਾਣਦੇ ਹਨ। ਲੋਕਾਂ ਦੀ ਨਗਰ ਕੌਂਸਲ ਗੁਰਦਾਸਪੁਰ ਮੰਗ ਹੈ ਕਿ ਫਿਸ਼ ਪਾਰਕ ਵਿੱਚ ਬਣੇ ਬਾਥਰੂਮ ਦੇ ਰੱਖ ਰਖਾਓ ਲਈ ਪੱਕੇ ਸਫ਼ਾਈ ਸੇਵਕਾਂ ਦੀ ਡਿਊਟੀ ਲਗਾਈ ਜਾਵੇ ਅਤੇ ਪੀਣ ਵਾਲੇ ਪਾਣੀ ਦੀ ਵਿਵਸਥਾ ਕੀਤੀ ਜਾਵੇ। ਦੂਜੇ ਪਾਰਕ ਵਿੱਚ ਬਣੇ ਸ਼ੈਡ ਦੀਆਂ ਉਤਾਰੀਆਂ ਚਾਦਰਾਂ ਜਲਦੀ ਪਵਾਈਆਂ ਜਾਣ ਤਾਂ ਜੋ ਅਚਾਨਕ ਵਰਖਾ ਆਉਣ 'ਤੇ ਇਸ ਤੋਂ ਬਚਿਆ ਜਾ ਸਕੇ। ਇਸ ਸਬੰਧੀ ਜਦੋਂ ਨਗਰ ਕੌਂਸਲ ਦੇ ਸੈਨੀਟਰੀ ਇੰਸਪੈਕਟਰ ਰਿੱਕੂ ਭੱਟੀ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਬਾਥਰੂਮਾਂ ਦੀ ਜਦੋਂ ਵੀ ਮੁਰੰਮਤ ਅਤੇ ਸਫ਼ਾਈ ਕਰਵਾਉਂਦੇ ਹਾਂ ਉਦੋਂ ਹੀ ਸ਼ਰਾਰਤੀ ਅਨਸਰ ਪਾਣੀ ਦੀਆਂ ਟੂਟੀਆਂ ਆਦਿ ਉਤਾਰ ਕੇ ਲੈ ਜਾਂਦੇ ਹਨ ਜਿਸ ਨਾਲ ਅਜਿਹੇ ਹਾਲਾਤ ਪੈਦਾ ਹੋ ਜਾਂਦੇ ਹਨ। ਫ਼ਿਰ ਵੀ ਉਹ ਅੱਜ ਹੀ ਬਾਥਰੂਮਾਂ ਦੀ ਸਫ਼ਾਈ ਦਾ ਵੀ ਪ੍ਰਬੰਧ ਕਰਨਗੇ। ਪਾਰਕ ਵਿਚ ਬਣੇ ਸ਼ੈੱਡ ਬਾਰੇ ਪੁੱਛਣ 'ਤੇ ਉਨ੍ਹਾਂ ਦੱਸਿਆ ਕਿ ਇਸ ਕੰਮ ਲਈ ਜਿਸ ਠੇਕੇਦਾਰ ਨੂੰ ਕੰਮ ਅਲਾਟ ਕੀਤਾ ਹੋਇਆ ਹੈ, ਉਹ ਕਿਸੇ ਦੂਸਰੇ ਕੰਮ ਵਿਚ ਲੱਗਾ ਹੋਇਆ ਹੈ ਜਲਦੀ ਹੀ ਇਸ ਸ਼ੈਡ ਨੂੰ ਵੀ ਤਿਆਰ ਕਰਵਾ ਦਿੱਤਾ ਜਾਵੇਗਾ।

# ਜੋੜ ਮੇਲੇ 'ਤੇ ਰਟੌਲ ਐਂਡ ਉਪਲ ਵੈਲਟ ਪਾਰਕਿੰਗ ਵਾਲੇ ਕਰਨਗੇ ਸੰਗਤਾਂ ਦੀ ਮੁਫ਼ਤ ਸੇਵਾ

ਝਬਾਲ (ਹਰਜਿੰਦਰ ਸਿੰਘ ਸੋਨੀ)-ਪੁੱਤਰਾਂ ਦੇ ਦਾਨੀ ਧੰਨ-ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਪਵਿੱਤਰ ਅਸਥਾਨ ਗੁਰਦੁਆਰਾ ਬਾਬਾ ਬੁੱਢਾ ਜੀ ਬੀੜ ਸਾਹਿਬ ਵਿਖੇ 5-6-7 ਅਕਤੂਬਰ ਨੂੰ ਮਨਾਏ ਜਾ ਰਹੇ ਤਿੰਨ ਰੋਜ਼ਾ ਸਲਾਨਾ ਜੋੜ ਮੇਲੇ 'ਤੇ ਦੇਸ਼ ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਪੁੱਜਣ ਵਾਲੀਆਂ ਸੰਗਤਾਂ ਲਈ ਰਟੌਲ ਐਂਡ ਉਪਲ ਵੈਲਟ ਪਾਰਕਿੰਗ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੇੜੇ (ਬਾਬਾ ਖੜਕ ਸਿੰਘ, ਬਾਬਾ ਦਰਸ਼ਨ ਸਿੰਘ ਗੁਰਦੁਆਰਾ ਸੰਤ ਨਿਵਾਸ ਬੀੜ ਸਾਹਿਬ) ਵਿਖੇ ਖਰੀਦ ਕੀਤੀ ਗਈ ਜ਼ਮੀਨ ਵਿੱਚ ਕਾਰ ਪਾਰਕਿੰਗ ਦੀ ਮੁਫ਼ਤ ਸੇਵਾ ਦਿੱਤੀ ਜਾਵੇਗੀ।ਪਾਰਕਿੰਗ ਦੇ ਸੇਵਾਦਾਰ ਬਿਕਰਮ ਸਿੰਘ ਰਟੌਲ, ਰਾਜੂ ਰਟੌਲ, ਗੁਰਲਾਲ ਸਿੰਘ ਯੂਐੱਸਏ, ਜੁਗਰਾਜ ਸਿੰਘ ਇਟਲੀ, ਅਰਸ਼ਦੀਪ ਸਿੰਘ, ਸੁਖਚੈਨ ਸਿੰਘ, ਮੇਜਰ ਸਿੰਘ, ਵਿੱਕੀ, ਦਵਿੰਦਰ ਸਿੰਘ ਨੰਦੂ, ਜਰਨੈਲ ਸਿੰਘ, ਨਿਸ਼ਾਨ ਸਿੰਘ, ਲਵਪ੍ਰੀਤ ਸਿੰਘ, ਰਾਜ ਕਰਨ ਸਿੰਘ, ਜਸਪਾਲ ਸਿੰਘ ਫੌਜੀ, ਪਿੰਦਰ ਸਿੰਘ, ਬਲਜੀਤ ਸਿੰਘ ਚਵਿੰਡਾ, ਬੱਬਲੂ, ਸੰਨੀ ਆਦਿ ਦੱਸਿਆ ਕਿ ਵਿਆਹਾਂ ਸ਼ਾਦੀਆਂ ਤੇ ਕਾਰ ਪਾਰਕਿੰਗ ਦੀ ਸੁਵਿਧਾ ਦੇਣ ਵਾਲੀ ਰਟੌਲ ਐਂਡ ਉਪਲ ਕਾਰ ਪਾਰਕਿੰਗ ਵੱਲੋਂ ਹਰ ਸਾਲ ਦੀ ਤਰ੍ਹਾਂ ਕਾਰ ਪਾਰਕਿੰਗ ਦੀ ਮੁਫ਼ਤ ਸੇਵਾ ਨਿਭਾਉਂਦਿਆਂ ਇਹ ਤੀਸਰਾ ਜੋੜ ਮੇਲਾ ਹੈ। ਉਨ੍ਹਾਂ ਮੇਲੇ ਦੌਰਾਨ ਆਉਣ ਵਾਲੀਆਂ ਸੰਗਤਾਂ ਨੂੰ ਮੁਫ਼ਤ ਕਾਰ ਪਾਰਕਿੰਗ ਦੀ ਸੇਵਾ ਦਾ ਲਾਭ ਲੈਣ ਦੀ ਅਪੀਲ ਕੀਤੀ।

# ਅੰਤਰਰਾਸ਼ਟਰੀ ਬਜ਼ੁਰਗ ਦਿਹਾੜੇ 'ਤੇ ਬਿਰਧ ਆਸ਼ਰਮ 'ਚ ਲਗਾਇਆ ਮੈਡੀਕਲ ਹੈਲਥ ਕੇਅਰ ਕੈਂਪ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਬਜ਼ੁਰਗਾਂ ਦੇ ਵਿਹੜੇ ਵਿੱਚ ਅੰਤਰਰਾਸ਼ਟਰੀ ਬਜ਼ੁਰਗਾਂ ਦਾ ਦਿਵਸ ਮਨਾਇਆ ਗਿਆ। ਇਸ ਮੌਕੇ ਮੈਡੀਕਲ ਹੈਲਥ ਕੇਅਰ ਕੈਂਪ ਵੀ ਲਗਾਇਆ ।ਇਸ ਮੌਕੇ ਡਾ. ਸੰਦੀਪ ਬਾਲਾ ਅਤੇ ਫਾਰਮਾਸਿਸਟ ਮੈਡਮ ਮਮਤਾ ਨੇ ਬਜ਼ੁਰਗਾਂ ਨੂੰ ਉਨ੍ਹਾਂ ਦੀ ਸਿਹਤ ਪ੍ਰਤੀ ਧਿਆਨ ਦੇਣ ਸਬੰਧੀ ਨੁਕਤੇ ਸਮਝਾਏ।ਉਨ੍ਹਾਂ ਕਿਹਾ ਕਿ ਸਾਨੂੰ ਆਪਣੀ ਸਿਹਤ ਦੇ ਪ੍ਰਤੀ ਹਮੇਸ਼ਾ ਧਿਆਨ ਦੇਣਾ ਚਾਹੀਦਾ ਹੈ।ਇਸ ਦੇ ਨਾਲ ਹੀ ਉਨ੍ਹਾਂ ਨੇ ਬਿਰਧ ਘਰ ਵਿੱਚ ਰਹਿ ਰਹੇ ਬਜ਼ੁਰਗਾਂ ਨਾਲ ਦੁੱਖ ਸਾਂਝੇ ਕੀਤੇ। ਉਨ੍ਹਾਂ ਸਮਝਾਇਆ ਕਿ ਸਾਨੂੰ ਕਦੇ ਵੀ ਕਿਸੇ ਤਰ੍ਹਾਂ ਦੀ ਕੋਈ ਚਿੰਤਾ ਨਹੀਂ ਕਰਨੀ ਚਾਹੀਦੀ ਕਿਉਂਕਿ ਜੇਕਰ ਅਸੀਂ ਚਿੰਤਾ ਕਰਦੇ ਹਾਂ ਤਾਂ ਸਾਨੂੰ ਬਹੁਤ ਸਾਰੀਆਂ ਬਿਮਾਰੀਆਂ ਲੱਗ ਜਾਂਦੀਆਂ ਹਨ ਅਤੇ ਅਸੀਂ ਡਿਪਰੈਸ਼ਨ ਦੇ ਮਰੀਜ਼ ਹੋ ਸਕਦੇ ਹਾਂ ।ਉਨ੍ਹਾਂ ਕਿਹਾ ਕਿ ਜੇਕਰ ਸਾਨੂੰ ਕੋਈ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਹੈ ਤਾਂ ਸਾਨੂੰ ਇੱਕ ਦੂਜੇ ਨਾਲ ਗੱਲ ਕਰਕੇ ਆਪਣੇ ਦਿਲ 'ਚੋਂ ਕੱਢ ਲੈਣੀ ਚਾਹੀਦੀ ਹੈ।

ਉਦਾਹਰਨ ਦੇ ਤੌਰ 'ਤੇ ਸਾਈਲੈਂਟ ਅਟੈਕ ਆਦਿ ਹੋ ਜਾਂਦੇ ਹਨ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸਾਨੂੰ ਇਸ ਉਮਰ ਵਿੱਚ ਸੈਰ ਕਰਨੀ ਚਾਹੀਦੀ ਹੈ ਤਾਂ ਜੋ ਅਸੀਂ ਆਪਣੇ ਆਪ ਨੂੰ ਹਮੇਸ਼ਾ ਫੁਰਤੀਲੇ ਅਤੇ ਤੰਦਰੁਸਤ ਬਣਾ ਸਕੀਏ।ਆਸ਼ਰਮ ਸੁਪਰਡੈਂਟ ਅੰਜਲੀ ਸ਼ਰਮਾ ਨੇ ਡਾਕਟਰੀ ਟੀਮ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ, ਸਵਿਤਾ, ਪੂਜਾ ਦੇਵੀ, ਰਾਜ ਰਾਣੀ, ਅੰਜੂ ਬਾਲਾ, ਰੂਪਰਾਣੀ, ਤਰਸੇਮ ਲਾਲ, ਰਮੇਸ਼ ਚੰਦਰ ਆਦਿ ਮੌਜੂਦ ਸਨ।

2-Oct-PAGE-12.qxd 10/1/2024 10:45 PM Page 1



# ਮੁਲਾਜ਼ਮਾਂ ਨੇ ਪੁਰਾਣੀ ਪੈਨਸ਼ਨ ਬਹਾਲੀ ਲਈ ਵਿਧਾਇਕ ਸ਼ੈਰੀ ਕਲਸੀ ਨੂੰ ਦਿੱਤਾ ਮੰਗ ਪੱਤਰ



**ਬਟਾਲਾ (ਤਰਲੋਕ ਬੱਗਾ)**- ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਸੂਬਾ ਕਮੇਟੀ ਦੇ ਫ਼ੈਸਲੇ ਅਨੁਸਾਰ ਜ਼ਿਲ੍ਹਾ ਕਨਵੀਨਰ ਲਵਪ੍ਰੀਤ ਸਿੰਘ ਰੋੜਾਂਵਾਲੀ, ਜ਼ਿਲ੍ਹਾ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਰੰਗੀਲਪੁਰ ਅਤੇ ਸੂਬਾ ਕੋ-ਕਨਵੀਨਰ ਲਖਵਿੰਦਰ ਸਿੰਘ ਭੌਰ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਦੇ ਵਿਧਾਇਕ ਹਲਕਾ ਬਟਾਲਾ ਅਮਨਸ਼ੇਰ ਸਿੰਘ ਕਲਸੀ (ਸ਼ੈਰੀ ਕਲਸੀ) ਨੂੰ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਲਈ ਮੰਗ ਪੱਤਰ ਦਿੱਤਾ ਗਿਆ ।ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੁਰਾਣੀ ਪੈਨਸ਼ਨ ਬਹਾਲ ਕਰਨ ਦਾ ਨੋਟੀਫਿਕੇਸ਼ਨ ਲਾਗੂ ਕਰਦੇ ਹੋਏ 2004 ਤੋਂ ਪਹਿਲਾਂ ਮਿਲਦੀ ਪੈਨਸ਼ਨ ਤੁਰੰਤ ਬਹਾਲ ਕੀਤੀ ਜਾਵੇ, ਕਰਮਚਾਰੀਆਂ ਦੀ ਐਨ.ਪੀ.ਐੱਸ. ਕਟੌਤੀ ਬੰਦ ਕਰਕੇ ਜੀ.ਪੀ.ਐੱਫ. ਕਟੌਤੀ ਸ਼ੁਰੂ ਕੀਤੀ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕਰਨ ਲਈ ਐਸ. ਓ. ਪੀ. (ਸਟੈਂਡਰਡ ਓਪਰੇਟਿੰਗ ਸਿਸਟਮ) ਤੁਰੰਤ ਜਾਰੀ ਕੀਤਾ ਜਾਵੇ ਅਤੇ ਕੇਂਦਰ ਸਰਕਾਰ ਦੀ ਤਰਜ਼ ਉੱਤੇ ਪੈਨਸ਼ਨ ਗਣਨਾ ਲਈ 20 ਸਾਲ ਦੀ ਸੇਵਾ ਨੂੰ ਵੀ ਪੂਰੇ ਪੈਨਸ਼ਨ ਲਾਭ ਲਈ ਗਿਣਿਆ ਜਾਵੇ। ਆਗੂਆਂ ਨੇ ਕਿਹਾ ਕਿ ਹਿਮਾਚਲ ਸਰਕਾਰ ਨੇ ਮਗਰੋਂ ਆ ਕੇ ਪੰਜਾਬ ਸਰਕਾਰ ਤੋਂ ਪਹਿਲਾਂ ਪੁਰਾਣੀ ਪੈਨਸ਼ਨ ਬਹਾਲ ਕਰ ਦਿੱਤੀ ਹੈ ਅਤੇ ਉਸਦੇ ਕਰਮਚਾਰੀ ਪੁਰਾਣੀ ਪੈਨਸ਼ਨ ਦਾ ਲਾਭ ਲੈ ਰਹੇ ਹਨ।ਪਰ ਪੰਜਾਬ ਸਰਕਾਰ ਵੱਲੋਂ ਦੋ ਸਾਲ ਤੋਂ ਵੱਧ ਸਮਾਂ ਨੋਟੀਫਿਕੇਸ਼ਨ ਜਾਰੀ ਕੀਤਿਆਂ ਹੋ ਗਏ ਹਨ ਫਿਰ ਵੀ ਪੁਰਾਣੀ ਪੈਨਸ਼ਨ ਬਹਾਲ ਨਹੀਂ ਕੀਤੀ ਗਈ। ਨਾ ਹੀ ਪੁਰਾਣੀ ਪੈਨਸ਼ਨ ਦੇ ਨੋਟੀਫਿਕੇਸ਼ਨ ਸਬੰਧੀ ਕੋਈ ਐੱਸਓਪੀ ਜਾਰੀ ਕੀਤੀ ਹੈ।ਨਾ ਹੀ ਐੱਨਪੀਐੱਸ ਕਟੌਤੀ ਬੰਦ ਹੋਈ ਹੈ ਅਤੇ ਨਾ ਹੀ ਜੀਪੀਐੱਫ. ਕਟੌਤੀ ਸ਼ੁਰੂ ਹੋਈ ਹੈ ।ਉਪਰੋਕਤ ਗੱਲਾਂ ਉੱਤੇ ਵਿਚਾਰ ਚਰਚਾ ਕਰਨ ਤੋਂ ਬਾਅਦ ਵਿਧਾਇਕ ਕਲਸੀ ਨੇ ਮੁਲਾਜ਼ਮਾਂ ਦੀ ਆਵਾਜ਼ ਪੰਜਾਬ ਸਰਕਾਰ ਤੱਕ ਪਹੁੰਚਾਉਣ ਦਾ ਭਰੋਸਾ ਦਿੰਦਿਆਂ ਕਿਹਾ ਕਿ ਥੋੜ੍ਹਾ ਹੋਰ ਸਬਰ ਰੱਖੋ, ਪੰਜਾਬ ਸਰਕਾਰ ਦਾ ਧਿਆਨ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਬਹਾਲ ਕਰਨ ਵੱਲ ਹੈ ਅਤੇ ਜਲਦ ਹੀ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਬਹਾਲ ਕਰ ਦਿੱਤੀ ਜਾਵੇਗੀ। ਇਸ ਮੌਕੇ ਜ਼ਿਲ੍ਹਾ ਕੋ-ਕਨਵੀਨਰ ਜੁਗਲ ਕਿਸ਼ੋਰ ਬੱਲ, ਬਲਜੀਤ ਸਿੰਘ ਦੀਨਾਨਗਰ, ਸੁਖਬੀਰ ਸਿੰਘ ਗਿੱਲ, ਸੁਖਵਿੰਦਰ ਸਿੰਘ ਤੋਂ ਇਲਾਵਾ ਪ੍ਰਧਾਨ ਜਸਪਾਲ ਸਿੰਘ ਵਿੰਝਵਾਂ, ਜਸਪਾਲ ਸੋਹਲ, ਪ੍ਰੇਮ ਕੁਮਾਰ, ਜੋਗਿੰਦਰ ਪਾਲ, ਸਰਬਜੀਤ ਸਿੰਘ, ਗੁਰਮੀਤ ਸਿੰਘ ਛੀਨਾ, ਬਸੰਤ ਲਾਲ, ਸੰਦੇਸ਼ ਕੁਮਾਰ, ਜਤਿੰਦਰਪਾਲ ਸਿੰਘ, ਰਵਿੰਦਰਪਾਲ ਸਿੰਘ, ਰਜੇਸ਼ ਮਹਾਜਨ, ਵਿਕਾਸ ਸ਼ਰਮਾ, ਧਰਮਿੰਦਰ ਸਿੰਘ, ਪ੍ਰਭਜੋਤ ਸਿੰਘ, ਪਰਮਿੰਦਰ ਸਿੰਘ, ਸੁਖਬੀਰ ਸਿੰਘ, ਸੁਰਿੰਦਰ ਸਿੰਘ, ਹਰਵਿੰਦਰ ਸਿੰਘ ਕਲੇਰ, ਰਛਪਾਲ ਸਿੰਘ, ਜਗਮੋਹਨ ਸਿੰਘ ਆਦਿ ਹਾਜ਼ਰ ਸਨ ।

# ਬਾਬਾ ਲੰਗਾਹ ਦੇ ਵੋਟਰਾਂ ਵੱਲੋਂ ਪੰਚਾਇਤੀ ਚੋਣ ਦਾ ਮੁਕੰਮਲ ਬਾਈਕਾਟ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਸੂਬੇ ਅੰਦਰ 15 ਅਕਤੂਬਰ ਨੂੰ ਹੋ ਰਹੀਆਂ ਪੰਚਾਇਤੀ ਚੋਣਾਂ ਦਾ ਕਸਬਾ ਝਬਾਲ ਦੀ ਪਿੰਡ ਬਾਬਾ ਲੰਗਾਹ ਦੀ ਪੰਚਾਇਤ ਦੇ ਵਸਨੀਕਾਂ ਨੇ ਇਨ੍ਹਾਂ ਚੋਣਾਂ ਦਾ ਮੁਕੰਮਲ ਬਾਈਕਾਟ ਕਰਨ ਦਾ ਐਲਾਨ ਕੀਤਾ ਹੈ।ਇਸ ਸਬੰਧੀ ਬਾਬਾ ਲੰਗਾਹ ਦੇ ਵਸਨੀਕਾਂ ਵੱਲੋਂ ਕੀਤੀ ਗਈ ਮੀਟਿੰਗ ਦੌਰਾਨ ਦੱਸਿਆ ਕਿ ਉਨ੍ਹਾਂ ਦੀ ਪੰਚਾਇਤ ਵਿੱਚ ਲੱਗਭੱਗ 450 ਵੋਟਰ ਹਨ ਅਤੇ ਇੱਕ ਵੀ ਸ਼ਡਿਊਲਡ ਕਾਸਟ ਵੋਟਰ ਨਹੀਂ ਹੈ ਜਦੋਂਕਿ ਸਰਕਾਰ ਵੱਲੋਂ ਜਾਰੀ ਕੀਤੀ ਗਈ ਰਾਖਵੇਂਕਰਨ ਦੀ ਲਿਸਟ ਵਿਚ ਉਨ੍ਹਾਂ ਦੀ ਪੰਚਾਇਤ ਨੂੰ ਐੱਸ ਸੀ (ਔਰਤ) ਕਰ ਦਿੱਤਾ ਗਿਆ ਹੈ।ਇਸ ਮੌਕੇ ਸਾਬਕਾ ਸਰਪੰਚ ਪ੍ਰਗਟ ਸਿੰਘ, ਸਾਬਕਾ ਸਰਪੰਚ ਬਲਵਿੰਦਰ ਸਿੰਘ, ਸਾਬਕਾ ਸਰਪੰਚ ਗੁਰਿੰਦਰਪਾਲ ਸਿੰਘ, ਗੁਰਪਿੰਦਰ ਸਿੰਘ ਨਾਥੂ, ਅੰਗਰੇਜ਼ ਸਿੰਘ, ਬਾਬਾ ਬਲਜਿੰਦਰ ਸਿੰਘ ਕਾਲਾ, ਵਣ ਸਿੰਘ ਨੇ ਦੱਸਿਆ ਕਿ ਉਹ ਪੰਚਾਇਤ ਦੇ ਕੀਤੇ ਗਏ ਰਾਖਵੇਂਕਰਨ ਕਰਨ ਸਬੰਧੀ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਸਮੇਤ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਮਿਲੇ ਪਰ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਹੋਈ।ਉਨ੍ਹਾਂ ਨੇ ਸੂਬਾ ਸਰਕਾਰ ਵੱਲੋਂ ਕੀਤੀਆਂ ਜਾਂ ਰਹੀਆਂ ਧਾਂਦਲੀਆਂ ਦੀ ਨਿੰਦਾ ਕਰਦਿਆਂ ਪੰਚਾਇਤੀ ਚੋਣਾਂ ਦਾ ਮੁਕੰਮਲ ਬਾਈਕਾਟ ਕਰਨ ਦਾ ਫੈਸਲਾ ਕੀਤਾ ਹੈ।ਇਸ ਮੌਕੇ ਦਲਜੀਤ ਸਿੰਘ, ਬਾਬਾ ਗੁਰਿੰਦਰ ਸਿੰਘ, ਸਰਬਜੀਤ ਸਿੰਘ, ਡਾਕਟਰ ਗੁਰਪ੍ਰੀਤ ਸਿੰਘ, ਸੁਖਦੇਵ ਸਿੰਘ, ਪਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਸ੍ਰੀ ਗੋਇੰਦਵਾਲ ਸਾਹਿਬ ਤੋਂ ਸ਼ੰਭੂ ਬਾਰਡਰ ਲਈ ਜਥਾ ਰਵਾਨਾ



ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜਿਲਾ ਤਰਨ ਤਾਰਨ ਵੱਲੋਂ ਆਪਣੀ ਵਾਰੀ ਅਨੁਸਾਰ ਜਿਲਾ ਪ੍ਰਧਾਨ ਅਤੇ ਸੂਬਾ ਆਗੂ ਸਤਨਾਮ ਸਿੰਘ ਮਾਣੋਚਾਹਲ ਅਤੇ ਜਿਲ੍ਹਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ ਦੀ ਅਗਵਾਈ ਵਿੱਚ ਸ਼ੰਭੂ ਬਾਰਡਰ ਤੇ ਚੱਲ ਰਹੇ ਕਿਸਾਨ ਸੰਘਰਸ਼ ਮੋਰਚਾ ਦੋ ਵਿੱਚ ਸ਼ਾਮਿਲ ਹੋਣ ਲਈ ਕਿਸਾਨ, ਮਜ਼ਦੂਰ ਅਤੇ ਬੀਬੀਆਂ ਦਾ ਬਹੁਤ ਭਾਰੀ ਜਥਾ ਸ੍ਰੀ ਗੋਇੰਦਵਾਲ ਸਾਹਿਬ ਤੋਂ ਜੈਕਾਰਿਆਂ ਦੀ ਗੂੰਜ ਵਿੱਚ ਰਵਾਨਾ ਹੋਇਆ ।ਜਥੇ ਨੂੰ ਰਵਾਨਾ ਕਰਨ ਸਮੇਂ ਕਿਸਾਨ ਆਗੂਆਂ ਨੇ ਬੋਲਦਿਆਂ ਕਿਹਾ ਕਿ ਮੋਰਚਾ ਚੱਲਦੇ ਨੂੰ 230 ਦਿਨ ਤੋਂ ਜ਼ਿਆਦਾ ਹੋ ਚੁੱਕੇ ਹਨ ।ਪਰ ਸਰਕਾਰ ਨੇ ਰਸਤੇ ਵਿੱਚ ਕੀਤੀਆਂ ਕੰਧਾਂ ਅਜੇ ਤੱਕ ਨਹੀਂ ਹਟਾਈਆਂ ਇਹ ਮੋਰਚਾ ਉਦੋਂ ਤੱਕ ਚੱਲਦਾ ਰਹੇਗਾ ਜਦ ਤੱਕ ਸਰਕਾਰ ਸਾਡੀਆਂ ਹੱਕੀ ਮੰਗਾਂ ਨਹੀਂ ਮਨ ਲੈਂਦੀ, ਜਦੋਂ ਤੱਕ ਸਰਕਾਰ ਨੇ ਸਾਰੀਆਂ ਫਸਲਾਂ ਉੱਤੇ ਐਮ ਐੱਸ ਪੀ ਨਾ ਦਿੱਤੀ ਉਦੋਂ ਤੱਕ ਸੰਘਰਸ਼ ਭਾਵੇਂ ਕਿੰਨਾ ਵੀ ਲੰਮਾ ਹੋ ਜਾਵੇ ਮੋਰਚਾ ਚੁੱਕਿਆ ਨਹੀਂ ਜਾਵੇਗਾ।ਜੇ ਸਰਕਾਰ ਅੱਜ ਸਾਡਾ ਰਸਤਾ ਖੋਲ ਦੇਵੇ ਅਤੇ ਅਸੀਂ ਦਿੱਲੀ ਜਾ ਕੇ ਜੰਤਰ ਮੰਤਰ ਤੇ ਆਪਣਾ ਸ਼ਾਂਤਮਈ ਧਰਨਾ ਪ੍ਰਦਰਸ਼ਨ ਕਰ ਸਕੀਏ ।ਆਗੂਆਂ ਨੇ ਅੱਗੇ ਕਿਹਾ ਕਿ ਰਸਤੇ ਅਸੀਂ ਨਹੀਂ ਰੋਕੇ ਇਹ ਸਰਕਾਰ ਨੇ ਸਾਡੇ ਰਸਤੇ ਵਿੱਚ ਕਿੱਲਾਂ ਗੱਡ ਕੇ ਅਤੇ ਕੰਧਾਂ ਕਰਕੇ ਆਪ ਰੋਕੇ ਹਨ।ਜਥੇ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਮੀਤ ਪ੍ਰਧਾਨ ਅਤੇ ਸੂਬਾ ਆਗੂ ਦਿਆਲ ਸਿੰਘ ਮੀਆਂਵਿੰਡ ਅਤੇ ਪ੍ਰੈੱਸ ਸਕੱਤਰ ਜੋਗਿੰਦਰ ਸਿੰਘ ਧੂੰਦਾ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਇਸ਼ਾਰੇ ਤੇ ਪੰਜਾਬ ਸਰਕਾਰ ਵੱਲੋਂ ਪ੍ਰਦੂਸ਼ਣ ਦੇ ਨਾਂ ਤੇ ਝੋਨੇ ਦੀ ਫਸਲ ਦੇ ਨਾੜ ਨੂੰ ਕਿਸਾਨਾਂ ਵੱਲੋਂ ਮਜਬੂਰੀ ਵੱਸ ਅੱਗ ਲਗਾਉਣ ਤੇ ਕਿਸਾਨਾਂ ਨੂੰ ਰੈਡ ਐਂਟਰੀਆਂ ਕਾਰਨ ਭਾਰੀ ਜੁਰਮਾਨਾ ਕਰਨ ਦੇ ਨਾਦਰਸ਼ਾਹੀ ਫੁਰਮਾਨ ਦੀ ਜਥੇਬੰਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ। ਆਗੂਆਂ ਨੇ ਕਿਹਾ ਕਿ ਦੂਸਰਾ ਵੱਡਾ ਜਥਾ 10 ਅਕਤੂਬਰ ਨੂੰ ਸ੍ਰੀ ਗੋਇੰਦਵਾਲ ਸਾਹਿਬ ਤੋਂ ਹੀ ਰਵਾਨਾ ਕੀਤਾ ਜਾਵੇਗਾ। ਜਥਾ ਰਵਾਨਾ ਹੋਣ ਸਮੇਂ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਆਗੂ ਕੁਲਵੰਤ ਸਿੰਘ ਭੈਲ, ਕੁਲਦੀਪ ਸਿੰਘ ਵੇਈਪੂਈਂ, ਦਵਿੰਦਰ ਸਿੰਘ ਧੂੰਦਾ ,ਕੁਲਬੀਰ ਸਿੰਘ ਧੂੰਦਾ, ਹਰਜੀਤ ਸਿੰਘ ਭੋਜੋਵਾਲੀ,ਦਵਿੰਦਰ ਸਿੰਘ ਗਿੱਲ, ਮੱਖਣ ਸਿੰਘ ਢੋਟੀ, ਸੁਰਿੰਦਰ ਸਿੰਘ ਢੋਟੀ, ਹਰਦਿਆਲ ਸਿੰਘ ਕੰਗ, ਬੱਬੂ ਪਹਿਲਵਾਨ, ਸਤਨਾਮ ਸਿੰਘ ਖੋਜਕੀਪੁਰ, ਪਾਖਰ ਸਿੰਘ ਲਾਲਪੁਰ, ਗਿਆਨ ਸਿੰਘ, ਮਨਜੀਤ ਸਿੰਘ, ਸੁਖਵਿੰਦਰ ਕੌਰ, ਬਲਵਿੰਦਰ ਕੌਰ, ਰਣਜੀਤ ਕੌਰ, ਇੰਦਰਜੀਤ ਕੌਰ, ਕੁਲਵਿੰਦਰ ਕੌਰ, ਹਰਜੀਤ ਕੌਰ, ਗੁਰਮੀਤ ਕੌਰ, ਰਾਜਵਿੰਦਰ ਕੌਰ, ਰਜਵੰਤ ਕੌਰ, ਬਲਬੀਰ ਕੌਰ ਅਤੇ ਹੋਰ ਬਹੁਤ ਸਾਰੇ ਕਿਸਾਨ ਮਜ਼ਦੂਰ ਆਗੂ ਅਤੇ ਬੀਬੀਆਂ ਹਾਜ਼ਰ ਸਨ।

# 485ਵੇਂ ਜੋਤੀ ਜੋਤ ਦਿਹਾੜੇ ਮੌਕੇ ਡਾ. ਪਰਮਿੰਦਰ ਸੂਦ ਹੋਏ ਨਤਮਸਤਕ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਡਾਂਡੀਆਂ ਵਿਖੇ ਤਪ ਅਸਥਾਨ 108 ਸੰਤ ਬਾਬਾ ਹੀਰਾ ਦਾਸ ਨਾਗਿਆਂ ਦਾ ਡੇਰਾ ਸੱਚਖੰਡ ਡਾਂਡੀਆਂ ਵਿਖੇ ਨਿਰੰਕਾਰੀ ਜੋਤ, ਜਗਤ ਗੁਰੂ ਨਾਨਕ ਦੇਵ ਜੀ ਦੇ 485 ਵੇਂ ਜੋਤੀ ਜੋਤ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਜਸਵਿੰਦਰ ਸਿੰਘ ਡਾਂਡੀਆਂ ਦੀ ਅਗਵਾਈ ਹੇਠ ਕਰਵਾਏ ਗਏ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਸੰਤ ਸਮਾਗਮ ਅਤੇ ਧਾਰਮਿਕ ਸਮਾਗਮ ਕਰਵਾਏ ਗਏ। ਜਿਸ ਵਿੱਚ ਇਲਾਕੇ ਭਰ ਤੋਂ ਸਾਧੂ, ਸੰਤ ਮਹਾਂਪੁਰਸ਼, ਰਾਗੀ, ਢਾਡੀ, ਕਵੀਸ਼ਰ ਜਥਿਆਂ ਨੇ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਸਮਾਗਮ ਦੌਰਾਨ ਡਾਕਟਰ ਪਰਮਿੰਦਰ ਸੂਦ ਐੱਸ ਜੀ ਆਰ ਹਸਪਤਾਲ ਮੰਨਣਹਾਨਾ ਰੋਡ ਕੋਟ ਫਤੂਹੀ ਨੇ ਆਪਣੇ ਸਾਥੀਆਂ ਸਮੇਤ ਪੁੱਜ ਕੇ ਹਾਜ਼ਰੀ ਭਰੀ। ਇਸ ਮੌਕੇ ਸੰਤ ਬਾਬਾ ਜਸਵਿੰਦਰ ਸਿੰਘ ਡਾਂਡੀਆਂ ਨੇ ਆਏ ਹੋਏ ਸੰਤ ਮਹਾਂਪੁਰਸ਼ਾਂ, ਰਾਗੀ ਜਥੇ ਪ੍ਰਮੁੱਖ ਸ਼ਖਸੀਅਤਾਂ, ਸਿਆਸੀ ਆਗੂਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਮੁੱਖ ਸੇਵਾਦਾਰ ਸੰਤ ਬਾਬਾ ਜਸਵਿੰਦਰ ਸਿੰਘ ਡਾਂਡੀਆਂ, ਸੰਤ ਬਾਬਾ ਮਹਿੰਦਰ ਪਾਲ ਪੰਡਵਾ, ਸੰਤ ਬਾਬਾ ਜਸਵੀਰ ਸਿੰਘ ਸ੍ਰੀ ਚਮਕੌਰ ਸਾਹਿਬ, ਜਥੇਦਾਰ ਦਲਜੀਤ ਸਿੰਘ ਸੋਢੀ ਮਾਹਿਲਪੁਰ, ਰਾਮ ਪ੍ਰਕਾਸ਼ ਸੂਦ, ਗੁਰਮੀਤ ਕੌਰ ਸੂਦ, ਗੁਲਸ਼ਨ ਕੋਮਲ, ਦਿਵਾਸ ਸੂਦ, ਡਾਕਟਰ ਭੁਪਿੰਦਰ ਕੁਮਾਰ, ਡਾਕਟਰ ਮਮਤਾ ਹੀਰਾ, ਡਾਕਟਰ ਐਮ ਐਸ ਕੋਲ, ਡਾਕਟਰ ਗਗਨਦੀਪ ਸਿੰਘ ਗੋਪਾਲੀਆ, ਅਰਮਾਨ, ਯਾਦਵਿੰਦਰ ਸੂਦ, ਅਸ਼ੋਕ ਕੁਮਾਰ ਫਰਾਲਾ, ਬਿੱਲਾ ਲਕਸੀਹਾਂ, ਜੱਸ ਸੂਦ, ਪ੍ਰਭ, ਸੋਨੀਆ, ਅਕਾਸ਼, ਗੀਤੂ, ਸੰਤੋਸ਼ ਕੁਮਾਰੀ ਆਦਿ ਹਾਜ਼ਰ ਸਨ।

# ਐੱਲ ਪੀ ਯੂ ਨੇ ਗੀਅਰ ਅੱਪ ਸੀਜ਼ਨ 3 ਦਾ ਕੀਤਾ ਆਯੋਜਨ



**ਜਲੰਧਰ; (ਸ਼ੈਲੀ ਐਲਬਰਟ)**- ਨਵੀਨਤਾ ਨੂੰ ਪ੍ਰੇਰਿਤ ਕਰਨ ਅਤੇ ਸਮਾਜਿਕ ਚੁਣੌਤੀਆਂ ਨਾਲ ਨਜਿੱਠਣ ਲਈ ਐਲ ਪੀ ਯੂ ਵਿਖੇ ਵਿਦਿਆਰਥੀ ਖੋਜ ਅਤੇ ਪ੍ਰੋਜੈਕਟ ਵਿਭਾਗ ਦੁਆਰਾ ਗੀਅਰ ਅੱਪ ਸੀਜ਼ਨ 3 ਹੈਕਾਥੌਨ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ 250 ਟੀਮਾਂ ਨੂੰ ਅੰਦਰੂਨੀ ਹੈਕਾਥਨ ਪੜਾਅ ਵਿੱਚ ਅੱਗੇ ਵਧਣ ਲਈ ਚੁਣਿਆ ਗਿਆ ਸੀ। ਇਹ ਇੱਕ ਅਜਿਹਾ ਪ੍ਰੋਗਰਾਮ ਹੈ ਜਿਸ ਵਿੱਚ ਨਵੀਨਤਾਕਾਰੀ ਹੱਲ ਵਿਕਸਿਤ ਕਰਨ ਲਈ ਇੱਕ ਨਿਸ਼ਚਿਤ ਘੰਟਿਆਂ ਦੇ ਅੰਦਰ-ਅੰਦਰ ਸਮੱਸਿਆਵਾਂ ਨੂੰ ਹੱਲ ਕਰਨ ਲਈ ਖੋਜਕਰਤਾ ਇਕੱਠੇ ਹੁੰਦੇ ਹਨ।ਐਲ ਪੀ ਯੂ ਦੀ ਪ੍ਰੋ ਚਾਂਸਲਰ ਡਾ. ਕਰਨਲ ਰਸ਼ਮੀ ਮਿੱਤਲ ਨੇ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਵਿਦਿਆਰਥੀਆਂ ਵਿੱਚ ਨਵੀਨਤਾ ਲਈ ਇਸ ਪਲੇਟਫਾਰਮ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਡਾ: ਮਿੱਤਲ ਨੇ ਕਿਹਾ ਕਿ ਇਹ ਪਲੇਟਫਾਰਮ ਵਿਦਿਆਰਥੀਆਂ ਨੂੰ ਅਸਲ-ਸੰਸਾਰ ਦੀਆਂ ਸਮੱਸਿਆਵਾਂ ਦੇ ਨਵੇਂ ਹੱਲ ਪ੍ਰਸਤਾਵਿਤ ਕਰਨ ਲਈ ਸੱਦਾ ਦਿੰਦਾ ਹੈ। ਹੈਕਾਥੌਨ ਸਮਾਰਟ ਇੰਡੀਆ ਹੈਕਾਥੌਨ 2024 ਦੇ ਗੇਟਵੇ ਵਜੋਂ ਕੰਮ ਕਰਦਾ ਹੈ, ਜੋ ਭਾਰਤ ਸਰਕਾਰ ਦੇ ਅਧੀਨ ਚਲਾਇਆ ਜਾਂਦਾ ਹੈ। ਟੀਮਾਂ ਨੇ ਦੋ ਸ਼੍ਰੇਣੀਆਂ ਵਿੱਚ ਮੁਕਾਬਲਾ ਕੀਤਾ: ਸਾਫਟਵੇਅਰ ਹੱਲ ਅਤੇ ਹਾਰਡਵੇਅਰ ਹੱਲ, ਹਰੇਕ ਵਿੱਚ ਵੱਖੋ-ਵੱਖਰੇ ਹੁਨਰ ਅਤੇ ਮੁਹਾਰਤ ਵਾਲੇ ਛੇ ਮੈਂਬਰ ਸ਼ਾਮਲ ਹਨ। ਚੋਟੀ ਦੀਆਂ 30 ਟੀਮਾਂ ਰਾਸ਼ਟਰੀ ਪੱਧਰ ਦੇ ਮੁਕਾਬਲੇ ਲਈ ਅੱਗੇ ਵਧੀਆਂ।ਸਮਾਰਟ ਇੰਡੀਆ ਹੈਕਾਥਨ ਵਿੱਚ ਪੇਸ਼ ਕੀਤੀਆਂ ਗਈਆਂ ਕੁਝ ਮਹੱਤਵਪੂਰਨ ਸਮੱਸਿਆਵਾਂ ਵਿੱਚ ਹੈਲਥਕੇਅਰ ਇਨੋਵੇਸ਼ਨ ਸ਼ਾਮਲ ਹੈ: ਟੈਲੀਮੈਡੀਸਨ ਸੇਵਾਵਾਂ ਵਿੱਚ ਸੁਧਾਰ ਕਰਨ ਅਤੇ ਮਰੀਜ਼ਾਂ ਦੀ ਦੇਖਭਾਲ ਤੱਕ ਪਹੁੰਚ ਵਧਾਉਣ ਲਈ ਹੱਲ ਵਿਕਸਿਤ ਕਰਨਾ; ਟਿਕਾਊ ਵਿਕਾਸ: ਰਹਿੰਦ-ਖੂੰਹਦ ਪ੍ਰਬੰਧਨ ਲਈ ਐਪਲੀਕੇਸ਼ਨ ਬਣਾਉਣਾ ਅਤੇ ਸ਼ਹਿਰੀ ਖੇਤਰਾਂ ਵਿੱਚ ਵਾਤਾਵਰਣ ਅਨੁਕੂਲ ਅਭਿਆਸਾਂ ਨੂੰ ਉਤਸ਼ਾਹਿਤ ਕਰਨਾ; ਐਜੂਕੇਸ਼ਨ ਟੈਕਨੋਲੋਜੀ: ਰਿਮੋਟ ਲਰਨਿੰਗ ਨੂੰ ਸਮਰਥਨ ਦੇਣ ਅਤੇ ਔਨਲਾਈਨ ਕਲਾਸਾਂ ਵਿੱਚ ਵਿਦਿਆਰਥੀਆਂ ਦੀ ਸ਼ਮੂਲੀਅਤ ਨੂੰ ਬਿਹਤਰ ਬਣਾਉਣ ਲਈ ਟੂਲ ਡਿਜ਼ਾਈਨ ਕਰਨਾ; ਆਵਾਜਾਈ ਅਤੇ ਗਤੀਸ਼ੀਲਤਾ: ਭੀੜ-ਭੜੱਕੇ ਨੂੰ ਘਟਾਉਣ ਅਤੇ ਜਨਤਕ ਆਵਾਜਾਈ ਦੀ ਕੁਸ਼ਲਤਾ ਨੂੰ ਵਧਾਉਣ ਲਈ ਸਮਾਰਟ ਟ੍ਰੈਫਿਕ ਪ੍ਰਬੰਧਨ ਪ੍ਰਣਾਲੀਆਂ ਦੀ ਖੋਜ ਕਰਨਾ; ਖੇਤੀਬਾੜੀ ਤਕਨਾਲੋਜੀ: ਫਸਲਾਂ ਦੀ ਪੈਦਾਵਾਰ ਅਤੇ ਸਰੋਤ ਪ੍ਰਬੰਧਨ ਨੂੰ ਅਨੁਕੂਲ ਬਣਾਉਣ ਲਈ ਸਮਾਰਟ ਫਾਰਮਿੰਗ ਹੱਲਾਂ ਨੂੰ ਲਾਗੂ ਕਰਨਾ।ਇਹ ਵਿਦਿਆਰਥੀਆਂ ਨੂੰ ਅਸਲ-ਸੰਸਾਰ ਦੀਆਂ ਸਮੱਸਿਆਵਾਂ ਲਈ ਉਹਨਾਂ ਦੇ ਰਚਨਾਤਮਕ ਹੱਲਾਂ ਨੂੰ ਵਿਕਸਤ ਕਰਨ ਅਤੇ ਪ੍ਰਦਰਸ਼ਿਤ ਕਰਨ ਲਈ ਇੱਕ ਗਤੀਸ਼ੀਲ ਪਲੇਟਫਾਰਮ ਪ੍ਰਦਾਨ ਕਰਦਾ ਹੈ।ਗੇਅਰ ਅੱਪ ਸੀਜ਼ਨ 3 ਵਿੱਚ ਭਾਗ ਲੈ ਕੇ, ਵਿਦਿਆਰਥੀ ਨਾ ਸਿਰਫ਼ ਸਮਾਰਟ ਇੰਡੀਅਨ ਹੈਕਾਥਨ ਲਈ ਤਿਆਰੀ ਕਰ ਰਹੇ ਹਨ, ਸਗੋਂ ਸਮਾਜ ਲਈ ਪ੍ਰਭਾਵਸ਼ਾਲੀ ਹੱਲ ਤਿਆਰ ਕਰਨ ਦੇ ਇੱਕ ਵਿਸ਼ਾਲ ਦ੍ਰਿਸ਼ਟੀਕੋਣ ਵਿੱਚ ਵੀ ਯੋਗਦਾਨ ਪਾ ਰਹੇ ਹਨ।

# 14 ਗ੍ਰਾਮ ਹੈਰੋਇਨ ਸਮੇਤ ਕਾਦੀਆਂ ਪੁਲਸ ਵੱਲੋਂ ਨੌਜਵਾਨ ਗ੍ਰਿਫ਼ਤਾਰ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਪੁਲਸ ਜ਼ਿਲਾ ਬਟਾਲਾ ਦੇ ਮਾਨਯੋਗ ਐੱਸਐੱਸਪੀ ਸੁਹੇਲ ਕਾਸਿਮ ਮੀਰ ਆਈਪੀਐੱਸ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਗਈ ਮੁਹਿੰਮ ਦੇ ਚਲਦਿਆਂ ਪੁਲਿਸ ਥਾਣਾ ਕਾਦੀਆਂ ਦੇ ਐੱਸਐੱਚਓ ਪਰਮਿੰਦਰ ਸਿੰਘ ਸਿੱਧੂ ਦੀ ਅਗਵਾਈ ਵਿੱਚ ਕਾਦੀਆਂ ਪੁਲਸ ਦੇ ਵੱਲੋਂ 14 ਗ੍ਰਾਮ ਹਰੋਇਨ ਸਮੇਤ ਇੱਕ ਨੌਜਵਾਨ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਮਿਲਿਆ ਹੈ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਥਾਣਾ ਕਾਦੀਆਂ ਦੇ ਐਸਐਚ ਓ ਨੇ ਦੱਸਿਆ ਕਿ ਏਐੱਸਆਈ ਗੁਰਨਾਮ ਸਿੰਘ ਦੇ ਵੱਲੋਂ ਸਾਥੀਆਂ ਸਮੇਤ ਗਸ਼ਤ ਕਰ ਰਹੇ ਸਨ ਤਾਂ ਜਦੋਂ ਉਹ ਬਟਾਲਾ ਕਾਦੀਆਂ ਰੋਡ ਮੌਜੂਦ ਸਨ ਤਾਂ ਇੱਕ ਨਿੱਜੀ ਹਸਪਤਾਲ ਦੇ ਕੋਲ ਇੱਕ ਪੈਦਲ ਆਉਂਦਾ ਨੌਜਵਾਨ ਦਿਖਾਈ ਦਿੱਤਾ ਜੋ ਕਿ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਕੇ ਆਪਣੀ ਪੈਂਟ ਦੀ ਜੇਬ ਵਿੱਚੋਂ ਲਿਫਾਫਾ ਸੁੱਟਣ ਲੱਗਾ ਤਾਂ ਇਸ ਦੌਰਾਨ ਪੁਲਸ ਦੇ ਵੱਲੋਂ ਉਸ ਨੂੰ ਕਾਬੂ ਕੀਤਾ ਗਿਆ ਤੇ ਉਸ ਦਾ ਨਾਮ ਪਤਾ ਪੁੱਛਿਆ ਗਿਆ ਜਿਸ ਨੇ ਆਪਣਾ ਨਾਮ ਮਨਪ੍ਰੀਤ ਸਿੰਘ ਉਰਫ ਬਿੱਲਾ ਪੁੱਤਰ ਜੋਗਿੰਦਰ ਸਿੰਘ ਵਾਸੀ ਕੋਟਲਾ ਮੂਸਾ ਥਾਣਾ ਕਾਦੀਆਂ ਵਜੋਂ ਦੱਸਿਆ ਜਿਸ ਦੇ ਕੋਲੋਂ ਤਲਾਸ਼ੀ ਲੈਣ ਤੇ 14 ਗ੍ਰਾਮ ਹਰੋਇਨ ਬਰਾਮਦ ਹੋਈ ।ਪੁਲਸ ਅਧਿਕਾਰੀ ਨੇ ਅੱਗੇ ਦੱਸਿਆ ਕਿ ਨੌਜਵਾਨ ਨੂੰ ਗ੍ਰਿਫਤਾਰ ਕਰਕੇ ਇਸ ਦੇ ਖਿਲਾਫ ਏਐੱਸਆਈ ਗੁਰਨਾਮ ਸਿੰਘ ਦੇ ਵੱਲੋਂ ਮੁਕਦਮਾ ਨੰਬਰ 64 ਜੁਰਮ 21-61-85 ਐੱਨਡੀਪੀਐੱਸ ਐਕਟ ਦੇ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਅਖੀਰ ਵਿੱਚ ਐਸਐਚ ਓ ਪਰਮਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਇਲਾਕੇ ਦੇ ਵਿੱਚ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ।ਜੇਕਰ ਕੋਈ ਇਲਾਕੇ ਦੇ ਵਿੱਚ ਨਸ਼ਾ ਵੇਚਦਾ ਹੈ ਤਾਂ ਉਸਦੀ ਇਤਲਾਹ ਤੁਰੰਤ ਕਾਦੀਆਂ ਪੁਲਿਸ ਨੂੰ ਦਿੱਤੀ ਜਾਵੇ ਅਤੇ ਇਤਲਾਹ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।

# ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਿਤ ਸੈਮੀਨਾਰ



**ਬੰਗਾ (ਅਵਤਾਰ ਕਲੇਰ)**- ਪੰਜਾਬ ਸਟੂਡੈਂਟ ਯੂਨੀਅਨ ਵੱਲੋਂ ਸ਼ਹੀਦ ਏ ਆਜ਼ਮ ਸ. ਭਗਤ ਸਿੰਘ ਆਈ ਟੀ ਆਈ ਨਵਾਂਸ਼ਹਿਰ ਵਿਖੇ ਭਗਤ ਸਿੰਘ ਦੀ ਵਿਚਾਰਧਾਰਾ ਨੂੰ ਸਮਰਪਿਤ ਸੈਮੀਨਾਰ ਕਰਵਾਇਆ ਗਿਆ ਜਿਸ ਵਿੱਚ ਪੰਜਾਬ ਸਟੂਡੈਂਟ ਯੂਨੀਅਨ ਦੇ ਜ਼ਿਲ੍ਹਾ ਆਗੂ ਰਾਜੂ ਬਰਨਾਲਾ ਅਤੇ ਸਿਮਰਨਜੀਤ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਗਤ ਸਿੰਘ ਇੱਕ ਵਿਚਾਰਧਾਰਾ ਹੈ ਜੋ ਇੱਕ ਮਨੁੱਖ ਦੁਆਰਾ ਮਨੁੱਖ ਦੀ ਲੁੱਟ ਖਤਮ ਕਰਨਾ ਹੈ। ਪਹਿਲਾਂ ਅੰਗਰੇਜ਼ਾਂ ਦੁਆਰਾ ਲੋਕਾਂ ਦੀ ਲੁੱਟ ਕੀਤੀ ਜਾਂਦੀ ਸੀ ਅਤੇ ਅੰਗਰੇਜ਼ ਸਿੱਧੇ ਤੌਰ 'ਤੇ ਭਾਰਤ ਤੇ ਰਾਜ ਕਰਦਾ ਸੀ, ਪਰ ਆਜ਼ਾਦੀ ਤੋਂ ਬਾਅਦ ਹੁਣ ਵੱਡੀਆਂ ਵੱਡੀਆਂ ਬਾਹਰਲੀਆਂ ਕੰਪਨੀਆਂ ਅਸਿੱਧੇ ਰੂਪ 'ਚ ਦੇਸ਼ 'ਤੇ ਰਾਜ ਕਰ ਰਹੀਆਂ ਹਨ । ਅੱਜ ਦੇ ਸਮੇਂ ਵਿੱਚ ਵੀ ਮਿਹਨਤੀ ਲੋਕਾਂ ਦੀ ਲੁੱਟ ਲਗਾਤਾਰ ਜਾਰੀ ਹੈ। ਭਗਤ ਸਿੰਘ ਦੇ ਸੁਪਨਿਆਂ ਦਾ ਰਾਜ ਅਜੇ ਤੱਕ ਪੂਰਾ ਨਹੀਂ ਹੋਇਆ।ਆਈ ਟੀ ਆਈ ਦੇ ਆਗੂ ਅਸ਼ਵਨੀ ਕੁਮਾਰ ਨੇ ਕਿਹਾ ਕਿ ਸਰਕਾਰਾਂ ਵੱਲੋਂ ਸਾਡੇ ਸ਼ਹੀਦਾਂ, ਗੁਰੂਆਂ ਦੇ ਇਤਿਹਾਸ ਨੂੰ ਬਦਲਿਆ ਜਾ ਰਿਹਾ ਹੈ। ਉਹਨਾ ਕਿਹਾ ਕਿ ਸਰਕਾਰ ਆਪਣੀਆਂ ਗਲਤ ਨੀਤੀਆਂ ਨੂੰ ਲਾਗੂ ਕਰਨ ਲਈ ਸਾਨੂੰ ਆਪਸ ਵਿੱਚ ਧਰਮਾਂ ਤੇ ਨਾਮ ਤੇ ਲੜਾ ਕੇ ਸਾਨੂੰ ਵਰਗਾਂ ਵਿੱਚ ਵੰਡ ਕੇ ਸਾਥੋਂ ਸਾਡੇ ਨਾਇਕ ਖੋ ਰਹੀ ਹੈ।ਸਰਕਾਰ ਸਾਡੇ ਸਿਲੇਬਸਾਂ ਵਿੱਚੋਂ ਸ਼ਹੀਦਾਂ ਦੇ ਨਾਮ ਖ਼ਤਮ ਰਹੀ ਹੈ ਉਹ ਆਏ ਦਿਨ ਸਿਲੇਬਸ ਵਿੱਚ ਤਬਦੀਲੀ ਕਰਕੇ ਆਉਣ ਵਾਲੀ ਪੀੜ੍ਹੀ ਨੂੰ ਕੁਰਾਹੇ ਪਾ ਰਹੀ ਹੈ।ਇਸ ਸਮੇਂ ਪੰਜਾਬ ਸਟੂਡੈਂਟਸ ਯੂਨੀਅਨ ਲਗਾਤਾਰ ਵਿਦਿਆਰਥੀਆਂ ਨੂੰ ਚੇਤਨ ਕਰਦੀ ਆ ਰਹੀ ਤੇ ਭਗਤ ਸਿੰਘ ਤੇ ਸੁਪਨਿਆਂ ਦਾ ਰਾਜ ਲੈ ਕੇ ਆਉਣ ਲਈ ਸੰਘਰਸ਼ ਕਰਦੀ ਰਹੇਗੀ। ਇਸ ਮੌਕੇ ਆਈ ਟੀ ਆਈ ਦੇ ਸਿਖਿਆਰਥੀ ਸਪਨਾ, ਪ੍ਰੀਆ ਸ਼ਰਮਾ, ਮੁਸਕਾਨ, ਸੰਜਨਾ ਵੱਲੋਂ ਪੋਸਟਰ ਅਤੇ ਗੁਰਪ੍ਰੀਤ ਸਿੰਘ ਰਾਜਦੀਪ ਕੌਰ, ਸਪਨਾ ਵੱਲੋਂ ਗੀਤ ਅਤੇ ਭਾਸ਼ਣ ਕੀਤਾ ਗਿਆ। ਇਸ ਮੌਕੇ ਆਈ ਟੀ ਆਈ ਤੇ ਸਿਖਿਆਰਥੀ ਧਰਮਵੀਰ ਸਿੰਘ, ਹਰਸ਼ਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਰੋਹਿਤ ਖਾਨ, ਜਸ਼ਨਦੀਪ, ਜਸਕਰਨ, ਲਵਪ੍ਰੀਤ, ਗੁਰਿੰਦਰ ਸਿੰਘ, ਸੌਰਵ, ਕਪਿਲ ਸ਼ਰਮਾ ਆਦਿ ਸਿਖਿਆਰਥੀ ਹਾਜ਼ਰ ਸਨ।

# ਰਣਜੀਤ ਬਾਗ 'ਚ 'ਆਪ' ਦੇ ਆਗੂਆਂ ਤੇ ਵਰਕਰਾਂ ਕਾਂਗਰਸ ਦਾ ਪੱਲਾ ਫੜਿਆ



**ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)**- ਸੱਤਾਧਾਰੀ ਪਾਰਟੀ ਨੂੰ ਝਟਕਾ ਦਿੰਦਿਆਂ ਪਿੰਡ ਰਣਜੀਤ ਬਾਗ ਦੇ ਵੱਡੀ ਗਿਣਤੀ 'ਆਪ' ਆਗੂਆਂ ਤੇ ਵਰਕਰਾਂ ਨੇ ਕਾਂਗਰਸ ਪਾਰਟੀ ਦਾ ਪੱਲਾ ਫੜ ਲਿਆ।ਇਨ੍ਹਾਂ ਆਗੂਆਂ ਨੂੰ ਹਲਕਾ ਵਿਧਾਇਕਾ ਅਰੁਣਾ ਚੌਧਰੀ ਅਤੇ ਸੀਨੀਅਰ ਨੇਤਾ ਅਸ਼ੋਕ ਚੌਧਰੀ ਨੇ ਸਿਰੋਪੇ ਪਹਿਨਾ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਕੀਤਾ।ਅਰੁਣਾ ਚੌਧਰੀ ਨੇ ਕਿਹਾ ਕਿ ਪਿੰਡ ਰਣਜੀਤ ਬਾਗ 'ਚ ਲਗਭਗ ਕਾਂਗਰਸ ਪਾਰਟੀ ਦੀ ਸਰਦਾਰੀ ਕਾਇਮ ਹੋ ਗਈ ਹੈ ਕਿਉਂਕਿ ਕੁਝ ਦਿਨ ਪਹਿਲਾਂ ਸ਼੍ਰੋਮਣੀ ਅਕਾਲੀ ਦਲ (ਬਾਦਲ) ਨਾਲ ਸਬੰਧਿਤ ਵੱਡੀ ਗਿਣਤੀ ਵਰਕਰ ਪਰਿਵਾਰਾਂ ਸਮੇਤ ਕਾਂਗਰਸ ਵਿੱਚ ਆਏ ਸਨ ਅਤੇ ਹੁਣ ਆਮ ਆਦਮੀ ਪਾਰਟੀ ਦੇ ਜ਼ਿਆਦਾਤਰ ਵਰਕਰਾਂ ਨੇ ਵੀ ਕਾਂਗਰਸ ਜੁਆਇਨ ਕਰ ਲਈ ਹੈ।ਸਾਬਕਾ ਕੈਬਨਿਟ ਮੰਤਰੀ ਅਰੁਣਾ ਚੌਧਰੀ ਨੇ ਕਿਹਾ ਕਿ ਅਸਲੀਅਤ ਵਿੱਚ ਪੰਜਾਬ ਦੀ ਮੌਜੂਦਾ ਸਰਕਾਰ ਤੋਂ ਲੋਕਾਂ ਦਾ ਮੋਹ ਭੰਗ ਹੋ ਚੁੱਕਾ ਹੈ ਅਤੇ ਜਨਤਾ ਮੁੜ ਤੋਂ ਕਾਂਗਰਸ ਪਾਰਟੀ ਨੂੰ ਅੱਗੇ ਲਿਆਉਣਾ ਚਾਹੁੰਦੀ ਹੈ।ਕਾਂਗਰਸ ਕਮੇਟੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਚੌਧਰੀ ਨੇ ਪਾਰਟੀ ਜੁਆਇਨ ਕਰਨ ਵਾਲੇ ਵਰਕਰਾਂ ਨੂੰ ਭਰੋਸਾ ਦਿੱਤਾ ਕਿ ਕਾਂਗਰਸ ਵਿੱਚ ਉਨ੍ਹਾਂ ਦਾ ਪੂਰਾ ਸਤਿਕਾਰ ਹੋਵੇਗਾ ਅਤੇ ਪਿੰਡ ਅੰਦਰ ਵਿਕਾਸ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕਰਵਾਇਆ ਜਾਵੇਗਾ।ਉਨ੍ਹਾਂ ਸਾਰਿਆਂ ਨੂੰ ਪਿੰਡ ਅੰਦਰ ਪਿਆਰ ਅਤੇ ਭਾਈਚਾਰਕ ਸਾਂਝ ਬਣਾ ਕੇ ਰੱਖਣ ਦੀ ਅਪੀਲ ਵੀ ਕੀਤੀ।ਇਸ ਮੌਕੇ ਕਾਂਗਰਸ ਜੁਆਇਨ ਕਰਨ ਵਾਲਿਆਂ 'ਚ ਹਰਬੀਰ ਸਿੰਘ, ਦਲਜੀਤ ਸਿੰਘ, ਗੁਰਜੀਤ ਸਿੰਘ, ਸ਼ਮਸ਼ੇਰ ਸਿੰਘ ਸ਼ੇਰੂ, ਸੰਦੀਪ ਸਿੰਘ, ਗੁਰਸ਼ਰਨ ਸਿੰਘ, ਵਿਜੇ ਕੁਮਾਰ, ਤਰਸੇਮ ਲਾਲ, ਬਲਵਿੰਦਰ ਸਿੰਘ, ਸੋਨੂੰ ਮਠਾਰੂ ਅਤੇ ਗੁਰਦੀਪ ਸਿੰਘ ਦੇ ਨਾਂ ਸ਼ਾਮਲ ਹਨ। ਇਨ੍ਹਾਂ ਤਮਾਮ ਵਰਕਰਾਂ ਨੂੰ ਕਾਂਗਰਸ ਵਿੱਚ ਸ਼ਾਮਲ ਕਰਵਾਉਣ ਲਈ ਪਿੰਡ ਦੇ ਸਾਬਕਾ ਸਰਪੰਚ ਸੁਭਾਸ਼ ਚੰਦਰ ਅਤੇ ਬੱਬੂ ਰਣਜੀਤ ਬਾਗ ਦੀ ਅਹਿਮ ਭੂਮਿਕਾ ਰਹੀ।

# ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਰਵਨੀਤ ਬਿੱਟੂ ਦੇ ਘਰ ਅੱਗੇ ਕਰਨਗੀਆਂ ਅੱਜ ਰੋਸ ਪ੍ਰਗਟਾਵਾ : ਸੁਨਿਰਮਲ ਕੌਰ

**ਗੁਰਦਾਸਪੁਰ ,(ਜਨਕ ਮਹਾਜਨ)**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਮੰਗਾਂ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਦੇ ਆਗੂ ਤੇ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਦੇ ਘਰ ਅੱਗੇ ਲੁਧਿਆਣਾ ਵਿਖੇ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਅੱਜ 2 ਅਕਤੂਬਰ ਨੂੰ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਦੀ ਅਗਵਾਈ ਹੇਠ ਕੀਤਾ ਜਾਵੇਗਾ। ਇਹ ਜਾਣਕਾਰੀ ਜਾਣਕਾਰੀ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਸੁਨਿਰਮਲ ਕੌਰ ਨੇ ਦਿੱਤੀ। ਉਨ੍ਹਾਂ ਦੱਸਿਆ ਕਿ 2 ਅਕਤੂਬਰ 1975 ਨੂੰ ਦੇਸ਼ ਭਰ ਵਿੱਚ ਆਂਗਣਵਾੜੀ ਸੈਂਟਰਾਂ ਨੂੰ ਖੋਲਿ ਆ ਗਿਆ ਸੀ ਤੇ 50 ਸਾਲ ਹੋਣ ਵਾਲੇ ਹਨ ਪਰ ਏਨੇ ਲੰਮੇ ਸਮੇਂ ਵਿੱਚ ਵੀ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸਰਕਾਰੀ ਮੁਲਾਜ਼ਮ ਦਾ ਦਰਜਾ ਨਹੀਂ ਦਿੱਤਾ ਗਿਆ ਜਦੋਂ ਕਿ ਬਾਕੀ ਵਿਭਾਗਾਂ ਦੇ ਬਾਕੀ ਸਾਰੇ ਮੁਲਾਜ਼ਮ ਪੱਕੇ ਹਨ। ਉਨ੍ਹਾਂ ਕਿਹਾ ਕਿ ਪਿਛਲੇ 6 ਸਾਲਾਂ ਤੋਂ ਕੇਂਦਰ ਸਰਕਾਰ ਨੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਮਾਣ ਭੱਤੇ ਵਿੱਚ ਨਿੱਕੇ ਪੈਸੇ ਦਾ ਵਾਧਾ ਨਹੀਂ ਕੀਤਾ।ਕੇਂਦਰ ਸਰਕਾਰ ਵਰਕਰ ਨੂੰ 4500 ਰੁਪਏ ਅਤੇ ਹੈਲਪਰ ਨੂੰ 2250 ਰੁਪਏ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀਆਂ 28 ਲੱਖ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦਾ ਸਰਕਾਰ ਸ਼ੋਸ਼ਣ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਅਜੇ ਤੱਕ ਸਾਰੇ ਆਂਗਣਵਾੜੀ ਸੈਂਟਰਾਂ ਦੀਆਂ ਸਰਕਾਰੀ ਇਮਾਰਤਾਂ ਨਹੀਂ ਬਣਾਈਆਂ ਗਈਆਂ ਅਤੇ ਅੱਧੋ ਵੱਧ ਆਂਗਣਵਾੜੀ ਸੈਂਟਰ ਸਹੂਲਤਾਂ ਤੋਂ ਸੱਖਣੇ ਪਏ ਹਨ। ਉਨ੍ਹਾਂ ਮੰਗ ਕੀਤੀ ਕਿ ਕੇਂਦਰ ਸਰਕਾਰ ਆਂਗਣਵਾੜੀ ਵਰਕਰਾਂ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦੇ ਕੇ ਸਰਕਾਰੀ ਮੁਲਾਜ਼ਮ ਐਲਾਨੇ ਅਤੇ ਹੈਲਪਰਾਂ ਨੂੰ ਗਰੇਡ ਦਿੱਤੇ ਜਾਣ। ਉਨ੍ਹਾਂ ਕਿਹਾ ਕਿ ਆਂਗਣਵਾੜੀ ਸੈਂਟਰਾਂ ਵਿੱਚ ਨਾ ਤਾਂ ਬੱਚੇ ਹਨ ਤੇ ਨਾ ਹੀ ਰਾਸ਼ਨ ਬਣ ਰਿਹਾ ਹੈ। ਆਂਗਣਵਾੜੀ ਕੇਂਦਰਾਂ ਦੇ ਬੱਚਿਆਂ ਨੂੰ ਦਿੱਤੀਆਂ ਜਾਂਦੀਆਂ ਸਿਹਤ ਸਹੂਲਤਾਂ ਵੀ ਆਸ਼ਾ ਵਰਕਰਾਂ ਰਾਹੀਂ ਦੇਣੀਆਂ ਸ਼ੁਰੂ ਕਰ ਦਿੱਤੀਆਂ ਹਨ ਜਿਸ ਕਰਕੇ ਸਰਕਾਰ ਵਲੋਂ ਆਂਗਣਵਾੜੀ ਸੈਂਟਰਾਂ ਨੂੰ ਬੰਦ ਕਰਨ ਦੀ ਸਾਜ਼ਿਸ਼ ਬਣਾਈ ਜਾ ਰਹੀ ਹੈ।

# ਹਾਸ਼ਮਪੁਰਾ 'ਚ ਸਰਬਸੰਮਤੀ ਨਾਲ ਬਣੀ ਪੰਚਾਇਤ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**—ਅਜਨਾਲਾ ਦੇ ਸਰਹੱਦੀ ਪਿੰਡ ਹਾਸ਼ਮਪੁਰ ਦੇ ਲੋਕਾਂ ਨੇ ਏਕੇ ਦਾ ਸਬੂਤ ਦਿੰਦਿਆਂ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਸਾਬਕਾ ਸਰਪੰਚ ਗੁਰਵਿੰਦਰ ਸਿੰਘ ਅਤੇ ਸਮੂਹ ਪਿੰਡ ਵਾਸੀਆਂ ਦੀ ਪ੍ਰੇਰਨਾ ਨਾਲ ਸਰਬਸੰਮਤੀ ਨਾਲ ਪਿੰਡ ਦੀ ਪੰਚਾਇਤ ਚੁਣ ਕੇ ਪਿੰਡ ਵਾਸੀਆਂ ਲਈ ਵੱਖਰੀ ਮਿਸਾਲ ਪੇਸ਼ ਕੀਤੀ ਹੈ।ਧੜੇਬੰਦੀ ਤੋਂ ਉੱਪਰ ਉੱਠ ਕੇ ਇਸ ਚੋਣ ਵਿਚ ਸੁਰਿੰਦਰ ਸਿੰਘ ਨੂੰ ਪਿੰਡ ਦਾ ਸਰਪੰਚ, ਪੰਚ ਗੁਰਵਿੰਦਰ ਸਿੰਘ, ਪੰਚ ਸੁਖਦੇਵ ਸਿੰਘ, ਪੰਚ ਜਗਤਾਰ ਸਿੰਘ, ਪੰਚ ਕੁਲਦੀਪ ਕੌਰ ਅਤੇ ਪੰਚ ਗੁਲਾਬ ਪਤਨੀ ਹਰਪਾਲ ਮਸੀਹ ਨੂੰ ਸਰਬ ਸੰਮਤੀ ਨਾਲ ਪੰਚ ਚੁਣ ਲਿਆ ਗਿਆ ।ਸਰਬ ਸੰਮਤੀ ਨਾਲ ਚੁਣੇ ਪਿੰਡ ਦੇ ਸਰਪੰਚ ਸੁਰਿੰਦਰ ਸਿੰਘ ਤੇ ਪੰਚਾਇਤ ਮੈਂਬਰਾਂ ਨੇ ਕਿਹਾ ਕਿ ਅਸੀਂ ਪਿੰਡ ਦੀ ਬਿਹਤਰੀ ਲਈ ਇਹ ਪਹਿਲ ਕਦਮੀ ਕੀਤੀ ਹੈ।ਸਰਕਾਰ ਵੱਲੋਂ ਸਰਬ ਸੰਮਤੀ ਨਾਲ ਚੁਣੀ ਗਈ ਪੰਚਾਇਤ ਨੂੰ 5 ਲੱਖ ਰੁਪਏ ਦੀ ਗ੍ਰਾਂਟ ਸਰਕਾਰੀ ਹਸਪਤਾਲ ਜਾਂ ਸਟੇਡੀਅਮ ਦੇਣ ਦਾ ਐਲਾਨ ਕੀਤਾ ਗਿਆ ਹੈ।ਅਸੀਂ ਸਮੂਹ ਪਿੰਡ ਵਾਸੀਆਂ ਦੀ ਸਹਿਮਤੀ ਨਾਲ ਇਸ ਗਰਾਂਟ ਨੂੰ ਪਿੰਡ ਦੀ ਬਿਹਤਰੀ ਦੇ ਕੰਮ ਲਈ ਲਗਾਵਾਂਗੇ।

# ਜੇਠੂਨੰਗਲ ਦੇ ਖੇਤਾਂ 'ਚ ਲੱਗੇ ਬਿਜਲੀ ਟ੍ਰਾਂਸਫਾਰਮਰ 'ਚੋਂ ਤੇਲ ਚੋਰੀ



**ਮਜੀਠਾ (ਸੋਇਮ ਆਨੰਦ)** ਹਲਕਾ ਮਜੀਠਾ ਦੇ ਪਿੰਡ ਜੇਠੂਨੰਗਲ ਵਿਖੇ ਕਿਸਾਨ ਪਿੰਦਰ ਸਿੰਘ ਦੇ ਨਾਮ ਦਾ ਖੇਤਾਂ ਲੱਗਾ ਬਿਜਲੀ ਟ੍ਰਾਂਸਫਾਰਮਰ ਦਾ ਤੇਲ ਚੋਰੀ ਹੋਣ ਦਾ ਸਮਾਚਾਰ ਹੈ।ਜਾਣਕਾਰੀ ਅਨੁਸਾਰ ਇਲਾਕੇ 'ਚ ਦਿਨ ਦਿਨ ਵੱਧ ਰਹੀਆਂ ਲੁੱਟਾਂ ਖੋਹਾਂ ਦਤੇ ਚੋਰੀਆਂ ਦੀਆ ਵਾਰਦਾਤਾ ਨਾਲ ਜਿਥੇ ਲੋਕਾਂ ਦੇ ਮੰਨਾ ਅੰਦਰ ਭਾਰੀ ਸਹਿਮ ਹੈ ਉਥੇ ਚੋਰਾਂ ਦੇ ਵੀ ਹੌਸਲੇ ਬੁਲੰਦ ਬੁਲੰਦ ਹਨ ਜਿਸ ਦੀ ਮਿਸਾਲ ਇਲਾਕੇ 'ਚ ਬਿਨਾਂ ਡਰ ਭੈ ਦੇ ਹੋ ਰਹੀਆਂ ਲੁੱਟਾਂ-ਖੋਹਾਂ ਤੇ ਚੋਰੀਆਂ ਤੋ ਮਿਲਦੀ ਹੈ।ਇਸੇ ਤਹਿਤ ਕਸਬਾ ਮਜੀਠਾ ਨਾਲ ਲੱਗਦੇ ਪਿੰਡ ਜੇਠੂਨੰਗਲ ਦੇ ਕਿਸਾਨਾ ਨੇ ਪਾਵਰ ਕਾਮ ਉਪ ਮੰਡਲ ਅਫਸਰ ਨੂੰ ਲਿਖਤੀ ਤੌਰ ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਦੇ ਖੇਤਾਂ ਵਿੱਚ ਪਿੰਦਰ ਸਿੰਘ ਦੇ ਨਾਮ 'ਤੇ ਲੱਗੇ ਬਿਜਲੀ ਟ੍ਰਾਂਸਫਾਰਮਰ ਦਾ ਬੀਤੀ ਰਾਤ ਤੇਲ ਚੋਰੀ ਹੋ ਗਿਆ ਹੈ।ਉਸ ਨੇ ਦੱਸਿਆ ਕਿ ਟ੍ਰਾਂਸਫਾਰਮਰ 'ਚੋਂ ਤੇਲ ਚੋਰੀ ਹੋਣ ਨਾਲ ਬਿਜਲੀ ਸਪਲਾਈ ਪ੍ਰਭਾਵਤ ਹੋਣ ਤੇ ਉਨ੍ਹਾਂ ਦੀਆਂ ਫਸਲਾਂ ਦਾ ਭਾਰੀ ਨੁਕਸਾਨ ਹੁੰਦਾ ਹੈ।ਉਨ੍ਹਾਂ ਨੇ ਪੁਲਸ ਪ੍ਰਸ਼ਾਸ਼ਣ ਤੋ ਮੰਗ ਕੀਤੀ ਕਿ ਟ੍ਰਾਂਸਫਾਰਮਰਾਂ ਜਾਂ ਤੇਲ ਚੋਰੀ ਕਰਨ ਵਾਲੇ ਚੋਰਾਂ ਨੂੰ ਜਲਦ ਕਾਬੂ ਕੀਤਾ ਜਾਵੇ ਤਾਂ ਜੋ ਕਿਸੇ ਵੀ ਕਿਸਾਨ ਦਾ ਨੁਕਸਾਨ ਨਾ ਹੋਵੇ।

# ਰਾਸ਼ਟਰੀ ਸਵੈ ਇੱਛੁਕ ਖੂਨਦਾਨ ਦਿਵਸ ਮਨਾਇਆ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ)**- ਮੰਗਲਵਾਰ ਨੂੰ ਪੰਜਾਬ ਸਟੇਟ ਬਲੱਡ ਕੌਂਸਲ ਚੰਡੀਗੜ੍ਹ ਸੈਕਟਰ 38 ਬੀ ਚੰਡੀਗੜ੍ਹ ਦੇ ਹੁਕਮਾਂ ਮੁਤਾਬਿਕ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਯੂਥ ਰੈਡ ਕਰਾਸ ਯੂਨਿਟ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਸਹਿਯੋਗ ਨਾਲ ਰਾਸ਼ਟਰੀ ਸਵੈ ਇੱਛੁਕ ਖੂਨਦਾਨ ਦਿਵਸ ਮਨਾਇਆ ਗਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ. ਡਾ. ਅਨੰਦ ਘਈ ਨੇ ਆਏ ਹੋਏ ਨੌਜਵਾਨਾਂ ਨੂੰ ਖੂਨਦਾਨ ਕਰਨ ਲਈ ਪ੍ਰੇਰਿਤ ਕੀਤਾ ਅਤੇ ਖੂਨਦਾਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਲਗਾਤਾਰ ਖੂਨਦਾਨ ਕਰਨ ਵਾਲੇ ਨੌਜਵਾਨਾਂ ਨੂੰ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ। ਇਸ ਉਪਰੰਤ ਖਾਲਸਾ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਖੂਨਦਾਨ ਸਬੰਧੀ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ ਅਤੇ ਉਹਨਾਂ ਨੂੰ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ। ਇਸ ਤੋਂ ਬਾਅਦ ਖਾਲਸਾ ਕਾਲਜ ਦੀਆਂ ਵਿਦਿਆਰਥੀਆਂ ਵੱਲੋਂ ਖੂਨਦਾਨ ਦੇ ਸਬੰਧ ਵਿੱਚ ਇਕ ਜਾਗਰੂਕਤਾ ਰੈਲੀ ਕੱਢੀ ਗਈ, ਜਿਸ ਨੂੰ ਕਾਲਜ ਦੇ ਪ੍ਰਿੰਸੀਪਲ ਜਸਵੀਰ ਸਿੰਘ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਪ੍ਰੋ. ਰਵਿੰਦਰ ਸਿੰਘ, ਪ੍ਰੋ. ਸੁਖਵਿੰਦਰ ਸਿੰਘ, ਪ੍ਰੋ. ਵੀਰਪਾਲ ਸਿੰਘ, ਰਾਣਾ ਬਖਤਾਬਰ ਸਿੰਘ, ਸੁਰਿੰਦਰਪਾਲ ਸਿੰਘ, ਅਨੀਤਾ ਸ਼ਰਮਾ, ਅਰਾਧਨਾ, ਜਗਦੀਪ ਸਿੰਘ, ਸੰਜੀਵ ਕੁਮਾਰ ਆਦਿ ਹਾਜ਼ਰ ਸਨ।



# ਸਰਹਾਲਾ ਕਲਾਂ 'ਚ ਸ. ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ ਸਮਾਗਮ ਕਰਵਾਏ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਸਰਹਾਲਾ ਕਲਾਂ ਵਿਖੇ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਨੌਜਵਾਨ ਪੀੜ੍ਹੀ ਵੱਲੋਂ ਸ਼ਹੀਦੇ -ਏ- ਆਜ਼ਮ ਸਰਦਾਰ ਭਗਤ ਸਿੰਘ ਦਾ 117ਵਾਂ ਜਨਮ ਦਿਹਾੜਾ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਮਾਗਮ ਦੌਰਾਨ ਵੱਖ ਵੱਖ ਬੁਲਾਰਿਆਂ ਨੇ ਸ਼ਹੀਦ ਭਗਤ ਸਿੰਘ ਦੀ ਜੀਵਨੀ ਤੋਂ ਜਾਣੂ ਕਰਵਾਇਆ। ਇਸ ਮੌਕੇ ਸਮਾਗਮ ਦੌਰਾਨ ਵਿਸ਼ੇਸ਼ ਮਹਿਮਾਨ ਡਾਕਟਰ ਪਰਮਿੰਦਰ ਸੂਦ ਐੱਸ ਜੀ ਆਰ ਹਸਪਤਾਲ ਮੰਦਰ ਰੋਡ ਕੋਟ ਫਤੂਹੀ ਨੇ ਆਪਣੇ ਸਾਥੀਆਂ ਸਮੇਤ ਪੁੱਜ ਕੇ ਸ਼ਿਰਕਤ ਕੀਤੀ। ਇਸ ਮੌਕੇ ਡਾਕਟਰ ਪਰਮਿੰਦਰ ਸੂਦ ਐੱਸ ਜੀ ਆਰ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਸ਼ਹੀਦਾਂ ਦੀ ਕੁਰਬਾਨੀ ਕਰਕੇ ਅੱਜ ਅਸੀਂ ਆਜ਼ਾਦੀ ਦਾ ਅਨੰਦ ਮਾਣ ਰਹੇ ਸਨ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀ ਕੁਰਬਾਨੀ ਨੂੰ ਸਦਾ ਯਾਦ ਰੱਖਣਾ ਚਾਹੀਦਾ ਹੈ। ਇਸ ਮੌਕੇ ਸਮਾਗਮ ਦੌਰਾਨ ਬਲਜਿੰਦਰ ਸਿੰਘ ਗਿੱਲ, ਡਾਕਟਰ ਗਗਨਦੀਪ ਸਿੰਘ ਗੋਪਾਲੀਆ, ਬਾਬਾ ਮਲਕੀਅਤ ਸਿੰਘ, ਸੁਖਵਿੰਦਰ ਸਿੰਘ ਸੁੱਖੀ, ਸਰਪੰਚ ਮੋਹਣ ਸਿੰਘ, ਪ੍ਰਧਾਨ ਮਨਜੀਤ ਸਿੰਘ, ਅਸ਼ੋਕ ਕੁਮਾਰ ਫਰਾਲਾ, ਬਿੱਲਾ ਲਕਸੀਹਾਂ, ਸੋਨੂੰ ਰੂਪੋਵਾਲ, ਮਨੀ ਰੂਪੋਵਾਲ, ਕਾਕਾ ਰੂਪੋਵਾਲ, ਪਾਲੀ ਰੂਪੋਵਾਲ, ਕੁਲਜੀਤ, ਕਰਨ ਰੂਪੋਵਾਲ, ਜੱਸੀ, ਨਿਖਿਲ, ਜਿੰਦੂ, ਜੱਗਾ, ਸੁਰਜੀਤ ਸਿੰਘ, ਬੂਟਾ ਸਿੰਘ, ਰਸ਼ਪਾਲ ਸਿੰਘ, ਅਕਾਸ਼, ਅੰਮ੍ਰਿਤ, ਜਤਿੰਦਰ ਆਦਿ ਹਾਜ਼ਰ ਸਨ।

# ਪੰਚਾਇਤੀ ਚੋਣ ਸਰਬਸੰਮਤੀ ਨਾਲ ਹੋਈ



**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)**- ਚੇਅਰਮੈਨ ਇੰਪਰੂਵਮੈਂਟ ਟ੍ਰਸਟ ਸਤਨਾਮ ਸਿੰਘ ਜਲਵਾਹਾ ਦੇ ਯਤਨ ਸਦਕਾ ਪਿੰਡ 'ਚ ਪੰਚਾਇਤੀ ਚੋਣ ਸਰਬਸੰਮਤੀ ਨਾਲ ਕਰਵਾਈ ਗਈ। ਪਿੰਡ ਜਲਵਾਹਾ ਦੀ ਨਵਨਿਯੁਕਤ ਪੰਚਾਇਤ ਮੈਂਬਰਾਂ ਵਿੱਚ ਸੰਤੋਖ ਕੌਰ ਸਰਪੰਚ, ਪਰਮਜੀਤ ਕੌਰ ਪੰਚ, ਮਨਜਿੰਦਰ ਕੌਰ ਪੰਚ, ਹੰਸਰਾਜ ਪੰਚ ਅਤੇ ਸੰਨੀ ਕੁਮਾਰ ਪੰਚ ਚੁਣੇ ਗਏ । ਨਵਨਿਯੁਕਤ ਪੰਚਾਇਤ ਨੇ ਪਿੰਡ ਦੇ ਉਸਾਰੀ ਪਹਿਲ ਕਦਮੀ ਨਾਲ ਦਿਨ ਦੁੱਗਣੀ ਰਾਤ ਚੌਗਣੀ ਤੱਰਕੀ ਦੀ ਗੱਲ ਕੀਤੀ ਅਤੇ ਜਲਵਾਹਾ ਨਿਵਾਸੀਆਂ ਨੇ ਨਵ ਨਿਯੁਕਤ ਪੰਚਾਇਤ ਨੂੰ ਵਧਾਈਆ ਦਿੱਤੀਆਂ।

# ਵੱਧ ਤੋਂ ਵੱਧ ਪੰਚਾਇਤਾਂ ਸਰਬਸੰਮਤੀ ਨਾਲ ਬਣਾਓ : ਸੰਤੋਸ਼ ਕਟਾਰੀਆ



**ਬਲਾਚੌਰ (ਜਸਵਿੰਦਰ ਬੈਂਸ)**- ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਦੀ ਯੋਗ ਅਗਵਾਈ ਹੇਠ ਪੰਜਾਬ ਵਿੱਚ ਪੰਚਾਇਤੀ ਚੋਣਾਂ ਦੀ ਪ੍ਰਕਿਰਿਆ ਬਹੁਤ ਹੀ ਸ਼ਾਂਤਮਈ ਸਚਾਰੂ ਢੰਗ ਨਾਲ ਅਪਣਾਈ ਜਾ ਰਹੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬੀਬੀ ਸੰਤੋਸ਼ ਕਟਾਰੀਆ ਵਿਧਾਇਕ ਹਲਕਾ ਬਲਾਚੌਰ ਨੇ ਕਰਦਿਆਂ ਕਿਹਾ ਕਿ ਮੈਂ ਆਪਣੇ ਹਲਕਾ ਬਲਾਚੌਰ ਦੇ ਸਾਰੇ ਹੀ ਪੰਚਾਇਤਾਂ ਦੇ ਉਮੀਦਵਾਰਾਂ ਨੂੰ ਅਪੀਲ ਕਰਦੀ ਹਾਂ ਕਿ ਸਾਰੇ ਪਿੰਡਾਂ ਵਿੱਚ ਆਪਣੀ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਣ ਲਈ ਸ਼ਾਂਤਮਈ ਢੰਗ ਨਾਲ ਸਰਬਸੰਮਤੀ ਨਾਲ ਪੰਚਾਇਤਾਂ ਦਾ ਗਠਨ ਕਰੋ ਤਾਂ ਜੋ ਤੁਹਾਡੇ ਪਿੰਡਾਂ ਨੂੰ ਪੰਜ ਲੱਖ ਰੁਪਏ ਦੀ ਗ੍ਰਾਂਟ ਮਿਲ ਸਕੇ ਜਿਸ ਦਾ ਕਿ ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਨੇ ਐਲਾਨ ਕੀਤਾ ਹੋਇਆ ਹੈ। ਸੰਤੋਸ਼ ਕਟਾਰੀਆ ਨੇ ਕਿਹਾ ਕਿ ਇਸ ਨਾਲ ਪਿੰਡਾਂ ਵਿੱਚ ਗੁੱਟਬੰਦੀ ਤੇ ਲੜਾਈ ਝਗੜੇ ਤੋਂ ਵੀ ਨਿਜਾਤ ਮਿਲੇਗੀ। ਉਹਨਾਂ ਕਿਹਾ ਕਿ 25 ਤੋਂ 30 ਪੰਚਾਇਤਾਂ ਸਰਬਸੰਮਤੀ ਨਾਲ ਬਣ ਵੀ ਚੁੱਕੀਆਂ ਹਨ। ਮੈਂ ਉਨ੍ਹਾਂ ਨੂੰ ਮੁਬਾਰਕਬਾਦ ਦਿੰਦੀ ਹਾਂ।ਇਸ ਦੀ ਜਾਣਕਾਰੀ ਮੀਡੀਆ ਨੂੰ ਦਿੰਦੇ ਹੋਏ ਚੰਦਰ ਮੋਹਨ ਜੇਡੀ ਮੀਡੀਆ ਇੰਚਾਰਜ ਨੇ ਕਿਹਾ ਕਿ ਪਿੰਡਾਂ ਵਿੱਚ ਸ਼ਾਂਤਮਈ ਮਾਹੌਲ ਬਣਾਉਣ ਲਈ ਸਰਬਸੰਮਤੀ ਨਾਲ ਪੰਚਾਇਤਾਂ ਬਣਾਉਣਾ ਬਹੁਤ ਜ਼ਰੂਰੀ ਹੈ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿੰਦੀਪੁਰ ਬੱਚਿਆਂ ਦੇ ਟੂਰ ਰਵਾਨਾ




**ਬਲਾਚੌਰ (ਜਸਵਿੰਦਰ ਬੈਂਸ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿੰਦੀਪੁਰ ਤਹਿਸੀਲ ਬਲਾਚੌਰ ਸ਼ਹੀਦ ਭਗਤ ਸਿੰਘ ਨਗਰ ਵਿਖੇ ਪ੍ਰਿੰਸੀਪਲ ਲਾਲਿਤ ਰਾਣੀ ਅਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਜਸਵਿੰਦਰ ਬੈਂਸ ਦੀ ਅਗਵਾਈ ਹੇਠ ਨੌਵੀਂ, ਦਸਵੀਂ ਕਲਾਸ ਅਤੇ 11ਵੀਂ ਕਲਾਸ ਦੇ ਬੱਚਿਆਂ ਨੂੰ ਤਿੰਨ ਬੱਸਾਂ ਰਾਹੀਂ ਵੱਖ ਵੱਖ ਸ਼ਹਿਰਾਂ ਵਾਸਤੇ ਰਵਾਨਾ ਕੀਤਾ ਗਿਆ ਜਿਨਾਂ ਵਿੱਚ ਇੱਕ ਬੱਸ ਜਲੰਧਰ ਵਾਸਤੇ ਜਿੱਥੇ ਕਿ ਬੱਚਿਆਂ ਨੂੰ ਹੁਨਰ ਸਬੰਧੀ ਸਿਖਲਾਈ ਦਿੱਤੀ ਗਈ ਬੱਚਿਆਂ ਨੂੰ ਪੜ੍ਹਨ ਦੇ ਨਾਲ ਨਾਲ ਉਦਯੋਗਕ ਹੁਨਰ ਸਬੰਧੀ ਸਿਖਲਾਈ ਦਿੱਤੀ ਗਈ। ਜਿਸ ਵਿੱਚ ਦੋ ਬੱਸਾਂ ਰੋਪੜ ਐਨ ਸੀ ਸੀ ਵਾਸਤੇ ਰਵਾਨਾ ਹੋਈਆਂ ਅਤੇ ਬੱਚਿਆਂ ਨੂੰ ਫੌਜ ਦੀ ਭਰਤੀ ਭਰਤੀ ਸਬੰਧੀ ਸਿਖਲਾਈ ਦਿੱਤੀ ਗਈ। ਐਨ ਸੀ ਸੀ ਸਬੰਧੀ ਟ੍ਰੇਨਿੰਗ ਦਿੱਤੀ ਗਈ। ਇਨ੍ਹਾਂ ਨਾਲ ਇੰਚਾਰਜ ਕੁਲਦੀਪ ਸਿੰਘ ਵੀ ਹਾਜ਼ਰ ਸਨ।

# ਜਨਮ ਦਿਨ ਮੁਬਾਰਕ



ਨਦੀਨ ਕੌਰ ਧਾਮੀ (ਕਰਤਾਰਪੁਰ)




ਦੇਵੰਸ਼ੀ ਸਲੰਕੀ (ਮਲੋਟ)

# ਨਗਰ ਕੌਂਸਲ ਨੇ ਸਵੱਛਤਾ ਭਾਰਤ ਤਹਿਤ ਸੈਮੀਨਾਰ ਕਰਵਾਇਆ



**ਫਿਲੌਰ (ਨਿਰਮਲ)**- ਭਾਰਤ ਸਰਕਾਰ ਵੱਲੋਂ ਚਲਾਏ ਗਏ ਸਵੱਛਤਾ ਅਭਿਆਨ ਤਹਿਤ ਨਗਰ ਕੌਂਸਲ ਫਿਲੌਰ ਵੱਲੋਂ ਕਮਿਊਨਿਟੀ ਸੈਂਟਰ ਵਿਖੇ ਸੈਮੀਨਾਰ ਦਾ ਆਯੋਜਨ ਕਾਰਜ ਸਾਧਕ ਅਫਸਰ ਦੇਸ ਰਾਜ ਦੀ ਅਗਵਾਈ ਹੇਠ ਕਰਵਾਇਆ ਗਿਆ। ਜਿਸ ਦੌਰਾਨ ਫਿਲੌਰ ਦੇ ਵੱਖ ਵੱਖ ਸਕੂਲਾਂ ਦੇ ਬੱਚਿਆਂ ਨੇ ਭਾਗ ਲਿਆ।ਸਵੱਛਤਾ ਅਭਿਆਨ ਸੈਮੀਨਾਰ ਦੌਰਾਨ ਬੱਚਿਆਂ ਦੇ ਵਾਤਾਵਰਣ ਦੀ ਸੰਭਾਲ ਸਬੰਧੀ ਪੇਂਟਿੰਗ ਅਤੇ ਲਿਖਤ ਮੁਕਾਬਲੇ ਕਰਵਾਏ ਗਏ। ਇਸ ਮੌਕੇ ਕਾਰਜ ਸਾਧਕ ਅਫਸਰ ਦੇਸ ਰਾਜ ਵੱਲੋਂ ਸੰਬੋਧਨ ਕਰਦਿਆਂ ਬੱਚਿਆਂ ਨੂੰ ਪਲਾਸਟਿਕ ਦੀ ਵਰਤੋਂ ਨਾ ਕਰਨ ਅਤੇ ਸਬਜ਼ੀਆਂ, ਫਲਾਂ ਦੇ ਛਿਲਕਿਆਂ ਤੋਂ ਜੈਵਿਕ ਖਾਦ ਤਿਆਰ ਕਰਨ ਸਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਮੁਕਾਬਲਿਆਂ 'ਚ ਅੱਵਲ ਆਏ ਬੱਚਿਆਂ ਨੂੰ ਕਾਰਜ ਸਾਧਕ ਅਫਸਰ ਵੱਲੋਂ ਸਨਮਾਨਤ ਚਿੰਨ੍ਹ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੈਨੇਟਰੀ ਇੰਸਪੈਕਟਰ ਨਰੇਸ਼ ਕੁਮਾਰ ਨੇ ਸੈਮੀਨਾਰ 'ਚ ਸਹਿਯੋਗ ਦੇਣ ਵਾਲਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਹਾਜ਼ਰ ਮੈਡਮ ਜਸਲੀਨ ਕੌਰ, ਮੋਟੀਵੇਟਰ ਰੇਖਾ, ਸੋਨੀਆ ਅਤੇ ਹੋਰ ਹਾਜ਼ਰ ਸਨ।

# ਪੰਚਾਇਤੀ ਵੋਟਰ ਸੂਚੀਆਂ 'ਚੋਂ ਵੋਟਰਾਂ ਦੇ ਨਾਂਅ ਗਾਇਬ, ਵੋਟਰਾਂ 'ਚ ਮਚੀ ਹਾਹਾਕਾਰ



**ਮਜੀਠਾ (ਸੋਇਮ ਆਨੰਦ)**-ਪੰਜਾਬ ਚੋਣ ਕਮਿਸ਼ਨ ਵਲੋਂ ਸੂਬੇ 'ਚ 15 ਅਕਤੂਬਰ ਨੂੰ ਪੰਚਾਇਤੀ ਚੋਣਾਂ ਕਰਵਾਉਣ ਦਾ ਐਲਾਨ ਕਰ ਦਿੱਤਾ ਗਿਆ ਹੈ ਜਿਸਤੋਂ ਬਾਅਦ ਪਿੰਡਾਂ ਚ ਪੰਚ/ਸਰਪੰਚ ਬਣਨ ਵਾਲੇ ਲੋਕ ਪੱਬਾਂ ਭਾਰ ਹੋਏ ਪਏ ਹਨ ਤੇ ਇਸ ਸਮੇਂ ਪਿੰਡਾਂ ਦਾ ਸਿਆਸੀ ਮਾਹੌਲ ਪੂਰੀ ਤਰ੍ਹਾਂ ਗਰਮਾ ਚੁੱਕਾ ਹੈ।ਉਧਰ ਦੂਜੇ ਪਾਸੇ ਹੁਣ ਚੋਣਾਂ ਦੇ ਐਲਾਨ ਤੋਂ ਬਾਅਦ ਜਦੋਂ ਵਾਰਡਾਂ ਦੀਆਂ ਵੋਟਰ ਸੂਚੀਆਂ ਬਾਹਰ ਆਈਆਂ ਹਨ ਤਾਂ ਪਿੰਡ ਕੱਥੂਨੰਗਲ ਦੇ ਵੱਡੀ ਗਿਣਤੀ ਚ ਲੋਕ ਉਸ ਸਮੇਂ ਹੈਰਾਨ ਤੇ ਪ੍ਰੇਸ਼ਾਨ ਰਹਿ ਗਏ ਜਦੋਂ ਜਾ ਤਾਂ ਉਨ੍ਹਾਂ ਦੇ ਨਾਂ ਸੰਬਧਿਤ ਵੋਟਰ ਸੂਚੀਆਂ 'ਚੋ ਗਾਇਬ ਸਨ ਜਾਂ ਕੁਝ ਵੋਟਰਾਂ ਦੇ ਪਰਿਵਾਰਾਂ ਦੀਆਂ ਵੋਟਾਂ ਉਨਾਂ ਦੀਆਂ ਰਿਹਾਇਸ਼ ਵਾਲੀਆਂ ਵਾਰਡਾਂ ਦੀ ਬਜਾਏ ਦੂਜੀਆਂ ਵਾਰਡਾਂ ਵਿਚ ਪਾਈਆਂ ਹੋਈਆਂ ਸਨ ।ਇਸ ਸਭ ਵਰਤਾਰੇ ਨਾਲ ਲੋਕਾਂ ਵਿਚ ਹਾਹਾਕਾਰ ਮਚੀ ਹੋਈ ਹੈ ।ਇਸ ਸੰਬੰਧੀ ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਐਮਪੀ ਤੇ ਵਿਧਾਨ ਸਭਾ ਹਲਕਾ ਮਜੀਠਾ ਤੋਂ ਐਮਐਲਏ ਦੀ ਚੋਣ ਲੜ ਚੁੱਕੇ ਗਗਨਦੀਪ ਕੁਮਾਰ ਅਜ਼ਾਦ ਕੱਥੂਨੰਗਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਓਹਨਾਂ ਨੂੰ ਵਾਰਡਾਂ ਦੀਆਂ ਸੂਚੀਆਂ ਵੇਖ ਕੇ ਓਦੋਂ ਹੈਰਾਨੀ ਹੋਈ ਜਦੋਂ ਓਨ੍ਹਾਂ ਦੀ ਆਪਣੀ ਤੇ ਓਹਨਾਂ ਦੇ ਪਰਿਵਾਰਿਕ ਮੈਂਬਰਾਂ ਸਮੇਤ ਹੋਰ ਨੇੜੇ ਦੇ ਘਰਾਂ ਦੇ ਵੋਟਰਾਂ ਦੀਆਂ ਵੋਟਾਂ ਵਾਰਡ ਨੰਬਰ 5 ਵਿਚੋਂ ਗਾਇਬ ਸਨ ਤੇ ਇਥੇ ਹੀ ਬੱਸ ਨਹੀਂ ਪਿੰਡ ਕੱਥੂਨੰਗਲ ਦੀਆਂ 9 ਵਾਰਡਾਂ ਵਿਚ ਕਿਸੇ ਵੀ ਵਾਰਡ ਦੀ ਵੋਟਰ ਸੂਚੀ ਵਿਚ ਇਹ ਵੋਟਾਂ ਦਰਜ ਨਹੀਂ ਕੀਤੀਆਂ ਗਈਆਂ ਸਨ । ਓਹਨਾਂ ਕਿਹਾ ਕੇ ਪੰਜਾਬ ਵਿਚ ਥੋੜਾ ਸਮਾ ਪਹਿਲਾ ਹੀ ਸੰਪਨ ਹੋਈਆਂ ਲੋਕ ਸਭਾ ਚੋਣਾਂ ਵਿੱਚ ਓਹ ਸਾਰੇ ਵੋਟਾਂ ਪਾ ਚੁੱਕੇ ਹਨ ਤੇ ਓਨਾਂ ਦੀ ਵਿਧਾਨਸਭਾ ਸੂਚੀ ਚ ਆਪਣੀ ਵੋਟ ਬੂਥ ਨੰਬਰ 94 ਲੜੀ ਨੰਬਰ 519 ਤੇ ਦਰਜ ਹੈ ।ਇਸੇ ਤਰ੍ਹਾਂ ਓਨ੍ਹਾਂ ਦੇ ਪਰਿਵਾਰਿਕ ਮੈਂਬਰਾਂ ਦੀਆਂ ਵੋਟਾਂ ਵੀ ਵਿਧਾਨ ਸਭਾ ਸੂਚੀ ਵਿਚ ਤਾਂ ਦਰਜ ਹਨ ਪ੍ਰੰਤੂ ਪੰਚਾਇਤੀ ਚੋਣਾਂ ਦੀ ਵੋਟਰ ਸੂਚੀ ਚੋ ਗਾਇਬ ਹਨ।ਉਨ੍ਹਾਂ ਅੱਗੇ ਕਿਹਾ ਕੇ ਵਾਰਡ ਨੰਬਰ 5 ਵਿਚ ਮਰ ਚੁੱਕੇ ਵੋਟਰਾਂ ਦੀਆਂ ਵੋਟਾਂ ਤਾਂ ਦਰਜ ਹਨ ਪਰ ਮੌਜੂਦਾ ਵੋਟਰਾਂ ਨੂੰ ਵੋਟਰ ਸੂਚੀਆਂ 'ਚੋ ਬਾਹਰ ਰੱਖਿਆ ਗਿਆ ਹੈ ਜੋਕਿ ਹੈਰਾਨੀਜਨਕ ਹੈ। ਇਸ ਸੰਬੰਧੀ ਪਿੰਡ ਕੱਥੂਨੰਗਲ ਦੇ ਪੰਚਾਇਤ ਸਕੱਤਰ ਰਮਨ ਕੁਮਾਰ ਦਾ ਪੱਖ ਜਾਨਣ ਲਈ ਗੱਲ ਕੀਤੀ ਤਾਂ ਉਨ੍ਹਾਂ ਦਾ ਕਹਿਣਾ ਸੀ ਕਿ ਉਹ ਅਜੇ 2 ਮਹੀਨੇ ਪਹਿਲਾ ਹੀ ਇਥੇ ਬਾਦਲ ਕੇ ਆਏ ਹਨ। ਇਨ੍ਹਾਂ ਸੂਚੀਆਂ ਦਾ ਕੰਮ ਉਨ੍ਹਾਂ ਤੋਂ ਪਹਿਲਾ ਵਾਲੇ ਪੰਚਾਇਤ ਸਕੱਤਰ ਨੇ ਕੀਤਾ ਹੈ ।ਪੰਚਾਇਤ ਸਕੱਤਰ ਭੁਪਿੰਦਰ ਸਿੰਘ ਨਾਲ ਫੋਨ ਤੇ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕੇ ਜਿਹੜੀਆਂ ਵੋਟਾਂ ਨਹੀਂ ਆਈਆਂ ਓਹ ਆ ਜਾਣਗੀਆਂ, ਨਵੀਂ ਸੂਚੀ ਜਲਦ ਆ ਰਹੀ ਹੈ ।ਜਦੋਂ ਪੁੱਛਿਆ ਕਿ ਇਹ ਸਭ ਕਿਉ ਹੋਇਆ ਤਾਂ ਓਹਨਾਂ ਨੇ ਕੋਈ ਤਸੱਲਬਖ਼ਸ਼ ਜਵਾਬ ਨਾ ਦਿੱਤਾ ।